ਸ਼ੁੱਕਰਵਾਰ, 2 ਜੂਨ, 2023
19 ਜੇਠ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 1

ਨਵਾਂ ਜ਼ਮਾਨਾ

DAILY NAWAN ZAMANA • FRIDAY, 2 JUNE, 2023
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ   Regd. No : Pb/JL-123/2021-23, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

ਭਲਵਾਨ ਧੀਆਂ ਦੇ ਹੱਕ ’ਚ ਸੰਘਰਸ਼ ਪ੍ਰਚੰਡ

ਅੰਮ੍ਰਿਤਸਰ

ਲੁਧਿਆਣਾ

ਮਹਿਤਪੁਰ

ਨਿਹਾਲ ਸਿੰਘ ਵਾਲਾ

ਕਰਤਾਰਪੁਰ

ਸ਼ਾਹਕੋਟ (ਗਿਆਨ ਸੈਦਪੁਰੀ)
ਮੋਦੀ ਦੀ ਭਾਜਪਾ ਸਰਕਾਰ ਵੱਲੋਂ ਭਲਵਾਨਾਂ ਦੇ ਸੰਘਰਸ਼ ਨੂੰ ਜਬਰ ਅਤੇ ਬਦਨਾਮ ਕਰਕੇ ਦਬਾਉਣ ਦੇ ਹੱਥਕੰਡਿਆਂ ਵਿਰੁੱਧ ਵੀਰਵਾਰ ਸੂਬੇ ਭਰ ’ਚ ਵੱਡੀ ਗਿਣਤੀ ਵਿੱਚ ਇਨਸਾਫਪਸੰਦ ਲੋਕਾਂ ਨੇ ਕੇਂਦਰ ਸਰਕਾਰ ਦੀਆਂ ਅਰਥੀਆਂ ਫੂਕ ਕੇ ਆਪਣੇ ਗੁੱਸੇ ਦਾ ਜ਼ੋਰਦਾਰ ਪ੍ਰਗਟਾਵਾ ਕਰਦਿਆਂ ਭਾਜਪਾ ਐੱਮ ਪੀ ਬ੍ਰਿਜ ਭੂਸ਼ਣ ਸ਼ਰਣ ਸਿੰਘ ਨੂੰ ਤੁਰੰਤ ਗ੍ਰਿਫਤਾਰ ਕਰਨ ਅਤੇ ਭਲਵਾਨਾਂ ’ਤੇ ਦਰਜ ਕੇਸ ਰੱਦ ਕਰਨ ਦੀ ਮੰਗ ਕੀਤੀ। ਸੂਬੇ ਦੇ ਲੱਗਭੱਗ ਸਾਰੇ ਜ਼ਿਲ੍ਹਿਆਂ ਅਤੇ ਤਹਿਸੀਲ ਕੇਂਦਰਾਂ ’ਤੇ ਵੱਡੀ ਪੱਧਰ ’ਤੇ ਕਿਸਾਨ, ਮਜ਼ਦੂਰ, ਔਰਤ, ਨੌਜਵਾਨ, ਮੁਲਾਜ਼ਮ ਅਤੇ ਵਿਦਿਆਰਥੀ ਜਥੇਬੰਦੀਆਂ ਨੇ ਭਾਜਪਾ ਸਰਕਾਰ ਦੀ ਤਾਨਾਸ਼ਾਹ ਅਤੇ ਔਰਤ ਵਿਰੋਧੀ ਸੋਚ ਨੂੰ ਕੂੜੇਦਾਨ ਵਿਚ ਸੁੱਟਣ ਲਈ ਕਮਰਕੱਸੇ ਕਰਨ ਦਾ ਸੱਦਾ ਦਿੱਤਾ। ਸੂਬੇ ਦੇ ਪਟਿਆਲਾ, ਸੰਗਰੂਰ, ਬਰਨਾਲਾ, ਜਲੰਧਰ, ਫਰੀਦਕੋਟ, ਬਠਿੰਡਾ, ਮੋਗਾ, ਮਾਨਸਾ, ਲੁਧਿਆਣਾ, ਨਵਾਂ ਸ਼ਹਿਰ, ਹੁਸ਼ਿਆਰਪੁਰ, ਤਰਨ ਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਫਿਰੋਜ਼ਪੁਰ, ਮੁਕਤਸਰ, ਕਪੂਰਥਲਾ, ਫਤਿਹਗੜ੍ਹ ਸਾਹਿਬ ਅਤੇ ਰੋਪੜ ਜ਼ਿਲ੍ਹਿਆਂ ਦੀਆਂ ਤਹਿਸੀਲਾਂ ਅਤੇ ਹੋਰ ਕਈ ਥਾਵਾਂ ’ਤੇ ਲੋਕਾਂ ਨੇ ਜਬਰ ਵਿਰੁੱਧ ਭਲਵਾਨਾਂ ਦੇ ਹੱਕ ਵਿੱਚ ਆਵਾਜ਼ ਉਠਾਈ।

ਅਰਥੀ ਫੂਕ ਮੁਜ਼ਾਹਰਿਆਂ ਚ ਸੰਯੁਕਤ ਕਿਸਾਨ ਮੋਰਚਾ ਵਿੱਚ ਸ਼ਾਮਲ 32 ਕਿਸਾਨ ਜਥੇਬੰਦੀਆਂ ਤੋਂ ਇਲਾਵਾ ਪ੍ਰਮੁੱਖ ਟਰੇਡ ਯੂਨੀਅਨਾਂ ਏਟਕ, ਸੀਟੂ, ਇਫਟੂ ਦੇ ਨਾਲ-ਨਾਲ ਪੇਂਡੂ ਮਜ਼ਦੂਰਾਂ ਦੀਆਂ ਸਾਰੀਆਂ ਪ੍ਰਮੁੱਖ ਜਥੇਬੰਦੀਆਂ, ਔਰਤ, ਮੁਲਾਜ਼ਮ, ਵਿਦਿਆਰਥੀ ਅਤੇ ਨੌਜਵਾਨ ਜਥੇਬੰਦੀਆਂ ਨੇ ਹਿੱਸਾ ਲਿਆ। ਬਹੁਤ ਸਾਰੀਆਂ ਥਾਵਾਂ ’ਤੇ ਜਮਹੂਰੀ ਅਧਿਕਾਰਾਂ ਦੀ ਲਹਿਰ ਨਾਲ ਜੁੜੇ ਪ੍ਰੋਫੈਸਰ, ਵਕੀਲ ਅਤੇ ਲੇਖਕ ਵੀ ਇਨ੍ਹਾਂ ਮੁਜ਼ਾਹਰਿਆਂ ਵਿਚ ਸ਼ਾਮਲ ਹੋਏ। ਬੁਲਾਰਿਆਂ ਭਾਜਪਾ ਦੀ ਤਾਨਾਸ਼ਾਹ ਅਤੇ ਔਰਤ ਵਿਰੋਧੀ ਸੋਚ ਨੂੰ ਨਿਸ਼ਾਨੇ ’ਤੇ ਰੱਖਦਿਆਂ ਭਲਵਾਨਾਂ ਅਤੇ ਉਨ੍ਹਾਂ ਦੇ ਸਮਰਥਕਾਂ ਨਾਲ ਕੀਤੇ ਦੁਰਵਿਹਾਰ ਨੂੰ ਸੰਘਰਸ਼ ਕਰਨ ਦੇ ਜਮਹੂਰੀ ਹੱਕ ਨੂੰ ਚੁਣੌਤੀ ਗਰਦਾਨਿਆ। ਉਨ੍ਹਾਂ ਮੰਗ ਕੀਤੀ ਕਿ ਭਲਵਾਨਾਂ ਨੂੰ ਇਨਸਾਫ ਲਈ ਆਪਣੀ ਆਵਾਜ਼ ਬੁਲੰਦ ਕਰਨ ਲਈ ਦਿੱਲੀ ਦੇ ਜੰਤਰ ਮੰਤਰ ਵਿਖੇ ਧਰਨਾ ਪ੍ਰਦਰਸ਼ਨ ਕਰਨ ਲਈ ਥਾਂ ਦਿੱਤੀ ਜਾਵੇ। ਉਹਨਾਂ ਕਿਹਾ ਕਿ ਭਾਜਪਾ ਔਰਤਾਂ ਵਿਰੁੱਧ ਅਪਰਾਧ ਕਰਨ ਵਾਲੇ ਦੋਸ਼ੀਆਂ ਨੂੰ ਸ਼ਰਨ ਦੇਣ ਵਾਲੀ ਦੁਕਾਨ ਬਣ ਗਈ ਹੈ। ਇਸੇ ਲਈ ਪੋਸਕੋ ਵਰਗੇ ਗੰਭੀਰ ਅਪਰਾਧ ’ਚ ਕੇਸ ਦਰਜ ਹੋਣ ਦੇ ਬਾਵਜੂਦ ਬ੍ਰਿਜ ਭੂਸ਼ਣ ਸ਼ਰਣ ਸਿੰਘ ਨੂੰ ਬਚਾਉਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਉਸ ਨੂੰ ਇਕੱਠ ਕਰਨ ਲਈ ਖੁੱਲ੍ਹ ਦਿੱਤੀ ਜਾ ਰਹੀ ਹੈ, ਜਦੋਂ ਕਿ ਭਲਵਾਨਾਂ ਦੇ ਸੰਘਰਸ਼ ਨੂੰ ਬਦਨਾਮ ਕਰਕੇ ਕੁਚਲਣ ਦੇ ਯਤਨ ਕੀਤੇ ਜਾ ਰਹੇ ਹਨ। ਬੁਲਾਰਿਆਂ ਕਿਹਾ ਕਿ ਤਮਗਾ ਜੇਤੂ ਲੜਕੀਆਂ ਨਾਲ ਹੋਏ ਦੁਰਵਿਹਾਰ ਨੇ ਹਰ ਇਨਸਾਫਪਸੰਦ ਵਿਅਕਤੀ ਦਾ ਹਿਰਦਾ ਵਲੂੰਧਰਿਆ ਹੈ। ਜੇਕਰ ਇਹ ਬੇਟੀ ਬਚਾਓ ਅਤੇ ਬੇਟੀ ਪੜ੍ਹਾਓ ਨਾਅਰੇ ਦਾ ਮੂਲ ਹੈ ਤਾਂ ਦੇਸ਼ ਦੇ ਲੋਕਾਂ ਨੂੰ ਅਜਿਹੀ ਸੋਚ ਨੂੰ ਕੂੜੇ ਦੇ ਢੇਰ ’ਚ ਦਫਨ ਕਰ ਦੇਣਾ ਚਾਹੀਦਾ ਹੈ।

ਭਾਜਪਾ ਐੱਮ ਪੀ ਬ੍ਰਿਜ ਭੂਸ਼ਣ ਸ਼ਰਣ ਸਿੰਘ ਵੱਲੋਂ 5 ਜੂਨ ਨੂੰ ਅਯੁੱਧਿਆ ਵਿਖੇ ਕੀਤੇ ਜਾ ਰਹੇ ਇਕੱਠ ਦਾ ਸਖਤ ਨੋਟਿਸ ਲੈਂਦਿਆਂ ਸੰਯੁਕਤ ਕਿਸਾਨ ਮੋਰਚੇ ਨੇ 5 ਜੂਨ ਨੂੰ ਸੂਬੇ ਵਿੱਚ ਥਾਂ-ਥਾਂ ਉਸ ਦੇ ਪੁਤਲੇ ਫੂਕਣ ਦਾ ਸੱਦਾ ਦਿੰਦੇ ਹੋਏ ਸਮੂਹ ਇਨਸਾਫਪਸੰਦ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ 5 ਜੂਨ ਦੇ ਪ੍ਰਦਰਸ਼ਨ ਵਿਆਪਕ ਜਨਤਕ ਐਕਸ਼ਨ ਵਜੋਂ ਲਾਗੂ ਕਰਨ ਦੇ ਯਤਨ ਕੀਤੇ ਜਾਣ।

ਅਰਥੀ ਫੂਕ ਮੁਜ਼ਾਹਰਿਆਂ ਦੀ ਅਗਵਾਈ ਹਰਿੰਦਰ ਸਿੰਘ ਲੱਖੋਵਾਲ, ਡਾ. ਦਰਸ਼ਨਪਾਲ, ਨਿਰਭੈ ਸਿੰਘ ਢੁੱਡੀਕੇ, ਬੂਟਾ ਸਿੰਘ ਬੁਰਜ ਗਿੱਲ, ਮਨਜੀਤ ਸਿੰਘ ਰਾਏ, ਸਤਨਾਮ ਸਿੰਘ ਬਹਿਰੂ, ਰੁਲਦੂ ਸਿੰਘ ਮਾਨਸਾ, ਜੰਗਵੀਰ ਸਿੰਘ ਚੌਹਾਨ, ਵੀਰ ਸਿੰਘ ਬੜਵਾ, ਬਲਜੀਤ ਸਿੰਘ ਗਰੇਵਾਲ, ਮਨਜੀਤ ਸਿੰਘ ਧਨੇਰ, ਡਾ. ਸਤਨਾਮ ਸਿੰਘ ਅਜਨਾਲਾ, ਵੀਰਪਾਲ ਸਿੰਘ ਢਿੱਲੋਂ, ਫੁਰਮਾਨ ਸਿੰਘ ਸੰਧੂ, ਰਣਜੀਤ ਕੌਰ ਰਾਜੂ, ਹਰਬੰਸ ਸਿੰਘ ਸੰਘਾ, ਮਲੂਕ ਸਿੰਘ ਹੀਰਕੇ, ਹਰਜੀਤ ਸਿੰਘ ਰਵੀ, ਬਲਕਰਨ ਸਿੰਘ ਬਰਾੜ, ਬਲਵਿੰਦਰ ਸਿੰਘ ਰਾਜੂ ਔਲਖ, ਬਲਵਿੰਦਰ ਸਿੰਘ ਮੱਲ੍ਹੀ ਨੰਗਲ, ਬਿੰਦਰ ਸਿੰਘ ਗੋਲੇਵਾਲਾ, ਧਨਵੰਤ ਸਿੰਘ, ਕਿਰਨਜੀਤ ਸਿੰਘ ਸੇਖੋਂ, ਬੂਟਾ ਸਿੰਘ ਸਾਦੀਪੁਰ, ਕੁਲਦੀਪ ਸਿੰਘ ਵਜੀਦਪੁਰ ਅਤੇ ਕਿਰਪਾ ਸਿੰਘ ਆਦਿ ਹਾਜ਼ਰ ਸਨ।

ਅੰਮ੍ਰਿਤਸਰ : ਜ਼ਿਲ੍ਹਾ ਅੰਮ੍ਰਿਤਸਰ ਦੀਆਂ ਕਿਸਾਨ ਜਥੇਬੰਦੀਆਂ ਨੇ ਮਿਲ ਕੇ ਡੀ ਸੀ ਅੰਮ੍ਰਿਤਸਰ ਦੇ ਦਫਤਰ ਦੇ ਅੱਗੇ ਜ਼ੋਰਦਾਰ ਵਿਖਾਵਾ ਕੀਤਾ। ਇਸ ਮੌਕੇ ਡਾਕਟਰ ਪਰਮਿੰਦਰ ਸਿੰਘ ਡਾ. ਸਤਿਨਾਮ ਸਿੰਘ ਅਜਨਾਲਾ, ਲਖਬੀਰ ਸਿੰਘ ਨਿਜ਼ਾਮਪੁਰ , ਭੁਪਿੰਦਰ ਸਿੰਘ ਤੀਰਥਪੁਰਾ ਤੇ ਧਨਵੰਤ ਸਿੰਘ ਨੇ ਬੋਲਦਿਆਂ ਕਿਹਾ ਕਿ ਇਸ ਵੇਲੇ ਭਾਜਪਾ ਔਰਤਾਂ ਨਾਲ ਖਿਲਵਾੜ ਕਰਕੇ ਬੇਇੱਜ਼ਤ ਕਰ ਰਹੀ ਹੈ। ਉਹਨਾਂ ਕਿਹਾ ਕਿ ਭਲਵਾਨਾਂ ਨੂੰ ਇਨਸਾਫ ਦਿਵਾਉਣ ਵਾਸਤੇ ਸੰਘਰਸ਼ ਨੂੰ ਤੇਜ਼ ਕਰਕੇ ਗਲੀ, ਮੁਹੱਲਿਆਂ ਤੱਕ ਪਹੁੰਚਾਇਆ ਜਾਵੇਗਾ। ਕਿਸਾਨਾਂ ਨੇ ਨਵਸ਼ਰਨ ਸਿੰਘ ਨੂੰ ਈ ਡੀ ਵੱਲੋਂ ਪ੍ਰੇਸ਼ਾਨ ਕਰਨ ਦੀ ਸਖਤ ਨਿਖੇਧੀ ਕੀਤੀ। ਕਿਸਾਨ ਆਗੂ ਰਤਨ ਸਿੰਘ ਰੰਧਾਵਾ, ਕੰਵਲਜੀਤ ਕੌਰ, ਰਵਿੰਦਰ ਕੌਰ, ਜਤਿੰਦਰ ਸਿੰਘ ਛੀਨਾ,

● ਬਾਕੀ ਸਫ਼ਾ 2 ’ਤੇ

ਟ੍ਰੇਨਰ ਜਹਾਜ਼ ਹਾਦਸੇ ਦਾ ਸ਼ਿਕਾਰ

ਬੇਂਗਲੁਰੂ : ਕਰਨਾਟਕ ਦੇ ਚਮਰਾਜਨਗਰ ਨੇੜੇ ਭਾਰਤੀ ਹਵਾਈ ਫੌਜ ਦਾ ਕਿਰਨ ਟ੍ਰੇਨਰ ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ, ਪਰ ਮਹਿਲਾ ਪਾਇਲਟ ਸਣੇ ਦੋਵੇਂ ਪਾਇਲਟ ਸੁਰੱਖਿਅਤ ਹਨ। ਪਾਇਲਟ ਤੇਜਪਾਲ ਤੇ ਭੂਮਿਕਾ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ।

2000 ਦੇ ਨੋਟਾਂ ਬਾਰੇ ਫੌਰੀ ਸੁਣਵਾਈ ਤੋਂ ਨਾਂਹ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ 2000 ਰੁਪਏ ਦੇ ਨੋਟਾਂ ਸੰਬੰਧੀ ਨੋਟੀਫਿਕੇਸ਼ਨਾਂ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ’ਤੇ ਤੁਰੰਤ ਸੁਣਵਾਈ ਤੋਂ ਵੀਰਵਾਰ ਇਨਕਾਰ ਕਰ ਦਿੱਤਾ। ਪਟੀਸ਼ਨ ’ਚ ਪਰਚੀ ਅਤੇ ਸ਼ਨਾਖਤੀ ਕਾਰਡ ਭਰੇ ਬਿਨਾਂ 2000 ਦੇ ਨੋਟ ਬਦਲਣ ਦੇ ਨੋਟੀਫਿਕੇਸ਼ਨਾਂ ਨੂੰ ਚੁਣੌਤੀ ਦਿੱਤੀ ਗਈ ਹੈ। ਜਸਟਿਸ ਸੁਧਾਂਸ਼ੂ ਧੂਲੀਆ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਛੁੱਟੀ ਵਾਲੀ ਬੈਂਚ ਨੇ ਤੁਰੰਤ ਸੁਣਵਾਈ ਲਈ ਐਡਵੋਕੇਟ ਅਸ਼ਵਨੀ ਉਪਾਧਿਆਏ ਦੀਆਂ ਦਲੀਲਾਂ ਦਾ ਨੋਟਿਸ ਲੈਂਦਿਆਂ ਕਿਹਾ ਕਿ ਉਹ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਅਜਿਹੀਆਂ ਪਟੀਸ਼ਨਾਂ ’ਤੇ ਵਿਚਾਰ ਨਹੀਂ ਕਰੇਗੀ।

ਕਮਰਸ਼ੀਅਲ ਸਿਲੰਡਰ ਸਾਢੇ 83 ਰੁਪਏ ਘਟਿਆ

ਨਵੀਂ ਦਿੱਲੀ : 19 ਕਿਲੋਗ੍ਰਾਮ ਵਾਲੇ ਕਮਰਸ਼ੀਅਲ ਐੱਲ ਪੀ ਜੀ ਸਿਲੰਡਰ ਦੀ ਕੀਮਤ ’ਚ ਵੀਰਵਾਰ 83.5 ਰੁਪਏ ਦੀ ਕਟੌਤੀ ਕੀਤੀ ਗਈ। ਇਹ ਲਗਾਤਾਰ ਤੀਜੀ ਮਹੀਨਾਵਾਰ ਕਟੌਤੀ ਹੈ, ਜਦੋਂ ਕਿ ਜੈੱਟ ਈਂਧਨ ਦੀਆਂ ਦਰਾਂ ’ਚ 7 ਫੀਸਦੀ ਦੀ ਕਟੌਤੀ ਕੀਤੀ ਗਈ ਹੈ। ਸਿਲੰਡਰ ਦੀ ਕੀਮਤ ਹੁਣ ਦਿੱਲੀ ’ਚ 1,773 ਰੁਪਏ ਹੋ ਗਈ ਹੈ, ਜੋ ਪਹਿਲਾਂ 1,856.5 ਰੁਪਏ ਸੀ। ਘਰੇਲੂ ਐੱਲ ਪੀ ਜੀ ਸਿਲੰਡਰ ਦੀ ਕੀਮਤ ’ਚ ਕੋਈ ਬਦਲਾਅ ਨਹੀਂ ਕੀਤਾ ਗਿਆ।

ਜਾਨੀ ਨੁਕਸਾਨ ਤੋਂ ਬਚਾਅ

ਸ਼ਿਮਲਾ : ਮੰਡੀ ਜ਼ਿਲ੍ਹੇ ਦੇ ਮੰਡੀ-ਕਰਸੋਗ ਰੋਡ ’ਤੇ ਭਨੇਰਾ ਨੇੜੇ ਵੀਰਵਾਰ ਹਿਮਾਚਲ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀ ਬੱਸ ਸੜਕ ਤੋਂ ਫਿਸਲ ਗਈ, ਪਰ ਯਾਤਰੀਆਂ ਦਾ ਬਚਾਅ ਹੋ ਗਿਆ। ਬੱਸ ਦਰੱਖਤ ਨਾਲ ਟਕਰਾਉਣ ਕਾਰਨ ਖੱਡ ’ਚ ਜਾਣ ਤੋਂ ਬਚ ਗਈ। ਬੱਸ ’ਚ ਡਰਾਈਵਰ ਅਤੇ ਕੰਡਕਟਰ ਤੋਂ ਇਲਾਵਾ 43 ਯਾਤਰੀ ਸਵਾਰ ਸਨ।

ਨਾਇਬ ਤਹਿਸੀਲਦਾਰ ਤੇ ਰਿਟਾਇਰਡ ਪਟਵਾਰੀ ਗ੍ਰਿਫ਼ਤਾਰ

ਬਲਵਿੰਦਰ ਸਿੰਘ

ਬਠਿੰਡਾ : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਦੇ ਦੋਸ਼ ’ਚ ਵੀਰਵਾਰ ਸਰਦੂਲਗੜ੍ਹ ਦੇ ਨਾਇਬ ਤਹਿਸੀਲਦਾਰ ਬਲਵਿੰਦਰ ਸਿੰਘ ਅਤੇ ਸੇਵਾਮੁਕਤ ਪਟਵਾਰੀ ਜਗਜੀਤ ਸਿੰਘ ਜੱਗਾ ਨੂੰ ਗ੍ਰਿਫਤਾਰ ਕਰ ਲਿਆ। ਵਿਜੀਲੈਂਸ ਬਿਊਰੋ ਬੁਲਾਰੇ ਨੇ ਦੱਸਿਆ ਕਿ ਬਲਵਿੰਦਰ ਸਿੰਘ ਅਤੇ ਜਗਜੀਤ ਸਿੰਘ ਨੇ ਮਾਲ ਵਿਭਾਗ ਦੇ ਰਿਕਾਰਡ ’ਚ ਫੇਰਬਦਲ ਕਰਕੇ ਪਿੰਡ ਸੇਮਾਂ ਤਹਿਸੀਲ ਨਥਾਣਾ ਜ਼ਿਲ੍ਹਾ ਬਠਿੰਡਾ ਦੀ ਕਰੀਬ 28 ਏਕੜ ਸ਼ਾਮਲਾਤ ਦੀ ਜ਼ਮੀਨ ਦਾ ਪ੍ਰਾਈਵੇਟ ਵਿਅਕਤੀਆਂ ਨੂੰ ਮਾਲਕ ਅਤੇ ਖੁਦਕਾਸ਼ਤ ਬਣਾ ਦਿੱਤਾ। ਪੜਤਾਲ ਦੌਰਾਨ ਸਾਹਮਣੇ ਆਇਆ ਹੈ ਕਿ ਪਟਵਾਰੀ ਜੱਗਾ ਵੱਲੋਂ ਜਮ੍ਹਾਂਬੰਦੀ 2005-06 ’ਚ ਪ੍ਰਾਈਵੇਟ ਵਿਅਕਤੀਆਂ ਨੂੰ ਕਾਸ਼ਤਕਾਰ ਤੋਂ ਮਾਲਕ ਬਣਾ ਦਿੱਤਾ ਗਿਆ ਸੀ ਅਤੇ ਬਾਅਦ ’ਚ ਇਨ੍ਹਾਂ ਮਾਲਕਾਂ ਨੇ ਸ਼ਾਮਲਾਤ ਦੀ ਜ਼ਮੀਨ ’ਤੇ ਬੈਂਕਾਂ ਪਾਸੋਂ ਲੱਖਾਂ ਰੁਪਏ ਦੇ ਕਰਜ਼ੇ ਲੈ ਲਏ। ਖੁਫੀਆ ਸੂਹ ਮਿਲਣ ’ਤੇ ਕੀਤੀ ਗਈ ਪੜਤਾਲ ਦੌਰਾਨ ਬਲਵਿੰਦਰ ਸਿੰਘ, ਜੋ ਉਸ ਸਮੇਂ ਕਾਨੂੰਗੋ ਸੀ, ਖਿਲਾਫ ਵੀ ਸਬੂਤ ਸਾਹਮਣੇ ਆਏ। ਵਿਜੀਲੈਂਸ ਨੇ ਇਸ ਸ਼ਾਮਲਾਤ ਦੀ ਜ਼ਮੀਨ ਦੇ ਨਾਜਾਇਜ਼ ਬਣੇ ਮਾਲਕਾਂ ਨੂੰ ਵੀ ਇਸ ਮੁਕੱਦਮੇ ’ਚ ਨਾਮਜ਼ਦ ਕੀਤਾ ਹੈ। ਮੁਲਜ਼ਮਾਂ ਖਿਲਾਫ ਵਿਜੀਲੈਂਸ ਥਾਣਾ ਰੇਂਜ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਅਤੇ ਆਈ ਪੀ ਸੀ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

ਮੁੱਖ ਮੰਤਰੀ ਲਈ ਦਿੱਲੀ ਤੇ ਪੰਜਾਬ ’ਚ ਵਾਧੂ ਸੁਰੱਖਿਆ ਦੀ ਲੋੜ ਨਹੀਂ : ਪੰਜਾਬ ਪੁਲਸ

ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਦੀ ਸੁਰੱਖਿਆ ਟੀਮ ਨੇ ਉਨ੍ਹਾ ਨੂੰ ਪੰਜਾਬ ਅਤੇ ਦਿੱਲੀ ਖੇਤਰਾਂ ਲਈ ਕੇਂਦਰ ਵੱਲੋਂ ਦਿੱਤੀ ਜ਼ੈੱਡ ਪਲੱਸ ਸੁਰੱਖਿਆ ਛਤਰੀ ਨੂੰ ਠੁਕਰਾ ਦਿੱਤਾ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੂੰ ਭੇਜੇ ਪੱਤਰ ਵਿੱਚ ਮੁੱਖ ਮੰਤਰੀ ਦੀ ਸੁਰੱਖਿਆ ਟੀਮ ਨੇ ਪੰਜਾਬ ਅਤੇ ਦਿੱਲੀ ਲਈ ਸੁਰੱਖਿਆ ਛਤਰੀ ਲੈਣ ਤੋਂ ਇਨਕਾਰ ਕਰ ਦਿੱਤਾ ਹੈ ਅਤੇ ਕਿਹਾ ਹੈ ਕਿ ਉਹ ਇਨ੍ਹਾਂ ਦੋਵਾਂ ਥਾਵਾਂ ’ਤੇ ਪੰਜਾਬ ਪੁਲਸ ਦੀ ਨਿਗਰਾਨੀ ਹੇਠ ਸੁਰੱਖਿਅਤ ਹਨ।

ਸੂਤਰਾਂ ਨੇ ਕਿਹਾ ਕਿ ਮਾਨ ਲਈ ਅਜਿਹੇ ਸੁਰੱਖਿਆ ਘੇਰੇ ਦੀ ਸਿਫਾਰਸ਼ ਕੇਂਦਰੀ ਖੁਫੀਆ ਏਜੰਸੀਆਂ ਅਤੇ ਸੁਰੱਖਿਆ ਏਜੰਸੀਆਂ ਵੱਲੋਂ ਸਰਹੱਦੀ ਸੂਬੇ ’ਚ ਖਾਲਿਸਤਾਨੀ ਸਰਗਰਮੀਆਂ ਦੇ ਮੱਦੇਨਜ਼ਰ ਕੀਤੀ ਗਈ ਸੀ। ਪੱਤਰ ਵਿਚ ਕਿਹਾ ਗਿਆ ਹੈ ਕਿ ਦੋ ਸੁਰੱਖਿਆ ਛਤਰੀਆਂ ਨਾਲ ਗਲਤੀ ਹੋ ਸਕਦੀ ਹੈ। ਸੂਤਰਾਂ ਮੁਤਾਬਕ ਸੂਬਾ ਸਰਕਾਰ ਨੇ ਕੇਂਦਰ ਨੂੰ ਕਿਹਾ ਸੀ ਕਿ ਮੁੱਖ ਮੰਤਰੀ ਮਾਨ ਨੂੰ ਜੇ ਸੁਰੱਖਿਆ ਦੇਣੀ ਹੈ ਤਾਂ ਪੰਜਾਬ ਤੇ ਦਿੱਲੀ ਨੂੰ ਛੱਡ ਕੇ ਹੋਰਨਾਂ ਥਾਵਾਂ ’ਤੇ ਦਿੱਤੀ ਜਾਵੇ, ਕਿਉਂਕਿ ਪੰਜਾਬ ਤੇ ਦਿੱਲੀ ਵਿਚ ਮੁੱਖ ਮੰਤਰੀ ਤੇ ਉਨ੍ਹਾ ਦੇ ਪਰਵਾਰ ਦੀ ਕਰੀਬ 1200 ਜਵਾਨ ਪਹਿਲਾਂ ਹੀ ਸੁਰੱਖਿਆ ਕਰ ਰਹੇ ਹਨ।

ਭਲਵਾਨਾਂ ਬਾਰੇ ਅੰਤਮ ਫੈਸਲਾ ਅੱਜ ਹਰਿਆਣਾ ਦੀ ਮਹਾਂ ਪੰਚਾਇਤ ’ਚ

ਲੋੜ ਪਈ ਤਾਂ ਰਾਸ਼ਟਰਪਤੀ ਨੂੰ ਮਿਲਿਆ ਜਾਵੇਗਾ

ਮੁਜ਼ੱਫਰਨਗਰ : ਭਲਵਾਨਾਂ ਦੇ ਹੱਕ ਵਿਚ ਵੀਰਵਾਰ ਸ਼ੋਰਮ ’ਚ ਹੋਈ ਮਹਾਪੰਚਾਇਤ ਵਿਚ ਫੈਸਲਾ ਹੋਇਆ ਕਿ ਯੌਨ ਸ਼ੋਸ਼ਣ ਦੇ ਦੋਸ਼ ਵਿਚ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਜੇ ਲੋੜ ਪਈ ਤਾਂ ਰਾਸ਼ਟਰਪਤੀ ਦਰੋਪਦੀ ਮੁਰਮੂ ਨੂੰ ਮਿਲਿਆ ਜਾਵੇਗਾ। ਮਹਾਪੰਚਾਇਤ ਤੋਂ ਬਾਅਦ ਭਾਰਤੀ ਕਿਸਾਨ ਯੂਨੀਅਨ ਦੇ ਬੁਲਾਰੇ ਰਾਕੇਸ਼ ਟਿਕੈਤ ਨੇ ਕਿਹਾ ਕਿ ਭਲਵਾਨਾਂ ਦੇ ਮੁੱਦੇ ’ਤ ਅੰਤਮ ਫੈਸਲਾ ਸ਼ੁੱਕਰਵਾਰ ਨੂੰ ਹਰਿਆਣਾ ਵਿਚ ਹੋਣ ਵਾਲੀ ਮੀਟਿੰਗ ’ਚ ਲਿਆ ਜਾਵੇਗਾ।

ਇਸੇ ਦੌਰਾਨ ਕਿਸਾਨ ਆਗੂ ਮਾਂਗੇ ਰਾਮ ਤਿਆਗੀ ਨੇ ਕਿਹਾ ਕਿ ਭਲਵਾਨਾਂ ਦੇ ਪ੍ਰੋਟੈਸਟ ਨੂੰ ਜਾਤੀਵਾਦੀ ਰੰਗ ਦਿੱਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਜਦੋਂ ਭਲਵਾਨਾਂ ਨੇ ਦੇਸ਼ ਲਈ ਤਮਗੇ ਜਿੱਤੇ ਤਾਂ ਕਿਸੇ ਨੇ ਉਨ੍ਹਾਂ ਦੀ ਜਾਤ ਪੁੱਛੀ ਸੀ?

ਭਾਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਨਰੇਸ਼ ਟਿਕੈਤ, ਜਿਨ੍ਹਾ ਭਲਵਾਨਾਂ ਨੂੰ ਹਰਦੁਆਰ ਵਿਖੇ ਗੰਗਾ ’ਚ ਤਮਗੇ ਵਹਾਉਣ ਤੋਂ ਰੋਕ ਲਿਆ ਸੀ, ਨੇ ਕਿਹਾ— ਭਲਵਾਨਾਂ ਨੂੰ ਇਨਸਾਫ ਦਿਵਾਉਣ ’ਚ ਕੋਈ ਕਸਰ ਨਹੀਂ ਰੱਖਾਂਗੇ। ਲੋੜ ਪਈ ਤਾਂ ਰਾਸ਼ਟਰਪਤੀ ਕੋਲ ਜਾਵਾਂਗੇ। ਭਲਵਾਨ ਚਿੰਤਾ ਨਾ ਕਰਨ। ਮੈਂ ਭਲਵਾਨਾਂ ਨੂੰ ਕਿਹਾ ਸੀ ਕਿ ਤੁਸੀਂ ਤਮਗੇ ਗੰਗਾ ਵਿਚ ਨਾ ਵਹਾਓ, ਸਗੋਂ ਇਨ੍ਹਾਂ ਦੀ ਬੋਲੀ ਲਾਓ। ਸਾਰੀ ਦੁਨੀਆ ਆ ਕੇ ਕਹੇਗੀ ਕਿ ਬੋਲੀ ਨਾ ਲੁਆਓ।

ਚੀਨੀ ਸਰਹੱਦ ’ਤੇ ਹਾਲਾਤ ਠੀਕ ਨਹੀਂ : ਰਾਹੁਲ

ਸਟੈਨਫੋਰਡ (ਕੈਲੀਫੋਰਨੀਆ) : ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਕਿਹਾ ਹੈ ਕਿ ਚੀਨ ਭਾਰਤ ’ਤੇ ਕੁੱਝ ਨਹੀਂ ਥੋਪ ਸਕਦਾ ਅਤੇ ਭਾਰਤ-ਚੀਨ ਸੰਬੰਧ ਕਾਫੀ ਮੁਸ਼ਕਲ ਹੁੰਦੇ ਜਾ ਰਹੇ ਹਨ। ਅਮਰੀਕਾ ਦੇ ਤਿੰਨ ਸ਼ਹਿਰਾਂ ਦੀ ਯਾਤਰਾ ’ਤੇ ਆਏ ਰਾਹੁਲ ਨੇ ਬੁੱਧਵਾਰ ਰਾਤ ਕੈਲੀਫੋਰਨੀਆ ਦੀ ਸਟੈਨਫੋਰਡ ਯੂਨੀਵਰਸਿਟੀ ਕੈਂਪਸ ’ਚ ਵਿਦਿਆਰਥੀਆਂ ਦੇ ਸਵਾਲ ਦਾ ਜਵਾਬ ਦਿੰਦੇ ਹੋਏ ਇਹ ਟਿੱਪਣੀ ਕੀਤੀ। ਵਿਦਿਆਰਥੀਆਂ ਨੇ ਰਾਹੁਲ ਨੂੰ ਪੁੱਛਿਆ ਸੀ-ਤੁਸੀਂ ਅਗਲੇ ਪੰਜ ਤੋਂ ਦਸ ਸਾਲਾਂ ’ਚ ਭਾਰਤ ਅਤੇ ਚੀਨ ਦੇ ਸੰਬੰਧਾਂ ਨੂੰ ਕਿਵੇਂ ਦੇਖਦੇ ਹੋ? ਇਸ ਦੇ ਜਵਾਬ ’ਚ ਕਾਂਗਰਸ ਨੇਤਾ ਨੇ ਕਿਹਾ- ਹਾਲਾਤ ਠੀਕ ਨਹੀਂ, ਮੇਰਾ ਮਤਲਬ ਹੈ ਕਿ ਉਨ੍ਹਾਂ ਨੇ ਸਾਡੇ ਕੁਝ ਖੇਤਰ ’ਤੇ ਕਬਜ਼ਾ ਕਰ ਲਿਆ ਹੈ। ਸੰਬੰਧ ਬੜੇ ਔਖੇ ਹਨ ਤੇ ਸੌਖੇ ਨਹੀਂ ਹਨ।

ਹਾਈ ਕੋਰਟ ਦੇ ਜਲਦਬਾਜ਼ੀ ਵਾਲੇ ਫੈਸਲੇ ਕਾਰਨ ਹਿੰਸਾ ਹੋਈ : ਸ਼ਾਹ

ਇੰਫਾਲ : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀਰਵਾਰ ਐਲਾਨ ਕੀਤਾ ਕਿ ਮਨੀਪੁਰ ’ਚ ਜਾਤੀ ਹਿੰਸਾ ਦੀ ਜਾਂਚ ਲਈ ਹਾਈ ਕੋਰਟ ਦੇ ਸੇਵਾਮੁਕਤ ਚੀਫ ਜਸਟਿਸ ਦੀ ਅਗਵਾਈ ’ਚ ਜੁਡੀਸ਼ੀਅਲ ਕਮਿਸ਼ਨ ਕਾਇਮ ਕੀਤਾ ਜਾਵੇਗਾ। ਸ਼ਾਹ ਨੇ ਕਿਹਾ ਕਿ ਹਾਈ ਕੋਰਟ ਦੇ ਜਲਦਬਾਜ਼ੀ ’ਚ ਦਿੱਤੇ ਗਏ ਫੈਸਲੇ ਕਾਰਨ ਦੋਹਾਂ ਸਮੂਹਾਂ ਵਿਚਾਲੇ ਹਿੰਸਾ ਹੋਈ।

ਉਧਰ, ਸਰਕਾਰ ਨੇ ਰਾਜੀਵ ਸਿੰਘ ਨੂੰ ਮਨੀਪੁਰ ਦਾ ਨਵਾਂ ਡੀ ਜੀ ਪੀ ਨਿਯੁਕਤ ਕੀਤਾ ਹੈ। ਮੌਜੂਦਾ ਡੀ ਜੀ ਪੀ ਪੀ ਡੋਂਗਲ ਦਾ ਓ ਐੱਸ ਡੀ (ਗ੍ਰਹਿ) ਵਜੋਂ ਤਬਾਦਲਾ ਕਰ ਦਿੱਤਾ ਗਿਆ ਹੈ।

ਅੱਜ-ਨਾਮਾ

ਹਰਿਆਣੇ ਵਿੱਚ ਆ ਚੋਣ ਮੈਦਾਨ ਭਖਿਆ,
ਸਭਨਾਂ ਧਿਰਾਂ ਦਾ ਲੱਗਾ ਪਿਆ ਜ਼ੋਰ ਬੇਲੀ।
ਮਿਆਦ ਪੁੱਗਣ ਤੋਂ ਆਖਦੇ ਲੋਕ ਪਹਿਲਾਂ,
ਲੱਗਾ ਸੁਣਨ ਫਿਰ ਚੋਣ ਲਈ ਸ਼ੋਰ ਬੇਲੀ।
ਨੌਂ ਸਾਲ ਕੱਟੇ ਈ ਸੜਕ ’ਤੇ ਕਾਂਗਰਸੀਆਂ,
ਤਦ ਹੀ ਉਨ੍ਹਾਂ ਦੀ ਤਿੱਖੀ ਜਿਹੀ ਤੋਰ ਬੇਲੀ।
ਉਸ ਤੋਂ ਪਹਿਲਾਂ ਚੌਟਾਲੇ ਸੀ ਬਾਹਰ ਹੋਏ,
ਕੱਟਣਾ ਭੁੱਖ ਨੂੰ ਚਾਹੁੰਦੇ ਨਹੀਂ ਹੋਰ ਬੇਲੀ।
ਲੱਗੀ ਉੱਡਣ ਹੈ ਧੂੜ ਜਿਹੀ ਚਹੁੰ ਤਰਫੀਂ,
ਲੱਗਣ ਲੱਗੀ ਆ ਜਿੱਦਾਂ ਕੋਈ ਜੰਗ ਬੇਲੀ।
ਭਾਸ਼ਣਬਾਜ਼ੀ ਦਾ ਡਿੱਗਾ ਹੈ ਬਹੁਤ ਪੱਧਰ,
ਸਾਰਿਆਂ ਲਾਹੀ ਬੱਸ ਜਾਪਦੀ ਸੰਗ ਬੇਲੀ।

-ਤੀਸ ਮਾਰ ਖਾਂ

40 ਲੱਖ ਦੀ ਲੁੱਟ ਦੇ ਮਾਮਲੇ ’ਚ 2 ਕਾਬੂ

ਮੁਹਾਲੀ : ਪੰਜਾਬ ਪੁਲਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐੱਫ) ਨੇ ਬੁੱਧਵਾਰ-ਵੀਰਵਾਰ ਦੀ ਰਾਤ ਡੇਢ ਵਜੇ ਮੁਕਾਬਲੇ ਤੋਂ ਬਾਅਦ 2 ਗੈਂਗਸਟਰਾਂ ਨੂੰ ਅਸਲੇ ਸਣੇ ਗ੍ਰਿਫਤਾਰ ਕਾਬੂ ਕਰ ਲਿਆ। ਇਨ੍ਹਾਂ ਦੀ ਪਛਾਣ ਜਲੰਧਰ ਦੇ ਜੌਹਲ ਪਿੰਡ ਦੇ ਗੁਰਪ੍ਰੀਤ ਸਿੰਘ ਤੇ ਤਰਨ ਤਾਰਨ ਦੇ ਪਿੰਡ ਵਾਂ ਤਾਰਾ ਸਿੰਘ ਦੇ ਹਰਪ੍ਰੀਤ ਸਿੰਘ ਵਜੋਂ ਹੋਈ ਹੈ।

ਇਹ 29 ਮਈ ਨੂੰ ਫਤਿਹਗੜ੍ਹ ਸਾਹਿਬ ਜ਼ਿਲ੍ਹੇ ’ਚ ਸਰਹਿੰਦ ਇਲਾਕੇ ਦੇ ਪਿੰਡ ਭੱਟਮਾਜਰਾ ਦੇ ਪੈਟਰੋਲ ਪੰਪ ਦੇ ਕਰਿੰਦੇ ਤੋਂ 40 ਲੱਖ 80 ਹਜ਼ਾਰ ਰੁਪਏ ਲੈ ਕੇ ਫਰਾਰ ਹੋ ਗਏ ਸਨ। ਇਨ੍ਹਾਂ ਦੇ ਪਿੱਛੇ ਪਈ ਪੁਲਸ ਵੱਲੋਂ ਲਾਂਡਰਾਂ-ਚੁੰਨੀ ਸੜਕ ’ਤੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਸੀ। ਇਸ ਦੌਰਾਨ ਆਈ-20 ’ਚ ਸਵਾਰ ਨੌਜਵਾਨਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਨ੍ਹਾਂ ਫਾਇਰਿੰਗ ਕਰ ਦਿੱਤੀ। ਬਚਾਅ ’ਚ ਪੁਲਸ ਨੇ ਵੀ ਫਾਇਰਿੰਗ ਕੀਤੀ ਤੇ ਫਿਰ ਮੁਲਜ਼ਮਾਂ ਨੂੰ ਕਾਬੂ ਕਰਕੇ ਉਨ੍ਹਾਂ ਦੀ ਆਈ-20 ਵੀ ਆਪਣੇ ਕਬਜ਼ੇ ’ਚ ਲੈ ਲਈ। ਦੋਹਾਂ ਪਾਸਿਓਂ 25 ਰੌਂਦ ਤੋਂ ਵੱਧ ਚੱਲੇ।

ਪੰਚਾਇਤੀ ਜ਼ਮੀਨਾਂ ਤੋਂ ਕਬਜ਼ੇ ਛੁਡਾਉਣ ਦੀ ਮੁਹਿੰਮ ਹੋਰ ਤੇਜ਼ ਕਰਾਂਗੇ : ਭੁੱਲਰ

ਚੰਡੀਗੜ੍ਹ (ਗੁਰਜੀਤ ਬਿੱਲਾ)
ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਵਿਕਾਸ ਭਵਨ ਐਸ.ਏ.ਐਸ. ਨਗਰ ਵਿਖੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਬਾਰੇ ਮੰਤਰੀ ਵਜੋਂ ਆਪਣਾ ਅਹੁਦਾ ਸੰਭਾਲਣ ਮੌਕੇ ਐਲਾਨ ਕੀਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੰਚਾਇਤੀ ਜ਼ਮੀਨਾਂ ਤੋਂ ਕਬਜ਼ੇ ਛੁਡਾਉਣ ਦੀ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਨਵੀਂ ਜ਼ਿੰਮੇਵਾਰੀ ਸੌਂਪਣ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦਿਆਂ ਭੁੱਲਰ ਨੇ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਨਾਲ ਨਿਭਾਉਣਗੇ। ਵਿਭਾਗ ਵੱਲੋਂ ਵੱਡੇ ਜ਼ਮੀਨੀ ਟੱਕਾਂ ਬਾਰੇ ਪਹਿਲ ਦੇ ਆਧਾਰ ’ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਅਜਿਹੇ ਵੱਡੇ ਜ਼ਮੀਨੀ ਟੱਕਾਂ ਦੀ ਸ਼ਨਾਖਤ ਕਰਕੇ ਛੇਤੀ ਤੋਂ ਛੇਤੀ ਰਿਪੋਰਟ ਸੌਂਪਣ। ਵਿਭਾਗ ਦੇ ਅਧਿਕਾਰੀਆਂ ਨਾਲ ਪਲੇਠੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਕੈਬਨਿਟ ਮੰਤ ਭੁੱਲਰ ਨੂੰ ਅਧਿਕਾਰੀਆਂ ਨੇ ਜਾਣੂ ਕਰਵਾਇਆ ਕਿ ਦੂਜੇ ਪੜਾਅ ਤਹਿਤ ਹੁਣ ਤੱਕ ਲਗਭਗ 1349 ਏਕੜ ਸਰਕਾਰੀ ਜਮੀਨ ਦਾ ਕਬਜਾ ਛੁਡਾਇਆ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ 9030 ਏਕੜ ਜਮੀਨ ਨੂੰ ਕਬਜਾ-ਮੁਕਤ ਕਰਵਾਇਆ ਗਿਆ ਸੀ ਜਿਸ ਦੀ ਔਸਤ ਬਾਜ਼ਾਰੀ ਕੀਮਤ ਕਰੀਬ 2709 ਕਰੋੜ ਰੁਪਏ ਬਣਦੀ ਹੈ। ਮੌਕੇ ਵਿੱਤ ਕਮਿਸ਼ਨਰ ਕੇ. ਸਿਵਾ ਪ੍ਰਸਾਦ, ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ, ਸੰਯੁਕਤ ਵਿਕਾਸ ਕਮਿਸ਼ਨਰ ਅਮਿਤ ਕੁਮਾਰ, ਡਿਪਟੀ ਸਕੱਤਰ ਹਰਕੰਵਲਜੀਤ ਸਿੰਘ, ਵਧੀਕ ਡਾਇਰੈਕਟਰ ਸੰਜੀਵ ਗਰਗ, ਸੰਯੁਕਤ ਡਾਇਰੈਕਟਰ ਜਤਿੰਦਰ ਸਿੰਘ ਬਰਾੜ ਅਤੇ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਸਟਾਲਿਨ ਵੱਲੋਂ ਪੂਰੀ ਹਮਾਇਤ

ਨਵੀਂ ਦਿੱਲੀ : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਨਾਲ ਉਨ੍ਹਾ ਦੀ ਰਿਹਾਇਸ਼ ’ਤੇ ਮੁਲਾਕਾਤ ਕੀਤੀ ਤੇ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਨੀਤੀਆਂ ਦੀ ਨਿਖੇਧੀ ਕੀਤੀ। ਕੇਜਰੀਵਾਲ ਨੇ ਕੇਂਦਰ ਸਰਕਾਰ ਦੇ ਵਿਵਾਦਤ ਆਰਡੀਨੈਂਸ ਵਿਰੁੱਧ ਉਨ੍ਹਾ ਦੀ ਮੁਹਿੰਮ ਲਈ ਸਮਰਥਨ ਮੰਗਿਆ।

ਕੇਜਰੀਵਾਲ ਨੇ ਕਿਹਾ ਕਿ ਜੇ ਚੁਣੀ ਹੋਈ ਸਰਕਾਰ ਦਾ ਨੌਕਰਸ਼ਾਹਾਂ ’ਤੇ ਕੰਟਰੋਲ ਨਹੀਂ ਤਾਂ ਚੁਣੀ ਹੋਈ ਸਰਕਾਰ ਹੋਣ ਦਾ ਕੋਈ ਮਤਲਬ ਨਹੀਂ ਹੈ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਨੇ ਇਤਿਹਾਸ ’ਚ ਪਹਿਲੀ ਵਾਰ ਸੁਪਰੀਮ ਕੋਰਟ ਦੇ ਹੁਕਮ ਨੂੰ ਰੱਦ ਕਰ ਦਿੱਤਾ ਹੈ ਜੋ ਗੈਰ-ਸੰਵਿਧਾਨਕ ਅਤੇ ਗੈਰ-ਜਮਹੂਰੀ ਹੈ। ਸਟਾਲਿਨ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਅਤੇ ਦਿੱਲੀ ਦੇ ਲੋਕਾਂ ਨਾਲ ਡਟ ਕੇ ਖੜ੍ਹਨਗੇ।

page-1.qxd 6/1/2023 10:19 PM Page 2

ਜਲਾਜਣ ਸਕੂਲ 'ਚ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਮਿਡਲ ਸਕੂਲ ਜਲਾਜਣ ਵਿਖੇ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਵੱਲੋਂ ਤੰਬਾਕੂ ਦੀ ਵਰਤੋਂ ਨਾਲ ਸਰੀਰ 'ਤੇ ਪੈਣ ਵਾਲੇ ਬੁਰੇ ਪ੍ਰਭਾਵਾਂ ਸੰਬੰਧੀ ਪੋਸਟਰ ਤੇ ਚਾਰਟ ਬਣਾਏ ਗਏ। ਮੁੱਖ ਅਧਿਆਪਕਾ ਕਰਮਦੀਪ ਕੌਰ ਤੇ ਸਾਇੰਸ ਅਧਿਆਪਕ ਰਾਜਨ ਸਿੰਘ ਬਾਂਗਾ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਨੁੱਖੀ ਸਰੀਰ 'ਤੇ ਪੈਣ ਵਾਲੇ ਮਾਰੂ ਪ੍ਰਭਾਵਾਂ ਸੰਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਉਨ੍ਹਾ ਕਿਹਾ ਕਿ ਤੰਬਾਕੂ ਨਾਲ ਹੋਣ ਵਾਲੀ ਬਿਮਾਰੀ ਵਿਅਕਤੀ ਦੇ ਫੇਫੜਿਆਂ 'ਤੇ ਹਮਲਾ ਕਰਦੀ ਹੈ। ਇਸ ਲਈ ਸਾਨੂੰ ਤੰਬਾਕੂਨੋਸ਼ੀ ਕਰਨ ਵਾਲੇ ਵਿਅਕਤੀ ਨੂੰ ਤੰਬਾਕੂ ਦੀ ਵਰਤੋਂ ਕਰਨ ਤੋਂ ਰੋਕਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਉਨ੍ਹਾ ਵਿਦਿਆਰਥੀਆਂ ਵੱਲੋਂ ਬਣਾਏ ਪੋਸਟਰਾਂ ਤੇ ਚਾਰਟਾਂ ਦੀ ਸ਼ਲਾਘਾ ਕੀਤੀ ਤੇ ਭਵਿੱਖ 'ਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੁੱਖ ਅਧਿਆਪਕ ਕਰਮਦੀਪ ਕੌਰ, ਕਿਰਨਦੀਪ ਕੌਰ ਤੇ ਹਰਪ੍ਰੀਤ ਸਿੰਘ ਹਾਜ਼ਰ ਸਨ।

ਬ੍ਰਾਹਮਣ ਸਭਾ ਨੇ ਗਊਸ਼ਾਲਾ ਵਿਖੇ ਕੀਤੀ ਤੂੜੀ ਤੇ ਹਰੇ ਚਾਰੇ ਦੀ ਸੇਵਾ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਬ੍ਰਾਹਮਣ ਸਭਾ ਸਮਾਣਾ ਵੱਲੋਂ ਲਗਾਤਾਰ ਸਮਾਜ ਸੇਵਾ ਦੇ ਕਾਰਜਾਂ 'ਚ ਆਪਣਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸੇ ਕੜੀ ਤਹਿਤ ਮੰਡਲ ਵੱਲੋਂ ਆਰ ਡੀ ਸ਼ਰਮਾ ਤੇ ਪ੍ਰਧਾਨ ਪਾਰਸ ਸ਼ਰਮਾ ਦੀ ਅਗਵਾਈ ਵਿਚ ਗਾਜ਼ੀਪੁਰ ਸਰਕਾਰੀ ਗਊਸ਼ਾਲਾ ਵਿਖੇ ਗਊਆਂ ਲਈ ਹਰੇ ਚਾਰੇ ਦੀ ਟਰਾਲੀ ਦੀ ਸੇਵਾ ਕਰਦਿਆਂ ਆਪਣੇ ਹੱਥੀਂ ਗਾਵਾਂ ਨੂੰ ਹਰਾ ਚਾਰਾ ਪਾਉਣ ਦੀ ਸੇਵਾ ਕੀਤੀ ਗਈ। ਇਸ ਮੌਕੇ ਪ੍ਰਧਾਨ ਪਾਰਸ ਸ਼ਰਮਾ ਤੇ ਆਰ ਡੀ ਸ਼ਰਮਾ ਨੇ ਕਿਹਾ ਕਿ ਗਊ ਸੇਵਾ ਸਭ ਤੋਂ ਉੱਤਮ ਸੇਵਾ ਹੈ ਅਤੇ ਹਰ ਵਿਅਕਤੀ ਨੂੰ ਆਪਣੀ ਨੇਕ ਕਮਾਈ 'ਚੋਂ ਦਸਵੰਧ ਕੱਢਦੇ ਹੋਏ ਕੁਝ ਹਿੱਸਾ ਗਊ ਸੇਵਾ ਲਈ ਆਪਣੇ ਹੱਥੀਂ ਖਰਚ ਕਰਨਾ ਚਾਹੀਦਾ ਹੈ। ਇਸ ਮੌਕੇ ਗਊਸ਼ਾਲਾ ਵਿਖੇ ਗਊ ਸੇਵਕ ਟਿੰਕਾ ਗਾਜੇਵਾਸ, ਲਖਵਿੰਦਰ ਸਿੰਘ ਜਵੰਦਾ, ਸਮਾਣਾ ਬ੍ਰੈਕਿੰਗ ਟੀਮ, ਇਕਬਾਲ ਸਿੰਘ ਬੱਲ ਅਤੇ ਸਮਾਣਾ ਹੈਡਲਾਈਨ ਨੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਆਪਣੀਆਂ ਪਰਵਾਰਕ ਖੁਸ਼ੀਆਂ ਜਿਵੇਂ ਕਿ ਜਨਮ ਦਿਨ, ਵਰ੍ਹੇਗੰਢ ਆਦਿ ਮੌਕੇ ਗਾਜ਼ੀਪੁਰ ਗਊਸ਼ਾਲਾ ਵਿਖੇ ਹਰੇ ਚਾਰੇ, ਦਾਣੇ, ਗੁੜ ਆਦਿ ਦੀ ਸੇਵਾ ਜ਼ਰੂਰ ਅੱਗੇ ਆਉਣ। ਇਸ ਮੌਕੇ ਰਮਨਦੀਪ ਸ਼ਰਮਾ, ਸ਼ਿਵ ਸ਼ਰਮਾ, ਭੋਚਿੰਦਰ ਸ਼ਰਮਾ, ਧੀਰਜ ਸ਼ਰਮਾ ਅਤੇ ਪੰਕਜ ਸ਼ਰਮਾ ਆਦਿ ਮੌਜੂਦ ਰਹੇ।

ਬੁਰਜ ਸਿੱਧਵਾਂ ਸਕੂਲ 'ਚ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ

ਮਲੋਟ (ਗੁਰਮੀਤ ਸਿੰਘ ਮੱਕੜ)-ਪਿੰਡ ਬੁਰਜ ਸਿੱਧਵਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੱਜ ਪ੍ਰਿੰਸੀਪਲ ਸੰਤ ਰਾਮ ਦੀ ਅਗਵਾਈ ਹੇਠ ਅਤੇ ਕਲਪਨਾ ਚਾਵਲਾ ਸਦਨ ਦੇ ਸਹਿਯੋਗ ਨਾਲ ਲੀਗਲ ਲਿਟਰੇਸੀ ਕਲੱਬ ਵੱਲੋਂ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ ਅਤੇ ਪੋਸਟਰ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਬੱਚਿਆਂ ਨੇ ਆਪਣੇ ਭਾਸ਼ਣ ਵਿਚ ਨਸ਼ਿਆਂ ਦੇ ਮਨੁੱਖੀ ਸਰੀਰ 'ਤੇ ਪੈਂਦੇ ਦੁਸ਼ਪ੍ਰਭਾਵਾਂ ਦੇ ਨਾਲ ਨਾਲ ਨਸ਼ਿਆਂ ਕਰਕੇ ਪਰਵਾਰਕ ਅਤੇ ਸਮਾਜਕ ਰਿਸ਼ਤਿਆਂ ਵਿਚ ਵਧ ਰਹੀਆਂ ਦੂਰੀਆਂ ਬਾਰੇ ਵੀ ਦੱਸਿਆ। ਇਸ ਦੇ ਨਾਲ ਹੀ ਈਕੋ ਕਲੱਬ ਵੱਲੋਂ 5 ਜੂਨ ਵਿਸ਼ਵ ਵਾਤਾਵਰਣ ਦਿਵਸ ਨੂੰ ਮੁੱਖ ਰਖਦੇ ਹੋਏ ਵੀ ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਅੰਤ ਵਿਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਸੰਤ ਰਾਮ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਵਾਤਾਵਰਣ ਦੀ ਸੰਭਾਲ ਕਰਨ ਦਾ ਸੁਨੇਹਾ ਦਿੱਤਾ। ਉਨ੍ਹਾਂ ਸਮੂਹ ਸਟਾਫ ਦਾ ਸਹਿਯੋਗ ਲਈ ਧੰਨਵਾਦ ਕੀਤਾ।

ਯੂਥ ਪ੍ਰਧਾਨ ਪਾਰਸ ਸ਼ਰਮਾ ਨੇ ਕੀਤੀ ਖਸਤਾ ਗਲੀ ਨੂੰ ਪੱਕੇ ਕਰਨ ਦੀ ਸ਼ੁਰੂਆਤ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸਮਾਣਾ ਹਲਕੇ ਵਿੱਚ ਕੈਬਨਿਟ ਮੰਤਰੀ ਪੰਜਾਬ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਚਲਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਸ਼ਹਿਰ ਦੇ ਵਾਰਡ ਨੰਬਰ 3 ਵਿਖੇ ਪਿਛਲੇ ਲੰਬੇ ਸਮੇਂ ਤੋਂ ਖਸਤਾ ਗਲੀ ਨੂੰ ਪੱਕੀ ਕਰਨ ਦੇ ਕਾਰਜ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਪ੍ਰਧਾਨ ਪਾਰਸ ਸ਼ਰਮਾ ਨੇ ਆਪਣੇ ਕਰ ਕਮਲਾਂ ਨਾਲ ਕੀਤੀ। ਇਸ ਮੌਕੇ ਸਮਾਜ ਸੇਵੀ ਲਖਵਿੰਦਰ ਸਿੰਘ ਜਵੰਦਾ ਵੀ ਹਾਜ਼ਰ ਸਨ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਪਾਰਸ ਸ਼ਰਮਾ ਨੇ ਕਿਹਾ ਕਿ ਸਮਾਣਾ ਹਲਕੇ ਦਾ ਸਰਵਪੱਖੀ ਵਿਕਾਸ ਗਤੀਸ਼ੀਲਤਾ ਨਾਲ ਕੀਤਾ ਜਾ ਰਿਹਾ ਹੈ ਅਤੇ ਸਮਾਣਾ ਸ਼ਹਿਰ ਦੇ ਹਰੇਕ ਵਾਰਡ ਦੀ ਨੁਹਾਰ ਬਦਲਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਵਿਸ਼ਾਲ ਗੁਪਤਾ, ਸ਼ੰਕਰ ਗੋਇਲ, ਸੋਨੂੰ ਸ਼ਰਮਾ, ਮੋਹਣਾ ਤੇ ਮਨਜੀਤ ਸਿੰਘ ਲਲੌਛੀ ਆਦਿ ਵਾਰਡ ਵਾਸੀ ਮੌਜੂਦ ਰਹੇ।

ਸ਼ੇਰੀਆਂ ਸਕੂਲ ਦੇ ਹੋਣਹਾਰ ਵਿਦਿਆਰਥੀ ਸਨਮਾਨਤ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)-ਨੇੜਲੇ ਪਿੰਡ ਸ਼ੇਰੀਆਂ ਦੇ ਸਰਕਾਰੀ ਮਿਡਲ ਸਮਾਰਟ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਸਰਪੰਚ ਹਰਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ ਜਮਾਤ ਦੀ ਪ੍ਰੀਖਿਆ ਵਿਚ ਵਿਦਿਆਰਥਣ ਹਰਮਨਦੀਪ ਕੌਰ, ਦਿਲਪ੍ਰੀਤ ਕੌਰ ਅਤੇ ਕਿਰਨ ਕੁਮਾਰੀ ਨੂੰ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ 'ਤੇ ਸਕੂਲ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਗਿਆ। ਉਨ੍ਹਾਂ ਵਿਦਿਆਰਥਣਾਂ ਨੂੰ ਅੱਗੇ ਤੋਂ ਹੋਰ ਮਿਹਨਤ ਕਰ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਆ। ਇਸ ਤੋਂ ਇਲਾਵਾ ਸਿੱਖਿਆ ਤੇ ਖੇਡਾਂ ਦੇ ਖੇਤਰ ਵਿਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਅਜਮੇਰ ਸਿੰਘ, ਅਵਤਾਰ ਸਿੰਘ ਤੋਂ ਇਲਾਵਾ ਸਕੂਲ ਸਟਾਫ਼ 'ਚ ਸਕੂਲ ਇੰਚਾਰਜ ਅਮਰਜੀਤ ਕੌਰ, ਪਰਮਪ੍ਰੀਤ ਕੌਰ, ਰੁਪਿੰਦਰ ਕੌਰ, ਤੇਜਿੰਦਰ ਕੌਰ, ਵਿਮਲ ਕੁੰਦਰਾ, ਮਮਤਾ ਮੌਜੂਦ ਸਨ।

ਬੱਚੀ ਨੇ ਸਕੂਲ 'ਚ ਬੂਟੇ ਲਾ ਕੇ ਮਨਾਇਆ ਜਨਮ ਦਿਨ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਿੱਧਵਾਂ ਸਰਕਾਰੀ ਮਿਡਲ ਸਕੂਲ 'ਚ 7ਵੀਂ ਜਮਾਤ 'ਚ ਪੜ੍ਹਦੀ ਤਨਵੀਰ ਕੌਰ ਨਾਮਕ ਵਿਦਿਆਰਥਣ ਨੇ ਆਪਣੇ ਜਨਮ ਦਿਨ ਮੌਕੇ ਸਕੂਲ ਅਤੇ ਆਲੇ ਦੁਆਲੇ ਦੀਆਂ ਥਾਵਾਂ 'ਤੇ ਬੂਟੇ ਲਗਾ ਕੇ ਵੱਖਰੀ ਮਿਸਾਲ ਪੇਸ਼ ਕੀਤੀ। ਤਨਵੀਰ ਕੌਰ ਵੱਲੋਂ ਉਕਤ ਉਪਰਾਲਾ ਸਕੂਲ ਦੇ ਇੰਚਾਰਜ ਅਤੇ ਉੱਘੇ ਵਾਤਾਵਰਨ ਪ੍ਰੇਮੀ ਮਨਮੋਹਨ ਰਾਏ ਥਾਪਰ ਦੀ ਪ੍ਰੇਰਨਾ ਸਦਕਾ ਕੀਤਾ ਗਿਆ। ਜਾਣਕਾਰੀ ਦਿੰਦਿਆਂ ਗੋਬਿੰਦਰ ਸਿੰਘ ਅਤੇ ਆਰਤੀ ਸ਼ਰਮਾ ਅਧਿਆਪਕਾਂ ਨੇ ਦੱਸਿਆ ਕਿ ਸਾਇੰਸ ਅਧਿਆਪਕ ਅਤੇ ਵਾਤਾਵਰਨ ਪ੍ਰੇਮੀ ਮਨਮੋਹਨ ਰਾਏ ਥਾਪਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਸੰਪਰਕ 'ਚ ਆਉਣ ਵਾਲੇ ਹੋਰ ਲੋਕਾਂ ਨੂੰ ਵਾਤਾਵਰਨ ਦੀ ਸਾਂਭ-ਸੰਭਾਲ ਕਰਨ ਲਈ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਅਕਸਰ ਹੀ ਪ੍ਰੇਰਿਤ ਕਰਦੇ ਰਹਿੰਦੇ ਹਨੇ ਜਿਨ੍ਹਾਂ ਤੋਂ ਪ੍ਰਭਾਵਿਤ ਹੋ ਕੇ ਵਿਦਿਆਰਥੀਆਂ ਅਤੇ ਪਿੰਡ ਵਾਸੀਆਂ 'ਚ ਵਾਤਾਵਰਨ ਪ੍ਰਤੀ ਖਾਸ ਲਗਾਅ ਪੈਦਾ ਹੋਣ ਲੱਗਾ ਹੈ ਜੋ ਕਿ ਇੱਕ ਚੰਗਾ ਸ਼ਗਨ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਸਕੂਲ ਦੇ ਵਿਦਿਆਰਥੀਆਂ ਵੱਲੋਂ ਪੰਛੀਆਂ ਲਈ ਵੱਖ-ਵੱਖ ਥਾਵਾਂ 'ਤੇ ਮਿੱਟੀ ਦੇ ਬਰਤਨ ਵੀ ਰੱਖੇ ਗਏ ਸਨ।

ਬੀ ਬੀ ਐੱਸ ਬੀ ਕਾਨਵੈਂਟ ਸਕੂਲ ਵਿਖੇ ਮੈਂਗੋ ਡੇਅ ਮਨਾਇਆ

ਜਗਰਾਉਂ (ਅਮਿਤ ਖੰਨਾ)-ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨੰਨ੍ਹੇ-ਮੁੰਨ੍ਹੇ ਨਰਸਰੀ ਕਲਾਸ ਦੇ ਬੱਚਿਆਂ ਲਈ ਗਰਮੀ ਦੀ ਰੁੱਤ ਹੋਰ ਵੀ ਮਜ਼ੇਦਾਰ ਬਣਾਉਣ ਲਈ 'ਮੈਂਗੋ ਡੇਅ' ਮਨਾਇਆ ਗਿਆ। ਨਰਸਰੀ ਕਲਾਸ ਦੇ ਨੰਨੇ-ਮੁੰਨੇ ਬੱਚੇ ਪੀਲੇ ਰੰਗ ਦੀਆਂ ਡਰੈਸਜ਼ ਵਿੱਚ ਬਹੁਤ ਹੀ ਖੂਬਸੂਰਤ ਲੱਗ ਰਹੇ ਸਨ।

ਇਸ ਤੋਂ ਇਲਾਵਾ ਬੱਚਿਆਂ ਦੁਆਰਾ ਮੈਂਗੋ ਫਰੂਟ ਲਿਆਂਦਾ ਗਿਆ ਤੇ ਬੱਚਿਆਂ ਨੂੰ ਵੱਖ-ਵੱਖ ਰੰਗਾਂ ਦੀ ਪਛਾਣ ਕਰਾਈ ਗਈ ਅਤੇ ਪੀਲੇ ਰੰਗ ਦੇ ਫੁੱਲਾਂ ਜਿਵੇਂ ਮੈਰੀਗੋਲਡ, ਸਨਫਲਾਵਰ ਆਦਿ ਦੀ ਪਛਾਣ ਕਰਾਈ ਗਈ। ਇਸ ਤੋਂ ਇਲਾਵਾ ਬੱਚਿਆਂ ਨੂੰ ਪੀਲੇ ਰੰਗ ਦੇ ਫੁੱਲਾਂ ਅਤੇ ਫਲਾਂ ਨਾਲ ਸਬੰਧਤ ਵੱਖਰੀਆਂ-ਵੱਖਰੀਆਂ ਕਵਿਤਾਵਾਂ ਵੀ ਪੜ੍ਹਾਈਆਂ ਗਈਆਂ। ਪਿੰਸੀਪਲ ਮੈਡਮ ਅਤੇ ਸਮੂਹ ਮੈਨੇਜਮੈਂਟ ਦੁਆਰਾ ਬੱਚਿਆਂ ਦੇ ਸੁੰਦਰ ਪਹਿਰਾਵੇ ਨੂੰ ਵੀ ਸਲਾਹਿਆ ਗਿਆ ਤੇ ਨਾਲ ਹੀ ਬੱਚਿਆਂ ਨੂੰ ਗ਼ਰਮੀ ਤੋਂ ਬਚ ਕੇ ਰਹਿਣ ਲਈ ਪ੍ਰੇਰਿਆ ਗਿਆ ਤੇ ਫ਼ਲਾਂ ਤੇ ਸਬਜ਼ੀਆਂ ਦੇ ਮਹੱਤਵ ਬਾਰੇ ਜਾਣੂ ਕਰਾਇਆ ਗਿਆ।

ਨਾਲਾ ਬੰਦ ਹੋਣ ਕਰਕੇ ਫ਼ਸਲਾਂ ਬਰਬਾਦ

ਖੇਤ 'ਚ ਹੋਏ ਨੁਕਸਾਨ ਨੂੰ ਦਿਖਾਉਂਦਾ ਕਿਸਾਨ ਆਸ਼ੂ ਕੌੜਾ। (ਫੋਟੋ : ਹਰਸ਼ ਕੁਮਾਰ)

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)-ਪਿਛਲੇ ਦਿਨੀਂ ਆਈ ਬਾਰਿਸ਼ ਕਾਰਨ ਪੁਰਾਣੀ ਸਬਜ਼ੀ ਮੰਡੀ ਤੋਂ ਟਰੀਟਮੈਂਟ ਪਲਾਂਟ ਨੂੰ ਜਾਂਦੇ ਰਾਸਤੇ 'ਚ ਬਰਸਾਤੀ ਪਾਣੀ ਨੇ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਖਰਾਬ ਕਰ ਦਿੱਤਾ ਹੈ। ਕਿਸਾਨ ਆਗੂ ਕੌੜੇ ਨੇ ਦੱਸਿਆ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਜਿਹੜਾ ਸ਼ਕਤੀ ਸਕੂਲ ਦੀ ਬੈਕ ਸਾਈਡ ਤੋਂ ਬਰਸਾਤੀ ਪਾਣੀ ਦਾ ਨਾਲਾ ਰੋਪੜ ਰੋਡ ਤੋਂ ਹੁੰਦਾ ਹੋਇਆ ਬੁੱਢੇ ਨਾਲ਼ੇ ਵਿੱਚ ਜਾ ਕੇ ਮਿਲ ਜਾਂਦਾ ਸੀ, ਜੋ ਨਗਰ ਕੌਂਸਲ ਨੇ ਨਾਲ਼ਾ ਬੰਦ ਕਰ ਦਿੱਤਾ ਹੈ। ਬਰਸਾਤੀ ਪਾਣੀ ਨੇ ਖੇਤਾਂ ਵਿੱਚ ਬੀਜੀ ਮੱਕੀ ਤੇ ਬਰਸੀਨ ਦੀ ਖੇਤੀ ਨੂੰ ਖਰਾਬ ਕਰ ਦਿੱਤਾ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕੀ ਸਾਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਗੰਦੇ ਪਾਣੀ ਨੇ ਸਾਡੇ ਖੇਤਾਂ ਨੂੰ ਕੂੜੇ ਕਰਕਟ ਨਾਲ ਭਰ ਦਿੱਤਾ ਹੈ। ਕਿਸਾਨ ਨੇ ਕਿਹਾ ਕਿ ਅਸੀਂ ਪਿਛਲੇ ਮੌਜੂਦਾ ਪ੍ਰਧਾਨ ਨੂੰ ਵੀ ਦਿਖਾਇਆ ਸੀ। ਵਾਰ-ਵਾਰ ਨਗਰ ਕੌਂਸਲ ਨੂੰ ਬੇਨਤੀ ਕਰ ਚੁੱਕੇ ਹਾਂ। ਜਿਸ ਕਰਕੇ ਰੋਪੜ ਰੋਡ 'ਤੇ ਜਾਂਦਾ ਨਾਲਾ ਬੰਦ ਹੋਣ ਕਰਕੇ ਹੀ ਪਾਣੀ ਨੇ ਆਪਣਾ ਵਹਾਅ ਇਧਰ ਨੂੰ ਕੀਤਾ ਹੈ, ਜਿਸ ਨੇ ਲਗਭਗ ਨਾਲ ਲੱਗਦੇ ਸਾਰੇ ਖੇਤਾਂ ਨੂੰ ਨੁਕਸਾਨ ਪੁਚਾਇਆ ਹੈ ਅਤੇ ਹੁਣ ਖੇਤ ਨੂੰ ਸਹੀ ਕਰਨ ਨੂੰ ਵੀ ਟਾਈਮ ਲੱਗੇਗਾ।

ਅੱਜ ਬਿਜਲੀ ਬੰਦ ਰਹੇਗੀ

ਲੁਧਿਆਣਾ (ਐਮ ਐਸ ਭਾਟੀਆ)-ਪੀ.ਐਸ.ਪੀ.ਸੀ.ਐਲ.ਵੱਲੋਂ ਦਿੱਤੀ ਜਾਣਕਾਰੀ ਮੁਤਾਬਕ 11ਕੇਵੀ ਫੀਡਰ ਲੁਧਿਆਣਾ 2 ਜੂਨ ਨੂੰ ਜ਼ਰੂਰੀ ਰੱਖ-ਰਖਾਅ ਦੇ ਕੰਮ ਕਾਰਨ ਬੰਦ ਰਹਿਣਗੇ। ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਬਾੜੇਵਾਲ ਪਿੰਡ, ਅਜੀਤ ਵਿਲਾ, ਜੀ ਬਲਾਕ ਸਾਊਥ ਸਿਟੀ, ਐਪੈਕਸ ਨਗਰ, ਭਾਈ ਦਇਆ ਸਿੰਘ ਨਗਰ, ਰਾਜਾ ਗਾਰਡਨ, ਮਧੂਬਨ ਐਨਕਲੇਵ, ਇੰਦਰਾ ਕਲੋਨੀ, ਸੂਆ ਰੋਡ, ਬਾੜੇਵਾਲ ਰੋਡ ਬਿਜਲੀ ਗੁੱਲ ਰਹੇਗੀ ਤੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸੁੰਦਰ ਨਗਰ, ਗੁਰਬਚਨ ਨਗਰ, ਗੁਰਮੇਲ ਨਗਰ, ਪਿੱਪਲ ਚੌਂਕ, ਬਾਪੂ ਮਾਰਕੀਟ, ਐਮਜੇਕੇ ਨਗਰ, ਕ੍ਰਿਸ਼ਨਾ ਕਲੋਨੀ, ਸੁਮਨ ਹੀਰੋ ਨਗਰ, ਕਰਮਜੀਤ ਨਗਰ, ਕੁੰਤੀ ਨਗਰ, ਪ੍ਰੇਮ ਨਗਰ ਤੇ ਨਿਊ ਸਤਿਗੁਰ ਨਗਰ, ਈਸਰ ਨਗਰ, ਢਿੱਲੋਂ ਨਗਰ ਅਤੇ ਲੋਹਾਰਾ ਪਿੰਡ, ਡਾਬਾ ਰੋਡ ਗਲੀ ਨੰਬਰ 1 ਤੋਂ 10, ਸੋਖੀ ਫੈਕਟਰੀ, ਲੇਬਰ ਚੌਂਕ ਅਤੇ ਨਾਲ ਲੱਗਦੇ ਇਲਾਕੇ, ਹਰਕ੍ਰਿਸ਼ਨ ਸਕੂਲ ਅਤੇ ਨਾਲ ਲੱਗਦੇ ਇਲਾਕੇ, ਗਲੀ ਨੰਬਰ-1 ਤੋਂ 17 ਡਾਬਾ ਰੋਡ ਦੇ ਨਾਲ ਲੱਗਦੇ ਇਲਾਕੇ ਪ੍ਰਭਾਵਤ ਰਹਿਣਗੇ।

ਡਾ. ਗੁਰਨਿੰਦਰ ਸਿੰਘ ਨੂੰ ਹੰਝੂਆਂ ਭਰੀ ਅੰਤਿਮ ਵਿਦਾਇਗੀ, ਅੰਗੀਠਾ ਸੰਭਾਲਣ ਦੀ ਰਸਮ ਅੱਜ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਮਾਲਵਾ ਹਸਪਤਾਲ ਮਹਿਲ ਕਲਾਂ ਦੇ ਮਾਹਰ ਡਾਕਟਰ ਗੁਰਨਿੰਦਰ ਸਿੰਘ ਦਾ ਅੰਤਿਮ ਸੰਸਕਾਰ ਅੱਜ ਮਹਿਲ ਕਲਾਂ ਵਿਖੇ ਗਮਗ਼ੀਨ ਮਹੌਲ 'ਚ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਪਹੁੰਚੇ ਲੋਕਾਂ ਨੇ ਆਪਣੇ ਹਰਮਨ ਪਿਆਰੇ ਡਾਕਟਰ ਗੁਰਨਿੰਦਰ ਸਿੰਘ ਨੂੰ ਹੰਝੂਆਂ ਭਰੀ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਡਾ: ਗੁਰਨਿੰਦਰ ਸਿੰਘ ਨੂੰ ਯਾਦ ਕਰਦਿਆਂ ਸੀਨੀਅਰ ਪੱਤਰਕਾਰ ਸੁਖਦੇਵ ਸਲੇਮਪੁਰੀ ਲੁਧਿਆਣਾ ਨੇ ਕਿਹਾ ਕਿ ਡਾ: ਗੁਰਨਿੰਦਰ ਸਿੰਘ ਦੀ ਬੇਵਕਤੀ ਮੌਤ ਨਾਲ ਪਰਿਵਾਰ ਤੇ ਇਲਾਕੇ ਦੇ ਲੋਕਾਂ ਨੂੰ ਵੱਡੀ ਸੱਟ ਵੱਜੀ ਹੈ। ਅੱਜ ਅੰਤਿਮ ਸੰਸਕਾਰ ਮੌਕੇ ਹੋਇਆ ਇਕੱਠ ਇਲਾਕੇ ਦੇ ਲੋਕਾਂ 'ਚ ਡਾ: ਗੁਰਨਿੰਦਰ ਸਿੰਘ ਦੀ ਹਰਮਨ ਪਿਆਰਤਾ ਦੀ ਗਵਾਹੀ ਭਰਦਾ ਹੈ। ਉਨ੍ਹਾ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਡਾਕਟਰ ਗੁਰਨਿੰਦਰ ਸਿੰਘ ਦੇ ਪਰਿਵਾਰ ਦੇ ਸਿਰ 'ਤੇ ਹੱਥ ਰੱਖਦੇ ਹੋਏ ਇਸ ਹਸਪਤਾਲ ਦੀਆਂ ਸੇਵਾਵਾਂ ਜਾਰੀ ਰੱਖਣ ਲਈ ਸਹਿਯੋਗ ਦੇਣ। ਲੋਕਲ ਗੁ: ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖਾਲਸਾ ਨੇ ਡਾ: ਗੁਰਨਿੰਦਰ ਸਿੰਘ ਵੱਲੋਂ ਇਲਾਕੇ ਦੇ ਲੋਕਾਂ ਦੀ ਸੇਵਾ 'ਚ ਨਿਭਾਈਆਂ ਸੇਵਾਵਾਂ ਨੂੰ ਯਾਦ ਕੀਤਾ। ਇਸ ਸਮੇਂ ਜੀ ਹੋਲੀ ਹਾਰਟ ਸਕੂਲ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ, ਕੈਮਿਸਟ ਐਸੋਸੀਏਸ਼ਨ, ਪ੍ਰੈੱਸ ਕਲੱਬ ਮਹਿਲ ਕਲਾਂ, ਦੁਕਾਨਦਾਰ ਯੂਨੀਅਨ ਆਦਿ ਵੱਖ-ਵੱਖ ਸੰਸਥਾਵਾਂ ਵੱਲੋਂ ਡਾ: ਗੁਰਨਿੰਦਰ ਸਿੰਘ ਦੀ ਮ੍ਰਿਤਕ ਦੇਹ 'ਤੇ ਦੁਸ਼ਾਲੇ ਪਾ ਕੇ ਸ਼ਰਧਾਂਜਲੀ ਦਿੱਤੀ ਗਈ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਛੋਟੇ ਭਰਾ ਰੁਪਿੰਦਰ ਸਿੰਘ ਫੂਲਕਾ ਤੇ ਸਪੁੱਤਰ ਰਿਜ਼ਵਨ ਸਿੰਘ ਫੂਲਕਾ ਨੇ ਦਿਖਾਈ। ਇਸ ਸਮੇਂ ਐੱਮ. ਡੀ. ਸੁਸ਼ੀਲ ਗੋਇਲ, ਜਥੇ: ਅਜਮੇਰ ਸਿੰਘ ਮਹਿਲ ਕਲਾਂ, ਰੂਬਲ ਗਿੱਲ ਕੈਨੇਡਾ, ਸਰਬਜੀਤ ਸਿੰਘ ਸਰਬੀ, ਵਿਜੈ ਕੁਮਾਰ ਬਾਂਸਲ, ਚੇਅਰਮੈਨ ਅਵਤਾਰ ਸਿੰਘ ਅਣਖੀ, ਮੰਗਤ ਸਿੰਘ ਸਿੱਧੂ, ਗੁਰਦੀਪ ਸਿੰਘ ਸੋਢਾ, ਡਾ: ਪ੍ਰਵੀਨ ਸਿੰਗਲਾ, ਚੇਅਰਮੈਨ ਜਗਸੀਰ ਸਿੰਘ ਖਾਲਸਾ, ਹਰੀ ਸਿੰਘ ਕਟਹਿਰੀਆ, ਡਾ: ਧਰਮਵੀਰ ਸਿੰਘ, ਨੀਲ ਕੰਠ ਸ਼ਰਮਾ, ਵੇਦ ਪ੍ਰਕਾਸ਼ ਗੁਪਤਾ, ਡਾ: ਨਰਿੰਦਰ ਸਿੰਘ ਗਿੱਲ, ਡਾ: ਦਿਲਬਾਗ ਸਿੰਘ, ਡਾ: ਕੇਸਰ ਖਾਨ, ਡਾ: ਜੰਗ ਬਹਾਦਰ, ਡਾ: ਅਮਰਜੀਤ ਕੁੱਕੂ, ਡਾ: ਬਲਦੇਵ ਸਿੰਘ ਧਨੇਰ, ਡਾ: ਜਰਨੈਲ ਸਿੰਘ ਸਹੌਰ, ਮੈਨੇਜਰ ਸੌਰਭ ਕੁਮਾਰ ਆਦਿ ਹਾਜ਼ਰ ਸਨ। ਡਾ: ਗੁਰਨਿੰਦਰ ਸਿੰਘ ਦੇ ਫੁੱਲ ਚੁਗਣ (ਅੰਗੀਠਾ ਸੰਭਾਲਣ) ਦੀ ਰਸਮ 2 ਜੂਨ ਨੂੰ ਸਵੇਰੇ 9 ਵਜੇ ਹੋਵੇਗੀ।

ਮਾਤਾ ਹਰਦੇਈ ਸਕੂਲ ਦਾ +2 ਦਾ ਨਤੀਜਾ ਸ਼ਾਨਦਾਰ ਰਿਹਾ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਸਾਹਿਬ ਇਲਾਕੇ ਵਿੱਚ ਲੜਕੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੀ ਸੰਸਥਾ ਮਾਤਾ ਹਰਦੇਈ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਦਾ ਬਾਰ੍ਹਵੀਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਬਾਰ੍ਹਵੀਂ ਜਮਾਤ (ਹਿਊਮੈਨੀਟੀਜ਼) ਦੀ ਵਿਦਿਆਰਥਣ ਅਨਮੋਲ ਕੌਰ ਨੇ 472/500 (94.4 ਪ੍ਰਤੀਸ਼ਤ) ਅੰਕ ਲੈ ਕੇ ਸਕੂਲ 'ਚੋਂ ਪਹਿਲਾ, ਦਿਵਿਆ ਰਾਣੀ ਨੇ 465 (93 ਪ੍ਰਤੀਸ਼ਤ) ਅੰਕ ਲੈ ਕੇ ਦੂਜਾ ਤੇ ਰਵਿੰਦਰ ਕੌਰ 463 (92.6 ਪ੍ਰਤੀਸ਼ਤ) ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। (ਸਾਇੰਸ ਗਰੁੱਪ) 'ਚੋਂ ਪਹਿਲਾ ਸਥਾਨ ਅੰਜਲੀ 462/500 (92.4 ਪ੍ਰਤੀਸ਼ਤ), ਦੂਜਾ ਸਥਾਨ ਉਰਵਸ਼ੀ ਸ਼ਰਮਾ ਨੇ 459 (91.8 ਪ੍ਰਤੀਸ਼ਤ) ਤੇ ਤੀਜਾ ਸਥਾਨ ਸਿਮਰਨਪ੍ਰੀਤ ਕੌਰ ਨੇ 453 (90.6 ਪ੍ਰਤੀਸ਼ਤ) ਅੰਕ ਨਾਲ ਪ੍ਰਾਪਤ ਕੀਤਾ। ਕਾਮਰਸ ਗਰੁੱਪ ਦੀ ਗੁਰਪ੍ਰੀਤ ਕੌਰ 479/500 (95.8 ਪ੍ਰਤੀਸ਼ਤ) ਅੰਕ ਲੈ ਕੇ ਪਹਿਲਾ, ਰਸਲੀਨ ਕੌਰ ਨੇ 473 (94.6 ਪ੍ਰਤੀਸ਼ਤ) ਅੰਕ ਲੈ ਕੇ ਦੂਜਾ ਅਤੇ ਹਰਜੋਤ ਕੌਰ ਨੇ 472 (94.4 ਪ੍ਰਤੀਸ਼ਤ) ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕਰ ਆਪਣੇ ਮਾਤਾ-ਪਿਤਾ, ਸਕੂਲ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਰਿੰਦਰ ਕੁੰਦਰਾ, ਸੈਕਟਰੀ ਗੁਰਨਾਮ ਸਿੰਘ ਨਾਗਰਾ, ਖਜਾਨਚੀ ਜੇ.ਪੀ. ਮੱਕੜ ਅਤੇ ਪ੍ਰਬੰਧਕ ਕਮੇਟੀ ਮੈਂਬਰਜ਼ ਸ਼ਕਤੀ ਅਨੰਦ, ਟਹਿਲ ਸਿੰਘ ਔਜਲਾ, ਤੇਜਿੰਦਰ ਸਿੰਘ ਕੁੰਨਰ, ਜੈਦੀਪ ਕਾਹਲੋਂ, ਹਰਿੰਦਰ ਕਾਲੜਾ, ਪ੍ਰਿੰਸੀਪਲ ਬਲਜੀਤ ਸਿੰਘ, ਵਾਇਸ ਪ੍ਰਿੰਸੀਪਲ ਰਵਿੰਦਰ ਕੌਰ ਤੇ ਸਮੂਹ ਸਟਾਫ਼ ਮੈਂਬਰਜ਼ ਨੇ ਵਿਸ਼ੇਸ਼ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਵਿਧਾਇਕਾ ਨੇ ਮੁਹੱਲਾ ਵਾਸੀਆਂ ਦੀਆਂ ਸੁਣੀਆਂ ਸਮੱਸਿਆਵਾਂ

ਮੋਗਾ (ਅਮਰਜੀਤ ਬੱਬਰੀ)-ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਵਾਰਡ ਨੰਬਰ-30 ਵਿਖੇ ਕੌਂਸਲਰ ਬੂਟਾ ਸਿੰਘ ਤੇ ਮੁਹੱਲਾ ਵਾਸੀਆਂ ਨਾਲ ਮੀਟਿੰਗ ਕਰਕੇ ਗੱਲਬਾਤ ਕੀਤੀ ਗਈ। ਇਸ ਤੋਂ ਪਹਿਲਾ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਕੌਂਸਲਰ ਬੂਟਾ ਸਿੰਘ ਤੇ ਵਾਰਡ ਨਿਵਾਸੀਆਂ ਨੇ ਫੁੱਲਾਂ ਦੇ ਬੁੱਕੇ ਦੇ ਕੇ ਸੁਆਗਤ ਕੀਤਾ।

ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਵਾਰਡ ਨਿਵਾਸੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਗਿਆ ਤੇ ਜਲਦੀ ਹੀ ਮੁਹੱਲਾ ਵਾਸੀਆਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਾਰਡ ਨਿਵਾਸੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੋਗਾ ਹਲਕੇ ਦੇ ਵਾਰਡਾਂ ਵਿੱਚ ਵਿਕਾਸ ਕਾਰਜ ਜਾਰੀ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਪ੍ਰਕਾਰ ਦੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ, ਜਿਸ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਤੋਂ ਵੱਧ ਤੋਂ ਵੱਧ ਗ੍ਰਾਂਟ ਲਿਆ ਕੇ ਹਲਕੇ ਦੀ ਨੁਹਾਰ ਨੂੰ ਬਦਲਿਆ ਜਾਵੇਗਾ। ਇਸ ਮੌਕੇ ਕੌਂਸਲਰ ਬੂਟਾ ਸਿੰਘ ਤੇ ਵਾਰਡ ਨਿਵਾਸੀਆਂ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦਾ ਹੱਲ ਕਰਨ 'ਤੇ ਧੰਨਵਾਦ ਕੀਤਾ।

ਸੁਖਮਨੀ ਸਾਹਿਬ ਸੇਵਾ ਸੁਸਾਇਟੀ ਨੇ ਸਟੇਸ਼ਨਰੀ ਵੰਡੀ

ਸਮਰਾਲਾ (ਸੁਰਜੀਤ ਸਿੰਘ)-ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸਮਰਾਲਾ ਵੱਲੋਂ ਸਕੂਲ ਵਿੱਚ ਕਰਵਾਏ ਇੱਕ ਸਾਦੇ ਸਮਾਗਮ ਦੌਰਾਨ ਸਰਕਾਰੀ ਪ੍ਰਾਇਮਰੀ ਸਕੂਲ (ਬਾਜ਼ੀਗਰ ਬਸਤੀ) ਵਿਖੇ ਸਕੂਲ ਦੇ 105 ਵਿਦਿਆਰਥੀਆਂ ਨੂੰ ਕਾਪੀਆਂ, ਪੈਨਸਲਾਂ, ਰਬੜਾਂ ਅਤੇ ਬਿਸਕੁਟ ਆਦਿ ਵੰਡੇ ਗਏ। ਜਿਸ ਦਾ ਅਸਲ ਮਕਸਦ ਬੱਚਿਆਂ ਨੂੰ ਵਿੱਦਿਆ ਪ੍ਰਤੀ ਉਤਸ਼ਾਹਿਤ ਕਰਨਾ ਹੈ। ਸੁਸਾਇਟੀ ਦੀਆਂ ਬੀਬੀਆਂ ਸੰਤੋਸ਼ ਕੁਮਾਰੀ, ਬਲਜੀਤ ਕੌਰ, ਜਤਿੰਦਰ ਕੌਰ ਕਲੇਰ, ਸ਼ਰਨਜੀਤ ਕੌਰ, ਮਨਜੀਤ ਕੌਰ ਅਤੇ ਕੰਵਲਜੀਤ ਕੌਰ ਵੱਲੋਂ ਇਹ ਵੀ ਅਹਿਦ ਲਿਆ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਬੱਚਿਆਂ ਨੂੰ ਕਿਤਾਬਾਂ, ਸਕੂਲੀ ਵਰਦੀ ਅਤੇ ਬੂਟ ਆਦਿ ਵੰਡਣ ਦੇ ਨਾਲ ਨਾਲ, ਪੜ੍ਹਾਈ ਵਿੱਚ ਕਮਜ਼ੋਰ ਵਿਦਿਆਰਥੀਆਂ ਨੂੰ ਖਾਸਕਰ ਅੰਗਰੇਜ਼ੀ ਅਤੇ ਹਿਸਾਬ ਵਰਗੇ ਔਖੇ ਵਿਸ਼ਿਆਂ ਵਿੱਚ ਸਕੂਲ ਟਾਈਮ ਤੋਂ ਬਾਅਦ ਮੁਫ਼ਤ ਕਲਾਸਾਂ ਦਾ ਪ੍ਰਬੰਧ ਅਤੇ ਖੇਡਾਂ ਪ੍ਰਤੀ ਉਤਸ਼ਾਹਿਤ ਵੀ ਕੀਤਾ ਜਾਵੇਗਾ ਤਾਂ ਜੋ ਇਹ ਵਿਦਿਆਰਥੀ ਸਮੇਂ ਦੇ ਹਾਣੀ ਬਣ ਸਕਣ ਅਤੇ ਆਪਣੇ ਜੀਵਨ ਤਰੱਕੀ ਕਰ ਸਕਣ।

ਇਸ ਮੌਕੇ ਸਕੂਲ ਹੈੱਡਟੀਚਰ ਸੱਤਿਆ ਕੌਰ ਨੇ ਸੁਸਾਇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਪਰਮਜੀਤ ਕੌਰ, ਨਰਿੰਦਰਪਾਲ ਸਿੰਘ, ਦਮਨਪ੍ਰੀਤ ਕੌਰ ਅਤੇ ਜਸਪ੍ਰੀਤ ਕੌਰ ਵੀ ਹਾਜ਼ਰ ਸਨ।

ਬੀ ਕੇ ਯੂ ਡਕੌਂਦਾ ਨੇ ਡੀ ਸੀ ਨੂੰ ਦਿੱਤਾ ਮੰਗ ਪੱਤਰ

ਮਮਦੋਟ (ਜਸਬੀਰ ਕੰਬੋਜ/ਹਰਪਾਲ ਸੋਢੀ)

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਗਿਆ, ਜਿਸ ਵਿੱਚ ਪਿਛਲੇ ਦਿਨੀਂ ਦਿੱਲੀ ਜੰਤਰ-ਮੰਤਰ 'ਤੇ ਧਰਨੇ ਉੱਪਰ ਬੈਠੀਆਂ ਪਹਿਲਵਾਨ ਲੜਕੀਆਂ ਨੂੰ ਪੁਲਸ ਵੱਲੋਂ ਗ੍ਰਿਫ਼ਤਾਰ ਕਰਕੇ ਦੇਸ਼ ਦੀਆਂ ਨਾਮਵਰ ਬੇਟੀਆਂ ਦਾ ਅਪਮਾਨ ਕੀਤਾ ਗਿਆ, ਇਸ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਪਰ ਬ੍ਰਿਜ ਭੂਸ਼ਣ ਸ਼ਰਨ ਦਾ ਪੁਤਲਾ ਫੂਕਿਆ ਗਿਆ ਤੇ ਇਹ ਮੰਗ ਕੀਤੀ ਗਈ ਕਿ ਜਲਦੀ ਤੋਂ ਜਲਦੀ ਬ੍ਰਿਜ ਭੂਸ਼ਣ ਸ਼ਰਨ ਨੂੰ ਜੇਲ੍ਹ ਵਿੱਚ ਬੰਦ ਕੀਤਾ ਜਾਵੇ, ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਪੂਰਾ ਭਾਰਤ ਦੇ ਲੋਕਾਂ ਵੱਲੋਂ ਵੱਡਾ ਸੰਘਰਸ਼ ਕੀਤਾ ਜਾਏਗਾ।

ਬੁਲਾਰਿਆਂ ਨੇ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਾਉਣ ਵਾਸਤੇ ਫ਼ਾਸੀਆਂ ਚੜ੍ਹਨ ਵਾਲੇ ਸ਼ਹੀਦ ਊਧਮ ਸਿੰਘ, ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਜੀ ਦੇ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਆਦਮ ਕੱਦ ਬੁੱਤ ਲਵਾਏ ਜਾਣ। ਇਸ ਮੌਕੇ ਜ਼ਿਲ੍ਹਾ ਖ਼ਜ਼ਾਨਚੀ ਜੰਗੀਰ ਸਿੰਘ ਖਹਿਰਾ, ਜ਼ਿਲ੍ਹਾ ਮੈਂਬਰ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਮਮਦੋਟ ਬਲਕਾਰ ਸਿੰਘ ਜੋਧਪੁਰ, ਬਲਾਕ ਪ੍ਰੈੱਸ ਸਕੱਤਰ ਜਗਤਾਰ ਸਿੰਘ ਭੱਟੀਆ, ਬਲਾਕ ਪ੍ਰਧਾਨ ਘੱਲ ਖੁਰਦ, ਸਾਹਿਬ ਸਿੰਘ ਵਾੜਾ ਭਾਈ ਕਾ ਰਿੰਕੂ ਕੜਮਾਂ, ਸੋਨੂੰ ਉੱਪਲ, ਮਹਿਲ ਸਿੰਘ, ਹਰਬੰਸ ਸਿੰਘ ਜੋਧਪੁਰ, ਜੁਗਰਾਜ ਸਿੰਘ ਗੱਟੀ, ਹਰਜੀਤ ਸਿੰਘ, ਬਲਵੰਤ ਸਿੰਘ ਆਦਿ ਹਾਜ਼ਰ ਸਨ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਰੁਜ਼ਗਾਰ ਕੈਂਪ ਅੱਜ ਤੋਂ

ਸੰਗਰੂਰ (ਪ੍ਰਵੀਨ ਸਿੰਘ)-ਕਾਰਜਕਾਰੀ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ 2 ਤੋਂ 7 ਜੂਨ ਤੱਕ ਲਾਏ ਜਾਣ ਵਾਲੇ ਰੁਜ਼ਗਾਰ ਕੈਂਪ ਦਾ ਸ਼ਡਿਊਲ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਰਵਿੰਦਰ ਪਾਲ ਸਿੰਘ ਨੇ ਦੱਸਿਆ ਕਿ 2 ਜੂਨ ਨੂੰ ਘੱਟੋ-ਘੱਟ ਬਾਰ੍ਹਵੀਂ ਪਾਸ ਵਿਦਿਆਰਥੀਆਂ ਲਈ ਐੱਸ.ਆਈ.ਐੱਸ. ਸਕਿਓਰਿਟੀ ਪ੍ਰਾਈਵੇਟ ਲਿਮ: ਕੰਪਨੀ ਵੱਲੋਂ ਸਕਿਓਰਿਟੀ ਗਾਰਡ ਦੀ ਭਰਤੀ ਵਾਸਤੇ (ਕੇਵਲ ਲੜਕਿਆਂ ਲਈ) ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵਿਖੇ ਰੁਜ਼ਗਾਰ ਕੈਂਪ ਆਯੋਜਤ ਕੀਤਾ ਜਾਣਾ ਹੈ। ਉਨ੍ਹਾਂ ਦੱਸਿਆ ਕਿ 5 ਜੂਨ ਨੂੰ ਸਟੈਂਡਰਡ ਟਰੈਕਟਰ ਬਰਨਾਲਾ, ਪ੍ਰੀਤ ਟਰੈਕਟਰ ਨਾਭਾ ਤੇ ਦਸਮੇਸ਼ ਐਗਰੋ ਇੰਡਸਟਰੀਜ਼ ਕੰਪਨੀ ਵੱਲੋਂ ਸਿਵਲ ਮਕੈਨਿਕ, ਮਸ਼ੀਨਿਸਟ, ਫਿਟਰ, ਟਰਨਰ, ਵੈੱਲਡਰ, ਟਰੈਕਟਰ ਮਕੈਨਿਕ ਤੇ ਪੇਂਟਰ ਆਦਿ ਆਸਾਮੀਆਂ ਲਈ ਆਈ.ਟੀ.ਆਈ. ਪਾਸ ਵਿਦਿਆਰਥੀਆਂ ਲਈ ਅਤੇ 6 ਜੂਨ ਨੂੰ ਹਰਨੂਰ ਹਰਬਲਜ਼ ਕੰਪਨੀ ਸੰਗਰੂਰ ਵੱਲੋਂ ਵੈੱਲਨੈੱਸ ਅਡਵਾਇਜ਼ਰ ਦੀ ਆਸਾਮੀ ਲਈ ਘੱਟੋ-ਘੱਟ ਬਾਰ੍ਹਵੀਂ ਪਾਸ (ਕੇਵਲ ਲੜਕੀਆਂ), ਬਜਾਜ ਅਲਾਇੰਜ਼ ਸੰਗਰੂਰ ਵਲੋਂ ਆਈ.ਸੀ.ਐੱਸ., ਏ.ਐੱਸ.ਓ., ਐੱਸ.ਐੱਮ., ਬੀ.ਡੀ.ਐੱਮ. ਦੀਆਂ ਆਸਾਮੀਆਂ ਲਈ ਦਸਵੀਂ ਅਤੇ ਗ੍ਰੈਜੂਏਸ਼ਨ ਪਾਸ (ਕੇਵਲ ਲੜਕਿਆਂ) ਅਤੇ ਸ਼ੇਅਰ ਇੰਡੀਆ ਫਾਇਨਾਂਸ ਕੰਪਨੀ ਵੱਲੋਂ ਫੀਲਡ ਅਫਸਰ ਦੀ ਆਸਾਮੀ ਲਈ ਦਸਵੀਂ ਪਾਸ (ਕੇਵਲ ਲੜਕਿਆਂ ਲਈ) ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵਿਖੇ ਰੋਜ਼ਗਾਰ ਕੈਂਪ ਆਯੋਜਤ ਕੀਤਾ ਜਾਣਾ ਹੈ। ਉਨ੍ਹਾਂ ਦੱਸਿਆ ਕਿ 7 ਜੂਨ ਨੂੰ ਰਾਜ ਹਾਈ ਸੀਨੀਅਰ ਸੈਕੰਡਰੀ ਸਕੂਲ ਵਿਖੇ ਰੁਜ਼ਗਾਰ ਮੇਲਾ ਆਯੋਜਤ ਕੀਤਾ ਜਾ ਰਿਹਾ ਹੈ।

ਇਸ ਦੌਰਾਨ ਨਿੱਜੀ ਖੇਤਰ ਨਾਲ ਸੰਬੰਧਤ ਵੱਖ-ਵੱਖ ਨਾਮਵਰ ਕੰਪਨੀਆਂ ਭਾਗ ਲੈ ਰਹੀਆਂ ਹਨ ਤੇ ਇਨ੍ਹਾਂ ਕੰਪਨੀਆਂ ਵੱਲੋਂ ਦਸਵੀਂ, ਬਾਰ੍ਹਵੀਂ, ਆਈ.ਟੀ.ਆਈ, ਗ੍ਰੈਜੂਏਸ਼ਨ ਤੇ ਮਾਸਟਰ ਡਿਗਰੀ ਹੋਲਡਰ ਤੱਕ ਦੇ ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਇੰਟਰਵਿਊ ਕੀਤੀਆਂ ਜਾਣਗੀਆਂ। ਜ਼ਿਲ੍ਹਾ ਰੁਜ਼ਗਾਰ ਅਫ਼ਸਰ ਨੇ ਦੱਸਿਆ ਕਿ ਚਾਹਵਾਨ ਯੋਗ ਬਿਨੈਕਾਰ ਨਿਰਧਾਰਤ ਤਾਰੀਖਾਂ ਅਨੁਸਾਰ ਸਵੇਰੇ 9:30 ਵਜੇ ਤੋਂ 1:00 ਵਜੇ ਤੱਕ ਆਪਣੀ ਵਿੱਦਿਅਕ ਯੋਗਤਾ ਦੇ ਦਸਤਾਵੇਜ਼ ਸਮੇਤ ਫੋਟੋ ਕਾਪੀਆਂ ਤੇ ਰਜ਼ਿਊਮ ਆਦਿ ਲੈ ਕੇ ਹਾਜ਼ਰ ਹੋ ਸਕਦੇ ਹਨ।

...ਸਫ਼ਾ 1 ਦੇ ਬਾਕੀ

ਭਲਵਾਨ ਧੀਆਂ ਦੇ ਹੱਕ...

ਸਤਨਾਮ ਸਿੰਘ ਝੰਡੇਰ, ਨਿਸ਼ਾਨ ਸਿੰਘ, ਮਾਸਟਰ ਸਵਿੰਦਰ ਸਿੰਘ ਮੀਰਾਂਕੋਟ, ਬਲਕਾਰ ਸਿੰਘ ਦੁਧਾਲਾ, ਤਰਕਸ਼ੀਲ ਆਗੂ ਸੁਮੀਤ ਸਿੰਘ ਤੇ ਸ਼ਮਸ਼ੇਰ ਸਿੰਘ ਹੇਰ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਕਿਸਾਨਾਂ ਵਿੱਚ ਗੁੱਸੇ ਭਰਿਆ ਰੋਹ ਦਿਖਾਈ ਦੇ ਰਿਹਾ ਸੀ। ਬੁਲਾਰਿਆਂ ਪਹਿਲਵਾਨਾਂ 'ਤੇ ਕੀਤੇ ਗਏ ਪਰਚੇ ਰੱਦ ਕਰਨ ਦੀ ਆਵਾਜ਼ ਦੇ ਜ਼ੋਰਦਾਰ ਨਾਹਰੇ ਲਗਾਏ ਗਏ। ਇਸ ਮੌਕੇ ਕਾਬਲ ਸਿੰਘ ਛੀਨਾ, ਅਮੋਲਕ ਸਿੰਘ, ਕ੍ਰਿਪਾਲ ਸਿੰਘ ਰੇਲਵੇ ਤੇ ਮੰਗਲ ਸਿੰਘ ਟਾਂਡਾ ਮੁਲਾਜ਼ਮ ਆਗੂ ਸ਼ਾਮਲ ਹੋਏ।

ਲੁਧਿਆਣਾ (ਐੱਮ ਐੱਸ ਭਾਟੀਆ) : "ਮੋਦੀ ਦੀ ਭਾਜਪਾ ਸਰਕਾਰ ਦੇ ਜਬਰ, ਤਾਨਾਸ਼ਾਹੀ ਅਤੇ ਔਰਤ ਵਿਰੋਧੀ ਸੋਚ ਦਾ ਪ੍ਰਤੱਖ ਨਜ਼ਾਰਾ ਲੱਖਾਂ-ਕਰੋੜਾਂ ਲੋਕਾਂ ਨੇ ਉਦੋਂ ਦੇਖਿਆ, ਜਦੋਂ ਜਿਨਸੀ ਦੋਸ਼ਾਂ ਦਾ ਸਾਹਮਣਾ ਕਰ ਰਹੇ ਭਾਜਪਾ ਐੱਮ ਪੀ ਬ੍ਰਿਜ ਭੂਸ਼ਨ ਸ਼ਰਣ ਸਿੰਘ ਨੂੰ ਬਚਾਉਣ ਲਈ ਭਲਵਾਨਾਂ ਦੇ ਅੰਦੋਲਨ ਨੂੰ ਕੁਚਲਣ ਲਈ ਪੁਲਸ ਨੇ ਅਣਮਨੁੱਖੀ ਵਿਵਹਾਰ ਕੀਤਾ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵੱਲੋਂ ਸਾਂਝੇ ਤੌਰ 'ਤੇ ਰੋਸ ਪ੍ਰਦਰਸ਼ਨ ਦੌਰਾਨ ਬੁਲਾਰਿਆਂ ਨੇ ਕੀਤਾ। ਕਿਸਾਨਾਂ ਸਮੇਤ ਸਮੂਹ ਇਨਸਾਫਪਸੰਦ ਲੋਕਾਂ, ਟਰੇਡ ਯੂਨੀਅਨਾਂ, ਪੇਂਡੂ ਮਜ਼ਦੂਰ, ਔਰਤ, ਮੁਲਾਜ਼ਮ, ਵਿਦਿਆਰਥੀ ਅਤੇ ਨੌਜਵਾਨ ਜੱਥੇਬੰਦੀਆਂ ਨੇ ਸਾਂਝੇ ਰੂਪ ਵਿੱਚ ਇਕੱਠੇ ਹੋ ਕੇ ਇਸ ਜਬਰ ਦਾ ਜ਼ੋਰਦਾਰ ਵਿਰੋਧ ਕਰਦੇ ਹੋਏ ਬ੍ਰਿਜ ਭੂਸ਼ਣ ਦੀ ਗ੍ਰਿਫਤਾਰੀ ਦੀ ਮੰਗ ਕੀਤੀ। ਰੋਸ ਪ੍ਰਦਰਸ਼ਨ ਤੋਂ ਬਾਅਦ ਮਾਰਚ ਦੀ ਸ਼ਕਲ ਵਿੱਚ ਨਾਅਰੇ ਲਾਉਂਦੇ ਹੋਏ ਡਿਪਟੀ ਕਮਿਸ਼ਨਰ ਦਫਤਰ ਪਹੁੰਚਿਆ ਗਿਆ, ਜਿੱਥੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਚਮਕੌਰ ਸਿੰਘ ਅਤੇ ਰਘਬੀਰ ਸਿੰਘ ਬੈਨੀਪਾਲ, ਟਰੇਡ ਯੂਨੀਅਨ ਆਗੂ ਡੀ.ਪੀ. ਮੌੜ, ਵਿਜੈ ਕੁਮਾਰ, ਜਗਦੀਸ਼ ਚੰਦ, ਐੱਮ ਐੱਸ ਭਾਟੀਆ, ਕੇਵਲ ਸਿੰਘ ਬਨਵੈਤ, ਹਰਬੰਸ ਸਿੰਘ ਮਹੀਪਾਲ, ਅਵਤਾਰ ਛਿੱਬੜ, ਸਤਨਾਮ ਸਿੰਘ, ਦਾਨ ਸਿੰਘ, ਦਰਸ਼ਨ ਸਿੰਘ, ਵਿਨੋਦ ਕੁਮਾਰ ਅਤੇ ਅਧਿਆਪਕ ਆਗੂ ਚਰਨ ਸਰਾਭਾ ਸ਼ਾਮਲ ਸਨ।

ਕਰਤਾਰਪੁਰ : ਇੱਥੇ ਪੰਜਾਬ ਖੇਤ ਮਜ਼ਦੂਰ ਸਭਾ ਤੇ ਨਾਰੀ ਸ਼ਕਤੀ ਅੰਦੋਲਨ ਵੱਲੋਂ ਪੁਤਲੇ ਫੂਕੇ ਗਏ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਰਸ਼ਪਾਲ ਕੈਲੇ, ਨਰੇਗਾ ਅੰਦੋਲਨ ਦੇ ਆਗੂ ਕੇਵਲ ਸਿੰਘ ਹਜ਼ਾਰਾ, ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਆਗੂ ਵੀਰ ਕੁਮਾਰ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਆਦੇਸ਼ਾਂ 'ਤੇ ਦਰਜ ਹੋ ਚੁੱਕੀ ਐੱਫ ਆਈ ਆਰ ਦੇ ਬਾਵਜੂਦ ਬ੍ਰਿਜ ਭੂਸ਼ਣ ਨੂੰ ਗ੍ਰਿਫਤਾਰ ਨਾ ਕਰਕੇ ਮੋਦੀ ਸਰਕਾਰ ਸ਼ਰੇਆਮ ਬਲਾਤਕਾਰੀ ਗੁੰਡਿਆਂ ਦੇ ਹੱਕ ਵਿੱਚ ਭੁਗਤ ਰਹੀ ਹੈ। ਦੋਸ਼ੀ ਨੂੰ ਸਜ਼ਾ ਦੇਣ ਦੀ ਬਜਾਏ ਉਲਟਾ ਪੀੜਤ ਭਲਵਾਨ ਕੁੜੀਆਂ ਨਾਲ 28 ਮਈ ਨੂੰ ਸਰਕਾਰੀ ਸ਼ਹਿ 'ਤੇ ਦਿੱਲੀ ਪੁਲਸ ਵੱਲੋਂ ਧੱਕੇਸ਼ਾਹੀ ਹੀ ਨਹੀਂ ਕੀਤੀ, ਸਗੋਂ ਉਹਨਾਂ 'ਤੇ ਕੇਸ ਮੜ੍ਹ ਦਿੱਤੇ ਗਏ। ਬੇਟੀ ਬਚਾਓ, ਬੇਟੀ ਪੜ੍ਹਾਓ ਦੇ ਨਾਹਰੇ ਲਾਉਣ ਵਾਲੀ ਸਰਕਾਰ ਦਾ ਅਸਲੀ ਫਾਸ਼ੀਵਾਦੀ ਚਿਹਰਾ ਨੰਗਾ ਹੋ ਚੁੱਕਾ ਹੈ। ਉਪਰੋਕਤ ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸਮਾਂ ਰਹਿੰਦਿਆਂ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਵਿੱਚ ਨਾ ਸੁੱਟਿਆ ਤਾਂ ਸਰਕਾਰ ਖਿਲਾਫ ਜ਼ਬਰਦਸਤ ਐਕਸ਼ਨ ਉਲੀਕੇ ਜਾਣਗੇ। ਬ੍ਰਿਜਭੂਸ਼ਣ ਦੇ ਪੁਤਲੇ ਨੂੰ ਅੱਗ ਸਾਥੀ ਰਸ਼ਪਾਲ ਕੈਲ਼ੇ ਨੇ ਲਗਾਈ। ਇਸ ਸਮੇਂ ਸੁਰਿੰਦਰ ਪਾਲ, ਅਰਜਨ ਰਾਮ, ਸ਼ਾਦੀ ਰਾਮ, ਸੁਖਵਿੰਦਰ ਪਾਲ, ਸ਼ਾਮ ਦੇਵ, ਦਿਲਾਵਰ ਕਾਲਾ ਖੇੜਾ ਆਦਿ ਹਾਜ਼ਰ ਸਨ।

ਮਹਿਤਪੁਰ : ਕੁੱਲ ਕਿਸਾਨ ਸਭਾ ਵੱਲੋਂ ਮਹਿਤਪੁਰ ਸ਼ਹਿਰ ਵਿੱਚ ਮੁਜ਼ਾਹਰਾ ਕਰਕੇ ਸ਼ਹਿਰ ਦੇ ਮੁੱਖ ਚੌਕ ਵਿੱਚ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ, ਜਿਸ ਦੀ ਅਗਵਾਈ ਕਿਸਾਨ ਆਗੂ ਸੰਦੀਪ ਅਰੋੜਾ, ਦਿਲਬਾਗ ਸਿੰਘ ਚੰਦੀ ਤੇ ਮਨਦੀਪ ਸਿੱਧੂ ਨੇ ਕੀਤੀ।

ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ) : ਇੱਥੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ ਤੇ ਐੱਸ ਡੀ ਐੱਸ ਰਾਹੀਂ ਦੋਸ਼ੀਆਂ 'ਤੇ ਬਣਦੀ ਕਾਰਵਾਈ ਲਈ ਰਾਸ਼ਟਰਪਤੀ ਨੂੰ ਮੰਗ ਪੱਤਰ ਵੀ ਭੇਜਿਆ ਗਿਆ। ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਕੁਲਦੀਪ ਭੋਲਾ, ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਰਾਮਾ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ 'ਚ ਸ਼ਾਮਲ ਕਿਸਾਨ ਜਥੇਬੰਦੀਆਂ ਇਸ ਘਟਨਾਕ੍ਰਮ ਤੋਂ ਬੇਹੱਦ ਪ੍ਰੇਸ਼ਾਨ ਹਨ। ਬ੍ਰਿਜ ਭੂਸ਼ਣ ਦੀ ਹਵਸ ਤੇ ਗੁੰਡਾਗਰਦੀ ਦੀਆਂ ਸ਼ਿਕਾਰ ਲੜਕੀਆਂ ਪੇਂਡੂ/ਕਿਸਾਨ ਪਰਵਾਰਾਂ ਨਾਲ ਹੀ ਸੰਬੰਧ ਰੱਖਦੀਆਂ ਹਨ। ਇਸ ਲਈ ਅਸੀਂ ਚਿੰਤਤ ਹਾਂ ਕਿ ਕਿਸਾਨਾਂ ਦੀਆਂ ਧੀਆਂ, ਜਿਨ੍ਹਾਂ ਸਖਤ ਮਿਹਨਤ ਕਰਕੇ ਅੰਤਰਰਾਸ਼ਟਰੀ ਪ੍ਰਸਿੱਧੀ ਹਾਸਲ ਕੀਤੀ ਅਤੇ ਭਾਰਤ ਦਾ ਨਾਂਅ ਰੌਸ਼ਨ ਕੀਤਾ ਹੈ, ਉਨ੍ਹਾਂ ਨਾਲ ਕੇਂਦਰ ਸਰਕਾਰ ਦੁਆਰਾ ਸਿਆਸੀ ਤੌਰ 'ਤੇ ਸ਼ਕਤੀਸ਼ਾਲੀ ਲੋਕਾਂ ਦੇ ਇਸ਼ਾਰੇ 'ਤੇ ਬੇਰਹਿਮੀ ਨਾਲ ਸਲੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਗੁਰਦਿੱਤ ਦੀਨਾ, ਸਿਕੰਦਰ ਮਧੇਕੇ, ਜਸਗੀਰ ਧੂੜਕੋਟ, ਸਤਵੰਤ ਖੋਟੇ, ਬਲਰਾਜ ਬੱਧਨੀ, ਕੇਵਲ ਰਾਊਕੇ, ਮਿੱਠੂ ਸੈਦੋਕੇ, ਬੂਟਾ ਰਾਊਕੇ, ਰਘਬੀਰ ਸਿੰਘ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਆਗੂ ਲਛਮਣ ਸਿੰਘ ਨੀਟੂ (ਜ਼ਿਲ੍ਹਾ ਸਕੱਤਰ), ਸੁਖਮੰਦਰ ਸਿੰਘ ਭਾਗੀਕੇ (ਬਲਾਕ ਪ੍ਰਧਾਨ), ਆਤਮਾ ਸਿੰਘ, ਗਗਨਦੀਪ ਸਿੰਘ, ਬਲਵੀਰ ਸਿੰਘ, ਨਵਦੀਪ ਪੱਤੋ, ਇੰਦਰਪਾਲ ਧੂੜਕੋਟ, ਬਾਲਬਹਾਦਰ ਸਿੰਘ ਤੇ ਸਤਿੰਦਰ ਨੰਗਲ ਆਦਿ ਆਗੂਆਂ ਸਮੇਤ ਅਨੇਕਾਂ ਲੋਕ ਸ਼ਾਮਲ ਹੋਏ।

ਈ ਟੀ ਟੀ ਟੈਟ ਪਾਸ ਬੇਰੁਜ਼ਗਾਰ ਅੰਗਹੀਣ ਔਰਤਾਂ ਵੱਲੋਂ ਮੁੱਖ ਮੰਤਰੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ 5 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਪਿਛਲੇ ਲੰਮੇ ਸਮੇਂ ਤੋਂ ਰੁਜ਼ਗਾਰ ਦੀ ਮੰਗ ਕਰਦੀਆਂ ਈਟੀਟੀ ਟੈਟ ਪਾਸ ਬੇਰੁਜ਼ਗਾਰ ਅੰਗਹੀਣ ਮਹਿਲਾਵਾਂ ਵੱਲੋਂ 5 ਜੂਨ ਨੂੰ ਮੁੱਖ ਮੰਤਰੀ ਰਿਹਾਇਸ਼ ਚੰਡੀਗੜ੍ਹ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਬੇਰੁਜ਼ਗਾਰ ਮਹਿਲਾ ਜਨਕੋ ਬਾਈ ਨੇ ਕਿਹਾ ਕਿ ਪਿਛਲੇ 4, 5 ਸਾਲਾਂ ਤੋਂ ਪੜ੍ਹੇ-ਲਿਖੇ ਹੋਣ ਦੇ ਬਾਵਜੂਦ ਉਹ ਰੁਜ਼ਗਾਰ ਪ੍ਰਾਪਤੀ ਲਈ ਸੜਕਾਂ 'ਤੇ ਧੱਕੇ ਖਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਜਦੋਂ ਮਾਨ ਸਰਕਾਰ ਸੱਤਾ ਵਿੱਚ ਨਹੀਂ ਸੀ ਤਾਂ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਉਨ੍ਹਾਂ ਕੋਲ ਸੁਨਾਮ ਟੈਂਕੀ 'ਤੇ ਆ ਕੇ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ, ਪਰ ਹੁਣ ਸੱਤਾ ਹਾਸਲ ਸਰਕਾਰ ਵੱਲੋਂ ਵੀ ਦਰ ਦਰ ਠੋਕਰਾਂ ਖਾਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਕ ਸਾਲ ਤੋਂ ਉਪਰ ਹੋ ਗਿਆ ਮਾਨ ਸਰਕਾਰ ਨੂੰ ਸੱਤਾ ਵਿੱਚ ਆਈ ਨੂੰ, ਇਸ ਇੱਕ ਸਾਲ ਵਿੱਚ ਸਰਕਾਰ ਨਾਲ ਅਨੇਕਾਂ ਮੀਟਿੰਗ ਕਰ ਚੁੱਕੇ ਹਾਂ, ਪਰ ਸਰਕਾਰ ਲਾਰੇ 'ਤੇ ਲਾਰਾ ਲਾ ਰਹੀ ਹੈ, ਰੁਜ਼ਗਾਰ ਨਹੀਂ ਦੇ ਰਹੀ। ਇਸ ਤੋਂ ਅਕ ਕੇ 5 ਜੂਨ ਨੂੰ ਮੁੱਖ ਮੰਤਰੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਕੀਤਾ। ਉਨ੍ਹਾਂ ਦੱਸਿਆ ਕਿ 2021 ਵਿੱਚ ਆਈ ਈਟੀਟੀ ਭਰਤੀ 6635 ਵਿੱਚ ਅੰਗਹੀਣ ਕੋਟੇ ਦੀਆਂ ਖਾਲੀ ਰਹਿੰਦੀਆਂ ਅਸਾਮੀਆਂ ਨੂੰ ਇੰਟਰਚੇਂਜ ਕਰਕੇ ਰੁਜ਼ਗਾਰ ਤੋਂ ਵਾਂਝੇ ਰਹਿੰਦੀਆਂ ਅੰਗਹੀਣ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਦਿੱਤਾ ਜਾਵੇ।

ਲਾਰੈਂਸ-ਗੋਲਡੀ ਗੈਂਗ ਦੇ 10 ਸ਼ੂਟਰ ਫੜੇ

ਗੁਰੂਗ੍ਰਾਮ : ਪੁਲਸ ਨੇ ਗੁਰੂਗ੍ਰਾਮ ਵਿਚ ਦੋ ਤੋਂ ਲਾਰੈਂਸ ਬਿਸ਼ਨੋਈ-ਗੋਲਡੀ ਬਰਾੜ ਗੈਂਗ ਦੇ 10 ਸ਼ਾਰਪ ਸ਼ੂਟਰਾਂ ਨੂੰ ਗਿ੍ਫਤਾਰ ਕੀਤਾ ਹੈ। ਗੁਰੂਗ੍ਰਾਮ ਪੁਲਸ ਦੀ ਅਪਰਾਧ ਸ਼ਾਖਾ ਨੇ ਭੌਂਡਸੀ ਅਤੇ ਦੇਵੀਲਾਲ ਸਟੇਡੀਅਮ ਨੇੜੇ ਗ੍ਰਿਫਤਾਰੀਆਂ ਕੀਤੀਆਂ। ਇਨ੍ਹਾਂ ਦੇ ਕਬਜ਼ੇ ਵਿੱਚੋਂ ਚਾਰ ਵਿਦੇਸ਼ੀ ਪਿਸਤੌਲ, 28 ਕਾਰਤੂਸ, ਦੋ ਗੱਡੀਆਂ (1 ਸਕਾਰਪੀਓ ਅਤੇ 1 ਹੌਂਡਾ ਸਿਟੀ), 7 ਪੁਲਸ ਵਰਦੀਆਂ ਸਮੇਤ ਹੋਰ ਸਾਮਾਨ ਬਰਾਮਦ ਹੋਇਆ ਹੈ। ਪਤਾ ਲੱਗਾ ਕਿ ਹੌਂਡਾ ਸਿਟੀ ਗੱਡੀ ਦਿੱਲੀ ਤੋਂ ਚੁਰਾਈ ਗਈ। ਏ ਸੀ ਪੀ ਵਰੁਣ ਦਹੀਆ ਨੇ ਪੱਤਰਕਾਰਾਂ ਨੂੰ ਦੱਸਿਆ ਕਿ 7 ਮੁਲਜ਼ਮਾਂ ਕੁਮਾਰ ਉਰਫ ਅਨਿਲ (24), ਹਰਜੋਤ ਸਿੰਘ (23), ਅਜੇ ਈਸ਼ਰਵਾਲੀਆ ਉਰਫ ਪੰਜਾਬੀ (20), ਪ੍ਰਿੰਸ ਉਰਫ ਗੋਲੂ (18), ਜੋਗਿੰਦਰ ਉਰਫ ਜੋਗਾ (31), ਸੰਦੀਪ ਉਰਫ ਦੀਪ (23) ਅਤੇ ਸ਼ਿੰਦਰਪਾਲ ਉਰਫ ਬਿੱਟੂ (33) ਨੂੰ ਭੌਂਡਸੀ ਇਲਾਕੇ ਤੋਂ ਗ੍ਰਿਫਤਾਰ ਕੀਤਾ ਗਿਆ। ਇਨ੍ਹਾਂ ਤੋਂ ਪੁੱਛ ਪੜਤਾਲ ਤੋਂ ਬਾਅਦ ਉਨ੍ਹਾਂ ਦੇ ਤਿੰਨ ਹੋਰ ਸਾਥੀਆਂ—ਧਰਮੇਂਦਰ ਉਰਫ ਧਰਮ (27), ਦੀਪਕ ਉਰਫ ਦਿਲਾਵਰ (26) ਅਤੇ ਭਰਤ (24) ਨੂੰ ਦੇਵੀਲਾਲ ਸਟੇਡੀਅਮ ਨੇੜੇ ਕਾਬੂ ਕੀਤਾ ਗਿਆ।

200 ਲੀਟਰ ਲਾਹਣ ਸਮੇਤ ਕਾਬੂ

ਬਰੇਟਾ (ਰੀਵਾਲ)-ਪੁਲਸ ਵੱਲੋਂ ਦੌਰਾਨੇ ਗਸ਼ਤ ਇੱਕ ਵਿਅਕਤੀਆਂ ਤੋਂ ਸੈਂਕੜੇ ਲੀਟਰ ਲਾਹਨ ਬਰਾਮਦ ਕਰਨ ਦਾ ਸਮਾਚਾਰ ਮਿਲਿਆ ਹੈ। ਐਸ.ਐਚ.ਓ. ਬੂਟਾ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਜਗਮੇਲ ਸਿੰਘ ਨੇ ਦੌਰਾਨੇ ਗਸ਼ਤ ਗੁਪਤ ਸੂਚਨਾ ਦੇ ਆਧਾਰ 'ਤੇ ਰਾਜ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਬਹਾਦਰਪੁਰ ਤੋਂ 200 ਲੀਟਰ ਲਾਹਨ ਬਰਾਮਦ ਕਰਕੇ ਕਾਬੂ ਕਰ ਲਿਆ, ਜਿਸ ਦੇ ਖਿਲਾਫ਼ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਜਸਜੀਤ ਜੱਸੇਆਣਾ ਤਸ਼ੱਦਦ ਵਿਰੋਧੀ ਕਮੇਟੀ ਵੱਲੋਂ ਰੋਸ ਪ੍ਰਦਰਸ਼ਨ ਚੌਥੇ ਦਿਨ ਵੀ ਜਾਰੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)

ਸੰਘਰਸ਼ੀ ਜਥੇਬੰਦੀਆਂ ਵੱਲੋਂ ਬਣਾਈ ਗਈ ਜਗਜੀਤ ਜੱਸੇਆਣਾ ਤਸ਼ੱਦਦ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਬੱਸ ਸਟੈਂਡ ਪੁਲਸ ਚੌਂਕੀ ਵਿਖੇ ਦਿਨ ਰਾਤ ਦਾ ਸ਼ੁਰੂ ਕੀਤਾ ਰੋਸ ਪ੍ਰਦਰਸ਼ਨ ਚੌਥੇ ਦਿਨ ਵੀ ਜਾਰੀ ਰਿਹਾ।

ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸਕੱਤਰ ਗੁਰਨਾਮ ਸਿੰਘ ਦਾਊਦ, ਐਕਸ਼ਨ ਕਮੇਟੀ ਦੇ ਕਨਵੀਨਰ ਹਰਜੀਤ ਸਿੰਘ ਮਦਰੱਸਾ, ਖੇਤ ਮਜ਼ਦੂਰ ਯੂਨੀਅਨ ਦੇ ਜਰਨਲ ਸਕੱਤਰ ਤਰਸੇਮ ਸਿੰਘ ਖੁੰਡੇ ਹਲਾਲ ਅਤੇ ਸੰਯੁਕਤ ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਪਰਮਿੰਦਰ ਪਾਸਾ ਆਖਿਆ ਕਿ ਐਕਸ਼ਨ ਕਮੇਟੀ ਨੇ ਪਿੰਡ ਕਾਨਿਆਂ ਵਾਲੀ ਵਿੱਚ ਪੜਤਾਲ ਵਾਸਤੇ ਤਿੰਨ ਮੈਂਬਰੀ ਟੀਮ ਬਣਾ ਕੇ ਮਾਮਲੇ ਦੀ ਪੜਤਾਲ ਕੀਤੀ, ਜਿਸ ਵਿੱਚ ਤੱਥਾਂ 'ਤੇ ਪਤਾ ਚੱਲਿਆ ਕਿ ਪੁਲਸ ਨੇ ਜਗਜੀਤ ਸਿੰਘ ਜੱਸੇਆਣਾ ਮਾਮਲੇ ਵਾਂਗ ਪਿੰਡ ਕਾਨਿਆਂਵਾਲੀ ਵਿੱਚ ਮਨਘੜਤ ਕਹਾਣੀ ਬਣਾ ਕੇ ਮਜ਼ਦੂਰਾਂ 'ਤੇ ਜਬਰ ਢਾਹਿਆ ਜਾ ਰਿਹਾ ਹੈ।

ਆਗੂਆਂ ਨੇ ਮੰਗ ਕੀਤੀ ਕਿ ਜਗਜੀਤ ਸਿੰਘ ਜੱਸੇਆਣਾ 'ਤੇ ਤਸ਼ੱਦਦ ਢਾਹੁਣ ਵਾਲੇ ਕਥਿਤ ਦੋਸ਼ੀ ਏ ਐਸ ਆਈ ਬਲਦੇਵ ਸਿੰਘ ਅਤੇ ਸਾਥੀ ਪੁਲਸ ਮੁਲਾਜਮਾਂ ਖਿਲਾਫ਼ ਪਰਚਾ ਦਰਜ ਕਰਕੇ ਤੁਰੰਤ ਪ੍ਰਭਾਵ ਮੁਅੱਤਲ ਕੀਤਾ ਜਾਵੇ ਅਤੇ ਨਾਲ ਹੀ ਕਾਨਿਆਂਵਾਲੀ ਦੇ ਮਜ਼ਦੂਰਾਂ 'ਤੇ ਢਾਹਿਆ ਜਾ ਰਿਹਾ ਜਬਰ ਬੰਦ ਕੀਤਾ ਜਾਵੇ ਅਤੇ ਝੂਠਾ ਪਰਚਾ ਰੱਦ ਕਰਕੇ ਮਜ਼ਦੂਰਾਂ 'ਤੇ ਬਿਨਾਂ ਸ਼ਰਤ ਰਿਹਾ ਕੀਤਾ ਜਾਵੇ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਅਤੇ ਜ਼ਿਲ੍ਹਾ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਕਿਸਾਨਾਂ ਦੇ ਜੱਥੇ ਨਾਲ ਮਜ਼ਦੂਰਾਂ 'ਤੇ ਹੋ ਰਹੇ ਜਬਰ ਨੂੰ ਖਿਲਾਫ਼ ਚੱਲ ਰਹੇ ਸੰਘਰਸ਼ ਵਿੱਚ ਹਮਾਇਤੀ ਕੰਨਾਂ ਲਾਉਣ।

ਸੰਬੋਧਨ ਦੌਰਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਨੇ ਕਿਹਾ ਕਿ ਕਾਰਪੋਰੇਟ ਨੀਤੀਆਂ ਲਾਗੂ ਕਰਨ ਲਈ ਪੁਲਸ ਜਬਰ ਵਿੱਚ ਵਾਧਾ ਕੀਤਾ ਜਾ ਰਿਹਾ ਹੈ ਤਾਂ ਜੁ ਕਿਰਤੀ ਲੋਕਾਂ ਨੂੰ ਕਾਰਪੋਰੇਟ ਨੀਤੀਆਂ ਲਾਗੂ ਹੋਣ ਵਿੱਚ ਅੜਿੱਕਾ ਬਣਨ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਕਿਸਾਨਾਂ-ਮਜ਼ਦੂਰਾਂ ਨੂੰ ਇਕੱਠੇ ਹੋ ਕੇ ਇਸ ਜਬਰ ਵਿਰੋਧ ਸ਼ੰਘਰਸ਼ ਕਰਨਾ ਚਾਹੀਦਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਮਿੱਡ ਡੇ ਮੀਲ ਵਰਕਰਾਂ ਵੱਲੋਂ ਬਿਜਲੀ ਮੰਤਰੀ ਦੀ ਰਿਹਾਇਸ਼ ਮੂਹਰੇ ਰੋਸ ਰੈਲੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਮਿਡ ਡੇ ਮੀਲ ਵਰਕਰਜ਼ ਯੂਨੀਅਨ ਦੇ ਸੂਬਾਈ ਸੱਦੇ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਤੇ ਤਰਨ ਤਾਰਨ ਦੀਆਂ ਕੁੱਕ ਵਰਕਰਾਂ ਵੱਲੋਂ ਸੂਬਾ ਜਨਰਲ ਸਕੱਤਰ ਮਮਤਾ ਸ਼ਰਮਾ ਦੀ ਅਗਵਾਈ ਹੇਠ ਨਿਊ ਅੰਮ੍ਰਿਤਸਰ ਵਿਖੇ ਬਿਜਲੀ ਮੰਤਰੀ ਹਰਭਜਨ ਸਿੰਘ ਦੇ ਘਰ ਅੱਗੇ ਕੀਤੀ ਗਈ ਰੋਹ ਭਰਪੂਰ ਰੈਲੀ ਵਿੱਚ ਸ਼ਾਮਲ ਹੋਈਆਂ ਸੈਂਕੜੇ ਮਿਡ ਡੇ ਮੀਲ ਕੁੱਕ ਵਰਕਰਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਭਾਰੀ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਮੰਗ ਪੱਤਰ ਪ੍ਰਾਪਤ ਕਰਨ ਪਹੁੰਚੇ ਤਹਿਸੀਲਦਾਰ ਅੰਮ੍ਰਿਤਸਰ-1 ਵੱਲੋਂ ਬਿਜਲੀ ਮੰਤਰੀ ਨਾਲ ਗੱਲਬਾਤ ਕਰਕੇ ਜਲਦੀ ਹੀ ਜਥੇਬੰਦੀ ਦੀ ਪੰਜਾਬ ਸਰਕਾਰ ਨਾਲ ਮੀਟਿੰਗ ਕਰਾਉਣ ਦਾ ਭਰੋਸਾ ਦਿੱਤਾ ਗਿਆ। ਰੈਲੀ ਨੂੰ ਸੰਬੋਧਨ ਕਰਦਿਆਂ ਸਰਬਜੀਤ ਕੌਰ ਭੋਰਛੀ, ਰਾਜ ਕੌਰ ਤਰਨ ਤਾਰਨ, ਪਰਮਜੀਤ ਕੌਰ ਵੈਰੋਵਾਲ ਅਤੇ ਹਰਜਿੰਦਰ ਕੌਰ ਗਹਿਰੀ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਕੁੱਕ ਵਰਕਰਾਂ ਨਾਲ ਮਾਣ ਭੱਤਾ ਦੁੱਗਣਾ ਕਰਨ ਦੇ ਕੀਤੇ ਗਏ ਵਾਅਦੇ ਨੂੰ ਪੂਰਾ ਕਰਨਾ ਤਾਂ ਦੂਰ ਦੀ ਗੱਲ, ਮਾਨ ਸਰਕਾਰ ਵੱਲੋਂ ਮਿਡ ਡੇ ਮੀਲ ਵਰਕਰਾਂ ਨੂੰ ਅੱਜ ਤੱਕ ਕਿਸੇ ਮੀਟਿੰਗ ਦਾ ਸੱਦਾ ਵੀ ਨਹੀਂ ਦਿੱਤਾ ਗਿਆ। ਉਨ੍ਹਾਂ ਨੇ ਕਿਹਾ ਕਿ ਮਿਡ ਡੇ ਮੀਲ ਵਰਕਰਾਂ ਦਾ ਸ਼ੋਸ਼ਣ ਪਹਿਲਾਂ ਵਾਂਗ ਹੀ ਬਾਦਸਤੂਰ ਜਾਰੀ ਹੈ। ਰੈਲੀ ਵਿੱਚ ਜਸਵਿੰਦਰ ਕੌਰ ਮਹਿਤਾ, ਰਾਜਵਿੰਦਰ ਕੌਰ ਜੇਠੂਵਾਲ, ਕਵਲਜੀਤ ਕੌਰ ਲਸ਼ਕਰੀ ਨੰਗਲ, ਪਰਮਜੀਤ ਕੌਰ ਲਹਿਰਕਾ ਅਤੇ ਸਰਬਜੀਤ ਕੌਰ ਲੱਧਾ ਮੁੰਡਾ ਨੇ ਮੰਗ ਕੀਤੀ ਕਿ ਮਿਡ ਡੇ ਮੀਲ ਕੁੱਕ ਵਰਕਰਾਂ 'ਤੇ ਘੱਟੋ-ਘੱਟ ਉਜਰਤਾਂ ਦਾ ਕਾਨੂੰਨ ਲਾਗੂ ਕੀਤਾ ਜਾਵੇ, ਕੁੱਕ ਵਰਕਰਾਂ ਪਾਸੋਂ ਖਾਣਾ ਬਣਾਉਣ ਤੋਂ ਬਗੈਰ ਵਾਧੂ ਕੰਮ ਲੈਣੇ ਬੰਦ ਕੀਤੇ ਜਾਣ, ਬੱਚਿਆਂ ਦੀ ਗਿਣਤੀ ਘਟਣ ਦੇ ਬਹਾਨੇ ਵਰਕਰਾਂ ਦੀ ਛਾਂਟੀ ਕਰਨੀ ਬੰਦ ਕੀਤੀ ਜਾਵੇ ਅਤੇ ਛਾਂਟੀ ਕੀਤੀਆਂ ਵਰਕਰਾਂ ਬਹਾਲ ਕੀਤੀਆਂ ਜਾਣ, ਹਰੇਕ ਵਰਕਰ ਦਾ ਘੱਟੋ-ਘੱਟ ਪੰਜ ਲੱਖ ਦਾ ਬੀਮਾ ਕੀਤਾ ਜਾਵੇ, ਵਰਕਰਾਂ ਨੂੰ ਤਨਖਾਹ ਸਮੇਤ 6 ਮਹੀਨੇ ਦੀ ਪ੍ਰਸੂਤਾ ਛੁੱਟੀ ਸਮੇਤ ਤਨਖਾਹ ਸਮੇਤ 20 ਅਚਨਚੇਤੀ ਛੁੱਟੀਆਂ ਅਤੇ 10 ਮੈਡੀਕਲ ਛੁੱਟੀਆਂ ਦਿੱਤੀਆਂ ਜਾਣ , ਸਾਲ ਵਿੱਚ ਦੋ ਵਾਰ ਵਰਦੀਆਂ ਦਿੱਤੀਆਂ ਜਾਣ। ਰੈਲੀ ਨੂੰ ਬਲਬੀਰ ਕੌਰ ਖ਼ਤਰਾਏ, ਪ੍ਰੇਮ ਲਤਾ ਅੰਮ੍ਰਿਤਸਰ, ਦਲਜੀਤ ਕੌਰ ਕਟੜਾ ਕਰਮ ਸਿੰਘ, ਵਰਿੰਦਰ ਕੌਰ ਫੈਜ਼ਪੁਰਾ ਅਤੇ ਰਾਜ ਕੌਰ ਨਵਾਂ ਪਿੰਡ ਤੋਂ ਇਲਾਵਾ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ, ਅਸ਼ਵਨੀ ਅਵਸਥੀ, ਪ੍ਰਤਾਪ ਸਿੰਘ ਠੱਠਗੜ੍ਹ, ਗੁਰਬਿੰਦਰ ਸਿੰਘ ਖਹਿਰਾ, ਰਾਜੇਸ਼ ਪ੍ਰਾਸ਼ਰ, ਨਿਰਮਲ ਸਿੰਘ, ਅਮਰਦੀਪ ਸਿੰਘ ਤਰਨ ਤਾਰਨ ਅਤੇ ਜੰਗਲਾਤ ਆਗੂ ਗੁਰਦੀਪ ਸਿੰਘ ਤਾਹਰਪੁਰਾ ਆਦਿ ਨੇ ਵੀ ਸੰਬੋਧਨ ਕੀਤਾ।

ਲੰਗਰ ਲਈ 103 ਕੁਇੰਟਲ ਕਣਕ ਤੇ 51 ਹਜ਼ਾਰ ਰੁਪਏ ਭੇਟ

ਅੰਮ੍ਰਿਤਸਰ, (ਜਸਬੀਰ ਪੱਟੀ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਅੱਜ ਬਾਬਾ ਜੀਤ ਸਿੰਘ ਨਿਰਮਲ ਕੁਟੀਆਂ ਜੌਹਲਾਂ ਵਾਲਿਆਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ 103 ਕੁਇੰਟਲ ਕਣਕ ਅਤੇ 51 ਹਜ਼ਾਰ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ। ਲੰਗਰ ਲਈ ਸੇਵਾ ਲੈ ਕੇ ਪੁੱਜੇ ਬਾਬਾ ਜੀਤ ਸਿੰਘ ਤੇ ਹੋਰਾਂ ਨੂੰ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੋਜ਼ਾਨਾ ਲੱਖਾਂ ਸੰਗਤਾਂ ਨਤਮਸਤਕ ਹੁੰਦੀਆਂ ਹਨ ਅਤੇ ਆਪਣੀ ਸ਼ਰਧਾ ਅਨੁਸਾਰ ਭੇਟਾਵਾਂ ਅਰਪਣ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਬਾਬਾ ਜੀਤ ਸਿੰਘ ਜੌਹਲਾਂ ਵਾਲਿਆਂ ਵੱਲੋਂ ਵੀ ਸੰਗਤ ਦੇ ਸਹਿਯੋਗ ਨਾਲ ਹਰ ਸਾਲ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਕਣਕ ਅਤੇ ਹੋਰ ਰਸਦਾਂ ਭੇਟ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਬਾਬਾ ਜੀਤ ਸਿੰਘ ਜੌਹਲਾਂ ਵਾਲਿਆਂ ਨੇ ਕਿਹਾ ਕਿ ਸਿੱਖ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰਾਂ ਤੋਂ ਚਲਾਈਆਂ ਜਾ ਰਹੀਆਂ ਸੇਵਾਵਾਂ ਸ਼ਲਾਘਾਯੋਗ ਹਨ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰਾਂ ਵਿਚ ਸੇਵਾ ਕਰਕੇ ਹਰ ਸਿੱਖ ਆਪਣੇ ਆਪ ਨੂੰ ਵਡਭਾਗਾ ਸਮਝਦਾ ਹੈ ਅਤੇ ਸਤਿਗੁਰੂ ਦੀ ਰਹਿਮਤ ਸਦਕਾ ਉਹ ਹਰ ਸਾਲ ਸੰਗਤਾਂ ਦੇ ਸਹਿਯੋਗ ਨਾਲ ਸੇਵਾ ਲਈ ਆਉਂਦੇ ਹਨ। ਇਸ ਮੌਕੇ ਡਾ. ਸੁਖਬੀਰ ਸਿੰਘ, ਮੱਖਣ ਸਿੰਘ ਨੰਬਰਦਾਰ, ਬਾਬਾ ਹਰਪਾਲ ਸਿੰਘ, ਬਾਬਾ ਜਸਪ੍ਰੀਤ ਸਿੰਘ, ਆਰ ਪੀ ਸਿੰਘ ਆਦਿ ਹਾਜ਼ਰ ਸਨ।

ਹੜ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਐੱਸ ਡੀ ਐੱਮ ਨੇ ਕੀਤੀ ਮੀਟਿੰਗ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਅੱਜ ਸਥਾਨਕ ਨਵੇਂ ਤਹਿਸੀਲ ਅਜਨਾਲਾ ਕੰਪਲੈਕਸ ਵਿਖੇ ਐੱਸ ਡੀ ਐੱਮ ਅਜਨਾਲਾ ਅਰਵਿੰਦਰਪਾਲ ਸਿੰਘ ਵੱਲੋਂ ਹੜ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਵੱਖ ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹੰਗਾਮੀ ਮੀਟਿੰਗ ਸੱਦੀ ਗਈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਰਾਵੀ ਦਰਿਆ ਵਿੱਚ ਹੜ੍ਹ ਆਉਣ ਕਾਰਨ ਅਜਨਾਲਾ ਤਹਿਸੀਲ ਦੇ ਕੁੱਲ 34 ਪਿੰਡ ਪ੍ਰਭਾਵਿਤ ਹੋਣਗੇ, ਜਿਨ੍ਹਾਂ ਵਿੱਚ ਨੰਗਲ ਸੋਹਲ, ਹਰਿਕ, ਦੂਜੋਵਾਲ, ਬਲ ਲਭੇ ਦਰਿਆ, ਲਖੂਵਾਲ ਰਮਦਾਸ, ਕੋਟਲੀ ਜਮੀਤ ਸਿੰਘ, ਦੂਰੀਆ, ਕਲੋਮਾਹਲ, ਮਲਮਾਹਲ, ਗੱਗੋਮਾਹਲ, ਹਰਡ ਕਲਾਂ, ਕੋਟਲੀ ਅੰਬ, ਚੱਕ ਔਲ, ਜੱਸੜ, ਲਖੂਵਾਲ ਅਜਨਾਲਾ, ਤਲਵੰਡੀ ਰਾਏਦਾਦੂ, ਫੱਤੇਵਾਲ ਵੱਡਾ ਇਬਰਾਹਿਮਪੁਰਾ, ਭੂਰੇਗਿਲ, ਦਿਆਲਪੁਰਾ, ਕਿਆਮਪੁਰਾ, ਅਬੂਸੈਦ, ਕੁਰਾਲੀਆ, ਸਹਿਜ਼ਾਦਾ, ਨਿਸੋਕੇ, ਘਨੇਵਾਲਾ, ਸਿੰਘਕੇ, ਪੰਜ ਗਰਾਈਂ ਵਾਹਲਾ, ਗਈ, ਦਰੀਆ ਮੂਸਾ, ਮਲਕਪੁਰ, ਚਾਹੜਪੁਰ ਅਤੇ ਸੈਦਪੁਰ ਖੁਰਦ ਆਦਿ ਹਨ। ਉਨ੍ਹਾ ਕਿਹਾ ਕਿ ਇਨ੍ਹਾਂ ਚੋਂ ਕੁਝ ਪਿੰਡ ਨਾਜ਼ੁਕ ਅਤੇ ਕੁਝ ਪਿੰਡ ਅਤਿ ਨਾਜ਼ੁਕ ਕਰਾਰ ਦਿੱਤੇ ਗਏ ਹਨ ਅਤੇ ਇਨ੍ਹਾਂ ਪਿੰਡਾਂ ਦੇ ਇੰਚਾਰਜ ਸੈਕਟਰ ਅਫਸਰ ਬੀ.ਡੀ.ਪੀ.ਓ. ਅਜਨਾਲਾ ਨੂੰ ਬਣਾਇਆ ਗਿਆ ਹੈ। ਜੇਕਰ ਹੜ੍ਹਾਂ ਦੀ ਸਥਿਤੀ ਹੁੰਦੀ ਹੈ ਤਾਂ ਹਰੇਕ ਬੀ.ਡੀ.ਪੀ.ਓ. ਆਪਣੇ ਆਪਣੇ ਬਲਾਕ ਵਿਚਾਲੇ ਪਿੰਡਾਂ ਦੇ ਇੰਚਾਰਜ ਹੋਣਗੇ। ਇਸ ਮੌਕੇ ਉਨ੍ਹਾ ਆਦੇਸ਼ ਦਿੱਤਾ ਕਿ ਮੌਨਸੂਨ ਦੌਰਾਨ ਹੜ੍ਹਾਂ ਦੇ ਸੀਜ਼ਨ ਵਿੱਚ ਕੋਈ ਵੀ ਅਧਿਕਾਰੀ/ਕਰਮਚਾਰੀ ਆਪਣੇ ਮੋਬਾਇਲ ਫੋਨ ਸਵਿਚ ਆਫ ਨਹੀਂ ਰੱਖੇਗਾ। ਸਾਰੇ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਆਪਣੇ ਪਾਸ ਜੋ ਵੀ ਹੜ੍ਹਾਂ ਦੌਰਾਨ ਕੰਮ ਆਉਣ ਵਾਲਾ ਸਮਾਨ ਹੈ ਉਸ ਦੀ ਅਤੇ ਆਪਣੇ ਆਪਣੇ ਸਟਾਫ ਦੀ ਲਿਸਟ ਤਿਆਰ ਕਰਕੇ ਤੁਰੰਤ ਇਸ ਦਫਤਰ ਨੂੰ ਭੇਜੀ ਜਾਵੇ। ਇਸ ਮੌਕੇ ਐਸ.ਡੀ.ਓ. ਡਰੇਨੇਜ ਨੇ ਉਨ੍ਹਾ ਨੂੰ ਦੱਸਿਆ ਕਿ ਧਰਮਕੋਟ, ਕਸੋਵਾਲ, ਸਹਾਰਨ, ਸਿੰਘਕੇ, ਪੰਜਗਰਾਈਆਂ, ਦਰੀਆਮਸਾ ਆਦਿ ਵੀਕ ਪੁਆਇੰਟ ਹਨ ।

ਇਸ ਮੌਕੇ ਉਨ੍ਹਾ ਸਾਲ 2023 ਦੀ ਬਰਸਾਤ ਤੋਂ ਪਹਿਲਾਂ ਪਹਿਲਾਂ ਐਕਸੀਅਨ ਡਰੇਨੇਜ ਵਿਭਾਗ ਅੰਮ੍ਰਿਤਸਰ ਨੂੰ ਹੜ੍ਹ ਰੋਕੂ ਪ੍ਰਬੰਧ ਮੁਕੰਮਲ ਕਰ ਲਏ ਜਾਣ ਲਈ ਹੁਕਮ ਜਾਰੀ ਕੀਤੇ । ਉਨ੍ਹਾ ਹਾਜ਼ਰ ਅਧਿਕਾਰੀਆਂ ਨੂੰ ਜਾਣੂ ਕਰਾਇਆ ਕਿ ਤਹਿਸੀਲਦਾਰ ਅਜਨਾਲਾ ਦੇ ਦਫਤਰ ਵਿੱਚ ਫਲੱਡ ਕੰਟਰੋਲ ਰੂਮ ਬਣਾਇਆ ਗਿਆ ਹੈ, ਜਿਸ ਦਾ ਟੈਲੀਫੋਨ ਨੰਬਰ 01858-221102 ਚਾਲੂ ਕਰ ਦਿੱਤਾ ਗਿਆ ਹੈ। ਇਸ ਮੌਕੇ ਬੀ.ਡੀ ਪੀ ਓ ਸੁਖਜੀਤ ਸਿੰਘ, ਤਹਿਸੀਲਦਾਰ ਰੌਬਿਨਦੀਪ ਕੌਰ, ਸੀ ਡੀ ਪੀ ਓ ਅਜਨਾਲਾ ਗਗਨਦੀਪ ਸਿੰਘ, ਪੰਕਜ ਮਹਾਜਨ, ਇਲੈਕਸ਼ਨ ਕਾਨੂੰਨਗੋ ਸੰਜੀਵ ਕੁਮਾਰ, ਐੱਸ ਐਮ ਓ ਅਜਨਾਲਾ ਗੁਰਸ਼ਰਨ ਸਿੰਘ, ਐੱਸ ਐਮ ਓ ਰਮਦਾਸ ਡਾ. ਮਦਨ ਮੋਹਨ ਹਾਜ਼ਰ ਸਨ ।

ਪੰਜਾਬ ਸਰਕਾਰ ਵੱਲੋਂ ਹਰੇਕ ਵਰਗ ਦੀ ਭਲਾਈ ਲਈ ਕੀਤੇ ਜਾ ਰਹੇ ਵਿਕਾਸ ਕੰਮ : ਚੇਅਰਮੈਨ ਪਨੂੰ

ਬਟਾਲਾ / ਫ਼ਤਹਿਗੜ੍ਹ ਚੂੜੀਆਂ (ਤਰਲੋਕ ਬੱਗਾ)- ਬਲਬੀਰ ਸਿੰਘ ਪਨੂੰ, ਚੇਅਰਮੈਨ ਪਨਸਪ ਪੰਜਾਬ ਅਤੇ ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ ਵੱਲੋਂ ਕਰਵਾਏ ਜਾ ਰਹੇ ਵਿਕਾਸ ਕੰਮ ਅਤੇ ਲੋਕ ਭਲਾਈ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਆਗੂ ਤੇ ਵਰਕਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਜਿਸ ਦੇ ਚਲਦਿਆਂ ਪਿੰਡ ਅਲੀਵਾਲ ਦੇ ਮੌਜੂਦਾ ਪੰਚਾਇਤ ਮੈਂਬਰਾਂ ਸਮੇਤ 110 ਪਰਵਾਰ ਅਤੇ ਮੌਜੂਦਾ ਸਰਪੰਚ ਪਿੰਡ ਸਾਰਚੂਰ ਕਰਮਜੀਤ ਸਿੰਘ ਤੇ ਤਲਵੰਡੀ ਭਰਥ ਦੇ ਪੰਚਾਇਤ ਮੈਂਬਰ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਪ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਚੇਅਰਮੈਨ ਪੰਨੂੰ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦੇ ਹਨ ਅਤੇ ਉਨ੍ਹਾਂ ਨੂੰ ਯਕੀਨ ਦਿਵਾਉਂਦੇ ਹਨ ਕਿ ਪਾਰਟੀ ਵਿਚ ਉਨ੍ਹਾਂ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ। ਉਨ੍ਹਾ ਅੱਗੇ ਕਿਹਾ ਕਿ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਭਰਪੂਰ ਯਤਨ ਕਰ ਰਹੀ ਹੈ ਅਤੇ ਪੰਜਾਬ ਨੂੰ ਰੰਗਲਾ ਬਣਾਉਣ ਲਈ ਹਰੇਕ ਖੇਤਰ ਵਿੱਚ ਚਹੁੰਪੱਖੀ ਵਿਕਾਸ ਕੰਮ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ 14 ਮਹੀਨਿਆਂ ਦੇ ਕਾਰਜਕਾਲ ਦੌਰਾਨ ਲੋਕ ਭਲਾਈ ਲਈ ਵੱਡੇ ਇਤਿਹਾਸਕ ਫੈਸਲੇ ਲਏ ਗਏ ਹਨ ਅਤੇ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਫਤਿਹਗੜ੍ਹ ਚੂੜੀਆਂ ਵਿਧਾਨ ਸਭਾ ਹਲਕੇ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਹਲਕੇ ਅੰਦਰ ਵਿਕਾਸ ਕੰਮ ਪਹਿਲ ਦੇ ਅਧਾਰ 'ਤੇ ਕਰਵਾਏ ਜਾ ਰਹੇ ਹਨ, ਜਿਸ ਦੇ ਚਲਦਿਆਂ ਪਿੰਡਾਂ ਅੰਦਰ ਲੋਕਾਂ ਦੀ ਵੱਡੀ ਸਮੱਸਿਆ ਗੰਦੇ ਪਾਣੀ ਦੇ ਨਿਕਾਸੀ ਦੇ ਹੱਲ ਲਈ ਛੱਪੜਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ, ਨੌਜਵਾਨਾਂ ਨੂੰ ਖੇਡਾਂ ਵੱਲ ਆਕਰਸ਼ਤ ਕਰਨ ਦੇ ਮੰਤਵ ਨਾਲ ਪਿੰਡਾਂ ਅੰਦਰ ਖੇਡ ਸਟੇਡੀਅਮ ਉਸਾਰੇ ਜਾ ਰਹੇ ਹਨ ਅਤੇ ਲੋਕਾਂ ਦੀਆਂ ਮੁਸ਼ਕਲਾਂ ਪਹਿਲ ਦੇ ਅਧਾਰ 'ਤੇ ਹੱਲ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ। ਇਸ ਮੌਕੇ ਬੰਟੀ ਮਸੀਹ, ਪੰਚਾਇਤ ਮੈਂਬਰ ਮਹਿੰਦਰ, ਮਨਜੀਤ ਸਿੰਘ ਲੱਡੂ, ਜਨਕ ਰਾਜ, ਗੁਰਮੁਖ ਸਿੰਘ, ਰਾਮ ਸਿੰਘ, ਕਰਨਜੀਤ ਸਿੰਘ, ਕਰਮਜੀਤ ਸਿੰਘ, ਲਖਵਿੰਦਰ ਸਿੰਘ ਸੰਗੇੜਾ ਤੇ ਗੁਰਪ੍ਰੀਤ ਸਿੰਘ ਹਾਜ਼ਰ ਸਨ।

ਭੁੱਲਰ ਨੂੰ ਨਵਾਂ ਵਿਭਾਗ ਮਿਲਣ 'ਤੇ ਹਰੀਕੇ ਦੇ ਆਗੂਆਂ ਦਿੱਤੀ ਵਧਾਈ

ਪੱਟੀ (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ) - ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਨਵਾਂ ਵਿਭਾਗ ਮਿਲਣ 'ਤੇ ਹਰੀਕੇ ਤੋਂ ਆਪ ਆਗੂਆਂ ਨੇ ਵਧਾਈ। ਮੰਤਰੀ ਮੰਡਲ ਦਾ ਵਿਸਥਾਰ ਅਤੇ ਰੱਦੋਬਦਲ ਕਰਦਿਆਂ ਪਾਰਟੀ ਹਾਈਕਮਾਂਡ ਨੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਲਾਲਜੀਤ ਸਿੰਘ ਭੁੱਲਰ ਨੂੰ ਸੌਂਪ ਦਿੱਤਾ, ਜਿਸ ਨੂੰ ਲੈ ਕੇ ਹਲਕਾ ਪੱਟੀ ਦੇ ਆਗੂ ਅਤੇ ਵਰਕਰ ਖੇਮੇ 'ਚ ਖੁਸ਼ੀ ਦਾ ਆਲਮ ਹੈ। ਪਾਰਟੀ ਕਾਰਕੁੰਨ ਸ਼ੋਸ਼ਲ ਮੀਡੀਏ ਦੇ ਨਾਲ ਨਾਲ ਇਕ ਦੂਜੇ ਨੂੰ ਮਿਲ ਕੇ ਵਧਾਈਆਂ ਦੇਣ ਦੇ ਨਾਲ ਨਾਲ ਲਾਲਜੀਤ ਸਿੰਘ ਤੋਂ ਪੰਜਾਬ ਵਾਸੀਆਂ ਨੂੰ ਵੱਡੀਆਂ ਉਮੀਦਾਂ ਦਾ ਸੁਨੇਹਾ ਦੇ ਰਹੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਆਗੂ ਨਿਸ਼ਾਨ ਸਿੰਘ ਬੁੱਟਰ ਪ੍ਰਧਾਨ ਟਰੱਕ ਯੂਨੀਅਨ ਹਰੀਕੇ, ਗੁਲਸ਼ਨ ਮਲਹੋਤਰਾ, ਅੰਗਰੇਜ ਸਿੰਘ ਗਿੱਲ, ਪ੍ਰਗਟ ਸਿੰਘ ਹਰੀਕੇ, ਪਰਮਜੀਤ ਸਿੰਘ ਕਰੀਰ, ਸੁਖਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਦੀ ਬੇਰੁਖੀ ਕਾਰਨ ਆਰਥਕ ਪੱਖੋਂ ਖਤਮ ਹੋਣ ਕਿਨਾਰੇ ਪਹੁੰਚੀ ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਨੂੰ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਮੁੜ ਸੁਰਜੀਤ ਕਰਨ ਦੇ ਨਾਲ ਨਾਲ ਲੀਹ 'ਤੇ ਲਿਆਂਦਾ। ਬੇਸ਼ੱਕ ਪੰਜਾਬ ਭਰ ਦੇ ਔਰਤ ਵਰਗ ਲਈ ਮੁਫਤ ਸਫਰ ਦਾ ਸਹੂਲਤ ਜਾਰੀ ਰੱਖਣਾ ਵੱਡੀ ਚੁਣੌਤੀ ਤੋਂ ਘੱਟ ਨਹੀ ਸੀ ਪਰ ਫਿਰ ਵੀ ਇਸ ਨੂੰ ਲਾਗੂ ਰੱਖਣ ਦੇ ਨਾਲ ਨਾਲ ਵਿਭਾਗ ਦੇ ਮਾਲੀਏ ਨੂੰ ਵਧਾਉਣ ਦਾ ਵੱਡਾ ਮੀਲ ਪੱਥਰ ਗੱਡਿਆ ਗਿਆ। ਜਿਸ ਤੋਂ ਬਾਅਦ ਆਪ ਲੀਡਰਸ਼ਿਪ ਨੇ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਕਾਬਲੀਅਤ 'ਤੇ ਭਰੋਸਾ ਕਰਦਿਆਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੀ ਜ਼ਿੰਮੇਵਾਰੀ ਵੀ ਸੌਂਪ ਦਿੱਤੀ ਜਿਸ ਤੋਂ ਬਾਅਦ ਪੰਜਾਬ ਭਰ ਦੇ ਆਗੂ ਕੇਡਰ ਦੀ ਵਿਕਾਸ ਦੀ ਆਸ ਨੂੰ ਬੂਰ ਪੈਂਦਾ ਦਿਖਾਈ ਦੇ ਰਿਹਾ ਹੈ। ਆਗੂਆਂ ਕਿਹਾ ਕਿ ਪੰਚਾਇਤਾਂ ਦਾ ਕੰਮ ਪਾਰਦਰਸ਼ੀ ਢੰਗ ਨਾਲ ਸਿਰੇ ਲਾਉਣ ਲਈ ਲਾਲਜੀਤ ਸਿੰਘ ਭੁੱਲਰ ਦੀ ਦੂਰਅੰਦੇਸ਼ੀ ਵੱਡਾ ਰੋਲ ਅਦਾ ਕਰੇਗੀ।

ਸਿਹਤ ਵਿਭਾਗ ਚਲਾਏਗਾ ਵਿਸ਼ੇਸ਼ ਸਕਰੀਨਿੰਗ ਮੁਹਿੰਮ

ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 15 ਜੂਨ ਤੋਂ 2 ਜੁਲਾਈ ਤੱਕ ਕੇਂਦਰੀ ਜੇਲ੍ਹ ਗੁਰਦਾਸਪੁਰ, ਚਿਲਡਰਨ ਹੋਮ, ਨਸ਼ਾ ਛੁਡਾਊ ਕੇਂਦਰਾਂ ਅਤੇ ਬਿਰਧ ਆਸ਼ਰਮਾਂ ਵਿੱਚ ਟੀ.ਬੀ, ਐੱਚ.ਆਈ.ਵੀ, ਹੈਪੀਟਾਇਟਸ ਅਤੇ ਟਰਾਂਸਮੀਟਿਡ ਇਨਫੈਕਸ਼ਨ ਦੀਆਂ ਬਿਮਾਰੀਆਂ ਦੀ ਜਾਂਚ ਲਈ ਵਿਸ਼ੇਸ਼ ਸਕਰੀਨਿੰਗ ਮੁਹਿੰਮ ਚਲਾਈ ਜਾਵੇਗੀ। ਇਸ ਮੁਹਿੰਮ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ 15 ਜੂਨ ਨੂੰ ਕੇਂਦਰੀ ਜੇਲ੍ਹ ਗੁਰਦਾਸਪੁਰ ਤੋਂ ਕਰਨਗੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸਕਰੀਨਿੰਗ ਮੁਹਿੰਮ ਤਹਿਤ ਕੇਂਦਰੀ ਜੇਲ੍ਹ ਗੁਰਦਾਸਪੁਰ ਵਿਖੇ ਬੰਦ ਕੈਦੀਆਂ ਤੇ ਹਵਾਲਾਤੀਆਂ, ਚਿਲਡਰਨ ਹੋਮ ਦੇ ਸਹਿਵਾਸੀ ਬੱਚਿਆਂ, ਜ਼ਿਲ੍ਹੇ ਦੇ ਬਿਰਧ ਆਸ਼ਰਮਾਂ ਵਿੱਚ ਰਹਿ ਰਹੇ ਬਜ਼ੁਰਗਾਂ ਤੇ ਨਸ਼ਾ ਛੁਡਾਊ ਕੇਂਦਰ ਵਿੱਚ ਇਲਾਜ ਕਰਵਾ ਰਹੇ ਮਰੀਜ਼ਾਂ ਦੇ ਟੀ.ਬੀ, ਐੱਚ.ਆਈ.ਵੀ, ਹੈਪੀਟਾਇਟਸ ਅਤੇ ਟਰਾਂਸਮੀਟਿਡ ਇਨਫੈਕਸ਼ਨ ਦੇ ਟੈਸਟ ਕੀਤੇ ਜਾਣਗੇ। ਉਨ੍ਹਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਕਰੀਨਿੰਗ ਮੁਹਿੰਮ ਨੂੰ 100 ਫੀਸਦੀ ਯਕੀਨੀ ਬਣਾਇਆ ਜਾਵੇ ਤਾਂ ਜੋ ਪਾਜ਼ਟਿਵ ਮਰੀਜ਼ਾਂ ਦਾ ਇਲਾਜ ਕੀਤਾ ਜਾ ਸਕੇ। ਮੀਟਿੰਗ ਦੌਰਾਨ ਸਿਵਲ ਸਰਜਨ ਡਾ. ਹਰਭਜਨ ਰਾਮ, ਜੇਲ੍ਹ ਸੁਪਰਡੈਂਟ ਨਵਇੰਦਰ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੁਮਨਦੀਪ ਕੌਰ, ਜ਼ਿਲ੍ਹਾ ਸਮਾਜਕ ਸੁਰੱਖਿਆ ਅਫ਼ਸਰ ਨਵੀਨ ਗਡਵਾਲ, ਡਾ. ਰੋਮੀ ਰਾਜਾ, ਡਾ. ਚੇਤਨਾ, ਚਿਲਡਰਨ ਹੋਮ ਦੀ ਸੁਪਰਡੈਂਟ ਸੰਦੀਪ ਕੌਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦੀ ਸਲਾਹ

ਗੁਰਦਾਸਪੁਰ, (ਜਨਕ ਮਹਾਜਨ)- ਖੇਤੀਬਾੜੀ ਵਿਭਾਗ ਦੇ ਜ਼ਿਲ੍ਹਾ ਸਿਖਲਾਈ ਅਫ਼ਸਰ ਡਾ. ਅਮਰੀਕ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਧਰਤੀ ਹੇਠਲੇ ਅਨਮੋਲ ਕੁਦਰਤੀ ਸਰੋਤ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਕਰਨ ਨੂੰ ਤਰਜੀਹ ਦਿੱਤੀ ਜਾਵੇ ਕਿਉਂਕਿ ਜਿਸ ਤੇਜ਼ੀ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਦਿਨੋ-ਦਿਨ ਹੇਠਾਂ ਹੁੰਦਾ ਜਾ ਰਿਹਾ ਹੈ, ਜੇਕਰ ਇਸ ਨੂੰ ਰੋਕਣ ਲਈ ਹੁਣ ਵੀ ਅਸੀਂ ਸੁਚੇਤ ਨਾ ਹੋਏ ਤਾਂ ਇਸ ਦੇ ਗੰਭੀਰ ਸਿੱਟੇ ਭੁਗਤਣੇ ਪੈ ਸਕਦੇ ਹਨ। ਡਾ. ਅਮਰੀਕ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਸੰਬੰਧੀ ਜੋ ਮੁਹਿੰਮ ਚਲਾਈ ਜਾ ਰਹੀ ਹੈ, ਉਸ ਵਿੱਚ ਕਿਸਾਨਾਂ ਨੂੰ ਵਧ ਚੜ੍ਹ ਕੇ ਹਿੱਸਾ ਪਾਉਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਅਸੀਂ ਅਜਿਹਾ ਕਰਕੇ ਧਰਤੀ ਹੇਠਲੇ ਬੇਸ਼ਕੀਮਤੀ ਪਾਣੀ ਦੀ ਬੱਚਤ ਕਰ ਸਕਾਂਗੇ। ਉਨ੍ਹਾ ਦੱਸਿਆ ਕਿ ਰਾਜ ਸਰਕਾਰ ਵਲੋਂ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਤ ਕਰਨ ਲਈ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਸਬਸਿਡੀ ਦਾ ਲਾਭ ਦਿੱਤਾ ਜਾ ਰਿਹਾ ਹੈ। ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਕੇ ਇਸ ਸਬਸਿਡੀ ਦਾ ਲਾਭ ਉਠਾਉਣਾ ਚਾਹੀਦਾ ਹੈ।

ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਉਣ: ਡਾ. ਭੁਪਿੰਦਰ ਸਿੰਘ

ਪੱਟੀ, (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)- ਮੁੱਖ ਖੇਤੀਬਾੜੀ ਅਫਸਰ ਤਰਨਤਾਰਨ ਡਾ. ਹਰਪਾਲ ਸਿੰਘ ਪੰਨੂੰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਿਸਾਨਾਂ ਨੂੰ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਅਤੇ ਫਸਲੀ ਰਹਿੰਦ- ਖੂੰਹਦ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਹਿੱਤ ਬਲਾਕ ਪੱਟੀ ਦੇ ਪਿੰਡ ਭੱਗੂਪੁਰ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਭੁਪਿੰਦਰ ਸਿੰਘ ਏਓ ਨੇ ਕਿਸਾਨਾਂ ਨੂੰ ਜਾਗਰੂਕ ਕੀਤਾ ਕਿ ਜ਼ਮੀਨ ਵਿਚ ਕਣਕ ਦੇ ਨਾੜ ਅਤੇ ਦੂਜੀਆਂ ਫਸਲਾਂ ਦੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਮਿਲਾਉਣ ਨਾਲ ਮਿੱਟੀ ਦੀ ਬਣਤਰ, ਪਾਣੀ ਦੇ ਜ਼ਮੀਨ ਵਿੱਚ ਰਿਸਾਵ ਅਤੇ ਜੈਵਿਕ ਕਾਰਬਨ ਨੂੰ ਸੁਧਾਰਿਆ ਜਾ ਸਕਦਾ ਹੈ ਜੋ ਕਿ ਫਸਲ ਦੇ ਝਾੜ ਅਤੇ ਗੁਣਵੱਤਾ ਬਣਾਈ ਰੱਖਣ ਲਈ ਬਹੁਤ ਜ਼ਰੂਰੀ ਹੈ। ਇਸ ਮੌਕੇ ਡਾ. ਸੰਦੀਪ ਸਿੰਘ ਏਡੀਓ ਨੇ ਕਿਹਾ ਕਿ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਲਈ ਜੂਨ ਦਾ ਪਹਿਲਾ ਪੰਦਰਵਾੜਾ ਢੁਕਵਾਂ ਸਮਾਂ ਹੈ। ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਪੀ. ਆਰ. 126 ਅਤੇ ਬਾਸਮਤੀ 1509 ਦੀ ਬਿਜਾਈ ਜੂਨ ਦੇ ਦੂਜੇ ਪੰਦਰਵਾੜੇ ਵਿਚ ਵੀ ਕੀਤੀ ਜਾ ਸਕਦੀ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਬੀਜ ਨੂੰ 200 ਗ੍ਰਾਮ ਪੋਟਾਸ਼ੀਅਮ ਨਾਈਟ੍ਰੇਟ (13.0.45) ਨੂੰ 10 ਲਿਟਰ ਪਾਣੀ ਵਿਚ ਘੋਲ ਕੇ 12 ਘੰਟੇ ਬੀਜ ਭਿਓਂ ਕੇ ਤੋਂ ਬਾਅਦ ਵਿਚ ਸਪਰਿੰਟ ਦਵਾਈ ਨਾਲ ਸੋਧ ਲੈਣ ਨਾਲ ਜਿੱਥੇ ਫਸਲ ਦੇ ਝਾੜ ਵਿੱਚ ਵਾਧਾ ਹੁੰਦਾ ਹੈ ਉੱਥੇ ਬੀਜ ਅਤੇ ਮਿੱਟੀ ਤੋਂ ਲੱਗਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨ ਪੋਰਟਲ ਤੇ ਆਪਣੇ ਆਪ ਨੂੰ ਰਜਿਸਟਰ ਕਰਵਾਉਣ ਤਾਂ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਲਈ ਦਿੱਤੀ ਜਾ ਰਹੀ ਪ੍ਰੋਤਸਾਹਨ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿਚ ਪਾਈ ਜਾ ਸਕੇ। ਇਸ ਮੌਕੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ ਕਿ ਪਨੀਰੀ ਰਾਹੀਂ ਝੋਨੇ ਦੀ ਲਵਾਈ 16 ਜੂਨ ਤੋਂ ਪੰਜਾਬ ਸਰਕਾਰ ਵੱਲੋਂ ਲਗਾਉਣ ਲਈ ਨਿਰਧਾਰਤ ਕੀਤੀ ਗਈ ਹੈ। ਇਸ ਮੌਕੇ ਕਿਸਾਨਾਂ ਨੂੰ ਸੁਝਾਅ ਦਿੱਤਾ ਗਿਆ ਕਿ ਹੈ ਝੋਨੇ, ਬਾਸਮਤੀ ਦੀ ਕਾਸ਼ਤ ਦੌਰਾਨ ਡੀਏਪੀ ਖਾਦ ਦੀ ਬੇਲੋੜੀ ਵਰਤੋਂ ਨਾ ਕੀਤੀ ਜਾਵੇ। ਇਸ ਮੌਕੇ ਸਿੱਧੀ ਬਿਜਾਈ ਕਰਨ ਵਾਲੇ ਕਿਸਾਨ ਜੁਗਰਾਜ ਸਿੰਘ, ਗੁਰਵਿੰਦਰ ਸਿੰਘ, ਚਮਕੌਰ ਸਿੰਘ, ਕਰਤਾਰ ਸਿੰਘ, ਟਿੱਕਾ ਸਿੰਘ, ਜਗਤਾਰ ਸਿੰਘ ਸਭਰਾ, ਜੈਦੀਪ ਸਿੰਘ ,ਗੁਰਦੇਵ ਸਿੰਘ ਖੇਤੀ ਸਹਾਇਕ ਪ੍ਰਬੰਧਕ, ਦਿਲਬਾਗ ਸਿੰਘ ਫੀਲਡ ਵਰਕਰ ਅਤੇ ਇਲਾਕੇ ਦੇ ਕਿਸਾਨਾਂ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

ਮੁਢਲੀ ਸਹਾਇਤਾ ਲਈ ਫਰਿਸ਼ਤੇ ਦੀ ਉਡੀਕ 'ਚ ਵਾਰਡ ਨੰਬਰ 5 ਦੇ ਲੋਕ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਬੀਤੇ ਦਿਨ ਪੈ ਰਹੇ ਮੀਂਹ ਨੇ ਪੂਰੇ ਦੀਨਾਨਗਰ ਸ਼ਹਿਰ ਨੂੰ ਜਲਥਲ ਕਰਕੇ ਰੱਖ ਦਿੱਤਾ ਅਤੇ ਨਾਲ ਹੀ ਮੀਂਹ ਦੇ ਪਾਣੀ ਵਿੱਚ ਗੋਤੇ ਖਾਂਦਾ ਸ਼ਹਿਰ ਦਾ ਵਿਕਾਸ ਲੋਕਾਂ ਦੀਆਂ ਦੁਕਾਨਾਂ ਅਤੇ ਘਰਾਂ 'ਚ ਜਾ ਵੜਿਆ ।

ਗਰਮੀ ਤੋਂ ਰਾਹਤ ਭਰਿਆ ਇਹ ਮੀਂਹ ਬਹੁਤੇ ਲੋਕਾਂ ਲਈ ਆਫਤ ਵੀ ਲਿਆਇਆ ਨਜ਼ਰ ਆਇਆ । ਮੀਂਹ ਦੇ ਪਾਣੀ ਨਾਲ ਸ਼ਹਿਰ ਦੀਆਂ ਕਈ ਗਲੀਆਂ ਨਦੀ ਵਾਂਗੂ ਵਹਿੰਦੀਆਂ ਵਿਖਾਈ ਦਿੱਤੀਆਂ ।

ਜੇਕਰ ਗੱਲ ਕਰੀਏ ਦੀਨਾਨਗਰ ਵਾਰਡ ਨੰਬਰ 5 (ਆਦਰਸ਼ ਕਲੋਨੀ) ਦੀ ਤਾਂ ਇਸ ਦੇ ਹਾਲਤ ਦੇਖ ਕੇ ਇੰਝ ਲਗਦਾ ਹੈ ਜਿਵੇਂ ਇਸ ਦਾ ਕੋਈ ਵੀ ਵਾਲੀਵਾਰਸ ਹੀ ਨਾ ਹੋਵੇ । ਵਾਰਡ ਦੇ ਲੋਕ ਕਿਸੇ ਅਜਿਹੇ ਫਰਿਸ਼ਤੇ ਦੀ ਉਡੀਕ ਵਿੱਚ ਹਨ ਜੋ ਉਨ੍ਹਾਂ ਦੀਆਂ ਮੁਢਲੀਆਂ ਸਮੱਸਿਆਵਾਂ ਦਾ ਹੱਲ ਕਰ ਸਕੇ। ਗਲੀਆਂ ਨਾਲੀਆਂ ਵਿੱਚੋਂ ਓਵਰ ਫਲੋਅ ਹੋ ਕੇ ਗੰਦਾ ਪਾਣੀ ਲੋਕਾਂ ਦੀਆਂ ਦਹਿਲੀਜ਼ਾਂ ਟੱਪ ਘਰਾਂ ਅੰਦਰ ਦਾਖਲ ਹੋ ਕੇ ਵੱਡੇ ਨੁਕਸਾਨ ਦਾ ਕਾਰਨ ਬਣ ਰਿਹਾ ਹੈ। 2 ਸਾਲ ਪਹਿਲਾਂ ਆਦਰਸ਼ ਕਲੋਨੀ ਵਿੱਚ ਸੀਵਰੇਜ ਪਾਇਆ ਗਿਆ ਸੀ। ਸੀਵਰੇਜ ਤਾਂ ਪਾ ਦਿੱਤਾ ਪਰ ਪ੍ਰਸ਼ਾਸਨ ਸੀਵਰੇਜ ਨੂੰ ਚਲਾਉਣਾ ਭੁੱਲ ਗਿਆ। ਜਿਸ ਦਾ ਖਮਿਆਜ਼ਾ ਵਾਰਡ ਦੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।

ਠਠਿਆਰਾਂ ਨੂੰ ਜੀ ਆਈ ਦੀ ਪ੍ਰੀਕਿਰਿਆ 'ਚ ਸ਼ਾਮਲ ਕਰਨ ਲਈ ਸਰਕਾਰੀ ਅਧਿਕਾਰੀ ਪਹੁੰਚੇ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)- ਜੰਡਿਆਲਾ ਗੁਰੂ ਹੱਥ ਨਾਲ ਬਰਤਨ ਤਿਆਰ ਕਰਨ ਵਾਲੀ ਏਸ਼ੀਆ ਦੀ ਮਸ਼ਹੂਰ ਮੰਡੀ ਹੈ ਅਤੇ ਹੁਣ ਯੂਨੈਸਕੋ ਵੱਲੋਂ ਵੀ ਇਸ ਨੂੰ ਪ੍ਰਫੁੱਲਤ ਕੀਤਾ ਜਾ ਰਿਹਾ ਹੈ । ਬੀਤੇ ਕੱਲ੍ਹ ਪੰਜਾਬ ਸਮਾਲ ਸਕੇਲ ਇੰਡਸਟਰੀ ਐਂਡ ਐਕਸਪੋਰਟ ਕਾਰਪੋਰੇਸ਼ਨ ਦੇ ਐਮ ਡੀ ਮਨਜੀਤ ਸਿੰਘ ਬਰਾੜ ਆਈ ਏ ਐਸ ਵੱਲੋਂ ਭੇਜੇ ਕੁਲਵਿੰਦਰ ਸਿੰਘ ਸਲਾਹਕਾਰ ਹੈਂਡੀਕਰਾਫਟ ਨੇ ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਬਰਤਨ ਬਜ਼ਾਰ ਯੂਨੀਅਨ ਨਾਲ ਇਕ ਮੀਟਿੰਗ ਦੌਰਾਨ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਵਿਸ਼ੇ 'ਤੇ ਇਕ ਜਿਓਗ੍ਰਫਿਕਲ ਇੰਡੀਕੇਸ਼ਨ ਨਾਂਅ ਹੇਠ ਸਰਕਾਰੀ ਕਮੇਟੀ ਬਣਾਈ ਜਾ ਰਹੀ ਹੈ ਜਿਸ ਵਿਚ ਮਾਣ ਵਾਲੀ ਗੱਲ ਹੈ ਕਿ ਠਠਿਆਰ ਬਰਾਦਰੀ ਦੇ ਦੋ ਨੁਮਾਇੰਦੇ ਵੀ ਚੁਣੇ ਗਏ ਹਨ ਜਿਸ ਵਿਚ ਇਕ ਔਰਤ ਅਤੇ ਇਕ ਮਰਦ ਮੈਂਬਰ ਜ਼ਰੂਰੀ ਹੋਣਗੇ । ਇਸ ਤੋਂ ਇਲਾਵਾ ਠਠਿਆਰ ਬਰਾਦਰੀ ਬਾਰੇ ਤਿਆਰ ਕੀਤੀ ਗਈ ਪੁਸਤਕ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ । ਜੀ ਆਈ ਕਮੇਟੀ ਲਈ ਮਰਦ ਮੈਂਬਰ ਲਈ ਵਰਿੰਦਰ ਸਿੰਘ ਮਲਹੋਤਰਾ ਵੱਲੋਂ ਪ੍ਰਸਿੱਧ ਕਾਰੀਗਰ ਮਨੋਹਰ ਲਾਲ ਨੂੰ ਚੁਣਿਆ ਗਿਆ ਹੈ ਜੋ ਕਿ ਪਹਿਲਾਂ ਵੀ ਹੱਥ ਨਾਲ ਬਰਤਨ ਤਿਆਰ ਕਰਨ ਵਾਲੀਆਂ ਕਈ ਪ੍ਰਦਰਸ਼ਨੀਆਂ ਵਿਚ ਹਿੱਸਾ ਲੈ ਚੁੱਕੇ ਹਨ।

ਅਜੈਬਵਾਲੀ ਡਰੇਨ ਦੇ ਪੁਲ ਦੇ ਮੁਰੰਮਤ ਦੀਆਂ ਤਿਆਰੀਆਂ ਸ਼ੁਰੂ

ਮਜੀਠਾ (ਸੋਇਮ ਆਨੰਦ)- ਮਜੀਠਾ ਤੋਂ ਕੱਥੂ ਨੰਗਲ ਜਾਣ ਵਾਲੀ ਸੜਕ ਤੇ ਪਿੰਡ ਅਜੈਬਵਾਲੀ ਦੇ ਨਿਕਾਸੂ ਦਾ ਪੁਲ ਜੋ ਕਿ ਕਾਫੀ ਸਮੇਂ ਤੋਂ ਮਿਆਦ ਪੂਰੀ ਹੋਣ ਕਾਰਨ ਕਾਫ਼ੀ ਜਗ੍ਹਾ ਤੋਂ ਟੁੱਟ ਚੁੱਕਾ ਸੀ, ਜਿਸ ਕਾਰਨ ਪਿੰਡ ਵਾਸੀਆਂ ਅਤੇ ਰਾਹਗੀਰਾਂ ਨੂੰ ਕਾਫ਼ੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ। ਰਾਹਗੀਰਾਂ ਨੂੰ ਸੂਚਿਤ ਕਰਨ ਲਈ ਪੀ ਡਬਲਿਊ ਵਿਭਾਗ ਵੱਲੋਂ ਸੜਕ ਉਪਰ ਰਸਤਾ ਬੰਦ ਹੋਣ ਦੇ ਬੋਰਡ ਵੀ ਲਗਾਏ ਗਏ ਸਨ ਪਰੰਤੂ ਲੋਕ ਅਣਦੇਖੀ ਕਰਕੇ ਅਜੇ ਤੱਕ ਵੀ ਪੁਲ ਦੀ ਵਰਤੋਂ ਕਰ ਰਹੇ ਸਨ। ਲੋਕਾਂ ਦੀ ਭਾਰੀ ਮੰਗ ਸੀ ਕਿ ਪੁਲ ਦੀ ਮੁਰੰਮਤ ਕਰਵਾਈ ਜਾਵੇ ਜਾਂ ਫਿਰ ਨਵਾਂ ਪੁਲ ਤਿਆਰ ਕੀਤਾ ਜਾਵੇ। ਲੋਕਾਂ ਦੀ ਮੰਗ ਜਲਦੀ ਪੂਰਾ ਕਰਨ ਲਈ ਮਜੀਠਾ ਐਸ.ਡੀ.ਐਮ. ਡਾ. ਹਰਨੂਰ ਕੌਰ ਢਿੱਲੋਂ ਵੱਲੋਂ ਆਰਜ਼ੀ ਪੁਲ ਬਣਾਉਣ ਲਈ ਪੋਰੇ ਮੰਗਵਾ ਕੇ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਉਨ੍ਹਾ ਦੱਸਿਆ ਕਿ ਇਹ ਪੁਲ ਸੈਂਟਰਲ ਰੋਡ ਫੰਡ ਵਿੱਚੋਂ ਕਰਵਾਇਆ ਜਾਣਾ ਸੀ ਪਰ ਸੈਂਟਰ ਵੱਲੋਂ ਫੰਡ ਜਾਰੀ ਨਹੀਂ ਕੀਤੇ ਜਾ ਰਹੇ ਸਨ, ਜਿਸ ਕਰਕੇ ਅਮਿਤ ਤਲਵਾੜ ਡੀ ਸੀ ਵੱਲੋਂ ਇਸ ਕੰਮ ਨੂੰ ਸਿਰੇ ਚਾੜ੍ਹਨ ਲਈ ਡਿਸਟ੍ਰਿਕ ਮਿਨਰਲ ਫੰਡ ਵਿੱਚੋਂ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਸ ਸੰਬੰਧੀ ਪੀ ਡਬਲਿਊ ਵਿਭਾਗ ਵੱਲੋਂ ਜਲਦੀ ਹੀ ਪ੍ਰੋਪੋਜ਼ਲ ਤਿਆਰ ਕਰਵਾ ਕੇ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਹ ਫੰਡ ਇਮੀਗਰੇਸ਼ਨ ਵਿਭਾਗ (ਡਰੇਨੇਜ) ਨੂੰ ਜਾਰੀ ਕਰ ਦਿੱਤਾ ਜਾਵੇਗਾ। ਇਸ ਮੌਕੇ ਸਰਬਜੀਤ ਸਿੰਘ ਸਰਪੰਚ ਅਜੈਬਵਾਲੀ, ਲੀਡਰ ਵਰਿੰਦਰ ਕੁਮਾਰ ਭਾਟੀਆ, ਇਲਿਆਸ ਮਸੀਹ, ਚਰਨਜੀਤ ਸਿੰਘ ਐਕਸੀਅਨ, ਗੁਰਮੀਤ ਸਿੰਘ ਐਸ ਡੀ ਓ , ਜਗਤਪ੍ਰੀਤ ਸਿੰਘ ਜੇ ਈ, ਅਨਮੋਲਪ੍ਰੀਤ ਸਿੰਘ ਜੇ ਈ ਆਦਿ ਹਾਜ਼ਰ ਸਨ।

15 ਤੋਂ 17 ਜੂਨ ਤੱਕ ਕੰਪੇਨ ਨੂੰ ਲੈ ਕੇ ਸਿਵਲ ਸਰਜਨ ਨੇ ਅਧਿਕਾਰੀਆਂ ਦੀਆਂ ਲਗਾਈਆਂ ਡਿਊਟੀਆਂ

ਪਠਾਨਕੋਟ: (ਦਵਿੰਦਰ ਸਿੰਘ)- ਪੰਜਾਬ ਸਰਕਾਰ ਵੱਲੋਂ ਜੇਲ੍ਹਾਂ ਵਿੱਚ ਕੈਦੀਆਂ ਦੀ ਐਸ.ਟੀ. ਆਈ./ਐਚ.ਆਈ.ਵੀ./ਟੀ.ਬੀ., ਹੈਪੈਟਾਇਟਸ ਸਕਰੀਨਿੰਗ ਕਰਨਾ ਅਤੇ ਪੋਜ਼ਟਿਵ ਕੇਸਾਂ ਦੇ ਸੈਂਪਲ ਲੈਣ ਉਪਰੰਤ ਉਨ੍ਹਾਂ ਨੂੰ ਟਰੀਟਮੈਂਟ ਦੇਣਾ ਲਈ ਅਭਿਆਨ ਚਲਾਇਆ ਜਾ ਰਿਹਾ ਹੈ। ਜ਼ਿਲ੍ਹਾਂ ਪਠਾਨਕੋਟ ਵਿਚ ਇਹ 15 ਤੋਂ 17 ਜੂਨ ਤੱਕ ਚਲਾਇਆ ਜਾਵੇਗਾ ਜਿਸ ਦੇ ਸੰਬੰਧ ਵਿੱਚ ਅੱਜ ਸਿਵਲ ਸਰਜਨ ਪਠਾਨਕੋਟ ਡਾ. ਅਦਿੱਤੀ ਸਲਾਰੀਆ ਵੱਲੋਂ ਵਿਭਾਗ ਦੇ ਅਫਸਰਾਂ ਨਾਲ ਮੀਟਿੰਗ ਆਯੋਜਿਤ ਕੀਤੀ ਗਈ। ਜਾਣਕਾਰੀ ਦਿੰਦਿਆਂ ਡਾ. ਆਦਿੱਤੀ ਸਲਾਰੀਆ ਸਿਵਲ ਸਰਜਨ ਪਠਾਨਕੋਟ ਨੇ ਦੱਸਿਆ ਕਿ ਇਸ ਕੰਪੇਨ ਦਾ ਮੁੱਖ ਉਦੇਸ਼ ਜੇਲ੍ਹਾਂ ਵਿਚ ਕੈਦੀਆਂ ਦੀ ਐਸ.ਟੀ.ਆਈ./ਐਚ.ਆਈ.ਵੀ./ਟੀ.ਬੀ., ਹੈਪੈਟਾਇਟਸ ਸਕਰੀਨਿੰਗ ਕਰਨਾ ਅਤੇ ਪਾਜ਼ਟਿਵ ਕੇਸਾਂ ਦੇ ਸੈਂਪਲ ਲੈਣ ਉਪਰੰਤ ਉਨ੍ਹਾਂ ਨੂੰ ਟਰੀਟਮੈਂਟ ਦੇਣਾ ਹੈ। ਇਸ ਕੰਪੇਨ ਨੂੰ ਨੇਪਰੇ ਚੜ੍ਹਾਉਣ ਲਈ ਅਫਸਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਜੇਲ੍ਹ ਵਿਭਾਗ ਅਤੇ ਇਸਤਰੀ ਤੇ ਬਾਲ ਸੁਰੱਖਿਆ ਵਿਭਾਗ ਦੇ ਮੁਖੀਆਂ ਨਾਲ ਮੀਟਿੰਗ ਡਿਪਟੀ ਕਮਿਸ਼ਨਰ ਪਠਾਨਕੋਟ ਦੀ ਅਗਵਾਈ ਹੇਠ 1 ਜੂਨ ਨੂੰ ਕੀਤੀ ਜਾਵੇਗੀ। ਇਸ ਸੰਬੰਧ ਵਿਚ ਅੱਜ ਸੂਬਾ ਭਰ ਦੇ ਜ਼ਿਲ੍ਹਿਆਂ ਦੇ ਸਿਵਲ ਸਰਜਨਾਂ ਨਾਲ ਡਾ. ਆਡੱਪਾ ਕਾਰਤਿਕ ਸਪੈਸ਼ਲ ਸਕੱਤਰ ਸਿਹਤ-ਕਮ-ਪ੍ਰੋਜੈਕਟ ਡਾਇਰੈਕਟਰ ਪੀ ਐਸ ਏ ਸੀ ਐਸ ਵੱਲੋਂ ਵੀਡਿਓ ਕਾਨਫਰੰਸ ਕੀਤੀ ਗਈ। ਜਿਸ ਵਿਚ ਹੋਰਨਾਂ ਤੋਂ ਇਲਾਵਾ ਡਾ. ਰਾਜ ਕੁਮਾਰ ਡੀ.ਐਫ.ਪੀ.ਓ., ਸੁਨੀਤਾ ਸਰਮਾ ਡੀ.ਐਚ.ਓ., ਡਾ. ਮੁਕਤਾ ਗੌਤਮ ਡੀ.ਡੀ.ਐਚ.ਓ., ਡਾ. ਸੁਨੀਲ ਚੰਦ ਐਸ.ਐਮ.ਓ. ਸੀ.ਐਚ. ਪਠਾਨਕੋਟ, ਡਾ. ਪਰਮਿੰਦਰ ਐਸ.ਐਮ.ਓ. ਏ ਆਰ ਟੀ, ਡਾ. ਸ਼ਵੇਤਾ ਡੀ.ਟੀ.ਓ., ਡਾ. ਪੁਨੀਤ ਗਿੱਲ, ਡਾ. ਮਧੁਰ ਮੱਟੂ, ਡਾ. ਸਰਵਜੀਤ ਕੌਰ, ਡਾ. ਗੁਲਮੋਹਰ ਸਿੰਘ, ਡਾ. ਰਾਜਨ ਸਲਗੋਤਰਾ, ਹਿਤੇਸ਼ ਚੋਪੜਾ, ਵਿਜੈ ਕੁਮਾਰੀ, ਸ਼ੋਭਾ ਅੱਤਰੀ ਆਦਿ ਨੇ ਹਿੱਸਾ ਲਿਆ।

ਧਾਮੀ ਨੇ ਬੰਦੀ ਸਿੰਘ ਭਾਈ ਗੁਰਦੀਪ ਸਿੰਘ ਖੈੜਾ ਦੀ ਸਿਹਤ ਦਾ ਹਾਲ ਜਾਣਿਆ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਫੋਰਟਿਸ ਹਸਪਤਾਲ ਅੰਮ੍ਰਿਤਸਰ ਵਿਚ ਦਾਖ਼ਲ ਬੰਦੀ ਸਿੰਘ ਭਾਈ ਗੁਰਦੀਪ ਸਿੰਘ ਖੈੜਾ ਨਾਲ ਮੁਲਾਕਾਤ ਕਰਕੇ ਉਨ੍ਹਾ ਦੀ ਸਿਹਤ ਦਾ ਹਾਲ ਜਾਣਿਆ। ਇਸ ਮੌਕੇ ਉਨ੍ਹਾ ਨਾਲ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਓ ਐਸ ਡੀ ਸਤਬੀਰ ਸਿੰਘ ਧਾਮੀ ਤੇ ਮੀਤ ਸਕੱਤਰ ਸ਼ਾਹਬਾਜ਼ ਸਿੰਘ ਵੀ ਮੌਜੂਦ ਸਨ। ਭਾਈ ਖੈੜਾ ਨੂੰ ਹਸਪਤਾਲ ਮਿਲਣ ਪੁੱਜੇ ਐਡਵੋਕੇਟ ਧਾਮੀ ਨੇ ਉਨ੍ਹਾ ਦੀ ਜਲਦ ਸਿਹਤਯਾਬੀ ਦੀ ਕਾਮਨਾ ਕੀਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬੰਦੀ ਸਿੰਘ ਸਿੱਖ ਕੌਮ ਦਾ ਸਰਮਾਇਆ ਹਨ, ਜਿਨ੍ਹਾਂ ਦਾ ਹਰ ਲੋੜੀਂਦਾ ਸਹਿਯੋਗ ਕਰਨਾ ਸ਼੍ਰੋਮਣੀ ਕਮੇਟੀ ਦੀ ਜ਼ੁੰਮੇਵਾਰੀ ਹੈ। ਇਸ ਦੌਰਾਨ ਐਡਵੋਕੇਟ ਧਾਮੀ ਨੇ ਬੰਦੀ ਸਿੰਘਾਂ ਦੀ ਰਿਹਾਈ ਸੰਬੰਧੀ ਸਰਕਾਰਾਂ ਨੂੰ ਸੰਜੀਦਾ ਹੋਣ ਦੀ ਵੀ ਅਪੀਲ ਕੀਤੀ।

ਲੜੀਵਾਰ ਭੁੱਖ ਤੀਸਰੇ ਦਿਨ 'ਚ ਸ਼ਾਮਲ

ਗੁਰਦਾਸਪੁਰ, (ਜਨਕ ਮਹਾਜਨ)-ਸਾਂਝੀ ਸੰਘਰਸ਼ ਕਮੇਟੀ ਸਰਕਲ ਗੁਰਦਾਸਪੁਰ ਦੇ ਸੱਦੇ 'ਤੇ ਲੜੀਵਾਰ ਭੁੱਖ ਹੜਤਾਲ ਸ਼ੁਰੂ ਕੀਤੀ ਗਈ ਹੈ ਜੋ ਅੱਜ ਤੀਜੇ ਦਿਨ ਵਿਚ ਸ਼ਾਮਲ ਹੋ ਗਈ ਹੈ। ਇਸ ਹੜਤਾਲ ਦੀ ਪ੍ਰਧਾਨਗੀ ਸੰਜੀਵ ਸੈਣੀ ਸਰਕਲ ਪ੍ਰਧਾਨ, ਬਲਵਿੰਦਰ ਸਿੰਘ ਸਰਕਲ ਪ੍ਰਧਾਨ, ਦਰਬਾਰਾ ਸਿੰਘ, ਸੁਖਦੇਵ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੀਤੀ। ਬੁਲਾਰਿਆਂ ਨੇ ਦੱਸਿਆ ਕਿ ਸੀ.ਆਰ.ਏ. 295/19 ਦੇ ਸਾਥੀਆਂ ਦਾ ਪਰਖਪਾਲ ਸਮਾਂ ਜੋ ਤਿੰਨ ਸਾਲ ਪੂਰਾ ਹੋਇਆ ਲਗਭਗ ਦੋ ਤਿੰਨ ਮਹੀਨੇ ਹੋ ਗਏ ਹਨ, ਪਰ ਸਾਥੀਆਂ ਨੂੰ ਰੈਗੂਲਰ ਕਰਕੇ ਤਨਖ਼ਾਹ ਨਹੀਂ ਪਾਈ ਜਾ ਰਹੀ। ਸਾਥੀਆਂ ਨੂੰ ਡੀ.ਸੀ. ਰੇਟਾਂ 'ਤੇ ਹੀ ਤਨਖ਼ਾਹ ਦਿੱਤੀ ਜਾ ਰਹੀ ਹੈ ਜਦਕਿ ਆਫ਼ਰ ਲੈਟਰ ਵਿਚ ਦਰਜ ਹੈ ਕਿ ਕਰਮਚਾਰੀਆਂ ਨੇ ਆਪਣਾ ਤਿੰਨ ਸਾਲ ਦਾ ਪਰਖਕਾਲ ਸਮਾਂ ਤਸੱਲੀਬਖ਼ਸ਼ ਪੂਰਾ ਕਰਦਾ ਹੈ ਤਾਂ ਉਸ ਨੂੰ ਰੈਗੂਲਰ ਕਰਕੇ ਰੈਗੂਲਰ ਤਨਖਾਹ ਦਿੱਤੀ ਜਾਣੀ ਸੀ ਪਰ ਅਜਿਹਾ ਨਹੀਂ ਹੋ ਰਿਹਾ, ਜਿਸ ਕਰਕੇ ਮੁਲਾਜ਼ਮਾਂ ਵਿਚ ਭਾਰੀ ਰੋਸ ਹੈ। ਜਥੇਬੰਦੀਆਂ ਵੱਲੋਂ ਭੁੱਖ ਹੜਤਾਲ ਤੋਂ ਇਲਾਵਾ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਸਾਹਿਬ ਸਿੰਘ, ਸਤਨਾਮ ਸਿੰਘ, ਅਨਿਲ ਸ਼ਰਮਾ, ਹਰਜਿੰਦਰ ਸਿੰਘ, ਸੁਖਵੀਰ ਸਿੰਘ, ਸੁਰਿੰਦਰ ਸਿੰਘ, ਸੁਖਦੀਪ ਸਿੰਘ, ਦਵਿੰਦਰ ਸਿੰਘ, ਜਸ਼ਪਾਲ ਸਿੰਘ, ਗੁਰਮੁਖ ਸਿੰਘ, ਗੁਰਪਿੰਦਰ ਸਿੰਘ, ਕਰਤਾਰ ਸਿੰਘ, ਗੁਰਪ੍ਰੀਤ ਸਿੰਘ, ਸਤਨਾਮ ਸਿੰਘ, ਜਸ਼ਪਾਲ ਸਿੰਘ, ਸੁਭਾਸ਼ ਚੰਦਰ, ਮਲਕੀਤ ਸਿੰਘ, ਬਲਜੀਤ ਸਿੰਘ, ਜਗਦੀਪ ਸਿੰਘ, ਕੁਲਦੀਪ ਰਾਜ, ਰਕੇਸ਼ ਕੁਮਾਰ, ਬਲਵਿੰਦਰ ਸੋਹਲ, ਮਲਕੀਤ ਸਿੰਘ, ਠਾਕੁਰ ਰਕੇਸ਼ ਕੁਮਾਰ, ਰਵਿੰਦਰ ਸਿੰਘ ਆਦਿ ਹਾਜ਼ਰ ਸਨ।

ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਅਖੰਡ ਪਾਠਾਂ ਦੀ ਲੜੀ ਨਿਰੰਤਰ ਜਾਰੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਜਾਰੀ ਇਕ ਬਿਆਨ ਵਿੱਚ ਕਿਹਾ ਕਿ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਪ੍ਰੇਰਨਾ ਤੇ ਉਤਸ਼ਾਹ ਸਦਕਾ ਬੁੱਢਾ ਦਲ ਦੇ ਨਿਹੰਗ ਸਿੰਘਾਂ ਦੀ ਛਾਉਣੀ ਗੁ: ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ, ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ ਸ਼ਹੀਦ ਵਿਖੇ ਚਾਰ ਜੁਲਾਈ 2022 ਤੋਂ ਚੱਲ ਰਹੇ ਸੁਖਮਨੀ ਸਾਹਿਬ ਦੇ ਪਾਠ ਅਤੇ ਗੁਰਬਾਣੀ ਸ਼ਬਦ ਕੀਰਤਨ ਪ੍ਰਵਾਹ ਵਿੱਚ ਸ੍ਰੀ ਗੁਰੂ ਰਾਮਦਾਸ ਜੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਅਤੇ ਪੁਰਸ਼ਾਂ ਨੇ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਅੱਜ ਗੁਰਬਾਣੀ ਦਾ ਮਨੋਹਰ ਕੀਰਤਨ ਅਤੇ ਸੁਖਮਨੀ ਸਾਹਿਬ ਦਾ ਪਾਠ ਕੀਤਾ। ਇਸ ਤੋਂ ਪਹਿਲਾਂ ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ ਜੀ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਚੱਲ ਰਹੇ 201 ਅਖੰਡ ਪਾਠਾਂ ਦੀ ਲੜੀ ਦਾ 12ਵਾਂ ਅਖੰਡ ਪਾਠ ਅਰੰਭ ਕੀਤਾ ਗਿਆ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਚਾਰ ਜੁਲਾਈ 2022 ਨੂੰ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਵੱਲੋਂ ਇਸ ਅਸਥਾਨ ਤੇ ਨਿਰਵਿਘਨ ਸੁਖਮਨੀ ਸਾਹਿਬ ਦੇ ਪਾਠ ਅਤੇ ਸ਼ਬਦ ਕੀਰਤਨ ਪ੍ਰਵਾਹ ਅਰੰਭ ਕੀਤਾ ਗਿਆ ਸੀ ਜੋ 15 ਮਾਰਚ 2023 ਨੂੰ ਸੰਪੂਰਨ ਹੋਇਆ ਸੀ। ਹੁਣ ਇਹ ਸਮਾਗਮ ਹਫਤੇ ਵਿੱਚ ਦੋ ਵਾਰ ਹੋ ਰਿਹਾ ਹੈ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 201 ਅਖੰਡ ਪਾਠਾਂ ਦੀ ਲੜੀ ਮਿਤੀ 5 ਮਈ 2023 ਤੋਂ ਸ਼ੁਰੂ ਕੀਤੀ ਗਈ ਹੈ ਜੋ ਲਗਾਤਾਰ ਗੁਰੂ ਮਹਾਰਾਜ ਦੀ ਕ੍ਰਿਪਾ ਸਦਕਾ ਵੱਖ-ਵੱਖ ਸ਼ਰਧਾਲੂਆਂ, ਪ੍ਰੇਮੀ ਜਨਾਂ ਗੁਰੂ ਸੇਵਕਾਂ ਵੱਲੋਂ ਚੱਲ ਰਹੀ ਹੈ। ਇਸ ਸਬੰਧੀ ਉਨ੍ਹਾ ਨੇ ਸਮੂਹ ਗੁਰੂ ਸੇਵਕਾਂ ਨੂੰ ਅਪੀਲ ਕੀਤੀ ਹੈ ਜੋ ਮਾਈ ਭਾਈ ਚੱਲ ਰਹੀ ਅਖੰਡ ਪਾਠਾਂ ਦੀ ਲੜੀ ਵਿੱਚ ਸ੍ਰੀ ਅਖੰਡ ਪਾਠ ਕਰਵਾਉਣਾ ਚਾਹੁੰਦੇ ਹਨ ਉਹ ਬੁੱਕ ਕਰਵਾ ਸਕਦੇ ਹਨ। ਉਨ੍ਹਾ ਕਿਹਾ ਕਿ ਸੰਗਤਾਂ ਦੀ ਸਹੂਲਤ ਲਈ ਗੁ: ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ ਦੀ ਬੇਸਮੈਂਟ ਵਿੱਚ ਵਿਸ਼ਾਲ ਵਾਤਾਵਰਣ ਅਨੁਕੂਲ ਬਹੁਤ ਸੁੰਦਰ ਹਾਲ ਬਣਾਇਆ ਗਿਆ ਹੈ। ਜਿਥੇ ਲੋਕ ਅਨੰਦ ਕਾਰਜ ਤੇ ਹੋਰ ਖੁਸ਼ੀ ਗਮੀ ਦੇ ਧਾਰਮਕ ਸਮਾਜਕ ਸਮਾਗਮ ਕਰ ਸਕਦੇ ਹਨ। ਗੁ: ਸਾਹਿਬ ਦੇ ਕੰਪਲੈਕਸ ਦੀ ਸਮੁੱਚੇ ਰੂਪ ਵਿੱਚ ਕਾਇਆ ਕਲਪ ਕੀਤੀ ਗਈ ਹੈ, ਬੁਰਜ ਅੰਦਰ ਸੁੰਦਰ ਗਲੀਚਿਆਂ ਦੀ ਸੇਵਾ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਕਰਵਾਈ ਗਈ ਹੈ। ਥੋੜ੍ਹੇ ਸਮੇਂ ਵਿੱਚ ਅੰਦਰਲੀਆਂ ਸੜਕਾਂ, ਮਨਮੋਹਕ ਸੁੰਦਰ ਖੰਭਿਆਂ ਵਾਲੀਆਂ ਲਾਇਟਾਂ ਵੀ ਜਗਮਗ ਜਗਮਗ ਕਰਨਗੀਆਂ। ਇਸਨਾਨ ਅਤੇ ਪਖਾਨਿਆਂ ਦਾ ਵੀ ਇਕ ਸੈਟ ਹੋਰ ਤਿਆਰ ਕੀਤਾ ਜਾਵੇਗਾ। ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਦੇ ਅੱਜ ਦੇ ਸਮਾਗਮ ਵਿੱਚ ਸ੍ਰੀ ਗੁਰੂ ਰਾਮਦਾਸ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਚੌਕ ਦਰਬਾਰ ਸਾਹਿਬ ਦੇ ਪ੍ਰਧਾਨ ਅਜੀਤ ਸਿੰਘ ਅਤੇ ਬੀਬੀ ਸਸਪੰਤ ਕੌਰ ਮੁਖੀ ਗੁਰੂ ਨਾਨਕ ਸਿੰਘ ਸਭਾ ਬਰਸਾਤੀ ਨਾਲਾ ਸੁਲਤਾਨਵਿੰਡ ਸੜਕ ਅਤੇ ਬੀਬੀ ਤੇਜ ਕੌਰ ਨੂੰ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਸ਼ਤਾਬਦੀ ਨੂੰ ਸਮਰਪਤ ਸਿੰਘ ਸਾਹਿਬ ਬਾਬਾ ਫੂਲਾ ਸਿੰਘ ਜੀ ਦੀ ਯਾਦਗਾਰੀ ਫੋਟੋ ਤੇ ਸਿਰਪਾਓ ਨਾਲ ਸਨਮਾਨਤ ਕੀਤਾ ਗਿਆ।

ਦਾਰਾ ਸਿੰਘ ਬਾਠ ਸਾਧਪੁਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਮਜੀਠਾ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਬਲਾਕ ਤਰਸਿੱਕਾ ਕਾਂਗਰਸ ਦੇ ਮੀਤ ਪ੍ਰਧਾਨ ਝਿਲਮਿਲ ਸਿੰਘ ਸਾਧਪੁਰ ਜਿਨ੍ਹਾ ਦੇ ਪਿਤਾ ਦਾਰਾ ਸਿੰਘ ਬਾਠ ਸਾਧਪੁਰ ਦਾ ਬੀਤੇ ਦਿਨੀਂ ਅਚਾਨਕ ਦੇਹਾਂਤ ਹੋ ਗਿਆ ਸੀ, ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ ਉਨ੍ਹਾ ਦੇ ਗ੍ਰਹਿ ਵਿਖੇ ਪੈਣ ਉਪਰੰਤ ਗੁਰਦੁਆਰਾ ਬਾਬਾ ਦੀਪ ਸਿੰਘ ਸਾਧਪੁਰ ਵਿਖੇ ਸ਼ਰਧਾਂਜਲੀ ਸਮਾਰੋਹ ਹੋਇਆ, ਜਿਸ ਵਿੱਚ ਭਾਈ ਹਰਪਾਲ ਸਿੰਘ ਖੁਜਾਲਾ ਵਾਲਿਆਂ ਦੇ ਜਥੇ ਵੱਲੋਂ ਵੈਰਾਗਮਈ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅਰਦਾਸ ਉਪਰੰਤ ਸ਼ਰਧਾਂਜਲੀ ਸਮਾਰੋਹ ਹੋਇਆ ਜਿਸ ਵਿੱਚ ਕਾਂਗਰਸ ਪਾਰਟੀ ਪੰਜਾਬ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਆਪ ਆਗੂ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਵੱਲੋਂ ਭੇਜੇ ਗਏ ਸ਼ੋਕ ਸੰਦੇਸ਼ ਵੀ ਪੜ੍ਹੇ ਗਏ। ਦਾਰਾ ਸਿੰਘ ਬਾਠ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਭਗਵੰਤਪਾਲ ਸਿੰਘ ਸੱਚਰ ਅਤੇ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਕਿਹਾ ਕਿ ਮਾਪਿਆਂ ਦੇ ਪਿਆਰ ਨੂੰ ਕੋਈ ਵੀ ਭੁੱਲ ਨਹੀਂ ਸਕਦਾ ਅਤੇ ਉਨ੍ਹਾਂ ਵੱਲੋਂ ਦਿੱਤੀ ਚੰਗੀ ਸਿੱਖਿਆ ਸਦਕਾ ਅੱਜ ਝਿਲਮਿਲ ਸਿੰਘ ਬਾਠ ਸਮਾਜ ਵਿੱਚ ਆਪਣਾ ਨਾਂਅ ਉਚਾ ਕਰ ਰਹੇ ਹਨ। ਇਸ ਸ਼ਰਧਾਂਜਲੀ ਸਮਾਗਮ ਸਿੰਘ ਸਾਬਕਾ ਚੇਅਰਮੈਨ ਮੋਹਨ ਸਿੰਘ ਬਾਠ, ਤਜਿੰਦਰ ਸਿੰਘ ਬਾਠ ਤਰਫ਼ਾਨ, ਸਾਬਕਾ ਸਰਪੰਚ ਪ੍ਰੇਮ ਸਿੰਘ ਬਾਠ ਤਰਫ਼ਾਨ, ਸਵਿੰਦਰ ਸਿੰਘ ਸਾਬਕਾ ਸਰਪੰਚ ਚੋਗਾਵਾਂ, ਬਲਵਿੰਦਰ ਸਿੰਘ ਬਿੱਲਾ ਕਲਰਕ, ਪੰਚਾਇਤ ਅਫਸਰ ਮੇਵਾ ਸਿੰਘ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਵਾਲਿਆਂ ਵੱਲੋਂ ਉਨ੍ਹਾਂ ਦੇ ਸੇਵਾਦਾਰ, ਸਰਪੰਚ ਜਗੀਰ ਸਿੰਘ ਸਾਧਪੁਰ, ਮੈਂਬਰ ਪੰਚਾਇਤ ਭਾਈ ਦਲੇਰ ਸਿੰਘ, ਡਾਕਟਰ ਪਰਮਜੀਤ ਸਿੰਘ, ਕੁਲਬੀਰ ਸਿੰਘ, ਰਾਜਵਿੰਦਰ ਸਿੰਘ, ਸੁਖਚੈਨ ਸਿੰਘ ਹੈਲਥ ਵਰਕਰ, ਸੁਖਦੇਵ ਸਿੰਘ ਨਿੱਬਰਵਿੰਡ, ਬਲਜੀਤ ਸਿੰਘ ਭੁੱਲਰ ਸਰਾਂ, ਕੁਲਦੀਪ ਸਿੰਘ ਡਰਾਈਵਰ ਐਸ ਡੀ ਐਮ ਬਾਬਾ ਬਕਾਲਾ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ ਸਰਪੰਚ ਤੇ ਮੋਹਤਬਰ ਆਗੂ ਹਾਜ਼ਰ ਸਨ।

2-JUNE-PAGE-4.qxd 6/1/2023 10:44 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 2 ਜੂਨ 2023

ਭਲਵਾਨਾਂ ਦੇ ਅੰਦੋਲਨ ਦਾ ਵਿਸ਼ਵੀਕਰਨ

ਲੰਮੇ ਸਮੇਂ ਤੋਂ ਯੌਨ ਸ਼ੋਸ਼ਣ ਵਿਰੁੱਧ ਅੰਦੋਲਨ ਕਰ ਰਹੀਆਂ ਮਹਿਲਾ ਭਲਵਾਨਾਂ ਦੇ ਹੱਕ ਵਿੱਚ ਵਿਸ਼ਵ ਕੁਸ਼ਤੀ ਮਹਾਂ ਸੰਘ ਤੋਂ ਬਾਅਦ ਹੁਣ ਇੰਟਰਨੈਸ਼ਨਲ ਉਲੰਪਿਕ ਕਮੇਟੀ (ਆਈ ਓ ਸੀ) ਵੀ ਖੜ੍ਹੀ ਹੋ ਗਈ ਹੈ।

ਆਈ ਓ ਸੀ ਨੇ ਆਪਣੇ ਬਿਆਨ ਵਿੱਚ ਕਿਹਾ ਹੈ, "ਮਹਿਲਾ ਭਲਵਾਨਾਂ ਨਾਲ ਜੋ ਵਿਹਾਰ ਕੀਤਾ ਗਿਆ ਹੈ, ਉਹ ਬਹੁਤ ਹੀ ਪ੍ਰੇਸ਼ਾਨ ਤੇ ਚਿੰਤਤ ਕਰਨ ਵਾਲਾ ਹੈ। ਆਈ ਓ ਸੀ ਜ਼ੋਰ ਦੇ ਕੇ ਕਹਿੰਦੀ ਹੈ ਕਿ ਇਨ੍ਹਾਂ ਭਲਵਾਨਾਂ ਵੱਲੋਂ ਲਾਏ ਗਏ ਦੋਸ਼ਾਂ ਦੀ ਭਾਰਤੀ ਕਾਨੂੰਨਾਂ ਅਨੁਸਾਰ ਨਿਰਪੱਖ ਜਾਂਚ ਕੀਤੀ ਜਾਵੇ। ਅਸੀਂ ਸਮਝਦੇ ਹਾਂ ਕਿ ਇਸ ਜਾਂਚ ਵਿੱਚ ਕੁਝ ਮੁਢਲੇ ਕਦਮ ਚੁੱਕੇ ਗਏ ਹਨ, ਪ੍ਰੰਤੂ ਠੋਸ ਕਾਰਵਾਈ ਲਈ ਹੋਰ ਵੀ ਮਹੱਤਵਪੂਰਨ ਕਦਮ ਚੁੱਕਣੇ ਹੋਣਗੇ।"

ਆਈ ਓ ਸੀ ਦਾ ਇਹ ਬਿਆਨ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਇਸੇ ਸਾਲ ਅਕਤੂਬਰ ਵਿੱਚ ਭਾਰਤ ਆਈ ਓ ਸੀ ਦੀ ਸਾਲਾਨਾ ਮੀਟਿੰਗ ਦੀ ਮੇਜ਼ਬਾਨੀ ਕਰਨ ਵਾਲਾ ਹੈ। ਆਈ ਓ ਸੀ ਦਾ ਇਹ ਬਿਆਨ ਵਿਸ਼ਵ ਕੁਸ਼ਤੀ ਮਹਾਂਸੰਘ ਦੇ ਬਿਆਨ ਨਾਲ ਮੇਲ ਖਾਂਦਾ ਹੈ, ਜਿਸ ਦਾ ਭਾਰਤੀ ਕੁਸ਼ਤੀ ਸੰਘ ਵੀ ਮੈਂਬਰ ਹੈ।

ਵਿਸ਼ਵ ਕੁਸ਼ਤੀ ਮਹਾਂਸੰਘ ਨੇ ਆਪਣੇ ਬਿਆਨ ਵਿੱਚ ਕਿਹਾ ਸੀ ਕਿ ਉਹ ਪਹਿਲਵਾਨਾਂ ਨਾਲ ਦੁਰਵਿਹਾਰ ਕਰਨ ਤੇ ਹਿਰਾਸਤ ਵਿੱਚ ਲੈਣ ਦੀ ਨਿੰਦਾ ਕਰਦਾ ਹੈ। ਉਸ ਨੇ ਇਹ ਵੀ ਕਿਹਾ ਹੈ ਕਿ ਜੇਕਰ ਭਾਰਤੀ ਕੁਸ਼ਤੀ ਸੰਘ ਨਵੀਆਂ ਚੋਣਾਂ ਨਹੀਂ ਕਰਾਏਗਾ ਤਾਂ ਉਸ ਨੂੰ ਵਿਸ਼ਵ ਕੁਸ਼ਤੀ ਮਹਾਂਸੰਘ ਵਿੱਚੋਂ ਮੁਅੱਤਲ ਕਰ ਦਿੱਤਾ ਜਾਵੇਗਾ। ਇਹ ਵੀ ਪਤਾ ਲੱਗਾ ਹੈ ਕਿ ਆਈ ਓ ਸੀ ਤੇ ਵਿਸ਼ਵ ਕੁਸ਼ਤੀ ਸੰਘ ਆਪਣੇ ਹੱਕ ਲਈ ਲੜ ਰਹੇ ਭਲਵਾਨਾਂ ਨਾਲ ਵੀਡੀਓ ਕਾਨਫ਼ਰੰਸ ਕਰਨ ਬਾਰੇ ਵੀ ਵਿਚਾਰ ਕਰ ਰਹੇ ਹਨ।

ਪਿਛਲੇ ਮਹੀਨੇ ਹੀ ਵਿਸ਼ਵ ਕੁਸ਼ਤੀ ਮਹਾਂਸੰਘ ਨੇ ਭਾਰਤੀ ਕੁਸ਼ਤੀ ਸੰਘ ਦੇ ਪ੍ਰਬੰਧ ਨੂੰ ਦਰੁਸਤ ਕਰਨ ਲਈ ਇੱਕ ਕਮੇਟੀ ਦੇ ਗਠਨ ਤੋਂ ਬਾਅਦ ਉਸ ਨੂੰ 45 ਦਿਨਾਂ ਅੰਦਰ ਨਵੀਂ ਚੋਣ ਕਰਾਉਣ ਲਈ ਕਿਹਾ ਸੀ। ਇਹ ਸਮਾਂ ਹੱਦ ਖ਼ਤਮ ਹੋਣ ਵਿੱਚ ਦੋ ਹਫ਼ਤਿਆਂ ਤੋਂ ਵੀ ਘੱਟ ਸਮਾਂ ਬਚਿਆ ਹੈ। ਇਸ ਸਾਲ ਦਿੱਲੀ ਵਿੱਚ ਏਸ਼ੀਆਈ ਕੁਸ਼ਤੀ ਮੁਕਾਬਲੇ ਹੋਣੇ ਸਨ, ਪਰ ਮੌਜੂਦਾ ਹਾਲਤਾਂ ਨੂੰ ਦੇਖ ਕੇ ਇਨ੍ਹਾਂ ਦਾ ਸਥਾਨ ਬਦਲ ਦਿੱਤਾ ਗਿਆ ਹੈ।

ਭਾਰਤ ਦੀਆਂ ਕੌਮਾਂਤਰੀ ਪੱਧਰ ਦੀਆਂ ਮਹਿਲਾ ਭਲਵਾਨ ਕੁਸ਼ਤੀ ਸੰਘ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਦੇ ਖਿਲਾਫ਼ 23 ਅਪ੍ਰੈਲ ਤੋਂ ਅੰਦੋਲਨ ਕਰ ਰਹੀਆਂ ਹਨ। ਇਨ੍ਹਾਂ ਭਲਵਾਨਾਂ ਨੇ ਉਸ ਉੱਤੇ ਯੌਨ ਸ਼ੋਸ਼ਣ ਦੇ ਦੋਸ਼ ਲਾਏ ਹਨ। ਸੁਪਰੀਮ ਕੋਰਟ ਦੇ ਦਖ਼ਲ ਤੋਂ ਬਾਅਦ ਬ੍ਰਿਜ ਭੂਸ਼ਣ ਵਿਰੁੱਧ ਐਫ਼ ਆਈ ਆਰ ਦਰਜ ਕੀਤੀ ਗਈ ਸੀ, ਪਰ ਉਸ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਉਸ ਦੀ ਗ੍ਰਿਫ਼ਤਾਰੀ ਲਈ ਮਹਿਲਾ ਭਲਵਾਨਾਂ ਨੇ ਜੰਤਰ-ਮੰਤਰ ਉਤੇ 36 ਦਿਨ ਤੱਕ ਧਰਨਾ ਦਿੱਤਾ ਸੀ।

ਦਿੱਲੀ ਪੁਲਸ ਨੇ 28 ਮਈ ਨੂੰ ਨਵੇਂ ਸੰਸਦ ਭਵਨ ਦੇ ਉਦਘਾਟਨ ਮੌਕੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਦੇਣ ਜਾ ਰਹੀਆਂ ਇਨ੍ਹਾਂ ਭਲਵਾਨਾਂ ਨਾਲ ਦਰਿੰਦਗੀ ਭਰਿਆ ਵਿਹਾਰ ਕਰਦਿਆਂ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਕੇ ਸੰਗੀਨ ਧਾਰਾਵਾਂ ਅਧੀਨ ਕੇਸ ਦਰਜ ਕਰ ਲਏ ਸਨ। ਇਸ ਦੇ ਨਾਲ ਹੀ ਭਲਵਾਨਾਂ ਦੇ ਧਰਨਾ ਸਥਾਨ ਨੂੰ ਤਹਿਸ-ਨਹਿਸ ਕਰ ਦਿੱਤਾ ਗਿਆ ਸੀ।

ਇਸ ਉਪਰੰਤ ਮਹਿਲਾ ਭਲਵਾਨਾਂ ਨੇ ਐਲਾਨ ਕਰ ਦਿੱਤਾ ਸੀ ਕਿ ਉਹ 30 ਮਈ ਨੂੰ ਆਪਣੇ ਮੈਡਲ ਗੰਗਾ ਵਿੱਚ ਵਹਾ ਕੇ ਖੁਦ ਇੰਡੀਆ ਗੇਟ ਉੱਤੇ ਮਰਨ ਵਰਤ ਰੱਖ ਦੇਣਗੀਆਂ। ਹਰਦੁਆਰ ਵਿੱਚ ਕਿਸਾਨ ਆਗੂ ਨਰੇਸ਼ ਟਿਕੈਤ ਦੇ ਮਨਾਉਣ 'ਤੇ ਮਹਿਲਾ ਭਲਵਾਨਾਂ ਨੇ ਆਪਣੀ ਇਸ ਕਾਰਵਾਈ ਨੂੰ ਮੁਲਤਵੀ ਕਰ ਦਿੱਤਾ ਸੀ।

ਹੁਣ ਕੌਮਾਂਤਰੀ ਖੇਡ ਸੰਸਥਾਵਾਂ ਵੱਲੋਂ ਚਿੰਤਾ ਪ੍ਰਗਟ ਕਰਨ ਤੋਂ ਬਾਅਦ ਇਸ ਮਸਲੇ ਦਾ ਕੌਮਾਂਤਰੀਕਰਨ ਹੋ ਗਿਆ ਹੈ। ਇਸ ਨਾਲ ਆਉਣ ਵਾਲੇ ਸਮੇਂ ਵਿੱਚ ਭਾਰਤੀ ਖੇਡ ਜਗਤ ਉੱਤੇ ਨਕਾਰਾਤਮਕ ਅਸਰ ਪੈਣਾ ਸੁਭਾਵਕ ਹੈ। ਇਸ ਨਾਲ ਦੁਨੀਆ-ਭਰ ਵਿੱਚ ਭਾਰਤ ਦਾ ਮਾਣ-ਸਨਮਾਨ ਘੱਟੇ-ਮਿੱਟੀ ਵਿੱਚ ਰੁਲ ਰਿਹਾ ਹੈ। ਇਸ ਦੇ ਬਾਵਜੂਦ ਤਾਨਾਸ਼ਾਹ ਹਾਕਮ ਚੁੱਪ ਧਾਰੀ ਬੈਠੇ ਹਨ। ਨਾ ਉਨ੍ਹਾਂ ਨੂੰ ਦੇਸ਼ ਦੇ ਸਨਮਾਨ ਦੀ ਚਿੰਤਾ ਹੈ ਤੇ ਨਾ ਖੇਡਾਂ ਦੀ।

ਨਵੇਂ ਸੰਸਦ ਭਵਨ ਦਾ ਉਦਘਾਟਨ ਹਿੰਦੂ ਰਾਸ਼ਟਰ ਦਾ ਟਰੇਲਰ



ਵਿਸ਼ਵਾ ਮਿੱਤਰ ਬੰਮੀ

28 ਮਈ ਐਤਵਾਰ ਵਾਲੇ ਦਿਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਵੇਂ ਸੰਸਦ ਭਵਨ ਦਾ ਉਦਘਾਟਨ ਕੀਤਾ। 28 ਮਈ ਹੀ ਕਿਓਂ, ਹੋਰ ਕੋਈ ਦਿਨ ਜਾਂ ਮਿਤੀ ਕਿਓਂ ਨਹੀਂ? ਇਸ ਪਿੱਛੇ ਮੁੱਖ ਕਾਰਨ ਸਾਵਰਕਰ ਦਾ ਜਨਮ ਦਿਨ ਹੈ, ਜਿਸ ਨੇ ਸਭ ਤੋਂ ਪਹਿਲਾਂ ਹਿੰਦੂ ਰਾਸਟਰ ਦੀ ਵਕਾਲਤ ਕੀਤੀ, ਕਿਉਕਿ ਆਰ ਐੱਸ ਐੱਸ ਭਾਰਤ ਦੇ ਲਿਖਤ ਅਤੇ ਅਲਿਖਿਤ ਇਤਿਹਾਸ ਵਿਚੋਂ ਨਹਿਰੂ, ਗਾਂਧੀ, ਦਾਦਾ ਭਾਈ ਨਾਰੋਜੀ, ਲਾਲਾ ਲਾਜਪਤ ਰਾਏ, ਐਨੀ ਬਸੰਤ, ਜਯੋਤੀਬਾ ਫੂਲੇ, ਚਿਤਰੰਜਨ ਦਾਸ, ਦੁਰਗਾ ਭਾਬੀ, ਮੌਲਾਨਾ ਆਜ਼ਾਦ, ਸੈਫੂਦੀਨ ਕਿਚਲੂ, ਖਾਨ ਅਬਦੁਲ ਗੁਬਾਰ ਖਾਂ (ਸਰਹੱਦੀ ਗਾਂਧੀ) ਆਦਿ ਨੂੰ ਖਤਮ ਕਰਨਾ ਚਾਹੁੰਦਾ ਹੈ, ਇਸ ਲਈ 28 ਮਈ ਦਾ ਦਿਨ ਚੁਣਿਆ। ਨਹੀਂ ਤਾਂ 14 ਨਵੰਬਰ ਨੂੰ ਵੀ ਉਦਘਾਟਨ ਕੀਤਾ ਜਾ ਸਕਦਾ ਸੀ, ਜਿਸ ਦਿਨ ਜਵਾਹਰ ਲਾਲ ਨਹਿਰੂ ਦਾ ਜਨਮ ਹੋਇਆ ਸੀ, 2 ਅਕਤੂਬਰ ਨੂੰ ਵੀ ਕੀਤਾ ਜਾ ਸਕਦਾ ਸੀ, ਜਿਸ ਦਿਨ ਮਹਾਤਮਾਂ ਗਾਂਧੀ ਦਾ ਜਨਮ ਹੋਇਆ, 27 ਸਤੰਬਰ ਨੂੰ ਕੀਤਾ ਜਾ ਸਕਦਾ ਸੀ, ਜਿਸ ਦਿਨ ਸ਼ਹੀਦੇ ਆਜਮ ਭਗਤ ਸਿੰਘ ਦਾ ਜਨਮ ਹੋਇਆ, 31 ਅਕਤੂਬਰ ਨੂੰ ਵੀ ਕੀਤਾ ਜਾ ਸਕਦਾ ਸੀ, ਜਿਸ ਦਿਨ ਸਰਦਾਰ ਪਟੇਲ ਦਾ ਜਨਮ ਹੋਇਆ ਅਤੇ ਜਿਸ ਦੀ ਮੂਰਤੀ ਮੋਦੀ ਜੀ ਨੇ ਲੋਕਾਂ ਦੇ ਟੈਕਸ ਤੋਂ ਪ੍ਰਾਪਤ ਧਨ ਨੂੰ ਖਰਚ ਕੇ 3000 ਕਰੋੜ ਦੀ ਬਣਵਾ ਕੇ ਲਗਵਾਈ ਹੈ। ਜੇਕਰ ਜ਼ਿਆਦਾ ਹੀ ਕਾਹਲੇ ਸੀ ਤਾਂ 7 ਮਈ ਨੂੰ ਉਦਘਾਟਨ ਕੀਤਾ ਜਾ ਸਕਦਾ ਸੀ, ਜਿਸ ਦਿਨ ਰਾਸ਼ਟਰ ਗਾਨ ' ਜਨ ਗਣ ਮਨ' ਦੇ ਲੇਖਕ ਰਬਿੰਦਰ ਨਾਥ ਟੈਗੋਰ ਦਾ ਜਨਮ ਦਿਨ ਹੈ, ਪਰ ਨਰੇਂਦਰ ਮੋਦੀ ਤਾਂ ਆਰ ਐੱਸ ਐੱਸ ਦੀ ਇੱਛਾ ਅਨੁਸਾਰ ਵਿਨਾਇਕ ਦਮੋਦਰ ਸਾਵਰਕਰ ਨੂੰ ਹੀ ਮਹਤੱਤਾ ਦੇਣਾ ਚਾਹੁੰਦੇ ਹਨ, ਜਿਸ ਦੇ ਦੇਸ਼ ਵਿਰੋਧੀ ਕਾਰਨਾਮਿਆਂ ਦਾ ਜ਼ਿਕਰ ਮੈਂ ਇਥੇ ਨਹੀਂ ਕਰਨਾ ਚਾਹੁੰਦਾ ਕਿਉਂਕਿ ਸਾਰੇ ਪਾਠਕ ਲਗਭੱਗ ਜਾਣਦੇ ਹੀ ਹਨ।

ਨਵੇਂ ਸੰਸਦ ਭਵਨ ਵਿੱਚ ਲੋਕ ਸਭਾ ਅਤੇ ਰਾਜ ਸਭਾ ਦੇ ਮੈਂਬਰਾਂ ਦੀਆਂ ਸੀਟਾਂ ਅਤੇ ਸਜਾਵਟਾਂ ਤੋਂ ਇਲਾਵਾ ਇੱਕ ਸੈਂਗੋਲ ਲੋਕ ਸਭਾ ਸਪੀਕਰ ਦੇ ਕੋਲ ਸਥਾਪਤ ਹੈ ਅਤੇ ਭੀਤੀ ਚਿੱਤਰ (ਕੰਧਾਂ ਉੱਤੇ ਉਕਰੇ ਚਿੱਤਰ) ਹਨ। ਇਹ ਭੀਤੀ ਚਿੱਤਰ ਹੀ ਸਾਡਾ ਧਿਆਨ ਮੰਗਦੇ ਹਨ। ਇੱਕ ਭੀਤੀ ਚਿੱਤਰ ਵਿਚ ਚਾਣਕਿਆ ਦਰਸਾਇਆ ਗਿਆ ਹੈ ਜਿਸ ਨੂੰ ਕੌਟਲਿਆ ਵੀ ਕਹਿੰਦੇ ਹਨ ਅਤੇ ਜਿਸ ਨੇ ਅਰਥ ਸ਼ਾਸਤਰ ਗ੍ਰੰਥ ਲਿਖਿਆ ਸੀ।

ਭੀਤੀ ਚਿੱਤਰਾਂ ਵਿਚ ਇਕ ਸਥਾਨ 'ਤੇ ਭਾਰਤ ਦੇ ਪਹਿਲੇ ਗ੍ਰਿਹ ਮੰਤਰੀ ਸਰਦਾਰ ਪਟੇਲ ਅਤੇ ਸੰਵਿਧਾਨ ਦੇ ਨਿਰਮਾਤਾ ਡਾਕਟਰ ਬੀ. ਆਰ. ਅੰਬੇਡਕਰ ਦੇ ਚਿੱਤਰ ਲਗੇ ਹੋਏ ਹਨ, ਪਰ ਕਾਂਗਰਸ ਦੇ ਹੋਰ ਕਿਸੇ ਅਜ਼ਾਦੀ ਘੁਲਾਟੀਏ ਦਾ ਕੋਈ ਚਿੱਤਰ ਨਹੀਂ ਹੈ ਅਤੇ ਨਾ ਹੀ ਦੇਸ਼ ਦੇ ਆਜਾਦੀ ਸੰਗਰਾਮ ਵਿਚ ਭਾਗ ਲੈਣ ਵਾਲੇ ਕਿਸੇ ਅਕਾਲੀ, ਕੂਕੇ, ਸ਼ਹੀਦ ਭਗਤ ਸਿੰਘ ਅਤੇ ਉਸ ਦੇ ਸਾਥੀਆਂ, ਗਦਰ ਪਾਰਟੀ ਦੇ ਸ਼ਹੀਦਾਂ ਵਿੱਚੋਂ ਕਿਸੇ ਦਾ ਭੀਤੀ ਚਿੱਤਰ ਹੈ। ਇੱਕ ਭੀਤੀ ਚਿੱਤਰ ਵਿਚ ਕੋਨਾਰਕ ਦਾ ਮੰਦਰ ਵਿਖਾਇਆ ਗਿਆ ਹੈ, ਜਿਸ ਦੀ ਸ਼ਕਲ ਇੱਕ ਰੱਥ ਵਰਗੀ ਹੈ, ਜਿਸ ਦੇ 12 ਪਹੀਏ ਹਨ ਅਤੇ ਸੱਤ ਘੋੜੇ ਇਸ ਨੂੰ ਖਿੱਚਦੇ ਹਨ। ਇਸ ਰੱਥ ਉੱਤੇ ਮਿਥਹਾਸ ਅਨੁਸਾਰ ਸੂਰਜ ਬੈਠ ਕੇ ਧਰਤੀ ਦੇ ਚੱਕਰ ਲਗਾਉਂਦਾ ਹੈ। ਇਥੇ ਹੀ ਇੱਕ ਕਲਾਕ੍ਰਿਤੀ ਦੇਵਤਿਆਂ ਅਤੇ ਰਾਕਸ਼ਾਂ ਵੱਲੋਂ ਸਮੁੰਦਰ ਮੰਥਨ ਦਾ ਭੀਤੀ ਚਿੱਤਰ ਲੱਗਾ ਹੋਇਆ ਹੈ, ਜਿਸ ਮੰਥਨ (ਰਿੜਕਣ) ਨਾਲ ਪਾਣੀ ਵਿਚੋਂ ਅੰਮ੍ਰਿਤ ਪ੍ਰਾਪਤ ਕੀਤਾ ਗਿਆ। ਮੰਥਨ ਲਈ ਰੱਸੇ ਦੇ ਤੌਰ 'ਤੇ ਸ਼ਿਵ ਜੀ ਦੇ ਗਲੇ ਵਿੱਚੋਂ ਨਾਗ ਲੈ ਕੇ ਵਰਤ ਲਿਆ ਗਿਆ।

ਨਵੇਂ ਸੰਸਦ ਭਵਨ ਵਿੱਚ ਕੇਵਲ ਹਿੰਦੂ ਦੇਵਤਿਆਂ, ਪ੍ਰਾਚੀਨ ਸੱਭਿਆਚਾਰ , ਸ਼ਖਸੀਅਤਾਂ, ਮੰਦਰਾਂ , ਆਦਿ ਦਾ ਜ਼ਿਕਰ ਹੈ, ਪਰ ਕਿਸੇ ਮੁਸਲਮਾਨ ਜਾਂ ਇਸਾਈ ਦਾ ਜ਼ਿਕਰ ਬਿਲਕੁਲ ਨਹੀਂ ਹੈ, ਗੌਤਮ ਬੁੱਧ ਬਾਰੇ ਤਾਂ ਸੋਚਿਆ ਹੀ ਨਹੀਂ ਜਾ ਸਕਦਾ। ਟੀਪੂ ਸੁਲਤਾਨ ਵਾਲੇ ਰਾਕਟਾਂ ਦੇ ਚਿੱਤਰ ਅਮਰੀਕਾ ਦੀ ਨਾਸਾ ਲੈਬ ਵਿਚ ਤਾਂ ਲੱਗੇ ਹਨ, ਪਰ ਉਹ ਸੰਸਦ ਦੇ ਕਿਸੇ ਭੀਤੀ ਚਿੱਤਰ ਵਿਚ ਨਹੀਂ ਹਨ। ਟੀਪੂ ਸੁਲਤਾਨ ਇੱਕ ਸੋਨੇ ਦੀ ਅੰਗੂਠੀ ਪਹਿਨਦਾ ਸੀ, ਜਿਸ ਉੱਤੇ 'ਰਾਮ' ਉੱਕਰਿਆ ਹੋਇਆ ਸੀ, ਪਰ ਇੱਥੇ ਰਾਮ ਦੀ ਮਹਤੱਤਾ ਵੀ ਆਰ ਐੱਸ ਐੱਸ ਵਾਸਤੇ ਨਹੀਂ ਰਹੀ ਕਿਉਂਕਿ ਉਹ ਮੁਸਲਮਾਨ ਬਾਦਸ਼ਾਹ ਦੀ ਅੰਗੂਠੀ ਉੱਤੇ ਉੱਕਰਿਆ ਹੋਇਆ ਸੀ। ਜੇਸਸ ਕਰਾਈਸਟ ਦੀ ਸਲੀਬ ਵੀ ਕਿਸੇ ਭੀਤੀ ਚਿੱਤਰ ਵਿਚ ਨਹੀਂ ਹੈ। ਮਹਾਰਾਜਾ ਰਣਜੀਤ ਸਿੰਘ ਜਾਂ ਹਰੀ ਸਿੰਘ ਨਲੂਆ ਵੀ ਕਿਤੇ ਨਹੀਂ। ਜੋ ਕੁੱਝ ਹੈ ਕੇਵਲ ਹਿੰਦੂ ਇਤਿਹਾਸ ਜਾਂ ਮਿਥਹਾਸ ਬਾਰੇ ਹੈ ਅਤੇ ਉਹ ਵੀ ਅੱਜ ਤੋਂ ਹਜ਼ਾਰਾਂ ਸਾਲ ਪਹਿਲਾਂ ਦਾ ਹੈ।

ਸਭ ਤੋਂ ਅਹਿਮ ਸੰਵਿਧਾਨਿਕ ਸੰਸਥਾ ਦੇ ਉਦਘਾਟਨ ਵੇਲੇ ਕਾਨੂੰਨੀ ਮਾਹਰ ਜਾਂ ਸੰਸਾਰ ਵਿਚੋਂ ਚੋਣਵੇਂ ਸਾਂਸਦ ਬੁਲਾਏ ਜਾ ਸਕਦੇ ਸਨ, ਪਰ ਬੁਲਾ ਲਿਆ ਭਗਵਾ ਸਾਧਾਂ ਦਾ ਟੋਲਾ। ਮੋਦੀ ਜੀ ਨੇ ਸੇਂਗੋਲ ਦੇ ਸਾਹਮਣੇ ਦੰਡਵਤ ਪ੍ਰਣਾਮ ਕੀਤਾ। ਭਗਵਾ ਸਾਧਾਂ ਨੇ ਮੋਦੀ ਜੀ ਅਤੇ ਲੋਕ ਸਭਾ ਦੇ ਸਪੀਕਰ ਨੂੰ ਪਾਰਲੀਮੈਂਟ ਦੇ ਅੰਦਰ ਅਸ਼ੀਰਵਾਦ ਦਿੱਤਾ। ਇਹ ਸਾਰਾ ਕੁਝ ਇਵੇਂ ਲਗ ਰਿਹਾ ਸੀ, ਜਿਵੇਂ ਸੰਸਦ ਦਾ ਉਦਘਾਟਨ ਇੱਕ ਸੰਵਿਧਾਨਕ ਸੰਸਥਾ ਦੀ ਬਜਾਏ ਕਿਸੇ ਹਿੰਦੂ ਮੰਦਰ ਦਾ ਉਦਘਾਟਨ ਹੋ ਰਿਹਾ ਹੋਵੇ। ਇਹ ਨਵੇਂ ਸੰਸਦ ਭਵਨ ਦੇ ਉਦਘਾਟਨ ਦੀ ਬਜਾਏ ਹਿੰਦੂ ਰਾਸ਼ਟਰ ਦਾ ਟਰੇਲਰ ਨਜ਼ਰ ਆ ਰਿਹਾ ਸੀ।

ਸੈਂਟਰਲ ਵਿਸਟਾ ਪ੍ਰਾਜੈਕਟ ਅਧੀਨ ਇਹ ਨਵਾਂ ਸੰਸਦ ਭਵਨ ਬਣਿਆ ਹੈ ਅਤੇ ਸੈਂਟਰਲ ਵਿਸਟਾ ਪ੍ਰਾਜੈਕਟ ਉੱਤੇ ਵੀਹ ਹਜ਼ਾਰ ਕਰੋੜ ਰੁਪਏ ਖਰਚ ਆਇਆ ਹੈ। ਕੁਝ ਅਹਿਮ ਪ੍ਰਸ਼ਨ ਹਨ, ਜਿਹਨਾਂ ਦਾ ਜੁਆਬ ਦੇਸ਼ ਵਾਸੀ ਮੰਗਦੇ ਹਨ:

ਕੀ ਇਸ ਪ੍ਰਾਜੈਕਟ ਵਾਸਤੇ ਖਰਚੇ ਗਏ ਵੀਹ ਹਜ਼ਾਰ ਕਰੋੜ ਰੁਪਏ ਮੋਦੀ ਜੀ ਨੇ ਆਪਣੀ ਜੇਬ ਵਿੱਚੋਂ ਦਿੱਤੇ ਹਨ ਜਾਂ ਭਾਜਪਾ ਨੇ ਆਪਣੇ ਫੰਡ ਵਿਚੋਂ ਦਿੱਤੇ ਹਨ? ਨਹੀਂ , ਬਿਲਕੁਲ ਨਹੀਂ। ਇਹ ਲੋਕਾਂ ਦੇ ਟੈਕਸਾਂ ਰਾਹੀਂ ਪ੍ਰਾਪਤ ਰਾਸ਼ੀ ਵਿਚੋਂ ਖਰਚ ਹੋਏ ਹਨ ਅਤੇ ਇਹ ਟੈਕਸ ਕੇਵਲ ਹਿੰਦੂਆਂ ਨੇ ਨਹੀਂ ਦਿੱਤੇ, ਬਲਕਿ ਹਿੰਦੂਆਂ ਸਮੇਤ ਮੁਸਲਮਾਨਾਂ, ਈਸਾਈਆਂ, ਸਿੱਖਾਂ ਅਤੇ ਬੋਧੀਆਂ ਆਦਿ ਨੇ ਦਿੱਤੇ ਹਨ, ਜਿਸ ਵਿਚ ਤਨਖਾਹਦਾਰ ਕਰਮਚਾਰੀਆਂ, ਮਜ਼ਦੂਰਾਂ, ਅਫਸਰਾਂ ਅਤੇ ਵਪਾਰਕ ਘਰਾਣਿਆ ਦਾ ਆਮਦਨ ਟੈਕਸ ਹੈ ਅਤੇ ਜੀ. ਐੱਸ. ਟੀ ਹੈ, ਜਿਹੜਾ ਗਰੀਬ ਤੋਂ ਗਰੀਬ ਨੂੰ ਵੀ ਦੇਣਾ ਪੈਂਦਾ ਹੈ, ਭਾਵੇਂ ਉਹ ਲੂਣ ਦਾ ਪੈਕਟ ਖਰੀਦੇ, ਭਾਵੇਂ ਇੱਕ ਮੋਮਬੱਤੀ ਖਰੀਦੇ। ਇਸ ਹਾਲਤ ਵਿੱਚ ਕੇਵਲ ਹਿੰਦੂ ਇਤਿਹਾਸ, ਹਿੰਦੂ ਮਿਥਹਾਸ ਅਤੇ ਹਿੰਦੂ ਸ਼ਖਸੀਅਤਾਂ ਹੀ ਕਿਉਂ? ਆਦਿਵਾਸੀ ਰਾਸ਼ਟਰਪਤੀ ਦਰੋਪਦੀ ਮੁਰਮੂ ਦੇ ਹੁੰਦੀਆਂ ਹੋਇਆਂ ਮੋਦੀ ਜੀ ਨੇ ਉਦਘਾਟਨ ਕਿਉਂ ਕੀਤਾ ?

ਸਰਵ ਉੱਚ ਸੰਵਿਧਾਨਿਕ ਸੰਸਥਾ ਦਾ ਉਦਘਾਟਨ ਦੇਸ਼ ਦੇ ਪਹਿਲੇ ਨਾਗਰਿਕ ਰਾਸ਼ਟਰਪਤੀ ਨੂੰ ਕਰਨਾ ਚਾਹੀਦਾ ਹੈ, ਜੇਕਰ ਉਹ ਕਿਸੇ ਕਾਰਣ ਨਾ ਕਰ ਸਕੇ ਤਾਂ ਦੂਜੇ ਨਾਗਰਿਕ ਉਪ ਰਾਸ਼ਟਰਪਤੀ ਨੂੰ ਕਰਨਾ ਚਾਹੀਦਾ ਹੈ। ਪਹਿਲੇ ਅਤੇ ਦੂਜੇ ਨਾਗਰਿਕ ਦੇ ਹੁੰਦੇ ਹੋਏ ਤੀਜੇ ਨਾਗਰਿਕ ਪ੍ਰਧਾਨ ਮੰਤਰੀ ਨੇ ਕਿਉਂ ਕੀਤਾ?

ਨਵੇਂ ਸੰਸਦ ਭਵਨ ਦੇ ਉਦਘਾਟਨ ਮੌਕੇ ਭਾਰਤੀ ਕੁਸ਼ਤੀ ਫੈਡਰੇਸਨ ਦੇ ਪ੍ਰੈਜ਼ੀਡੈਂਟ ਉੱਤੇ ਲਿੰਗਕ ਅਪਰਾਧ ਦੇ ਦੋਸ਼ ਲਗਾਉਣ ਵਾਲੀਆਂ ਕੌਮਾਂਤਰੀ ਪਹਿਲਵਾਨਾਂ ਦੀਆਂ ਮੰਗਾਂ ਅਤੇ ਧਰਨੇ ਵੱਲ ਤਿੰਨ ਮਹੀਨੇ ਤਕ ਜਾਂ ਉਸ ਤੋਂ ਬਾਅਦ ਸੁਣਵਾਈ ਨਹੀਂ ਹੋਈ, ਸੁਪਰੀਮ ਕੋਰਟ ਦੇ ਹੁਕਮਾਂ ਦੇ ਬਾਵਜੂਦ ਸੰਸਦ ਉਦਘਾਟਨ ਸਮੇਂ ਤੱਕ ਕੁਸ਼ਤੀ ਫੈਡਰੇਸ਼ਨ ਦੇ ਪ੍ਰੈਜ਼ੀਡੈਂਟ 'ਤੇ ਕੋਈ ਐੱਫ ਆਈ ਆਰ ਦਰਜ ਨਹੀਂ ਹੋਈ ਅਤੇ ਉਦਘਾਟਨ ਵਾਲੇ ਦਿਨ ਉਹਨਾਂ ਨੂੰ ਪੁਲਸ ਨੇ ਕੁੱਟਿਆ, ਘਸੀਟਿਆ, ਘਸੀਟਣ ਵੇਲੇ ਇਹ ਵੀ ਖਿਆਲ ਨਹੀਂ ਕੀਤਾ ਕਿ ਪਹਿਲਵਾਨਾਂ ਦੇ ਹੱਥ ਵਿੱਚੋਂ ਤਿਰੰਗਾ ਡਿੱਗ ਪਿਆ ਅਤੇ ਉਹਨਾਂ ਨੂੰ ਧੱਕੇ ਮਾਰ-ਮਾਰ ਕੇ ਗ੍ਰਿਫਤਾਰ ਕਰਕੇ ਪੁਲਸ ਬੱਸਾਂ ਵਿਚ ਲੈ ਗਏ।

ਕੀ ਵਿਰੋਧੀ ਪਾਰਟੀਆਂ ਦੀ ਇਹ ਮੰਗ ਜਾਇਜ਼ ਨਹੀਂ ਸੀ ਕਿ ਸਾਵਰਕਰ ਦੇ ਜਨਮ ਦਿਨ ਦੀ ਬਜਾਏ ਕਿਸੇ ਹੋਰ ਦਿਨ ਉਦਘਾਟਨ ਕੀਤਾ ਜਾਵੇ। ਕੀ ਸੰਸਦ ਵਿਚ ਵਿਰੋਧੀ ਧਿਰ ਦੀ ਅਣਹੋਂਦ ਨੂੰ ਲੋਕਤੰਤਰ ਕਿਹਾ ਜਾ ਸਕਦਾ ਹੈ?

#ਵਟਸ ਐਪ ਨੰਬਰ 94176-32228

ਨਸ਼ੇ ਦੀ ਰੋਕਥਾਮ ਲਈ ਸਰਕਾਰੀ ਯਤਨ ਅਤੇ ਜ਼ਮੀਨੀ ਹਕੀਕਤ

ਵਰਿੰਦਰ ਸਿੰਘ ਭੁੱਲਰ

ਨਸ਼ਾ ਘਰੇਲੂ ਸਮੱਸਿਆ ਤੋਂ ਸ਼ੁਰੂ ਹੋ ਕੇ ਸਮਾਜਿਕ ਅਤੇ ਆਰਥਿਕ ਸਮੱਸਿਆ ਬਣ ਗਿਆ ਹੈ। ਨਸ਼ਾ ਮਨੁੱਖ ਜਾਤੀ ਦੇ ਨਾਲ-ਨਾਲ ਤੁਰਿਆ ਆ ਰਿਹਾ ਹੈ ਅਤੇ ਵਿਗਿਆਨ ਦੀ ਦੁਰਵਰਤੋਂ ਕਾਰਨ ਵਿਕਾਸ ਕਰ ਰਿਹਾ ਹੈ। ਅਮੀਰ ਅਤੇ ਸ਼ਾਹੀ ਠਾਠ-ਬਾਠ ਵਾਲਿਆਂ ਦੇ ਮਨਪ੍ਰਚਾਵੇ ਦਾ ਸਾਧਨ ਹੁੰਦੇ ਹੋਏ ਇਸ ਨੇ ਆਮ ਲੋਕਾਈ ਨੂੰ ਆਪਣੀ ਗ੍ਰਿਫਤ 'ਚ ਲੈ ਲਿਆ ਹੈ। ਅੱਜ ਚਿੱਟਾ, ਹੈਰੋਇਨ, ਸਮੈਕ ਅਤੇ ਹੋਰ ਰਸਾਇਣਕ ਨਸ਼ਿਆਂ ਦੀ ਪੰਜਾਬ ਦੀ ਧਰਤੀ 'ਤੇ ਭਰਮਾਰ ਹੈ। ਖਾਣ-ਪੀਣ ਦੇ ਸਾਮਾਨ ਦੀ ਡਲਿਵਰੀ ਤਾਂ ਕਿਸੇ ਕਾਰਨ ਕਰਕੇ ਲੇਟ ਹੋ ਸਕਦੀ ਹੈ, ਪਰ ਚਿੱਟੇ ਦੀ ਪਹੁੰਚ 'ਚ ਦੇਰੀ ਕਤਈ ਨਹੀਂ ਹੋ ਸਕਦੀ। ਕਈ ਪਿੰਡਾਂ 'ਚ ਨਸ਼ੇ ਦੇ ਸੌਦਾਗਰ ਫੇਰੀ ਲਾਉਣ ਵਾਲਿਆਂ ਵਾਂਗ ਮਿੱਥੇ ਸਮੇਂ 'ਤੇ ਪਹੁੰਚ ਜਾਂਦੇ ਹਨ ਅਤੇ ਨਸ਼ਾ ਲੈਣ ਵਾਲੇ ਵੀ। ਹਾਕਰਾਂ ਦੀ ਤਰ੍ਹਾਂ ਆਵਾਜ਼ ਲਗਾਉਂਦਿਆਂ ਦੀਆਂ ਵੀਡੀਓਜ਼ ਸੋਸ਼ਲ ਮੀਡੀਆ 'ਤੇ ਆਮ ਹੀ ਦੇਖੀਆਂ ਜਾ ਸਕਦੀਆਂ ਹਨ। 5ਜੀ ਸਪੀਡ ਦੇ ਹਿਸਾਬ ਨਾਲ ਚਿੱਟੇ ਦਾ ਨੈੱਟਵਰਕ ਕੰਮ ਕਰ ਰਿਹਾ ਹੈ, ਇੰਤਜ਼ਾਰ ਕਿਸੇ ਨੂੰ ਨਹੀਂ ਕਰਨਾ ਪੈਂਦਾ, ਨਾ ਖਰੀਦਦਾਰ ਨੂੰ ਅਤੇ ਨਾ ਹੀ ਵਿਕਰੇਤਾ ਨੂੰ, ਪਰ ਪ੍ਰਸ਼ਾਸਨ ਦੇ ਅਵੇਸਲੇਪਣ ਕਰਕੇ ਪ੍ਰਸ਼ਾਸਨ ਨੂੰ ਭਿਣਕ ਤੱਕ ਨਹੀਂ ਹੁੰਦੀ। ਸਰਕਾਰਾਂ ਦੀ ਹਾਲਤ ਨੀਰੋ ਦੇ ਬੰਸਰੀ ਵਜਾਉਣ ਦੀ ਤਰ੍ਹਾਂ, ਹੈ। ਪੰਜਾਬ 'ਚ ਸਿਵਿਆਂ ਦੀ ਅੱਗ ਚਾਹੇ ਇਸ ਤੋਂ ਵੀ ਜ਼ਿਆਦਾ ਤੇਜ਼ ਹੋ ਜਾਵੇ, ਪੰਜਾਬ ਦੇ ਨੀਰੋ ਨੂੰ ਕੋਈ ਫ਼ਰਕ ਨਹੀਂ ਪੈਂਦਾ, ਉਹ ਚਾਹੇ ਕਿਸੇ ਵੀ ਪਾਰਟੀ ਨਾਲ ਸੰਬੰਧ ਰੱਖਦਾ ਹੋਵੇ। ਵਿਦਵਾਨੀ ਕਥਨ ਹੈ 'ਸੱਤਾ ਅਤੇ ਸਰਮਾਏ ਦੀ ਭੁੱਖ ਇਨਸਾਨ ਨੂੰ ਲਾਲਚੀ, ਡਿਕਟੇਟਰ ਬਣਾ ਦਿੰਦੀ ਹੈ, ਸਰਦੇ-ਪੁੱਜਦੇ ਘਰਾਂ ਤੋਂ ਤੁਰਿਆ ਨਸ਼ਾ ਆਮ ਲੋਕਾਈ, ਨੌਜਵਾਨ ਮੁੰਡੇ-ਕੁੜੀਆਂ ਦੇ ਹੱਥਾਂ 'ਚੋਂ ਹੁੰਦਾ ਹੋਇਆ ਹੁਣ ਤਰੱਕੀ ਕਰਕੇ ਬੱਚਿਆਂ ਦੇ ਮੂੰਹ, ਨਾੜਾਂ ਤੱਕ ਪਹੁੰਚ ਗਿਆ ਹੈ। ਪਿਛਲੇ ਕੁਝ ਦਿਨਾਂ ਤੋਂ ਇਕ ਵੀਡੀਓ ਬਹੁਤ ਵਾਇਰਲ ਹੋ ਰਹੀ ਹੈ, ਜਿਸ 'ਚ ਇਕ ਬੱਚਾ ਨਸ਼ੇ ਦਾ ਟੀਕਾ ਆਪਣੇ ਹੱਥ ਦੀ ਨਾੜ 'ਚ ਲਾ ਰਿਹਾ ਦਿਖਾਈ ਦਿੰਦਾ ਹੈ। ਅਸੀਂ ਭਾਰਤ ਨੂੰ ਨੌਜਵਾਨਾਂ ਦਾ ਦੇਸ਼ ਕਹਿ ਰਹੇ ਹਾਂ, ਪਰ ਪੰਜਾਬ ਇਸ ਪੱਖੋਂ ਕੰਗਾਲੀ ਦੇ ਰਾਹ 'ਤੇ ਹੈ। ਬੱਚਿਆਂ ਦੇ ਹੱਥਾਂ 'ਚ ਨਸ਼ੇ ਦੇ ਟੀਕਿਆਂ ਦਾ ਆਉਣਾ ਆਉਣ ਵਾਲੇ ਸਮੇਂ ਦੀ ਤਸਵੀਰ ਪੇਸ਼ ਕਰ ਰਿਹਾ ਹੈ, ਜੋ ਕਿ ਬਹੁਤ ਹੀ ਖੌਫਨਾਕ ਦ੍ਰਿਸ਼ ਦੀ ਪੇਸ਼ਕਾਰੀ ਹੈ ਅਤੇ ਸਰਕਾਰਾਂ ਨਸ਼ੇ ਦਾ ਲੱਕ ਤੋੜ ਦੇਣ ਜਿਹੇ ਹਵਾਈ ਕਿਲ੍ਹੇ ਲੋਕਾਂ ਸਾਹਮਣੇ ਉਸਾਰ ਰਹੀਆਂ ਹਨ।

ਪਿਛਲੇ ਦਿਨੀਂ ਇਕ ਨਸ਼ੇੜੀ ਵਿਅਕਤੀ ਨੂੰ ਨਸ਼ਾ ਛੁਡਾਊ ਕੇਂਦਰ 'ਚ ਭਰਤੀ ਕਰਾਉਣ ਲਈ ਜਾਣ ਦਾ ਸਬੱਬ ਬਣਿਆ। ਸਭ ਤੋਂ ਵੱਡੀ ਗੱਲ ਇਹ ਸਾਹਮਣੇ ਆਈ ਕਿ ਨਸ਼ਾ ਛੁਡਾਊ ਸੈਂਟਰਾਂ 'ਚ ਜਗ੍ਹਾ ਦੀ ਕਮੀ ਹੈ, ਜਿਹੜੇ ਸਰਕਾਰੀ ਅਤੇ ਅਰਧ ਸਰਕਾਰੀ ਹਨ (ਇਹ ਸਿਰਫ ਇਕ ਸ਼ਹਿਰ ਦਾ ਹਾਲ ਹੈ)। ਮੁਲਾਜ਼ਮਾਂ ਦੇ ਕਹਿਣ ਮੁਤਾਬਕ ਹਰ ਤੀਜਾ ਵਿਅਕਤੀ ਨਸ਼ੇ ਦੀ ਗ੍ਰਿਫਤ 'ਚ ਹੈ। ਨਸ਼ਾ ਛੱਡਣ ਆਏ ਵਿਅਕਤੀਆਂ ਨੂੰ ਜ਼ਿਆਦਾਤਰ ਬੁਪਰੀਨੌਰਫਿਨ ਨਾਂਅ ਦੀ ਗੋਲੀ ਦੇ ਕੇ ਨਸ਼ਾ ਛੁਡਾਉਣ ਦੀ ਯੋਜਨਾ ਦੀ ਵਰਤੋਂ ਕੀਤੀ ਜਾਂਦੀ ਹੈ, ਕੁਝ ਕੇਸਾ ਨੂੰ ਛੱਡ ਕੇ ਇਸ ਦੇ ਨਤੀਜੇ ਕੋਈ ਖਾਸ ਸਾਹਮਣੇ ਨਹੀਂ ਆ ਰਹੇ। ਕਾਰਨ ਗੋਲੀ ਦਾ ਆਸਾਨੀ ਨਾਲ ਉਪਲੱਬਧ ਹੋਣਾ ਹੈ। ਇਕ ਕਿਸਮ ਨਾਲ ਨਸ਼ੇੜੀ ਵਿਅਕਤੀ ਗੋਲੀ ਦਾ ਆਦੀ ਹੋ ਜਾਂਦਾ ਹੈ, ਗੋਲੀ ਦੀ ਮਾਤਰਾ ਹੌਲੀ-ਹੌਲੀ ਘੱਟ ਕਰਨ ਦੀ ਲੋੜ ਨਹੀਂ ਸਮਝੀ ਜਾ ਰਹੀ। ਤਕਰੀਬਨ 80 ਫ਼ੀਸਦ ਦੇ ਕਰੀਬ ਨਸ਼ੇੜੀ ਗੋਲੀ ਦੀ ਵਰਤੋਂ ਕਰਦੇ ਹਨ, ਜੋ ਕਿ ਸਮਝ ਤੋਂ ਬਾਹਰ ਦੀ ਗੱਲ ਹੈ, ਪਰ ਇਸ ਗੋਲੀ ਦੀ ਇਜਾਦ ਚਿੱਟੇ ਦੀ ਗ੍ਰਿਫਤ 'ਚ ਆਏ ਵਿਅਕਤੀ ਨੂੰ ਇਸ ਦਲਦਲ 'ਚੋਂ ਬਾਹਰ ਕੱਢਣ ਲਈ ਕੀਤੀ ਗਈ ਸੀ, ਆਪਣੇ ਮਕਸਦ 'ਚ ਕਾਮਯਾਬ ਹੋ ਰਹੀ ਹੈ?

ਨਸ਼ੇ ਦਾ ਮੁੱਦਾ ਸਿਰਫ਼ ਤੇ ਸਿਰਫ਼ ਚੁਣਾਵੀ ਮੁੱਦਾ ਬਣ ਕੇ ਰਹਿ ਗਿਆ ਹੈ। ਚੁਣਾਵੀ ਮੌਸਮ ਦੌਰਾਨ ਚੋਣ ਲੜਨ ਵਾਲੀ ਇਕ ਪਾਰਟੀ ਨਸ਼ੇ ਦੀ ਜੜ੍ਹ ਪੁੱਟਣ ਦੇ ਦਾਅਵੇ/ਵਾਅਦੇ ਕਰਦੀ ਹੈ, ਕੋਈ ਛੇ ਮਹੀਨਿਆਂ ਵਿੱਚ ਨਸ਼ੇ ਦਾ ਨਾਮੋ-ਨਿਸ਼ਾਨ ਮਿਟਾਉਣ ਦੀ ਗੱਲ ਕਰਦੀ ਹੈ ਅਤੇ ਦੂਜੀ ਚਾਰ ਹਫ਼ਤਿਆਂ 'ਚ ਨਸ਼ਾ ਖ਼ਤਮ ਕਰਨ ਦੀ ਗੱਲ ਕਰਕੇ ਵੋਟਰਾਂ ਨੂੰ ਫਸਾਉਣ ਲਈ ਆਪਣੇ-ਆਪਣੇ ਜਾਲ ਸੁੱਟਦੀਆਂ ਹਨ। ਇਹਨਾਂ ਦਾਅਵਿਆਂ/ਵਾਅਦਿਆਂ ਦੀ ਫੂਕ ਉਦੋਂ ਹੀ ਨਿਕਲ ਜਾਂਦੀ ਹੈ, ਜਦ ਲੋਕਾਂ ਦੁਆਰਾ ਚੁਣੀ ਸਰਕਾਰ ਸ਼ਰਾਬ ਦੀ ਵਿਕਰੀ ਤੋਂ ਇਕੱਠੇ ਹੋਣ ਵਾਲੇ ਮਾਲੀਏ ਨਾਲ ਸੂਬੇ ਦੀ ਆਰਥਿਕਤਾ ਦੀ ਗੱਡੀ ਨੂੰ ਲੀਹੇ ਪਾਉਣ ਦੀਆਂ ਗੱਲਾਂ ਜਨਤਾ ਸਾਹਮਣੇ ਪੇਸ਼ ਕਰਦੀ ਹੈ, ਕਿਉਂਕਿ ਸ਼ਰਾਬ ਸਰਕਾਰ ਦੀ ਨਜ਼ਰ 'ਚ ਨਸ਼ਾ ਨਹੀਂ ਹੈ। ਪਿੰਡਾਂ/ਸ਼ਹਿਰਾਂ 'ਚ ਸਰਕਾਰਾਂ ਦੇ ਕਰਿੰਦੇ ਨਸ਼ਿਆਂ ਦੀ ਸਪਲਾਈ, ਵੋਟਾਂ ਦੌਰਾਨ ਕਰਦੇ ਆਮ ਮਿਲ ਜਾਂਦੇ ਹਨ। ਇਹਨਾਂ ਨੂੰ ਸ਼ਹਿ ਕੌਣ ਦਿੰਦਾ ਹੈ? ਇਹ ਸੋਚ-ਵਿਚਾਰ ਦਾ ਹਿੱਸਾ ਹਰ ਸੁਹਿਰਦ ਪੰਜਾਬੀ ਦਾ ਹੋਣਾ ਚਾਹੀਦਾ ਹੈ।

ਵੇਲਾ ਹੱਥੋਂ ਨਿਕਲਦਾ ਜਾ ਰਿਹਾ ਹੈ, ਆਉਣ ਵਾਲੀਆਂ ਪੀੜ੍ਹੀਆਂ ਦੀ ਆਜ਼ਾਦ ਹਸਤੀ ਅਤੇ ਪੰਜਾਬ ਦੀ ਹੋਂਦ ਨੂੰ ਬਰਕਰਾਰ ਰੱਖਣ ਲਈ, "ਚੱਲ ਆਪਾਂ ਕੀ ਲੈਣਾ" ਵਾਲੀ ਬਿਰਤੀ ਤਿਆਗ ਕੇ ਅਗਲੇਰੇ ਕਦਮ ਪੁੱਟਣ ਦਾ ਹੀਲਾ ਕਰੀਏ।

 # ਸੰਪਰਕ : 99148-03345

ਕੌਰਵ ਸਭਾ

ਅਦਲੀ ਰਾਜੇ ਦਾ ਤਖਤ ਨਜ਼ਦੀਕ ਹੋ ਕੇ,
ਧੀਆਂ-ਭੈਣਾਂ ਲਈ ਸੈਂਕੜੇ ਮੀਲ ਹੋਇਆ।
ਬੋਟ ਵਿਲਕਦੇ ਅੱਖੀਆਂ ਸੁੱਜ ਗਈਆਂ,
ਨਾਲੇ ਆਲ੍ਹਣਾ ਤੀਲ ਦਰ ਤੀਲ ਹੋਇਆ।
ਮੰਜ਼ਰ ਗੰਗਾ ਕਿਨਾਰੇ ਦੇ ਸੀਨ ਵਰਗਾ,
ਨਹੀਂ ਕਦੇ ਵੀ ਕਿਸੇ ਨੂੰ ਫੀਲ ਹੋਇਆ।
ਜਿਸ ਹਾਕਮ ਨੇ ਗੈਰਤ ਨੂੰ ਹੱਥ ਪਾਇਆ,
ਵਕਤ ਦੱਸਦਾ ਬਹੁਤ ਜ਼ਲੀਲ ਹੋਇਆ।
ਸ਼ਿਸ਼ੂ ਪਾਲਾਂ ਦਾ ਵਧ ਗਿਆ ਬੋਲਬਾਲਾ,
ਰਾਜਾ ਦੇਖ ਕੇ ਇੱਕ ਦਮ ਸੀਲ ਹੋਇਆ।
ਮੀਚ ਲਈਆਂ ਨੇ ਅੱਖਾਂ ਸੁਜਾਖਿਆਂ ਨੇ,
ਕੌਰਵ ਸਭਾ 'ਚ ਦੇਸ਼ ਤਬਦੀਲ ਹੋਇਆ!

-ਗੁਲਪੁਰ

ਪਾਠਕ-ਸੱਥ

ਬਿਜਲੀ ਦੇ ਬਿੱਲ ਪੰਜਾਬੀ 'ਚ ਕਿਉਂ ਨਹੀਂ?

ਇੱਕ ਪਾਸੇ ਤਾਂ ਪੰਜਾਬ ਸਰਕਾਰ ਪੰਜਾਬੀ ਭਾਸ਼ਾ ਨੂੰ ਉਸ ਦਾ ਬਣਦਾ ਮਾਣ-ਸਤਿਕਾਰ ਦਿਵਾਉਣ ਲਈ ਵੱਡੇ-ਵੱਡੇ ਦਮਗਜੇ ਮਾਰ ਰਹੀ ਹੈ। ਹਰ ਦਫਤਰ, ਹਰ ਦੁਕਾਨ, ਅਦਾਰੇ ਦੀ ਮੁੱਖ ਤਖਤੀ ਪੰਜਾਬੀ ਭਾਸ਼ਾ ਵਿੱਚ ਲਿਖਣ ਲਈ ਜ਼ੋਰ ਦੇ ਰਹੀ ਹੈ, ਜਿਸ ਦਾ ਕੁੱਝ ਅਸਰ ਹੋਇਆ ਵੀ ਹੈ, ਪ੍ਰੰਤੂ ਕੁੱਝ ਲੋਕ ਵੀ ਇਸ ਮਸਲੇ 'ਚ ਸਰਕਾਰ ਨੂੰ ਪੂਰਨ ਸਹਿਯੋਗ ਨਹੀਂ ਦੇ ਰਹੇ। ਦੂਜੇ ਪਾਸੇ ਬਹੁਤ ਹੀ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਪੰਜਾਬ ਵਿੱਚ ਹੀ ਬਿਜਲੀ ਦੇ ਬਿੱਲ ਅਜੇ ਵੀ ਅੰਗਰੇਜ਼ੀ ਵਿੱਚ ਹੀ ਛਪ ਕੇ ਆ ਰਹੇ ਹਨ । ਕੀ ਸਰਕਾਰ ਨੂੰ ਇਸ ਬਾਰੇ ਉੱਕਾ ਹੀ ਜਾਣਕਾਰੀ ਨਹੀਂ...? ਜਾਂ ਜਾਣਬੁੱਝ ਕੇ ਸਰਕਾਰ ਵੱਲੋਂ ਇਸ ਪਾਸੇ ਧਿਆਨ ਨਹੀਂ ਦਿੱਤਾ ਜਾ ਰਿਹਾ। ਲੋੜ ਹੈ ਸਰਕਾਰ ਨੂੰ ਬਿਨਾਂ ਕਿਸੇ ਹੋਰ ਦੇਰੀ ਕੀਤੇ ਬਿਜਲੀ ਦੇ ਬਿੱਲ ਪੰਜਾਬੀ ਭਾਸਾ ਵਿੱਚ ਕਰਵਾ/ਕਰ ਦੇਣੇ ਚਾਹੀਦੇ ਹਨ।

-ਅੰਗਰੇਜ ਸਿੰਘ ਵਿੱਕੀ, 98888-70822

ਪੰਜਾਬੀ ਵਿਸ਼ਾ ਅਤੇ ਪੰਜਾਬੀ ਖਬਰਾਂ

ਪੰਜਾਬ ਦੇ ਅਨੇਕਾਂ ਪਿੰਡਾਂ ਨੂੰ ਉਜਾੜ ਕੇ ਉਹਨਾਂ ਦੀ ਹਿੱਕ 'ਤੇ ਬਣਾਈ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਬੀ.ਏ. ਪੱਧਰ ਤੱਕ ਪੰਜਾਬੀ ਵਿਸ਼ਾ ਖਤਮ ਕਰਨ ਦਾ ਫੈਸਲਾ ਬਹੁਤ ਹੀ ਘਟੀਆ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਵਿਰੋਧੀ ਹੈ। ਦੂਜੇ ਪਾਸੇ ਚੰਡੀਗੜ੍ਹ ਵਿੱਚੋਂ ਦਹਾਕਿਆਂ ਤੋਂ ਚੱਲ ਰਿਹਾ ਪੰਜਾਬੀ ਖਬਰਾਂ ਦਾ ਪ੍ਰਸਾਰਣ ਇੱਕਦਮ ਬੰਦ ਕਰ ਦੇਣਾ ਵੀ ਪੰਜਾਬ ਤੇ ਪੰਜਾਬੀ ਵਿਰੋਧੀ ਕਦਮ ਹੀ ਹੈ। ਦੋਵੇਂ ਫੈਸਲੇ ਅਸਲ ਵਿੱਚ ਪੰਜਾਬੀ ਭਾਸ਼ਾ ਨੂੰ ਨੁੱਕਰੇ ਲਗਾਉਣ ਦੀ ਮਨਸ਼ਾ ਨਾਲ ਹੀ ਅਮਲ ਵਿੱਚ ਲਿਆਂਦੇ ਗਏ ਜਾਪਦੇ ਹਨ। ਹੁਣ ਸਮੇਂ ਦੀ ਮੰਗ ਹੈ ਕਿ ਹਰ ਪੰਜਾਬੀ ਨੂੰ ਆਪਣੀ ਮਾਂ ਬੋਲੀ ਦਾ ਖੁੱਸਿਆ ਵਕਾਰ ਬਹਾਲ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨੀ ਚਾਹੀਦੀ ਹੈ।

-ਬਲਜੀਤ ਸਿੰਘ ਕੁਲਾਰ, 85588-61513

ਨਵਾਂ ਸੰਸਦ ਭਵਨ ਬਨਾਮ ਰੁਲਦੀਆਂ ਧੀਆਂ

ਐਤਵਾਰ ਨੂੰ ਦੇਸ਼ ਵਿੱਚ ਜੋ ਕੁਝ ਵਾਪਰਿਆ, ਉਹ ਦੇਖ ਕੇ ਲੱਗਦਾ ਹੈ ਕਿ ਸਾਡਾ ਦੇਸ਼ ਲੋਕਤੰਤਰ ਨਹੀਂ, ਸਗੋਂ ਰਾਜਤੰਤਰ ਹੈ। ਇਥੇ ਲੋਕਾਂ ਦੇ ਨੁਮਾਇੰਦੇ ਚੁਣ ਕੇ ਨਹੀਂ ਆਉਂਦੇ, ਸਗੋਂ ਗੁੰਡੇ ਅਤੇ ਤਾਨਾਸ਼ਾਹ ਆਉਂਦੇ ਹਨ। ਬੀਤੇ ਦਿਨ ਜਿੱਥੇ ਦੇਸ਼ ਦੇ ਪ੍ਰਧਾਨ ਮੰਤਰੀ ਦੁਆਰਾ ਨਵੀਂ ਸੰਸਦ ਦਾ ਉਦਘਾਟਨ ਕੀਤਾ ਗਿਆ, ਉਥੇ ਦੂਜੇ ਪਾਸੇ ਆਪਣੇ ਨਾਲ ਹੋਈ ਧੱਕੇਸਾਹੀ ਅਤੇ ਜ਼ਿਆਦਤੀ ਲਈ ਜੰਤਰ ਮੰਤਰ 'ਤੇ ਇਨਸਾਫ ਮੰਗਣ ਜਾ ਰਹੇ ਪਹਿਲਵਾਨਾਂ ਨੂੰ ਖਿੱਚ-ਧੂਹ ਕਰਕੇ ਗ੍ਰਿਫਤਾਰ ਕੀਤਾ ਗਿਆ। ਐਤਵਾਰ ਦਾ ਦਿਨ ਕਾਲਾ ਦਿਨ ਹੋ ਨਿਬੜਿਆ। ਬੇਟੀ ਬਚਾਓ ਬੇਟੀ ਪੜ੍ਹਾਓ ਦਾ ਨਾਅਰਾ ਹੁਣ ਦੱਸੋ ਕਿੱਥੇ ਗਿਆ। ਸਰਕਾਰਾਂ ਨੂੰ ਦੇਸ਼ ਦੀਆਂ ਸੜਕਾਂ 'ਤੇ ਰੁਲਦੀਆਂ ਧੀਆਂ ਦਿਖਾਈ ਨਹੀਂ ਦਿੰਦੀਆਂ। ਇਹ ਉਹੀ ਧੀਆਂ ਨੇ, ਜੋ ਦੇਸ਼ ਲਈ ਮੈਡਲ ਲੈ ਕੇ ਆਈਆਂ, ਜਿਹਨਾਂ ਨੇ ਵਿਦੇਸ਼ਾਂ ਵਿੱਚ ਵੀ ਮਾਪਿਆਂ ਅਤੇ ਦੇਸ਼ ਦਾ ਮਾਣ ਵਧਾਇਆ। ਜਿਸ ਤਰ੍ਹਾਂ ਕਿਸਾਨਾਂ ਨੇ ਸਰਕਾਰ ਦੇ ਤਿੰਨ ਕਾਲੇ ਖੇਤੀ ਕਾਨੂੰਨਾਂ ਖਿਲਾਫ ਇਕਜੁੱਟਤਾ ਦਿਖਾਈ ਸੀ ਤੇ ਸਰਕਾਰ ਨੂੰ ਕਾਨੂੰਨ ਵਾਪਸ ਕਰਵਾਉਣ ਲਈ ਮਜਬੂਰ ਕਰ ਦਿੱਤਾ ਸੀ, ਬਿਲਕੁਲ ਉਸੇ ਤਰ੍ਹਾਂ ਅੱਜ ਮੁੜ ਸਾਰੇ ਲੋਕਾਂ, ਸਮਾਜਿਕ ਸੰਸਥਾਵਾਂ ਅਤੇ ਜਥੇਬੰਦੀਆਂ ਨੂੰ ਲਾਮਬੰਦ ਹੋਣ ਦੀ ਲੋੜ ਹੈ ਤਾਂ ਜੋ ਦੇਸ਼ ਦੀਆਂ ਧੀਆਂ ਨੂੰ ਇਨਸਾਫ ਦਿਵਾ ਸਕੀਏ। ਅੱਜ ਇਹਨਾਂ ਧੀਆ ਨਾਲ ਧੱਕੇਸ਼ਾਹੀ ਹੋ ਰਹੀ ਹੈ, ਜੇਕਰ ਅਸੀਂ ਚੁੱਪ ਰਹੇ ਤਾਂ ਕੱਲ੍ਹ ਸਾਡੀਆਂ ਧੀਆਂ ਅਤੇ ਭੈਣਾਂ ਦੀ ਵਾਰੀ ਹੈ । ਲੱਗੀ ਕਾਲਜੇ ਜੇ ਅਜੇ ਤੇਰੇ ਛੁਰੀ ਨਹੀਂ, ਇਹ ਨਾ ਸਮਝ ਕਿ ਸ਼ਹਿਰ ਦੀ ਹਾਲਤ ਬੁਰੀ ਨਹੀਂ।

-ਰਜਵਿੰਦਰ ਪਾਲ ਸ਼ਰਮਾ, 70873-67969

ਬਾਲ ਮਜ਼ਦੂਰੀ ਦੀ ਸਮੱਸਿਆ

ਭਾਵੇਂ ਸੰਵਿਧਾਨ ਮੁਤਾਬਕ ਬਾਲ ਮਜ਼ਦੂਰੀ ਸੰਬੰਧੀ 14 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਕਿਸੇ ਕਾਰਖਾਨੇ ਜਾਂ ਕਿਸੇ ਖਤਰਨਾਕ ਫੈਕਟਰੀ ਵਿੱਚ ਕੰਮ ਕਰਨ 'ਤੇ ਪਾਬੰਦੀ ਹੈ। ਫਿਰ ਵੀ ਬਾਲ ਮਜ਼ਦੂਰੀ 'ਤੇ ਕਾਬੂ ਨਹੀਂ ਪਾਇਆ ਗਿਆ ਹੈ। ਆਮ ਤੌਰ 'ਤੇ ਛੋਟੇ ਬੱਚੇ ਢਾਬਿਆਂ 'ਤੇ ਕੰਮ ਕਰਨ, ਘਰਾਂ ਵਿੱਚ ਸਾਫ ਸਫਾਈ, ਵਾਹਨਾਂ ਦੀ ਮੁਰੰਮਤ ਕਰਦੇ ਆਮ ਦੇਖੇ ਜਾ ਸਕਦੇ ਹਨ। ਕਈ ਫੈਕਟਰੀਆਂ ਵਿੱਚ ਵੀ ਅਜਿਹੇ ਬੱਚੇ ਮਜ਼ਦੂਰੀ ਕਰਦੇ ਹਨ। ਫੈਕਟਰੀ ਮਾਲਕ ਅਜਿਹੇ ਬੱਚਿਆਂ ਦੀ ਮਜਬੂਰੀ ਦਾ ਫਾਇਦਾ ਉਠਾਉਂਦੇ ਹਨ। ਉਹਨਾਂ ਨੂੰ ਪੈਸੇ ਵੀ ਬਹੁਤ ਘੱਟ ਦਿੰਦੇ ਹਨ। ਜਿਹੜੇ ਬੱਚਿਆਂ ਦੀ ਸਕੂਲ ਜਾਣ ਦੀ ਉਮਰ, ਖੇਡਣ ਦੀ ਉਮਰ ਇੱਛਾਵਾਂ, ਸੱਧਰਾਂ, ਉਨ੍ਹਾਂ ਨੂੰ ਗਰੀਬੀ ਕਾਰਨ ਫੈਕਟਰੀਆਂ ਵਿੱਚ ਲੋੜ ਤੋਂ ਵੱਧ ਕੰਮ ਕਰਨਾ ਪੈਂਦਾ ਹੈ। ਜੇ ਅਜਿਹੇ ਵਿਚ ਬੱਚਿਆਂ ਕੋਲੋਂ ਕੋਈ ਗਲਤੀ ਵੀ ਹੋ ਜਾਵੇ ਤਾਂ ਉਨ੍ਹਾਂ ਨੂੰ ਕੁੱਟਿਆ ਵੀ ਜਾਂਦਾ ਹੈ। ਬੱਚਿਆਂ ਦਾ ਹਰ ਪੱਖੋਂ ਸ਼ੋਸ਼ਣ ਹੁੰਦਾ ਹੈ । ਫੈਕਟਰੀ ਮਾਲਕਾਂ ਨੂੰ ਪਤਾ ਹੈ ਕਿ ਇਹ ਫੈਕਟਰੀ ਖਿਲਾਫ਼ ਧਰਨਾ ਨਹੀਂ ਦੇ ਸਕਦੇ। ਹਾਲਾਂਕਿ ਗਰੀਬ ਬੱਚਿਆਂ ਲਈ ਸਕੂਲਾਂ ਵਿੱਚ ਮਿਡ ਡੇ ਮੀਲ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਸਕੂਲਾਂ ਵਿੱਚ ਬੱਚਿਆਂ ਨੂੰ ਬਹੁਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ, ਤਾਂ ਜੋ ਉਹ ਪੜ੍ਹ-ਲਿਖ ਜਾਣ, ਪਰ ਅਜਿਹੀਆਂ ਸਹੂਲਤਾਂ ਦਾ ਲਾਭ ਗਿਣਤੀ ਦੇ ਲੋਕ ਹੀ ਲੈ ਰਹੇ ਹਨ। ਅੱਜ ਦੇਸ਼ ਦੇ ਹਰ ਸੂਬੇ ਵਿੱਚ ਬਾਲ ਮਜਦੂਰੀ ਦੇ ਖਾਤਮੇ ਲਈ ਕਾਨੂੰਨ ਬਣੇ ਹਨ, ਪਰ ਲਾਗੂ ਨਹੀਂ ਹੁੰਦੇ। ਅੱਜ ਅਸਲੀਅਤ ਇਹ ਹੈ ਕਿ ਸਕੂਲੀ ਉਮਰ ਦੇ ਬਹੁਤ ਸਾਰੇ ਬੱਚੇ ਜੋਖਮ ਭਰਿਆ ਕੰਮ ਕਰ ਰਹੇ ਹਨ। ਅੱਜ ਸਰਕਾਰਾਂ ਨੂੰ ਗੰਭੀਰਤਾ ਨਾਲ ਵਿਚਾਰ ਕਰਨ ਦੀ ਲੋੜ ਹੈ ਕਿ ਅਜਿਹੇ ਬੱਚੇ ਖਤਰਨਾਕ ਮਾਹੌਲ ਵਿਚ ਕੋਈ ਕੰਮ ਨਾ ਕਰਨ। ਸੋ ਬਾਲ ਮਜ਼ਦੂਰੀ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ।

-ਸੰਜੀਵ ਸਿੰਘ ਸੈਣੀ, ਮੋਹਾਲੀ

ਅੱਖਰ/ਸ਼ਬਦਾਂ ਦਾ ਆਕਾਰ ਮੋਟਾ ਕਰੋ

ਪੁਰਾਣੇ ਸਮੇਂ ਦੀਆਂ ਲਿਖਤਾਂ/ਕਿਤਾਬਾਂ ਦੇ ਸ਼ਬਦ ਬਹੁਤ ਮੋਟੇ ਹੁੰਦੇ ਸਨ, ਜਿਨ੍ਹਾਂ ਨੂੰ ਬਹੁਤ ਹੀ ਆਸਾਨੀ ਨਾਲ ਪੜ੍ਹਿਆ/ਵੇਖਿਆ ਜਾ ਸਕਦਾ ਸੀ। ਉਸ ਸਮੇਂ ਕਿਤਾਬ ਨੂੰ ਕਾਫੀ ਦੂਰੀ ਤੋਂ ਵੀ ਬਿਨਾਂ ਕਿਸੇ ਐਨਕ ਦੇ ਆਸਾਨੀ ਨਾਲ ਪੜ੍ਹਿਆ ਜਾ ਸਕਦਾ ਸੀ, ਪ੍ਰੰਤੂ ਅੱਜ-ਕੱਲ੍ਹ ਜ਼ਿਆਦਾ ਕਰਕੇ ਅਖਬਾਰਾਂ, ਰਸਾਲਿਆਂ ਅਤੇ ਕਿਤਾਬਾਂ ਦੇ ਸ਼ਬਦਾਂ ਦਾ ਆਕਾਰ ਬਹੁਤ ਜ਼ਿਆਦਾ ਛੋਟਾ/ ਨਿੱਕਾ ਕਰ ਦਿੱਤਾ ਗਿਆ ਹੈ, ਜਿਸ ਕਰਕੇ ਹਰ ਕਿਸੇ ਨੂੰ ਅੱਖਾਂ ਦੇ ਬਹੁਤ ਨੇੜੇ ਕਰਕੇ ਪੜ੍ਹਨਾ ਪੈਂਦਾ ਹੈ। ਇਸੇ ਕਰਕੇ ਹੀ ਨਿੱਕੇ-ਨਿੱਕੇ ਬੱਚਿਆਂ ਦੇ ਵੀ ਐਨਕਾਂ ਲੱਗ ਚੁੱਕੀਆਂ ਹਨ। ਸਾਰੇ ਅਖਬਾਰਾਂ, ਰਸਾਲਿਆਂ ਅਤੇ ਕਿਤਾਬਾਂ ਵਾਲਿਆਂ ਨੂੰ ਸਮਾਜ ਦੀ ਤੰਦਰੁਸਤੀ ਲਈ ਇਸ ਪਾਸੇ ਪਹਿਲ ਕਰਦੇ ਹੋਏ ਸ਼ਬਦਾਂ ਦਾ ਆਕਾਰ ਮੋਟਾ/ਵੱਡਾ ਕਰਨਾ ਚਾਹੀਦਾ ਹੈ। ਸਰਕਾਰ ਨੂੰ ਵੀ ਇੱਕ ਸ਼ਬਦ ਛਪਾਈ ਲਈ ਆਕਾਰ ਨਿਰਧਾਰਤ ਕਰਨਾ ਚਾਹੀਦਾ ਹੈ।

-ਅੰਗਰੇਜ ਸਿੰਘ ਵਿੱਕੀ, 98888-70822

2-JUNE-PAGE-5.qxd 6/1/2023 10:22 PM Page 1

ਭਲਵਾਨਾਂ ਦੀ ਹਮਾਇਤ 'ਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੁਤਲੇ ਫੂਕ ਪ੍ਰਦਰਸ਼ਨ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)

ਜਿਨਸੀ ਸ਼ੋਸ਼ਣ ਦੇ ਮੁਲਜ਼ਮ ਭਾਜਪਾ ਆਗੂ ਬ੍ਰਿਜ ਭੂਸ਼ਨ ਦੀ ਗ੍ਰਿਫ਼ਤਾਰੀ ਦੀ ਮੰਗ ਲਈ ਦਿੱਲੀ ਵਿੱਚ ਪ੍ਰਦਰਸ਼ਨ ਕਰ ਰਹੀਆਂ ਮਹਿਲਾ ਪਹਿਲਵਾਨਾਂ 'ਤੇ ਦਿੱਲੀ ਪੁਲਸ ਵੱਲੋਂ ਤਸ਼ੱਦਦ ਕਰਨ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਸੰਗਰੂਰ ਦਾਣਾ ਮੰਡੀ ਵਿਖੇ ਇਕੱਠੇ ਹੋ ਕੇ ਕਿਸਾਨ

ਜਥੇਬੰਦੀਆਂ ਨੇ ਡੀ ਸੀ ਦਫਤਰ ਤੱਕ ਰੋਸ ਮੁਜ਼ਾਹਰਾ ਕਰਦੇ ਹੋਏ ਬ੍ਰਿਜ ਭੂਸ਼ਨ ਦਾ ਪੁਤਲਾ ਫੂਕ ਕੇ ਮੁਲਜ਼ਮ ਨੂੰ ਗ੍ਰਿਫਤਾਰ ਕਰਨ, ਪਹਿਲਵਾਨਾਂ 'ਤੇ ਪਾਏ ਝੂਠੇ ਪਰਚੇ ਰੱਦ ਕਰਨ ਦੀ ਮੰਗ ਕੀਤੀ। ਅੱਜ ਦੇ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸਵਰਨ ਸਿੰਘ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਆਗੂ ਅਮਰੀਕ ਸਿੰਘ ਕਾਂਝਲਾ, ਬੀਕੇਯੂ ਡਕੌਂਦਾ ਦੇ ਆਗੂ ਮੇਵਾ ਸਿੰਘ ਦੁੱਗਾਂ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਦੇ ਮੁਹੰਮਦ ਖਲੀਲ, ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਵਰਨਜੀਤ ਸਿੰਘ, ਪੰਜਾਬ ਜਮਹੂਰੀ ਮੋਰਚੇ ਦੇ ਆਗੂ ਬਹਾਲ ਸਿੰਘ ਬੇਨੜਾ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾ ਮੀਤ ਪ੍ਰਧਾਨ ਰਘਬੀਰ ਸਿੰਘ ਭਵਾਨੀਗੜ੍ਹ ਨੇ ਕਿਹਾ ਕਿ

ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਪਹਿਲਵਾਨ ਧੀਆਂ ਨੂੰ ਇਨਸਾਫ ਦਿਵਾਉਣ ਲਈ ਕਿਸਾਨ ਜਥੇਬੰਦੀਆਂ ਵੱਲੋਂ ਤਹਿਸੀਲ ਕੰਪਲੈਕਸ ਧਰਮਕੋਟ ਦੇ ਸਾਹਮਣੇ ਕੇਂਦਰ ਸਰਕਾਰ ਦੇ ਪੁਤਲੇ ਨੂੰ ਅੱਗ ਲਾਉਂਦੇ ਹੋਏ ਸਾਥੀ ਸੂਰਤ ਸਿੰਘ ਧਰਮਕੋਟ। (ਫੋਟੋ ਤੇ ਵੇਰਵਾ : ਅਮਰਜੀਤ ਬੱਬਰੀ, ਮੋਗਾ)

ਬੀਜੇਪੀ ਹਕੂਮਤ ਲਗਾਤਾਰ ਆਪਣੇ ਫਾਸ਼ੀਵਾਦੀ ਅਜੰਡੇ ਨੂੰ ਲਾਗੂ ਕਰਦਿਆਂ ਘੱਟ ਗਿਣਤੀਆਂ, ਔਰਤਾਂ 'ਤੇ ਜ਼ੁਲਮ ਕਰ ਰਹੀ ਹੈ, ਇਸ ਦੇ ਸੰਸਦ ਮੈਂਬਰ ਬ੍ਰਿਜ ਭੂਸ਼ਨ 'ਤੇ ਜਿਨਸੀ ਸ਼ੋਸ਼ਣ ਦੇ ਦੋਸ਼ ਲੱਗੇ ਹੋਣ ਦੇ ਬਾਵਜੂਦ ਉਸ ਨੂੰ ਅਹੁਦਿਆਂ ਨਾਲ ਨਿਵਾਜਿਆ ਜਾ ਰਿਹਾ ਹੈ ਤੇ ਪੀੜਤ ਮਹਿਲਾਵਾਂ 'ਤੇ ਅੱਤਿਆਚਾਰ ਕੀਤਾ ਜਾ ਰਿਹਾ ਹੈ। ਦੇਸ਼ ਦੇ ਲੋਕ ਧਰਮ ਨਿਰਪੱਖ ਤੇ ਬਰਾਬਰਤਾ ਵਾਲਾ ਸਮਾਜ ਚਾਹੁੰਦੇ ਹਨ, ਇਸ ਤਰ੍ਹਾਂ ਦੀ ਗੁੰਡਾਗਰਦੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਆਉਣ ਵਾਲੇ ਦਿਨਾਂ 'ਚ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ। ਆਗੂਆਂ ਨੇ ਆਉਣ ਵਾਲੀ 5 ਜੂਨ ਨੂੰ ਪਿੰਡ ਪਿੰਡ ਬ੍ਰਿਜ ਭੂਸ਼ਨ ਦੇ ਪੁਤਲੇ ਫੂਕਣ ਦਾ ਸੱਦਾ ਦਿੱਤਾ। ਰੋਸ ਧਰਨੇ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ, ਕੁਲਦੀਪ ਸਿੰਘ, ਦਰਸ਼ਨ ਸਿੰਘ ਕੁੰਨਰਾਂ, ਤਰਕਸ਼ੀਲ ਸੁਸਾਇਟੀ ਦੇ ਆਗੂ ਮਾਸਟਰ ਪਰਮ ਵੇਦ, ਸੀਤਾ ਰਾਮ ਨੇ ਵੀ ਸੰਬੋਧਨ ਕੀਤਾ।

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ) : ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਲੀ ਦੇ ਜੰਤਰ ਮੰਤਰ ਵਿਖੇ ਜਿਨਸੀ ਸ਼ੋਸ਼ਣ ਵਿਰੁੱਧ ਸੰਘਰਸ਼ ਕਰਦੀਆਂ ਪਹਿਲਵਾਨ ਕੁੜੀਆਂ ਉਪਰ 28 ਮਈ ਨੂੰ ਹੋਏ ਤਸ਼ੱਦਦ ਖਿਲਾਫ ਰੋਸ ਪ੍ਰਦਰਸ਼ਨ ਕਰਨ ਦੇ ਸੱਦੇ 'ਤੇ ਇਥੇ ਵੱਖ ਵੱਖ ਕਿਸਾਨ ਜਥੇਬੰਦੀਆਂ, ਜਿਸ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਪੈਨਸ਼ਨਰ ਐਸੋਸੀਏਸ਼ਨ, ਕੁੱਲ ਹਿੰਦ ਕਿਸਾਨ ਸਭਾ, ਸਰਬ ਭਾਰਤ ਨੌਜਵਾਨ ਸਭਾ ਆਦਿ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ ਅਤੇ ਐੱਸ ਡੀ ਐੱਮ ਗੁਰੂ ਹਰਸਹਾਏ ਰਾਹੀਂ ਦੇਸ਼ ਦੀ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ ਨੂੰ ਇੱਕ ਮੰਗ ਪੱਤਰ ਵੀ ਭੇਜਿਆ ਗਿਆ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਕਰਾਂਤੀਕਾਰੀ ਕਿਸਾਨ ਯੂਨੀਅਨ ਦੀ ਆਗੂ ਪ੍ਰਵੀਨ ਰਾਣੀ ਬਾਜੇ ਕੇ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਭਗਵਾਨ ਦਾਸ ਬਹਾਦਰ ਕੇ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਨਰੇਸ਼ ਕੁਮਾਰ ਸੇਠੀ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਆਦਿ ਨੇ ਕੀਤੀ। ਇਸ ਮੌਕੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਪਹਿਲਵਾਨ ਕੁੜੀਆਂ ਦੇ ਹੋਏ ਜਿਨਸੀ ਸ਼ੋਸ਼ਣ ਤੇ ਸੰਘਰਸ਼ ਕਰਦੀਆਂ ਪਹਿਲਵਾਨ ਕੁੜੀਆਂ 'ਤੇ ਕੀਤੇ ਤਸ਼ੱਦਦ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਆਗੂਆਂ ਨੇ ਪਹਿਲਵਾਨ ਕੁੜੀਆਂ ਦੇ ਸੰਘਰਸ਼ ਨੂੰ ਹਮਾਇਤ ਕਰਦਿਆਂ ਕਿਹਾ ਕਿ ਪਹਿਲਵਾਨ ਕੁੜੀਆਂ ਨੇ ਆਪਣੀ ਅਣਥਕ ਮਿਹਨਤ ਸਦਕਾ ਪੂਰੀ ਦੁਨੀਆ ਵਿੱਚ ਦੇਸ਼ ਦਾ ਨਾਮ ਉੱਚਾ ਕੀਤਾ ਹੈ, ਪਰ ਮੋਦੀ ਸਰਕਾਰ ਆਪਣੇ ਇਕ ਬਦਚਲਣ ਤੇ ਭ੍ਰਿਸ਼ਟ ਮੰਤਰੀ ਨੂੰ ਬਚਾਉਣ ਲਈ ਪਹਿਲਵਾਨ ਕੁੜੀਆਂ 'ਤੇ ਤਸ਼ੱਦਦ ਕਰ ਰਹੀ ਹੈ। ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ। ਆਗੂਆਂ ਨੇ ਅੱਗੇ ਚੇਤਾਵਨੀ ਦਿੰਦਿਆਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਪਹਿਲਵਾਨ ਕੁੜੀਆਂ ਨੂੰ ਇਨਸਾਫ ਦੁਆਉਣ ਤੱਕ ਹਮਾਇਤ ਕਰਦਾ ਰਹੇਗਾ ਤੇ ਸੰਘਰਸ਼ ਜਾਰੀ ਰੱਖੇਗਾ। ਇਸ ਮੌਕੇ ਉਨ੍ਹਾਂ ਨਾਲ ਜਸਵਿੰਦਰ ਸਿੰਘ, ਅੰਗਰੇਜ਼ ਸਿੰਘ, ਪ੍ਰਤਾਪ ਸਿੰਘ ਤੇ ਬਲਵਿੰਦਰ ਸਿੰਘ, ਹਾਜ਼ਰ ਸਨ।

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਦਿੱਲੀ ਦੇ ਜੰਤਰ ਮੰਤਰ ਭਵਨ ਦੇ ਬਾਹਰ ਧਰਨਾ ਦੇ ਰਹੀ ਮਹਿਲਾ ਪਹਿਲਵਾਨਾਂ ਤੇ ਹੋਰ ਖਿਡਾਰੀਆਂ 'ਤੇ ਬੀਤੇ ਦਿਨ ਹੋਈ ਧੱਕੇਸ਼ਾਹੀ ਦੇ ਵਿਰੋਧ ਵਿੱਚ ਫਿਰੋਜ਼ਪੁਰ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਡੀ ਸੀ ਦੇ ਬਾਹਰ ਅਰਥੀ ਫੂਕ ਪ੍ਰਦਰਸ਼ਨ ਕੀਤਾ ਤੇ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਕੌਮੀ ਤਮਗਾ ਜੇਤੂ ਪਹਿਲਵਾਨਾਂ ਦੀ ਹੋ ਰਹੀ ਧੱਕੇਸ਼ਾਹੀ ਨੂੰ ਬੰਦ ਕਰਵਾਉਣ ਤੇ ਉਨ੍ਹਾਂ ਦੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਰਾਸ਼ਟਰਪਤੀ ਦੇ ਨਾਂਅ ਇੱਕ ਮੰਗ ਪੱਤਰ ਡੀ ਸੀ ਫਿਰੋਜ਼ਪੁਰ ਨੂੰ ਸੌਂਪਿਆ।ਇਸ ਮੌਕੇ ਯੂਨੀਅਨ ਆਗੂ ਨਿਰਮਲ ਸਿੰਘ, ਹਰਮੰਦਰ ਸਿੰਘ, ਰਾਜਵੀਰ ਸਿੰਘ, ਮੇਹਰ ਸਿੰਘ ਤੇ ਹੋਰਨਾਂ ਨੇ ਕਿਹਾ ਕਿ ਮਹਿਲਾ ਪਹਿਲਵਾਨ ਖਿਡਾਰੀਆਂ ਨਾਲ ਸ਼ੋਸ਼ਣ ਕਰਨ ਵਾਲੇ ਬ੍ਰਿਜ ਭੂਸ਼ਨ ਸ਼ਰਨ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ, ਖਿਡਾਰੀਆਂ 'ਤੇ ਤਸ਼ੱਦਦ ਕਰਨ ਵਾਲੇ ਪੁਲਸ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ, ਧਰਨਾਕਾਰੀਆਂ 'ਤੇ ਝੂਠੇ ਕੇਸ ਰੱਦ ਕੀਤੇ ਜਣ।

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ, ਬਲਵਿੰਦਰ ਸਿੰਘ ਵਜੀਦਕੇ) : ਭਾਰਤੀ ਕਿਸਾਨ ਯੂਨੀਅਨ ਡਕੌਂਦਾ ਧਨੇਰ ਗਰੁੱਪ ਵੱਲੋਂ ਭਾਰਤੀ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਯੁਕਤ ਮੋਰਚੇ ਦੇ ਸੱਦੇ ਉਪਰ ਪਹਿਲਵਾਨ ਲੜਕੀਆਂ ਨੂੰ ਇਨਸਾਫ ਦਿਵਾਉਣ ਤੇ ਕੁਸ਼ਤੀ ਪ੍ਰਧਾਨ ਨੂੰ ਗ੍ਰਿਫਤਾਰ ਕਰਵਾਉਣ ਨੂੰ ਲੈ ਕੇ ਦਾਣਾ ਮੰਡੀ ਮਹਿਲ ਕਲਾਂ ਤੋਂ ਇਕ ਰੋਸ ਮਾਰਚ ਕਰਕੇ ਬੱਸ ਸਟੈਂਡ ਮਹਿਲ ਕਲਾਂ ਵਿਖੇ ਕੇਂਦਰ ਸਰਕਾਰ ਦੀ ਅਰਥੀ ਫੂਕ ਮੁਜ਼ਾਹਰਾ ਕਰਕੇ ਪਹਿਲਵਾਨ ਕੁੜੀਆਂ ਨੂੰ ਇਨਸਾਫ ਦੇਣ ਦੀ ਮੰਗ ਕੀਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਧਨੇਰ ਗਰੁੱਪ ਦੇ ਜ਼ਿਲ੍ਹਾ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਬਲਾਕ ਪ੍ਰਧਾਨ ਨਾਨਕ ਸਿੰਘ, ਅਮਨਦੀਪ ਰਾਏਸਰ ਤੋਂ ਇਲਾਵਾ ਗੁਰਦੇਵ ਸਿੰਘ ਮਾਂਗੇਵਾਲ, ਨਿਰਮਲ ਚੁਹਾਣਕੇ, ਡਾ. ਅਮਰਜੀਤ ਕੱਕੂ, ਜਗਰੂਪ ਸਿੰਘ ਗਹਿਲ, ਕੁਲਵੀਰ ਸਿੰਘ ਠੀਕਰੀਵਾਲ, ਹਰਜੀਤ ਖਿਆਲੀ, ਅਵਤਾਰ ਸਿੰਘ ਚੀਮਾਂ, ਡਾ. ਹਰਬੰਸ

ਸਿੰਘ ਗੁਰਮਾ ਵਾਲੇ, ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਮਰਜੀਤ ਸਿੰਘ ਮਹਿਲ ਕਲਾਂ ਨੇ ਮੰਗ ਕੀਤੀ ਕਿ ਕੁਸ਼ਤੀ ਪਹਿਲਵਾਨਾਂ ਨੂੰ ਇਨਸਾਫ ਦਿੱਤਾ ਜਾਵੇ, ਨਹੀਂ ਤਾਂ ਸੰਘਰਸ਼ ਤੇਜ ਕੀਤਾ ਜਾਵੇਗਾ।

ਪਾਇਲ (ਪੱਤਰ ਪ੍ਰੇਰਕ) : ਸੰਸਦ ਦੀ ਨਵੀਂ ਇਮਾਰਤ ਦੇ ਉਦਘਾਟਨ ਦੌਰਾਨ ਮਾਰਚ ਕਰਨ ਦੀ ਕੋਸ਼ਿਸ਼ ਸਮੇਂ ਦਿੱਲੀ ਦੇ ਜੰਤਰ ਮੰਤਰ ਤੇ ਪਹਿਲਵਾਨਾਂ ਨਾਲ ਕੀਤੀ ਗਈ ਵਧੀਕੀ ਖਿਲਾਫ ਸਯੁੰਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ ਧਰਨਾ ਦਿੱਤਾ ਗਿਆ, ਜਿਸ 'ਚ ਆਂਗਨਵਾੜੀ ਯੂਨੀਅਨ ਦੀਆਂ ਆਗੂਆਂ ਤੇ ਔਰਤਾਂ ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਧਰਨੇ ਉਪ੍ਰੰਤ ਐੱਸ.ਡੀ.ਐੱਮ. ਜਸਲੀਨ ਕੌਰ ਭੁੱਲਰ ਰਾਹੀਂ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਸ਼੍ਰੀਮਤੀ ਦਰੋਪਦੀ ਮੁਰਮੂ ਨੂੰ ਸੰਸਦ ਬਿਰਜ ਭੂਸ਼ਣ ਖਿਲਾਫ ਤੇਜ਼ੀ ਨਾਲ ਕਾਨੂੰਨੀ ਕਾਰਵਾਈ ਤੇ ਗ੍ਰਿਫਤਾਰੀ ਕਰਨ ਲਈ ਮੰਗ ਪੱਤਰ ਭੇਜਿਆ ਗਿਆ। ਇਸ ਤੋਂ ਪਹਿਲਾਂ ਇਕੱਤਰ ਜਥੇਬੰਦੀਆਂ ਦੇ ਆਗੂਆਂ ਦਾ ਪੁਤਲਾ ਫੂਕਿਆ ਗਿਆ। ਧਰਨੇ ਨੂੰ ਕੁੱਲ ਹਿੰਦ ਕਿਸਾਨ ਸਭਾ-1936 ਦੇ ਜਸਵੀਰ ਝੱਜ, ਜੰਗ ਸਿੰਘ ਸਿਰਥਲਾ, ਬੀ.ਕੇ.ਯੂ. ਕਿਸਾਨ ਸਭਾ ਪੰਜਾਬ ਦੇ ਜਗਜੀਤ ਸਿੰਘ ਜੱਗੀ, ਸੁਖਦੇਵ ਸਿੰਘ ਕਿਸਾਨ ਆਗੂ ਬੀ.ਕੇ.ਯੂ. ਡਕੌਂਦਾ, ਤਰਨਜੀਤ ਸਿੰਘ ਕੁਹਲੀ ਕਿਸਾਨ ਆਗੂ ਬੀ.ਕੇ.ਯੂ. ਡਕੌਂਦਾ, ਮਨੂੰ ਬੁਆਣੀ (ਇਪਟਾ), ਆਂਗਨਵਾੜੀ ਵਰਕਰ ਭਿੰਦਰ ਕੌਰ ਗੋਸਲ ਨੇ ਸੰਬੋਧਨ ਕੀਤਾ। ਕਿਸਾਨ ਆਗੂਆਂ ਤੇ ਮਹਿਲਾ ਆਗੂਆਂ ਵੱਲੋਂ ਭਾਜਪਾ ਦੀ ਕੇਂਦਰ ਸਰਕਾਰ ਤੇ ਫੈਡਰੇਸ਼ਨ ਮੁਖੀ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਆਂਗਨਵਾੜੀ ਪ੍ਰਧਾਨ ਸੁਨੀਤਾ ਰਾਣੀ, ਬੇਅੰਤ ਕੌਰ ਜੈਪੁਰਾ, ਹਰਦੀਪ ਕੌਰ ਬਿਸ਼ਨਪੁਰਾ, ਗਮਦੂਰ ਸਿੰਘ ਬੁਆਣੀ, ਬਲਵਿੰਦਰ ਸਿੰਘ ਨਿਜ਼ਾਮਪੁਰ, ਜੱਗੀ ਨਿਜ਼ਾਮਪੁਰ, ਬੇਅੰਤ ਸਿੰਘ, ਦਲਜੀਤ ਸਿੰਘ, ਗੁਰਮੇਲ ਸਿੰਘ ਮੇਲੀ, ਭਜਨ ਸਿੰਘ ਬੁਆਣੀ, ਜੱਸਾ ਬਿਲਗਾ, ਦਿਲਪਰੀਤ ਸਿੰਘ, ਲਾਡੀ ਬੁਆਣੀ ਤੇ ਤਪਿੰਦਰ ਬੁਆਣੀ ਆਦਿ ਹਾਜ਼ਰ ਸਨ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) : ਦਿੱਲੀ ਦੇ ਜੰਤਰ ਮੰਤਰ ਵਿਖੇ ਜਿਨਸੀ ਸ਼ੋਸ਼ਣ ਦੀਆਂ ਸ਼ਿਕਾਰ ਮਹਿਲਾ ਪਹਿਲਵਾਨਾਂ ਦੇ ਹੱਕ 'ਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਕਿਸਾਨ ਜਥੇਬੰਦੀਆਂ ਵੱਲੋਂ ਅਨਾਜ ਮੰਡੀ ਪਾਤੜਾਂ ਵਿਖੇ ਰੋਸ ਭਰਭੂਰ ਰੈਲੀ ਕਰਨ ਮਗਰੋਂ ਸ਼ਹਿਰ ਦੇ ਬਾਜ਼ਾਰਾਂ ਵਿੱਚ ਰੋਸ ਮਾਰਚ ਕੱਢਿਆ ਗਿਆ। ਉਪਰੰਤ ਕਿਸਾਨ ਜਥੇਬੰਦੀਆਂ ਦੇ ਕਾਰਕੁਨਾਂ ਨੇ ਤਹਿਸੀਲ ਕੰਪਲੈਕਸ ਪਾਤੜਾਂ ਵਿਖੇ ਪਹੁੰਚ ਕੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਦਾ ਪੁਤਲਾ ਸਾੜਨ ਮਗਰੋਂ ਰਾਸ਼ਟਰਪਤੀ ਦੇ ਨਾਂਅ ਮੰਗ-ਪੱਤਰ ਨਾਇਬ ਤਹਿਸੀਲਦਾਰ ਪਾਤੜਾਂ ਭੀਮ ਸੈਨ ਨੂੰ ਸੌਂਪਿਆ। ਰੋਸ ਪ੍ਰਦਰਸ਼ਨ ਦੌਰਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ, ਬੀਕੇਯੂ ਏਕਤਾ ਆਜ਼ਾਦ, ਕਿਰਤੀ ਕਿਸਾਨ ਯੂਨੀਅਨ ਨੌਜਵਾਨ ਭਾਰਤ ਸਭਾ ਤੇ ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਦੇ ਵਰਕਰ ਸ਼ਾਮਲ ਸਨ।

ਮੋਗਾ (ਅਮਰਜੀਤ ਬੱਬਰੀ) : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੋਗਾ 2 ਤੇ ਬਲਾਕ ਧਰਮਕੋਟ ਦੇ ਕਿਸਾਨਾਂ ਨੇ ਡਿਪਟੀ ਕਮਿਸ਼ਨਰ ਦੇ ਦਫਤਰ ਅੱਗੇ ਧਰਨਾ ਦਿੱਤਾ। ਧਰਨੇ ਉਪਰੰਤ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਂਦੇ, ਜ਼ਿਲ੍ਹਾ ਜਨਰਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ ਤੇ ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ ਨੇ ਰਾਸ਼ਟਰਪਤੀ ਦੇ ਨਾਂਅ ਡਿਪਟੀ ਕਮਿਸ਼ਨਰ ਮੋਗਾ ਰਾਹੀਂ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਪਹਿਲਵਾਨ ਖਿਡਾਰਨਾਂ ਦਾ ਜਿਨਸੀ ਸ਼ੋਸ਼ਣ ਕਰਨ ਦੇ ਦੋਸ਼ੀ ਬਿਜ ਭੂਸ਼ਨ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ, ਖਿਡਾਰਨਾਂ ਦੇ ਸ਼ਾਂਤਮਈ ਰੋਸ ਪ੍ਰਦਰਸ਼ਨ ਨੂੰ ਖਿੰਡਾਉਣ ਲਈ ਉਨ੍ਹਾਂ ਉਪਰ ਅਣਮਨੁੱਖੀ ਤਸ਼ੱਦਦ ਢਾਹੁਣ ਦੇ ਦੋਸ਼ੀ ਪੁਲਸ ਅਧਿਕਾਰੀਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਧਰਨਾਕਾਰੀਆਂ ਉਤੇ ਮੜ੍ਹੇ ਝੂਠੇ ਪੁਲਸ ਕੇਸ ਰੱਦ ਕੀਤੇ ਜਾਣ ਤੇ ਉਨ੍ਹਾਂ ਦਾ ਚੁੱਕਿਆ ਗਿਆ ਟੈਂਟ ਤੇ ਹੋਰ ਸਾਮਾਨ ਤੁਰੰਤ ਵਾਪਸ ਕੀਤਾ ਜਾਵੇ, ਜੰਤਰ ਮੰਤਰ ਜਨਤਕ ਮੈਦਾਨ 'ਚ ਸ਼ਾਂਤਮਈ ਜਨਤਕ ਰੋਸ ਪ੍ਰਦਰਸ਼ਨ ਕਰਨ ਦਾ ਸੰਵਿਧਾਨਕ ਜਮਹੂਰੀ ਅਧਿਕਾਰ ਬਹਾਲ ਕੀਤਾ ਜਾਵੇ। ਧਰਨੇ ਨੂੰ ਉਪਰਕਤ ਤੋਂ ਬਿਨਾਂ ਗੁਰਦੇਵ ਸਿੰਘ ਕਿਸ਼ਨਪੁਰਾ, ਇਕਬਾਲ ਸਿੰਘ ਸਿੰਘਾਂਵਾਲਾ, ਜਸਵਿੰਦਰ ਸਿੰਘ ਛਿੰਦਾ ਘੋਲ ਕਲਾਂ, ਜਗਰਾਜ ਸਿੰਘ ਦੱਦਾਹੂਰ, ਸੁਰਜੀਤ ਸਿੰਘ ਦੁਨੇਕੇ, ਗੁਰਦੇਵ ਸਿੰਘ ਵਰ੍ਹੇ, ਨਿਰਮਲ ਸਿੰਘ ਵਰ੍ਹੇ, ਗੁਰਮੇਲ ਕੌਰ, ਮਨਜੀਤ ਕੌਰ ਤੇ ਕਪਤਾਨ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ, ਔਰਤ ਵਿੰਗ ਦੇ ਜ਼ਿਲ੍ਹਾ ਕਨਵੀਨਰ ਛਿੰਦਰਪਾਲ ਕੌਰ ਰੋਡੇ ਖੁਰਦ, ਨੌਜਵਾਨ ਭਾਰਤ ਸਭਾ ਦੇ ਸੂਬਾਈ ਆਗੂ ਕਰਮਜੀਤ ਸਿੰਘ ਮਾਣੂੰਕੇ, ਕੁੱਲ ਹਿੰਦ ਸਭਾ ਦੇ ਸੂਰਤ ਸਿੰਘ ਧਰਮਕੋਟ, ਬੀਕੇਯੂ ਕਾਦੀਆ ਦੇ ਨਿਰਮਲ ਸਿੰਘ ਮਾਣੂੰਕੇ, ਬੀਕੇਯੂ ਪੰਜਾਬ ਦੇ ਜ਼ਿਲ੍ਹਾ ਯੂਥ ਪ੍ਰਧਾਨ ਸੁੱਖ ਗਿੱਲ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਮੰਗਾ ਸਿੰਘ ਵੈਰੋਕੇ, ਡਾਕਟਰ ਕੁਲਦੀਪ ਸਿੰਘ, ਡਾਕਟਰ ਹਰਗੁਰਪ੍ਰਤਾਪ ਸਿੰਘ ਕੁਸ਼ਤੀ ਅਖਾੜਾ ਦੇ ਪ੍ਰਧਾਨ, ਡਾ: ਮਾਲਤੀ ਥਾਪਰ ਸਾਬਕਾ ਮੰਤਰੀ, ਡਾ: ਪਵਨ ਥਾਪਰ, ਗੁਰਸੇਵਕ ਸਿੰਘ ਸੰਨਿਆਸੀ, ਪੰਜਾਬ ਸਟੂਡੈਂਟਸ ਯੂਨੀਅਨ ਦੇ ਹਰਪ੍ਰੀਤ ਸਿੰਘ ਆਦਿ ਬੁਲਾਰਿਆ ਨੇ ਸੰਬੋਧਨ ਕੀਤਾ। ਸਟੇਜ ਦਾ ਸੰਚਾਲਨ ਕਰਮਜੀਤ ਸਿੰਘ ਮਾਣੂੰਕੇ ਤੇ ਕੇਕੇਯੂ ਦੇ ਜ਼ਿਲ੍ਹਾ ਪ੍ਰੈੱਸ

ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਬਾਖੂਬੀ ਢੰਗ ਨਾਲ ਨਿਭਾਇਆ। ਇਸ ਦੌਰਾਨ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇਖੁਰਦ, ਮੀਤ ਪ੍ਰਧਾਨ ਨਾਜਰ ਸਿੰਘ ਖਾਈ, ਖਜ਼ਾਨਚੀ ਕੁਲਜੀਤ ਪੰਡੋਰੀ, ਬੂਟਾ ਸਿੰਘ ਤਖਾਣਬੱਧ, ਮੁਖਤਿਆਰ ਸਿੰਘ, ਬੇਅੰਤ ਮੱਲੇਆਣਾ, ਨਿਰਮਲ ਸਿੰਘ, ਮੋਹਨ ਸਿੰਘ, ਜਗਸੀਰ ਗਿੱਲ, ਨੌਜਵਾਨ ਭਾਰਤ ਸਭਾ ਦੇ ਰਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਅਜਮੇਰ ਸਿੰਘ, ਹਰਜਿੰਦਰ ਸਿੰਘ ਦੀਨਾ, ਹਰਜੀਵਨ ਸਿੰਘ ਮੋਗਾ, ਔਰਤ ਵਿੰਗ ਦੇ ਜਗਵਿੰਦਰ ਕੌਰ, ਸਵਰਨਜੀਤ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ, ਬਲਜੀਤ ਕੌਰ ਆਦਿ ਆਗੂ ਹਾਜ਼ਰ ਸਨ।

ਨਾਭਾ (ਵਰਿੰਦਰ ਵਰਮਾ) : ਸੰਯੁਕਤ ਕਿਸਾਨ ਮੋਰਚਾ, ਔਰਤ ਜਥੇਬੰਦੀਆਂ ਤੇ ਜਨਤਕ ਅਤੇ ਜਮਹੂਰੀ ਜਥੇਬੰਦੀਆਂ ਦੇ ਸਾਂਝੇ ਸੱਦੇ ਦੇ ਤਹਿਤ ਨਾਭਾ ਵਿਖੇ ਪਟਿਆਲਾ ਗੇਟ ਵਿਖੇ ਭਾਜਪਾ ਸਰਕਾਰ ਦੀ ਅਰਥੀ ਫੂਕੀ ਗਈ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂ ਰਾਮ ਸਿੰਘ ਤੇ ਇਸਤਰੀ ਜਾਗ੍ਰਿਤੀ ਮੰਚ ਦੇ ਆਗੂ ਅਮਨਦੀਪ ਕੌਰ ਨੇ ਕਿਹਾ ਕਿ ਦੇਸ ਲਈ ਕੌਮਾਂਤਰੀ ਪੱਧਰ 'ਤੇ ਤਮਗੇ ਹਾਸਲ ਕਰਨ ਵਾਲੀਆਂ ਖਿਡਾਰਨਾਂ ਪਿਛਲੇ ਕਈ ਮਹੀਨਿਆਂ ਤੋਂ ਭਾਜਪਾ ਸੰਸਦ ਮੈਂਬਰ ਤੇ ਭਾਰਤੀ ਕੁਸਤੀ ਮਹਾਸੰਘ ਦੇ ਪ੍ਰਧਾਨ ਬ੍ਰਿਜ ਭੂਸ਼ਣ ਮਹਿਲਾ ਭਲਵਾਨਾਂ ਨਾਲ ਜਿਨਸੀ ਸ਼ੋਸ਼ਣ ਕਰਨ ਦੇ ਅਪਰਾਧ ਵਿੱਚ ਕਾਰਵਾਈ ਦੀ ਮੰਗ ਕਰ ਰਹੀਆਂ ਹਨ, ਪਰ ਬ੍ਰਿਜ ਭੂਸ਼ਣ ਉੱਪਰ ਕੋਈ ਕਾਰਵਾਈ ਕਰਨ ਦੀ ਥਾਂ ਮੋਦੀ ਸਰਕਾਰ ਬੇਸ਼ਰਮੀ ਨਾਲ ਪੀੜਤ ਖਿਡਾਰਨਾਂ ਦੇ ਘੋਲ ਨੂੰ ਹੀ ਸਰਕਾਰੀ ਤਾਕਤ ਨਾਲ ਕੁਚਲਣ 'ਚ ਲੱਗੀ ਹੋਈ ਹੈ। ਅੰਤ ਵਿੱਚ ਮੋਦੀ ਤੇ ਬ੍ਰਿਜ ਭੂਸ਼ਣ ਦਾ ਪੁਤਲਾ ਫੂਕਿਆ ਗਿਆ। ਆਗੂਆਂ ਨੇ ਗ੍ਰਿਫਤਾਰ ਕੀਤੇ ਆਗੂ ਰਿਹਾ ਕੀਤੇ ਜਾਣ ਤੇ ਦੋਸ਼ੀ ਭਾਜਪਾਈ ਬ੍ਰਿਜ ਭੂਸ਼ਣ ਨੂੰ ਸਲਾਖਾਂ ਪਿੱਛੇ ਡੱਕਣ ਦੀ ਮੰਗ ਕੀਤੀ। ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਗੁਰਧਿਆਨ ਹਰੀਗੜ੍ਹ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਹਰਮਿੰਦਰ ਨੋਨੀ, ਹਿਰਾਵਲ ਦਸਤਾ ਗਰੁੱਪ ਦੇ ਆਗੂ ਗੁਰਚਰਨ ਡਕੌਂਦਾ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਆਗੂ ਰਾਮ ਸ਼ਰਨ ਨੇ ਵੀ ਸੰਬੋਧਨ ਕੀਤਾ।

ਸਮਰਾਲਾ (ਸੁਰਜੀਤ ਸਿੰਘ) : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸਥਾਨਕ ਐੱਸ. ਡੀ. ਐੱਮ. ਦਫਤਰ ਸਾਹਮਣੇ ਵਿਖੇ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਵੱਲੋਂ ਹਰਿੰਦਰ ਸਿੰਘ ਲੱਖੋਵਾਲ ਜਨਰਲ ਸਕੱਤਰ ਪੰਜਾਬ ਤੇ ਮਨਜੀਤ ਸਿੰਘ ਢੀਂਡਸਾ ਪ੍ਰਧਾਨ ਜ਼ਿਲ੍ਹਾ ਲੁਧਿਆਣਾ ਦੀ ਅਗਵਾਈ ਵਿੱਚ ਧਰਨਾ ਲਾ ਕੇ ਐੱਸ. ਡੀ. ਐੱਮ. ਸਮਰਾਲਾ ਰਾਹੀਂ ਭਾਰਤ ਦੇ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਭੇਜਿਆ ਗਿਆ, ਜਿਸ ਵਿੱਚ ਮੰਗ ਕੀਤੀ ਗਈ ਕਿ ਜੋ ਭਾਰਤੀ ਮਹਿਲਾ ਪਹਿਲਵਾਨ ਜੰਤਰ-ਮੰਤਰ 'ਤੇ ਆਪਣਾ ਵਿਰੋਧ ਪ੍ਰਦਰਸ਼ਨ ਕਰ ਰਹੀਆਂ ਸਨ, ਉਨ੍ਹਾਂ ਤੇ ਢਾਹੇ ਤਸ਼ੱਦਦ ਦਾ ਵਿਰੋਧ ਕੀਤਾ ਗਿਆ ਤੇ ਸੰਸਦ ਮੈਂਬਰ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਵਿਰੁੱਧ ਤੇਜ਼ੀ ਨਾਲ ਕਾਨੂੰਨੀ ਕਾਰਵਾਈ ਕੀਤੀ ਜਾਵੇ। ਮੰਗ ਪੱਤਰ ਦੇਣ ਮੌਕੇ ਉਕਤ ਤੋਂ ਇਲਾਵਾ ਅਵਤਾਰ ਸਿੰਘ ਮੇਹਲੋਂ ਸੀਨੀਅਰ ਮੀਤ ਪ੍ਰਧਾਨ ਪੰਜਾਬ, ਪਰਮਿੰਦਰ ਸਿੰਘ ਪਾਲਮਾਜਰਾ ਜਨਰਲ ਸਕੱਤਰ ਪੰਜਾਬ, ਜਸਵੰਤ ਸਿੰਘ ਬੀਜਾ ਵਾਈਸ ਪ੍ਰਧਾਨ ਪੰਜਾਬ, ਗੁਰਸੇਵਕ ਸਿੰਘ ਮੰਜਾਲੀ ਕਲਾਂ ਪ੍ਰਧਾਨ ਬਲਾਕ ਸਮਰਾਲਾ, ਗਿਆਨ ਸਿੰਘ ਮੰਡ ਪ੍ਰਧਾਨ ਬਲਾਕ ਲੁਧਿਆਣਾ-1, ਗੁਰਦੀਪ ਸਿੰਘ ਮਿੱਠੂ ਜਟਾਣਾ ਪ੍ਰਧਾਨ ਬਲਾਕ ਦੋਰਾਹਾ, ਜਗਜੀਤ ਸਿੰਘ ਗਰੇਵਾਲ ਮੀਤ ਪ੍ਰਧਾਨ ਬਲਾਕ ਖੰਨਾ, ਰਵਿੰਦਰ ਸਿੰਘ ਥਿੰਦ ਸਰਪੰਚ, ਹਜ਼ਾਰਾ ਸਿੰਘ ਅਕਾਲਗੜ੍ਹ ਬਲਾਕ ਮਾਛੀਵਾੜਾ ਸਾਹਿਬ, ਡਾ. ਹਰਬੰਸ ਸਿੰਘ ਰੁਪਾਲੋਂ ਆਦਿ ਤੋਂ ਇਲਾਵਾ ਬੀ. ਕੇ. ਯੂ. (ਲੱਖੋਵਾਲ) ਦੇ ਸੈਂਕੜੇ ਵਰਕਰ ਹਾਜ਼ਰ ਸਨ।

ਰਾਜਪੁਰਾ (ਰਮੇਸ਼ ਕਟਾਰੀਆ) : ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੇ ਪ੍ਰੋਗਰਾਮ ਅਨੁਸਾਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਕੁੱਲ ਹਿੰਦ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਤੇ ਜਮਹੂਰੀ ਕਿਸਾਨ ਯੂਨੀਅਨ ਵੱਲੋਂ ਰਾਸ਼ਟਰਪਤੀ ਭਾਰਤ ਸਰਕਾਰ ਨੂੰ ਐੱਸ. ਡੀ. ਐਮ ਰਾਜਪੁਰਾ ਰਾਹੀਂ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਕੁਸ਼ਤੀ ਫੈਡਰੇਸ਼ਨ ਦੇ ਮੁਖੀ ਬ੍ਰਿਜ ਭੂਸ਼ਣ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਇਸ ਦੌਰਾਨ ਬ੍ਰਿਜ ਭੂਸ਼ਣ ਦਾ ਪੁਤਲਾ ਵੀ ਐੱਸ.ਡੀ.ਐੱਮ. ਰਾਜਪੁਰਾ ਦੇ ਦਫਤਰ ਸਾਹਮਣੇ ਮੋਦੀ ਸਰਕਾਰ ਵਿਰੁੱਧ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ। ਇਸ ਵਿਰੋਧ ਪ੍ਰਦਰਸ਼ਨ 'ਚ ਤੇਜਿੰਦਰ ਸਿੰਘ ਹਾਸਮਪੁਰ, ਗੁਰਬਿੰਦਰ ਸਿੰਘ ਘੁੰਮਾਂ, ਗੁਰਦਰਸਨ ਸਿੰਘ ਖਾਸਪੁਰ, ਗੁਰਦੇਵ ਸਿੰਘ ਧੰਧਾਰਸੀ, ਜਸਵੰਤ ਸਿੰਘ ਗੰਡਾਖੇੜੀ, ਪਰਵਿੰਦਰ ਸਿੰਘ ਨਗਾਵਾਂ, ਕਿਰਪਾਲ ਸਿੰਘ ਬਾਹਵਲਪੁਰ ਤੋਂ ਇਲਾਵਾ ਵੱਡੀ ਗਿਣਤੀ ਕਾਰਜ-ਕਰਤਾ ਸ਼ਾਮਲ ਸਨ।

ਹੈਰੋਇਨ ਸਮੇਤ ਕਾਬੂ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਥਾਣਾ ਸਿਟੀ ਪੁਲਸ ਨੇ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਪੁਲਸ ਪਾਰਟੀ ਗਸ਼ਤ ਦੌਰਾਨ ਰਾਜ ਯੋਗ ਆਸ਼ਰਮ ਮਲੋਟ ਸੀ ਤਾਂ ਸਾਹਮਣੇ ਤੋਂ ਇੱਕ ਨੌਜਵਾਨ ਬਲਜਿੰਦਰ ਸਿੰਘ ਉਰਫ਼ ਕਾਲਾ ਵਾਸੀ ਬਲੋਚ ਕੇਰਾ ਆਪਣੇ ਮੋਟਰਸਾਈਕਲ 'ਤੇ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਪੁਲਸ ਨੇ ਰੁਕਣ ਦਾ ਇਸ਼ਾਰਾ ਕੀਤਾ, ਜੋ ਆਪਣਾ ਮੋਟਰਸਾਈਕਲ ਹੌਲੀ ਕਰਕੇ ਪਿੱਛੇ ਮੋੜਨ ਲੱਗਾ ਤਾਂ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਉਸ ਨੂੰ ਕਾਬੂ ਕਰ ਲਿਆ। ਪੁਲਸ ਵੱਲੋਂ ਉਸ ਦੀ ਤਲਾਸ਼ੀ ਲਏ ਜਾਣ 'ਤੇ ਉਸ ਕੋਲੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਚੂਰਾ ਪੋਸਤ ਸਮੇਤ ਕਾਬੂ

ਮਲੋਟ/ਲੰਬੀ (ਗੁਰਮੀਤ ਸਿੰਘ ਮੱਕੜ)-ਥਾਣਾ ਲੰਬੀ ਪੁਲਸ ਨੇ ਵੱਡੀ ਮਾਤਰਾ ਵਿੱਚ ਚੂਰਾ ਪੋਸਤ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਫਤਿਹਪੁਰ ਮਨੀਆਂ ਮੌਜੂਦ ਸੀ ਤਾਂ ਸੜਕ ਦੇ ਸੱਜੇ ਪਾਸੇ ਇੱਕ ਵਿਅਕਤੀ ਪੰਜਾਬ ਸਿੰਘ ਵਾਸੀ ਫਤਿਹਪੁਰ ਮਨੀਆਂ ਗੱਟੇ ਵਿੱਚ ਹੱਥ ਮਾਰਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਦੇਖ ਉੱਥੋਂ ਖਿਸਕਣ ਲੱਗਾ, ਜਿਸ ਨੂੰ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਤਲਾਸ਼ੀ ਲੈਣ ਉਪਰੰਤ ਉਸ ਕੋਲੋਂ 6 ਕਿਲੋਗ੍ਰਾਮ ਚੂਰਾ ਪੋਸਤ ਬਰਾਮਦ ਹੋਇਆ। ਪੁਲਸ ਪਾਰਟੀ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਪੇਂਡੂ ਮਜ਼ਦੂਰ ਯੂਨੀਅਨ ਦੀ ਅਗਵਾਈ 'ਚ ਮੋਰਚਾ 26ਵੇਂ ਦਿਨ 'ਚ ਦਾਖਲ

ਅਰਜ਼ੀ ਦੇਣ ਦੇ 10ਵੇਂ ਦਿਨ ਬਾਅਦ ਵੀ ਨਹੀਂ ਬੁਲਾਇਆ ਅਜਲਾਸ

ਮੁਕਤਸਰ (ਸ਼ਮਿੰਦਰਪਾਲ, ਪੂਜਾ)-ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਪਿੰਡ ਖੋਖਰ ਵਿਖੇ ਪੰਚਾਇਤੀ ਜ਼ਮੀਨ ਵਿੱਚ ਲੱਗੇ ਮੋਰਚੇ ਵਾਲੇ ਸਥਾਨ 'ਤੇ ਇਲਾਕਾ ਪੱਧਰ ਦੀ ਕਾਨਫਰੰਸ ਕੀਤੀ ਗਈ। ਇਸ ਮੌਕੇ ਲੋੜਵੰਦ ਪਰਿਵਾਰਾਂ ਨੂੰ ਰਿਹਾਇਸ਼ੀ ਪਲਾਟ, ਲਾਲ ਲਕੀਰ ਵਿੱਚ ਰਹਿੰਦੇ ਲੋਕਾਂ ਨੂੰ ਘਰਾਂ ਦੇ ਮਾਲਕੀ ਹੱਕ ਦੇਣ, ਰੂੜੀਆਂ ਵਾਸਤੇ ਜਗ੍ਹਾ ਦੇਣ ਤੇ ਪੰਚਾਇਤੀ ਜ਼ਮੀਨ ਵਿੱਚ ਦਲਿਤਾਂ ਲਈ ਰਾਖਵੀਂ ਤੀਜੇ ਹਿੱਸੇ ਦਾ ਹੱਕ ਘੱਟ ਰੇਟ 'ਤੇ ਦੇਣ ਦੀ ਮੰਗ ਨੂੰ ਲੈ ਕੇ ਪੰਚਾਇਤੀ ਜ਼ਮੀਨ ਵਿੱਚ ਲਗਾਇਆ ਮੋਰਚਾ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਯੂਥ ਵਿੰਗ ਦੇ ਸੂਬਾ ਆਗੂ ਮੰਗਾ ਸਿੰਘ ਵੈਰੋਕੇ ਤੇ ਲਖਵੰਤ ਕਿਰਤੀ ਨੇ ਕਿਹਾ ਕਿ ਯੂਨੀਅਨ ਦੀ ਅਗਵਾਈ ਹੇਠ ਪਿੰਡ ਖੋਖਰ ਦੇ ਮਜ਼ਦੂਰਾਂ ਵੱਲੋਂ ਵਾਰ ਵਾਰ ਕੀਤੀ ਗਈ ਅਪੀਲ ਦੇ ਬਾਵਜੂਦ ਪੰਚਾਇਤ ਤੇ ਪ੍ਰਸ਼ਾਸਨ ਵੱਲੋਂ ਜਦੋਂ ਉਨ੍ਹਾਂ ਦੀ ਗੱਲ ਨਹੀਂ ਸੁਣੀ ਗਈ ਤਾਂ 7 ਮਈ ਨੂੰ ਪੰਚਾਇਤੀ ਜ਼ਮੀਨ ਵਿੱਚ ਮੋਰਚਾ ਲਗਾਉਣ ਲਈ ਮਜਬੂਰ ਹੋਣਾ ਪਿਆ। ਉਨ੍ਹਾਂ ਕਿਹਾ ਕਿ 22 ਮਈ ਨੂੰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ ਸ੍ਰੀ ਮੁਕਤਸਰ ਸਾਹਿਬ ਨੂੰ ਗ੍ਰਾਮ ਸਭਾ ਦਾ ਅਜਲਾਸ ਬੁਲਾਉਣ ਲਈ ਲਿਖਤੀ ਅਰਜ਼ੀ ਦਿੱਤੀ ਗਈ ਸੀ ਤੇ ਉਨ੍ਹਾਂ ਵੱਲੋਂ ਬੀ ਡੀ ਪੀ ਓ ਮੁਕਤਸਰ ਸਾਹਿਬ ਨੂੰ ਕਾਰਵਾਈ ਲਈ ਲਿਖਿਆ ਗਿਆ ਸੀ, ਪਰ ਹਾਲੇ ਤੱਕ ਵੀ ਕੋਈ ਅਜਲਾਸ ਬੁਲਾਉਣ ਦੀ ਕਾਰਵਾਈ ਨਹੀਂ ਹੋਈ। ਮਜ਼ਦੂਰ ਬਹੁਤ ਤੰਗੀਆਂ ਵਿੱਚ ਗੁਜ਼ਾਰਾ ਕਰ ਰਹੇ ਹਨ। ਲਾਲ ਲਕੀਰ ਵਿੱਚ ਰਹਿੰਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੀਆਂ ਰਜਿਸਟਰੀਆਂ ਕਰਕੇ ਦੇਣ ਵਾਲੀ ਸਵੈਮਿੱਤਵਾ ਸਕੀਮ ਦੀ ਆਖਰੀ ਤਾਰੀਖ ਦਸੰਬਰ 2023 ਤੱਕ ਹੀ ਹੈ, ਪਰ ਸਰਕਾਰ ਤੇ ਪ੍ਰਸ਼ਾਸਨ ਇਸ ਪਾਸੇ ਧਿਆਨ ਦੇਣ ਲਈ ਤਿਆਰ ਨਹੀਂ ਅਤੇ ਬੇਜ਼ਮੀਨੇ ਮਜ਼ਦੂਰਾਂ ਦੀ ਤਾਂ ਗੱਲ ਸੁਣਨ ਤੋਂ ਵੀ ਇਨਕਾਰੀ ਹੈ। ਬਦਲਾਅ ਦਾ ਨਾਹਰਾ ਦੇ ਕੇ ਸੱਤਾ ਵਿੱਚ ਆਈ ਭਗਵੰਤ ਸਿੰਘ ਮਾਨ ਦੀ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਅੱਖ ਵਿਚਲਾ ਟੀਰ ਸਰੇਆਮ ਨਜ਼ਰ ਆ ਰਿਹਾ ਹੈ। ਆਗੂਆਂ ਨੇ ਕਿਹਾ ਕਿ ਜਦੋਂ ਤੱਕ ਬੇਜ਼ਮੀਨੇ ਮਜ਼ਦੂਰਾਂ, ਕਿਸਾਨਾਂ ਨੂੰ ਹੱਕ ਮਿਲ ਨਹੀਂ ਜਾਂਦਾ, ਉਦੋਂ ਸੰਘਰਸ਼ ਜਾਰੀ ਰਹੇਗਾ।

ਖਸਤਾ ਹਾਲ ਇਮਾਰਤਾਂ 'ਚ ਚੱਲ ਰਹੇ ਹਨ ਸਮਰਾਲੇ ਦੇ ਬਿਜਲੀ ਦਫਤਰ

ਸਮਰਾਲਾ (ਸੁਰਜੀਤ ਸਿੰਘ)-ਇਲਾਕੇ ਦੇ ਬਿਜਲੀ ਖਪਤਕਾਰਾਂ ਨੂੰ ਸੁਚੱਜੀ ਬਿਜਲੀ ਸਪਲਾਈ ਦੇਣ ਲਈ ਇਸ ਕਸਬੇ ਵਿੱਚ ਸਿਟੀ ਤੇ ਸਬ ਅਰਬਨ-2 ਸਬ ਡਵੀਜ਼ਨਾਂ, ਇੱਕ ਐਕਸੀਅਨ ਦਾ ਦਫਤਰ ਬਿਜਲੀ ਗਰਿਡ ਪਿੰਡ ਘੁਲਾਲ ਵਿਖੇ ਤੇ ਸਥਾਨਕ ਖੰਨਾ ਰੋਡ ਉੱਤੇ ਸ਼ਹਿਰੀ ਇਲਾਕੇ ਲਈ ਬਿਜਲੀ ਸ਼ਿਕਾਇਤ ਘਰ ਹੈ। ਇਹ ਸਾਰੇ ਹੀ ਦਫਤਰ ਸਾਲਾਂਬੱਧੀ ਖਸਤਾ ਹਾਲ ਤੇ ਅਣਸੁਰੱਖਿਅਤ ਇਮਾਰਤਾਂ ਵਿੱਚ ਚੱਲ ਰਹੇ ਹਨ। ਹਾਲਤ ਇਹ ਹੈ ਕਿ ਜਿਵੇਂ ਦਫਤਰ ਸਥਾਈ ਮੰਤਵ ਲਈ ਨਾ ਹੋ ਕੇ ਮਹਿਜ਼ ਡੰਗ ਟਪਾਈ ਲਈ ਅਸਥਾਈ ਤੌਰ 'ਤੇ ਵਰਤੋਂ ਲਈ ਹੋਣ। ਇੱਥੋਂ 7 ਕਿਲੋਮੀਟਰ ਦੂਰ ਐਕਸੀਅਨ ਦਾ ਦਫਤਰ ਹੈ, ਜੋ ਕਿ ਪਿੰਡ ਘੁਲਾਲ ਦੇ ਬਿਜਲੀ ਘਰ ਵਿੱਚ ਸਟਾਫ ਲਈ ਬਣੇ ਕੁਆਟਰਾਂ ਵਿੱਚ ਚੱਲ ਰਿਹਾ ਹੈ। ਇਹ ਰਿਹਾਇਸ਼ੀ ਕੁਆਟਰ ਕਰੀਬ 50 ਸਾਲ ਪਹਿਲਾਂ ਉਸਾਰੇ ਗਏ ਸਨ, ਜੋ ਅੱਜ ਬਹੁਤ ਹੀ ਖਸਤਾ ਹਾਲ ਵਿੱਚ ਹਨ। ਇਨ੍ਹਾਂ ਦੀ ਮਾੜੀ ਹਾਲਤ ਦੇਖ ਕੇ ਸਟਾਫ ਇਨ੍ਹਾਂ ਕੁਆਟਰਾਂ ਵਿੱਚ ਵਸਣਾ ਪਸੰਦ ਨਹੀਂ ਕਰਦਾ। ਲਿਹਾਜ਼ਾ ਜ਼ਿਆਦਾਤਰ ਕੁਆਟਰ ਖਾਲੀ ਪਏ ਹਨ। ਜਿਨ੍ਹਾਂ ਕੁਆਟਰਾਂ 'ਚ ਦਫਤਰ ਹੈ, ਉਨ੍ਹਾਂ 'ਚ ਨਾ ਤਾਂ ਸਟਾਫ ਦੇ ਬੈਠਣ ਦੀ ਕੋਈ ਚੰਗੀ ਵਿਵਸਥਾ ਹੈ ਤੇ ਨਾ ਹੀ ਕੁਆਟਰ ਹਵਾਦਾਰ ਹਨ। ਕਮਰਿਆਂ ਵਿੱਚ ਹਨੇਰਾ ਰਹਿੰਦਾ ਹੈ। ਦਫਤਰੀ ਰਿਕਾਰਡ ਨੂੰ ਸਾਂਭਣ ਦੀ ਕੋਈ ਵੀ ਸੁਚੱਜੀ ਵਿਵਸਥਾ ਨਹੀਂ ਹੈ। ਦਫਤਰ ਲਈ ਬਣੀ ਸ਼ਾਨਦਾਰ ਬਿਲਡਿੰਗ, ਐਕਸੀਅਨ, ਐੱਸ ਡੀ ਓ ਤੇ ਗਰਿਡ ਇੰਚਾਰਜ ਐੱਸ ਐੱਸ ਈ ਦੀਆਂ ਰਿਹਾਇਸ਼ੀ ਕੋਠੀਆਂ ਨੂੰ ਗਰਿਡ ਦੀ ਸਮਰੱਥਾ ਵਿੱਚ ਵਾਧਾ ਕਰਨ ਦੇ ਨਾਂ 'ਤੇ ਅੱਜ ਤੋਂ 12 ਸਾਲ ਪਹਿਲਾਂ ਬਿਜਲੀ ਘਰ ਵਿੱਚ ਕਾਫੀ ਥਾਂ ਹੋਣ ਦੇ ਬਾਵਜੂਦ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਸਰਕਾਰ ਵੱਲੋਂ ਬੇਰੋਜ਼ਗਾਰਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਚਲਾਏ ਜਾ ਰਹੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ 02 ਜੂਨ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰ: 122 ਵਿਖੇ ਸਥਿਤ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਦਫ਼ਤਰ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਨਾਮੀ ਪ੍ਰਾਈਵੇਟ ਕੰਪਨੀਆਂ ਦੇ ਨੁਮਾਇੰਦੇ ਭਾਗ ਲੈਣਗੇ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫਸਰ ਸ਼੍ਰੀਮਤੀ ਰੁਪਿੰਦਰ ਕੌਰ ਨੇ ਦੱਸਿਆ ਕਿ ਇਸ ਕੈਂਪ 'ਚ ਆਈ.ਸੀ.ਆਈ.ਸੀ.ਆਈ. ਬੈਂਕ, ਅਜਾਇਲ ਹਰਬਲ ਲਾਈਫ, ਐਚ.ਡੀ.ਐੱਫ.ਸੀ. ਬੈਂਕ ਵੱਲੋਂ ਭਰਤੀ ਕੀਤੀ ਜਾਵੇਗੀ। ਇਸ ਪਲੇਸਮੈਂਟ ਕੈਂਪ ਸਬੰਧੀ ਵਧੇਰੇ ਜਾਣਕਾਰੀ ਹਾਸਲ ਕਰਨ ਵਾਸਤੇ ਹੈਲਪ ਲਾਇਨ ਨੰ: 99156-82436 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਲੋਕਾਂ ਦੀਆਂ ਦੁਆਵਾਂ ਸਦਕਾ ਗਾਇਕ ਬਲਧੀਰ ਮਾਹਲਾ ਦਾ ਪੁੱਤਰ ਹੋ ਰਿਹਾ ਤੰਦਰੁਸਤ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਲੋਕ ਗਾਇਕ ਬਲਧੀਰ ਮਾਹਲਾ ਦਾ ਇਕਲੌਤਾ ਪੁੱਤਰ ਕੰਵਰ ਵਿਸਵਜੀਤ ਮਾਹਲਾ ਹੁਣ ਬਾਬਾ ਫ਼ਰੀਦ ਜੀ ਦੀ ਮਿਹਰ ਤੇ ਲੋਕਾਂ ਦੀਆਂ ਦੁਆਵਾਂ, ਅਰਦਾਸਾਂ ਸਦਕਾ ਸਿਹਤਯਾਬੀ ਵੱਲ ਵਧ ਰਿਹਾ ਹੈ। ਜ਼ਿਕਰਯੋਗ ਹੈ ਕਿ ਵਿਸ਼ਵਜੀਤ ਦੀਆਂ ਦੋਨੋਂ ਕਿਡਨੀਆਂ ਫੇਲ੍ਹ ਹੋਣ ਕਾਰਨ ਉਸਦੇ ਮਾਤਾ ਨੇ ਇੱਕ ਕਿਡਨੀ ਦਾਨ ਕੀਤੀ ਸੀ, ਉਹ ਕਿਡਨੀ ਵੀ ਫੇਲ੍ਹ ਹੋਣ ਕਾਰਨ ਲੰਮੇ ਸਮੇਂ ਤੋਂ ਉਸਦਾ ਹਰ ਤੀਜੇ ਦਿਨ ਡਾਇਲਿਸਿਸ ਹੁੰਦਾ ਆ ਰਿਹਾ ਹੈ। ਪੀ ਜੀ ਆਈ ਚੰਡੀਗੜ੍ਹ ਤੋਂ ਇਲਾਜ ਚੱਲਦਾ ਆ ਰਿਹਾ ਹੈ, ਉਸਦੀ ਕਿਡਨੀ ਟਰਾਂਸਪਲਾਂਟ ਕਰਨ ਲਈ ਡਾਕਟਰਾਂ ਪਹਿਲ ਦੇ ਅਧਾਰ 'ਤੇ ਕੰਮ ਕਰ ਰਹੇ ਹਨ। ਪਿਛਲੇ ਦਿਨੀਂ ਅਚਾਨਕ ਉਸ ਦੀ ਸਿਹਤ ਵਿਗੜਨ ਕਾਰਨ ਏਮਜ਼ ਹਸਪਤਾਲ ਬਠਿੰਡਾ ਵਿੱਚ ਉਹ ਆਈ ਸੀ ਯੂ ਵਿੱਚ ਵੈਂਟੀਲੇਟਰ 'ਤੇ ਇਲਾਜ ਅਧੀਨ ਚੱਲ ਰਿਹਾ ਹੈ। ਹੁਣ ਰੱਬ ਦੀ ਮਿਹਰ ਹੋਈ ਹੈ, ਸਮਝੋ ਕਿ ਉਸਦਾ ਦੁਬਾਰਾ ਜਨਮ ਹੋਇਆ ਹੈ ਤੇ ਹੁਣ ਉਹ ਸਿਹਤਯਾਬ ਹੋ ਰਿਹਾ ਹੈ, ਜਿਸ ਕਰਕੇ ਮਾਹਲਾ ਪ੍ਰਵਾਰ ਨੂੰ ਚਾਹੁਣ ਵਾਲਿਆਂ ਦੀ ਚਿੰਤਾ ਦੂਰ ਹੋ ਰਹੀ ਹੈ।

ਕੈਦੀਆਂ ਦੀ ਸਿਹਤ ਤੇ ਤੰਦਰੁਸਤੀ ਲਈ ਵਿਸ਼ੇਸ਼ ਯੋਗਾ ਕੈਂਪ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾਂ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਜੇਲ੍ਹ ਸ੍ਰੀ ਮੁਕਤਸਰ ਸਾਹਿਬ ਵਿਖੇ ਚੱਲ ਰਹੇ ਯੋਗਾ ਕੈਂਪ ਦੀ ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਸ੍ਰੀ ਰਾਜ ਕੁਮਾਰ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕੀਤੀ। ਯੋਗਾ ਕੈਂਪ ਦੇ ਸਮਾਪਤੀ ਸਮਾਰੋਹ ਮੌਕੇ ਸ੍ਰੀ ਸੰਜੀਵ ਗੁਪਤਾ ਪ੍ਰਧਾਨ ਆਰਟ ਆਫ਼ ਲੀਵਿੰਗ ਤੇ ਸ੍ਰੀ ਸੁਮਨ ਦਾਬੜਾ, ਟ੍ਰੇਨਰ ਨੇ ਜੇਲ੍ਹ ਵਿੱਚ ਕੈਦੀਆਂ ਅਤੇ ਹਵਾਲਾਤੀਆਂ ਨੂੰ ਛੇ ਦਿਨਾਂ ਯੋਗਾ ਦੀ ਵਿਸ਼ੇਸ਼ ਸਿਖਲਾਈ ਦੇ ਕੇ ਉਨ੍ਹਾਂ ਦੀ ਸਿਹਤ ਤੇ ਤੰਦਰੁਸਤੀ ਵਾਸਤੇ ਹੁਨਰ ਸਿਖਾਏ ਗਏ ਅਤੇ ਇਕ ਨਾਟਕ ਵੀ ਖੇਡਿਆ ਗਿਆ। ਇਸ ਮੌਕੇ ਮਿਸ ਹਰਪ੍ਰੀਤ ਕੌਰ, ਸਿਵਲ ਜੱਜ (ਸੀਨੀ. ਡਵੀਜ਼ਨ)-ਸਹਿਤ ਸਕੱਤਰ ਨੇ ਪ੍ਰਧਾਨ ਆਰਟ ਆਫ਼ ਲਿਵਿੰਗ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਕੀਮਤੀ ਸਮਾਂ ਕੱਢ ਕੇ ਜੇਲ੍ਹ ਵਿੱਚ ਬੰਦ ਹਵਾਲਾਤੀਆਂ ਅਤੇ ਕੈਦੀਆਂ ਨੂੰ ਵਿਸ਼ੇਸ਼ ਸਿਖਾਲਾਈ ਦੇ ਕੇ ਬਹੁਤ ਸ਼ਲਾਘਾਯੋਗ ਕੰਮ ਕੀਤਾ ਹੈ ਤੇ ਬਿਮਾਰੀਆਂ ਤੋਂ ਨਿਜ਼ਾਤ ਪਾਉਣ ਦਾ ਰਸਤਾ ਦਿਖਾਇਆ ਹੈ। ਇਸ ਮੌਕੇ ਜੇਲ੍ਹ ਸੁਪਰਡੈਂਟ, ਸ੍ਰੀ ਵਰੁਣ ਸ਼ਰਮਾ ਸਮੇਤ ਸਟਾਫ਼ ਵੀ ਮੌਕੇ 'ਤੇ ਹਾਜ਼ਰ ਸਨ। ਯੋਗਾ ਕੈਂਪ ਨਾਲ ਕੈਦੀਆਂ ਤੇ ਹਵਾਲਾਤੀਆਂ ਨੂੰ ਮਾਨਸਿਕ ਸਥਿਤੀ ਅਤੇ ਸਿਹਤ ਵਿੱਚ ਕਾਫੀ ਊਰਜਾ ਦੀ ਪ੍ਰਾਪਤੀ ਹੋਵੇਗੀ ਤੇ ਬਿਮਾਰੀਆਂ ਤੋਂ ਬਚਾ ਹੋਵੇਗਾ।

ਡੀ ਟੀ ਐੱਫ ਪੰਜਾਬ ਦਾ ਵਫ਼ਦ ਅਧਿਆਪਕਾਂ ਦੀਆਂ ਮੰਗਾਂ ਸੰਬੰਧੀ ਡੀ ਐੱਸ ਈ (ਸ) ਨੂੰ ਮਿਲਿਆ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)-ਡੈਮੋਕ੍ਰੈਟਿਕ ਟੀਚਰਜ ਫਰੰਟ ਪੰਜਾਬ ਦਾ ਇੱਕ ਵਫ਼ਦ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਅਧਿਆਪਕਾਂ ਦੇ ਭਖਵੇਂ ਮੰਗਾਂ-ਮਸਲਿਆਂ ਸੰਬੰਧੀ ਵਿਸਥਾਰਤ ਮੰਗ ਪੱਤਰ ਦੇਣ ਲਈ ਪੰਜਾਬ ਸਰਕਾਰ ਵੱਲੋਂ ਨਵ ਨਿਯੁਕਤ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਆਨੰਦ ਸਾਗਰ ਸ਼ਰਮਾ ਨੂੰ ਮਿਲਿਆ।

ਡੀ.ਐਸ.ਈ. ਵੱਲੋਂ ਇਨ੍ਹਾਂ ਮਸਲਿਆਂ 'ਤੇ ਜਥੇਬੰਦੀ ਨਾਲ ਇੱਕ ਵਿਸਥਾਰਤ ਮੀਟਿੰਗ ਦਸ ਦਿਨਾਂ ਵਿੱਚ ਕਰਨ ਦਾ ਭਰੋਸਾ ਦਿੱਤਾ ਗਿਆ। ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਕੱਚੇ ਅਧਿਆਪਕਾਂ ਨੂੰ ਤੁਰੰਤ ਪੱਕੇ ਕੀਤਾ ਜਾਵੇ, ਕੰਪਿਊਟਰ ਅਧਿਆਪਕਾਂ ਨੂੰ ਪੂਰੀ ਤਨਖਾਹ ਸਮੇਤ ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਲਾਗੂ ਕਰਕੇ ਸਿੱਖਿਆ ਵਿਭਾਗ ਵਿੱਚ ਮਰਜ ਕੀਤਾ ਜਾਵੇ, ਐਨਪੀਐਸ, ਈਪੀਐਸ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਪਿਛਲੀ ਸਰਕਾਰ ਸਮੇਂ ਕੱਟੇ 37 ਭੱਤੇ ਬਹਾਲ ਕੀਤੇ ਜਾਣ, ਪਿਛਲੇ ਸਮੇਂ ਦੌਰਾਨ ਮੌਤ ਦਾ ਸ਼ਿਕਾਰ ਹੋਏ ਕੰਪਿਊਟਰ ਅਧਿਆਪਕਾਂ ਦੇ ਇੱਕ ਪਰਵਾਰਕ ਮੈਂਬਰ ਨੂੰ ਨੌਕਰੀ ਦੇਣ, ਸਿੱਖਿਆ ਨੀਤੀ 2020 ਨੂੰ ਲਾਗੂ ਨਾ ਕਰਨ, ਤਿੰਨ ਟਰਮੀਨੇਟ ਕੀਤੇ 3704 ਅਧਿਆਪਕਾਂ ਨੂੰ ਨੌਕਰੀ 'ਤੇ ਬਹਾਲ ਕਰਨ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ, 15-01-15 ਦੇ ਨੋਟੀਫਿਕੇਸ਼ਨ 'ਤੇ ਆਏ ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਫ਼ੈਸਲੇ ਨੂੰ ਜਨਰਲਾਈਜ ਕੀਤਾ ਜਾਵੇ, ਟੀਚਿੰਗ, ਨਾਨ ਟੀਚਿੰਗ ਦੀਆਂ ਵਿਭਾਗੀ ਤਰੱਕੀਆਂ ਤੁਰੰਤ ਕੀਤੀਆਂ ਜਾਣ, ਸਿੱਧੀ ਭਰਤੀ ਅਤੇ ਤਰੱਕੀ ਉਪਰੰਤ ਥੋਪੀ ਵਿਭਾਗੀ ਪ੍ਰੀਖਿਆ/ਕੰਪਿਊਟਰ ਹੁਨਰ ਮੁਹਾਰਤ ਟੈਸਟ ਪਾਸ ਕਰਨ ਦੀ ਸ਼ਰਤ ਤੁਰੰਤ ਹਟਾਈ ਜਾਵੇ, ਅਧਿਆਪਕ ਸੰਘਰਸ਼ਾਂ ਦੌਰਾਨ ਹਰ ਤਰ੍ਹਾਂ ਦੇ ਦਰਜ ਝੂਠੇ ਕੇਸ, ਵਿਕਟੇਮਾਈਜੇਸ਼ਨਾਂ ਤੁਰੰਤ ਰੱਦ ਕੀਤੀਆਂ ਜਾਣ, ਮਿਡਲ ਸਕੂਲਾਂ ਵਿੱਚੋਂ ਅੰਗਰੇਜ਼ੀ ਤੇ ਗਣਿਤ ਵਿਸ਼ੇ ਦੀ ਪੋਸਟ ਚੁੱਕਣ ਦੀ ਪ੍ਰਕਿਰਿਆ ਬੰਦ ਕੀਤੀ ਜਾਵੇ, ਨਵ ਪ੍ਰਮੋਟ ਸਾਇੰਸ 10+2 ਸਕੂਲਾਂ ਵਿੱਚ ਕੈਮਿਸਟਰੀ, ਗਣਿਤ ਵਿਸ਼ੇ ਦੀ ਪੋਸਟ ਦਿੱਤੀ ਜਾਵੇ, ਤਨਖਾਹ ਕਮਿਸਨ ਦੀਆਂ ਤਰੁਟੀਆਂ ਦੂਰ ਕਰਦੇ 2.72 ਦੇ ਗੁਣਾਂਕ ਨਾਲ ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਲਾਗੂ ਕੀਤੀ ਜਾਵੇ, ਨਵ ਨਿਯੁਕਤ ਅਧਿਆਪਕਾਂ 'ਤੇ ਕੇਂਦਰੀ ਸਕੇਲ ਲਾਗੂ ਕਰਨ ਦਾ ਫੈਸਲਾ ਵਾਪਸ ਲਿਆ ਜਾਵੇ, ਮਿਡਲ ਸਕੂਲਾਂ ਵਿੱਚ ਪੀ.ਟੀ.ਆਈ, ਆਰਟ ਐਂਡ ਕਰਾਫਟ ਟੀਚਰਾਂ ਦੀਆਂ ਪੋਸਟਾਂ ਦਿੱਤੀਆਂ ਜਾਣ, ਐਸ ਐਸ ਏ ਰਮਸਾ, ਹੋਰ ਬਾਅਦ ਦੀਆਂ ਸਾਰੀਆਂ ਅਧਿਆਪਕ ਭਰਤੀਆਂ ਦੀ ਸੀਨੀਆਰਤਾ ਫਿਕਸ ਕੀਤੀ ਜਾਵੇ, ਸਰੀਰਕ ਸਿੱਖਿਆ ਨੂੰ ਲਾਜ਼ਮੀ ਵਿਸ਼ਾ ਬਣਾਇਆ ਜਾਵੇ, ਓ ਡੀ ਐਲ ਅਧੀਨ ਪਾਸ ਅਧਿਆਪਕਾਂ ਨੂੰ ਤੁਰੰਤ ਰੈਗੂਲਰ ਆਰਡਰ ਦਿੱਤੇ ਜਾਣ, ਬੇਲੋੜੇ ਪ੍ਰੋਜੈਕਟ ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ, ਖਾਨ ਅਕੈਡਮੀ, ਈਬੀਸੀ ਆਦਿ ਬੰਦ ਕੀਤੇ ਜਾਣ, ਵਿਦਿਆਰਥੀ ਵਜ਼ੀਫ਼ੇ ਅਪਲਾਈ ਕਰਨ ਦੀ ਪ੍ਰਕਿਰਿਆ ਸਰਲ ਕੀਤੀ ਜਾਵੇ, ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮ ਲੈਣੇ ਬੰਦ ਕੀਤੇ ਜਾਣ, ਇਸ ਦਫ਼ਤਰ ਵਿੱਚ ਲੰਮੇ ਸਮੇਂ ਤੋਂ ਪੈਂਡਿੰਗ ਪਏ ਮੈਡੀਕਲ ਰੀਇੰਬਰਸਮੈਂਟ ਦੇ ਅਤੇ ਹੋਰ ਹਰ ਤਰ੍ਹਾਂ ਦੇ ਕੇਸ ਪਾਸ ਕੀਤੇ ਜਾਣ।

ਏਸੀਪੀ ਸਕੀਮ 3-7-11-15 ਲਾਗੂ ਕੀਤੀ ਜਾਵੇ, ਜਸਪ੍ਰੀਤ ਕੌਰ ਲੈਕਚਰਾਰ ਬਠਿੰਡਾ ਦੀ ਨਜਾਇਜ਼ ਬਦਲੀ ਰੱਦ ਕੀਤੀ ਜਾਵੇ ਤੇ ਹੋਰ ਬਹੁਤ ਸਾਰੇ ਅਧਿਆਪਕ ਮਸਲੇ ਇਸ ਵਿੱਚ ਰੱਖੇ ਗਏ। ਉਨ੍ਹਾਂ ਕਿਹਾ ਕਿ ਅਧਿਆਪਕ ਮਸਲਿਆਂ ਦੇ ਹੱਲ ਲਈ ਉਹ ਸੁਹਿਰਦਤਾ ਨਾਲ ਯਤਨ ਜੁਟਾਉਣਗੇ। ਇਸ ਮੌਕੇ ਜਿੱਥੇ ਕਈ ਭਖਵੇਂ ਮਸਲੇ ਛੂਹੇ ਗਏ, ਉੱਥੇ ਡੀ ਟੀ ਐਫ਼ ਵੱਲੋਂ ਪਹਿਲੇ ਡੀ ਐਸ ਈ ਤੇਜਦੀਪ ਸਿੰਘ ਸੈਣੀ ਕੋਲ ਰੱਖੇ ਅਧਿਆਪਕਾਂ ਨਾਲ ਧੱਕਿਆਂ ਦੇ ਮਸਲੇ ਜੋ ਅਜੇ ਵੀ ਪੈਂਡਿੰਗ ਪਏ ਹਨ, ਨੂੰ ਹੱਲ ਕਰਨ, ਸੰਗਰੂਰ ਜ਼ਿਲ੍ਹੇ ਦੇ ਪੰਜ ਅਧਿਆਪਕ ਆਗੂਆਂ ਨੂੰ ਜਾਰੀ ਦੋਸ਼ ਸੂਚੀਆਂ ਰੱਦ ਕਰਨ ਅਤੇ 131 ਲਾਇਬ੍ਰੇਰੀਅਨਾਂ ਨੂੰ ਤੁਰੰਤ ਜੁਆਇਨ ਕਰਾਉਣ ਦੀ ਮੰਗ ਵੀ ਜ਼ੋਰਦਾਰ ਢੰਗ ਨਾਲ ਮੰਗ ਚੁੱਕੀ ਗਈ।

ਨਸ਼ਿਆਂ ਦੇ ਸੌਦਾਗਰ ਕੰਮ ਬਦਲ ਲੈਣ ਜਾਂ ਸ਼ਹਿਰ : ਥਾਣਾ ਮੁਖੀ



ਬਾਘਾਪੁਰਾਣਾ (ਮਨੀ ਸਿੰਗਲਾ)
ਥਾਣਾ ਮੁਖੀ ਜਸਵਰਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਹਲਕੇ ਦੇ ਪਿੰਡਾਂ ਵਿੱਚ ਸਰਚ ਅਪ੍ਰੇਸ਼ਨ ਦੌਰਾਨ ਪਿੰਡ ਰਾਜਿਆਣਾ ਦੇ ਇਕ ਵਿਅਕਤੀ ਕੋਲੋਂ 50 ਗ੍ਰਾਮ ਹੈਰੋਇਨ ਤੇ ਕਰੀਬ 22 ਹਜ਼ਾਰ ਦੀ ਡਰੱਗ ਮਨੀ ਫੜੀ ਗਈ ਅਤੇ ਹੋਰਨਾਂ ਤੋਂ ਵੀ ਪੁੱਛਗਿੱਛ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਇਲਾਕੇ ਅੰਦਰ ਪੁਲਸ ਨਸ਼ੇ ਸਮੱਗਲਰਾਂ ਦੇ ਖਿਲਾਫ਼ ਪੂਰੀ ਸਖਤੀ ਨਾਲ ਕੰਮ ਕਰ ਰਹੀ ਹੈ ਤਾਂ ਜੁ ਨਸ਼ਿਆਂ ਤੋਂ ਸਾਡੀ ਨੌਜਵਾਨ ਪੀੜ੍ਹੀ ਨੂੰ ਬਚਾਇਆ ਜਾ ਸਕੇ। ਥਾਣਾ ਮੁਖੀ ਨੇ ਕਿਹਾ ਕਿ ਜਿਹੜੇ ਲੋਕ ਨਸ਼ਿਆਂ ਦਾ ਕਾਰੋਬਾਰ ਕਰਦੇ ਹਨ, ਉਹ ਜਾਂ ਤਾਂ ਆਪਣਾ ਕੰਮ ਛੱਡ ਦੇਣ ਜਾਂ ਫਿਰ ਸ਼ਹਿਰ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰੀਆਂ ਅਤੇ ਮਾੜੇ ਅਨਸਰਾਂ, ਚੋਰ, ਲੁਟੇਰਿਆਂ ਨੂੰ ਫੜਨ ਲਈ ਪੰਜਾਬ ਪੁਲਸ ਵੱਲੋਂ ਟੀਮਾਂ ਗਠਨ ਕੀਤੀਆਂ ਗਈਆਂ ਹਨ, ਜੋ ਦਿਨ-ਰਾਤ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਨਾਕਾਬੰਦੀ ਦੌਰਾਨ ਵਹੀਕਲਾਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ 17 ਮੋਟਰਸਾਈਕਲ ਦੇ ਚਲਾਨ ਕੱਟੇ ਗਏ। ਉਨ੍ਹਾਂ ਕਿਹਾ ਕਿ ਕੋਈ ਵੀ ਚਾਲਕ ਮੋਟਰਸਾਈਕਲ 'ਤੇ ਪਟਾਕੇ ਮਾਰਦਾ ਤੇ ਮੋਟਰਸਾਈਕਲਾਂ ਵਿੱਚੋਂ ਬੰਸਰੀਆਂ ਕੱਢਦਾ ਮਿਸਤਰੀ ਫੜਿਆ ਗਿਆ, ਉਹ ਬਖਸ਼ਿਆ ਨਹੀਂ ਜਾਵੇਗਾ।

ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ਼ ਕੀਤੀ ਕਿ ਮਾੜੇ ਅਨਸਰਾਂ ਅਤੇ ਨਸ਼ਿਆਂ ਖਿਲਾਫ ਵਿੱਢੀ ਮੁਹਿਮ ਦੌਰਾਨ ਤੁਹਾਡੇ ਸਹਿਯੋਗ ਦੀ ਜ਼ਰੂਰਤ ਹੈ, ਜੇਕਰ ਤੁਹਾਡੇ ਨਜ਼ਦੀਕ ਕੋਈ ਨਸ਼ੇ ਵੇਚ ਰਿਹਾ ਹੈ ਤਾਂ ਉਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ ਜਾਣਕਾਰੀ ਦੇਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ।

33 ਵਾਹਨਾਂ ਦੇ ਕੱਟੇ ਚਲਾਨ, 4 ਇੰਪਾਊਂਡ ਕੀਤੇ

ਸੰਗਰੂਰ (ਪ੍ਰਵੀਨ ਸਿੰਘ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਕੱਤਰ ਰੀਜਨਲ ਟਰਾਂਸਪੋਰਟ ਅਥਾਰਿਟੀ ਸੰਗਰੂਰ ਵਿਨੀਤ ਕੁਮਾਰ ਵੱਲੋਂ ਸੜਕ ਸੁਰੱਖਿਆ ਤਹਿਤ ਰਾਤ ਸਮੇਂ ਤੇ ਸਵੇਰੇ ਸੰਗਰੂਰ ਤੇ ਬਰਨਾਲਾ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਸੜਕੀ ਆਵਾਜਾਈ ਦੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ 33 ਚਲਾਨ ਕੀਤੇ ਗਏ ਤੇ 4 ਵਾਹਨ ਇੰਪਾਊਂਡ ਕੀਤੇ ਗਏ। ਇਨ੍ਹਾਂ ਵਾਹਨਾਂ 'ਚ ਟਰੈਕਟਰ-ਟਰਾਲੀਆਂ ਅਤੇ ਢੋਆ-ਢੁਆਈ ਵਾਲੇ ਹੋਰ ਭਾਰੀ ਵਾਹਨ ਸ਼ਾਮਲ ਹਨ। ਸਵੇਰੇ ਸੰਗਰੂਰ, ਧਨੌਲਾ, ਬਰਨਾਲਾ ਵਿਖੇ ਚੈਕਿੰਗ ਦੌਰਾਨ ਉਨ੍ਹਾਂ ਨੇ ਵਾਹਨ ਚਲਾਉਣ ਵਾਲਿਆਂ ਨੂੰ ਨਿਯਮਾਂ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ।

ਸਕੱਤਰ ਵਿਨੀਤ ਕੁਮਾਰ ਨੇ ਦੱਸਿਆ ਕਿ ਆਵਾਜਾਈ ਨਿਯਮਾਂ ਨੂੰ ਸਹੀ ਢੰਗ ਨਾਲ ਲਾਗੂ ਕਰਨ ਲਈ ਸਮੇਂ-ਸਮੇਂ 'ਤੇ ਵਾਹਨਾਂ ਦੇ ਦਸਤਾਵੇਜ਼ਾਂ, ਡਰਾਈਵਰ ਤੇ ਕੰਡਕਟਰ ਦੇ ਲਾਇਸੰਸ ਦੀ ਅਚਨਚੇਤ ਜਾਂਚ ਕੀਤੀ ਜਾਂਦੀ ਹੈ। ਉਨ੍ਹਾਂ ਸਮੂਹ ਵਾਹਨ ਚਾਲਕਾਂ ਨੂੰ ਹਦਾਇਤ ਕੀਤੀ ਕਿ ਭਵਿੱਖ ਵਿੱਚ ਸੜਕੀ ਆਵਾਜਾਈ ਦੇ ਸਾਰੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਬੱਸਾਂ, ਕਾਰਾਂ, ਟਰੱਕ ਉਪਰੇਟਰਾਂ ਦੇ ਮਾਲਕਾਂ ਨੂੰ ਆਪਣੇ ਵਾਹਨਾਂ ਦੇ ਦਸਤਾਵੇਜ਼ ਪੂਰੇ ਰੱਖਣ ਦੀ ਅਪੀਲ ਕੀਤੀ। ਉਨਾਂ ਕਿਹਾ ਕਿ ਹਰੇਕ ਵਾਹਨ ਚਾਲਕ ਆਪਣੀ ਗੱਡੀ ਦੇ ਅੱਗੇ ਤੇ ਪਿੱਛੇ ਰਿਫਲੈਕਟਰ ਲਾਜ਼ਮੀ ਤੌਰ 'ਤੇ ਲਾਉਣ।

ਸੰਤ ਬਾਬਾ ਨਛੱਤਰ ਸਿੰਘ ਦੀ ਯਾਦ 'ਚ ਜਲਦੀ ਵੰਡੇ ਜਾਣਗੇ ਟ੍ਰਾਈਸਾਈਕਲ : ਬਾਬਾ ਗੁਰਦੀਪ ਸਿੰਘ

ਬਾਘਾ ਪੁਰਾਣਾ (ਮਨੀ ਸਿੰਗਲਾ)-ਦੇਸ਼ਾਂ ਵਿਦੇਸ਼ਾਂ ਵਿੱਚ ਪ੍ਰਸਿੱਧ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ ਵਿਖੇ ਹਰ ਸਾਲ ਅੰਗਹੀਣਾਂ/ਲੋੜਵੰਦਾਂ ਵਾਸਤੇ ਟ੍ਰਾਈਸਾਈਕਲ, ਖੜੋੜੀਆਂ, ਬਾਕਰ ਵੰਡੇ ਜਾਂਦੇ ਹਨ। ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਨੇ ਦੱਸਿਆ ਕਿ ਇਸ ਵਾਰ ਵੀ ਮਹਾਂਪੁਰਖਾਂ ਦੀ ਮਿੱਠੀ ਯਾਦ ਵਿੱਚ ਜਲਦੀ ਹੀ ਟ੍ਰਾਈਸਾਈਕਲ ਵੰਡੇ ਜਾ ਰਹੇ ਹਨ। ਸੰਤ ਬਾਬਾ ਗੁਰਦੀਪ ਸਿੰਘ ਨੇ ਦੱਸਿਆ ਕਿ ਇਸ ਅਸਥਾਨ ਵੱਲੋਂ ਸਮੇਂ-ਸਮੇਂ ਲੋੜਵੰਦਾਂ ਵਾਸਤੇ ਕੋਈ ਨਾ ਕੋਈ ਕਾਰਜ ਕੀਤਾ ਜਾਂਦਾ ਹੈ। ਬਾਬਾ ਜੀ ਨੇ ਦੱਸਿਆ ਕਿ ਜਿਹੜੇ ਲੋੜਵੰਦ ਅੰਗਹੀਣਾਂ ਨੂੰ ਟ੍ਰਾਈਸਾਈਕਲ, ਖੜੋੜੀਆਂ, ਬਾਕਰ ਚਾਹੀਦੇ ਹਨ, ਉਹ ਇੱਕ ਫੋਟੋ ਤੇ ਅਰਜ਼ੀ ਪਿੰਡ ਦੇ ਸਰਪੰਚ ਜਾਂ ਨੰਬਰਦਾਰ ਤੋਂ ਤਸਦੀਕ ਕਰਵਾ ਕੇ ਕੇ 8 ਜੂਨ ਤੱਕ ਗੁਰਦੁਆਰਾ ਸਾਹਿਬ ਵਿਖੇ ਪਹੁੰਚਦੀਆਂ ਕਰ ਦੇਣ, ਜਿਨ੍ਹਾਂ ਲੋੜਵੰਦਾਂ ਨੂੰ ਇਸ ਅਸਥਾਨ ਵੱਲੋਂ ਜਾਂ ਹੋਰ ਸੰਸਥਾ ਵੱਲੋਂ ਸਾਈਕਲ ਮਿਲ ਚੁੱਕੇ ਹਨ, ਉਨ੍ਹਾਂ ਨੂੰ ਟ੍ਰਾਈਸਾਈਕਲ ਨਹੀਂ ਦਿੱਤੇ ਜਾਣਗੇ। ਬਾਬਾ ਜੀ ਨੇ ਕਿਹਾ ਕਿ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਨੇ ਬਹੁਤ ਸਾਰੇ ਸਮਾਜ ਭਲਾਈ ਦੇ ਕਾਰਜ ਸ਼ੁਰੂ ਕੀਤੇ ਸਨ, ਜੋ ਨਿਰੰਤਰ ਚੱਲ ਰਹੇ ਹਨ ਅਤੇ ਇਨ੍ਹਾਂ ਕਾਰਜ ਵਾਸਤੇ ਇਸ ਅਸਥਾਨ ਵੱਲੋਂ ਕਿਸੇ ਤੋਂ ਉਗਰਾਹੀਆਂ ਇਕੱਠੀਆਂ ਨਹੀਂ ਕੀਤੀਆਂ ਜਾਂਦੀਆਂ। ਸਾਰੇ ਕਾਰਜ ਸਤਿਗੁਰੂ ਦੇ ਆਸਰੇ ਕੀਤੇ ਜਾਂਦੇ ਸਨ, ਕਿਉਂਕਿ ਗਰੀਬਾਂ, ਲੋੜਵੰਦਾਂ ਦਾ ਸਹਾਰਾ ਬਣਨਾ ਸਭ ਤੋਂ ਵੱਡਾ ਪੁੰਨ ਹੈ। ਬਾਬਾ ਜੀ ਨੇ ਕਿਹਾ ਕਿ ਅਰਜ਼ੀਆਂ ਜਮ੍ਹਾਂ ਹੋਣ ਤੋਂ ਬਾਅਦ ਸਾਈਕਲ ਵੰਡਣ ਦੀ ਤਰੀਕ ਰੱਖੀ ਜਾਵੇਗੀ।

ਗੁਰਮਤਿ ਨਾਲ ਜੁੜੀਆਂ ਭੈਣਾਂ ਇੱਕ ਚੰਗਾ ਸਮਾਜ ਸਿਰਜ ਸਕਦੀਆਂ : ਭਾਵਨਾ ਜੀ

ਸਮਾਣਾ (ਇਕਬਾਲ ਸਿੰਘ ਬੱਲ)-ਸੰਤ ਨਿਰੰਕਾਰੀ ਮਿਸ਼ਨ ਬ੍ਰਾਂਚ ਸਮਾਣਾ ਦੇ ਸੰਯੋਜਕ ਸੁਰਿੰਦਰ ਸਿੰਘ ਐਡਵੋਕੇਟ ਦੀ ਅਗਵਾਈ ਹੇਠ ਸੰਯੋਜਕ ਪੱਧਰ 'ਤੇ ਭੈਣਾਂ ਦਾ ਸਮਾਗਮ ਸੰਤ ਨਿਰੰਕਾਰੀ ਸਤਿਸੰਗ ਭਵਨ ਸਮਾਣਾ ਵਿਖੇ ਹੋਇਆ, ਜਿਸ ਦੀ ਪ੍ਰਧਾਨਗੀ ਭੈਣ ਭਾਵਨਾ ਜੀ ਮੰਡੀ ਗੋਬਿੰਦਗੜ੍ਹ ਵਾਲਿਆਂ ਨੇ ਕੀਤੀ, ਜਿਸ ਵਿੱਚ ਸੰਤ ਨਿਰੰਕਾਰ ਮਿਸ਼ਨ ਦੀ ਬਰਾਂਚ ਘੱਗਾ, ਬਿਸ਼ਨਪੁਰਾ, ਬਾਦਸ਼ਾਹਪੁਰ ਤੇ ਸਮਾਣਾ ਤੋਂ ਇਲਾਵਾ ਇਲਾਕੇ ਦੇ ਪਿੰਡਾਂ ਦੀਆਂ ਭੈਣਾਂ ਸ਼ਾਮਲ ਹੋਈਆਂ। ਇਸ ਮੌਕੇ ਭੈਣ ਭਾਵਨਾ ਜੀ ਨੇ ਫੁਰਮਾਇਆ ਕਿ ਜਿਹੜੀਆਂ ਭੈਣਾਂ ਗੁਰੂ ਦੇ ਰੰਗ ਵਿੱਚ ਰੰਗੀਆਂ ਹੁੰਦੀਆਂ ਹਨ, ਉਨ੍ਹਾਂ ਦੀ ਘਰ ਪਰਿਵਾਰ, ਸਮਾਜ ਤੇ ਗੁਰੂ ਘਰ ਪ੍ਰਤੀ ਜ਼ਿੰਮੇਵਾਰੀ ਵੱਧ ਜਾਂਦੀ ਹੈ, ਕਿਉਂਕਿ ਉਨ੍ਹਾਂ ਨੇ ਗੁਰੂ ਪਾਸੋਂ ਪ੍ਰਾਪਤ ਕੀਤੀਆਂ ਚੰਗੀਆਂ ਸਿੱਖਿਆਵਾਂ ਆਪਣੇ ਘਰ ਪਰਿਵਾਰ ਤੇ ਸਮਾਜ ਵਿੱਚ ਮਿਲਵਰਤਣ ਵਾਲੀਆਂ ਭੈਣਾਂ ਨਾਲ ਸਾਂਝੀਆਂ ਕਰਨੀਆਂ ਹੁੰਦੀਆਂ ਹਨ। ਗੁਰੂ ਘਰ ਦੀਆਂ ਸੇਵਾਵਾਂ ਦੇ ਨਾਲ-ਨਾਲ ਆਪਣੇ ਘਰ ਪਰਿਵਾਰ ਵਿੱਚ ਵੀ ਸੇਵਾਵਾਂ ਜਾਰੀ ਰੱਖਣੀਆਂ ਹਨ। ਬਜ਼ੁਰਗ ਮਾਂ-ਬਾਪ, ਸੱਸ-ਸਹੁਰੇ ਦੀ ਸੇਵਾ ਵੱਲ ਵਿਸ਼ੇਸ਼ ਧਿਆਨ ਦੇਣਾ ਹੁੰਦਾ ਹੈ, ਕਿਉਂਕਿ ਇਨ੍ਹਾਂ ਬਜ਼ੁਰਗਾਂ ਦੇ ਅਸ਼ੀਰਵਾਦ ਵੀ ਗੁਰੂ ਦੇ ਅਸ਼ੀਰਵਾਦ ਜਿੰਨਾ ਹੀ ਕੰਮ ਕਰਦੇ ਹਨ। ਭੈਣ ਭਾਵਨਾ ਜੀ ਨੇ ਫੁਰਮਾਇਆ ਕੇ ਦੁਨੀਆ ਦੇ ਪ੍ਰਸਿੱਧ ਫਿਲਾਸਫਰ ਨੇਪੋਲੀਅਨ ਦਾ ਕਹਿਣਾ ਹੈ ਕਿ "ਚੰਗੀਆਂ ਮਾਵਾਂ ਹੀ ਇੱਕ ਚੰਗਾ ਸਮਾਜ ਸਿਰਜ ਸਕਦੀਆਂ ਹਨ।"

ਯੂਥ ਵੈੱਲਫੇਅਰ ਕਲੱਬ ਦਾ ਸਿਲਵਰ ਜੁਬਲੀ ਸਮਾਗਮ ਯਾਦਗਾਰੀ ਹੋ ਨਿੱਬੜਿਆ

ਹਠੂਰ (ਨਛੱਤਰ ਸੰਧੂ)-ਯੂਥ ਵੈੱਲਫੇਅਰ ਕਲੱਬ ਹਠੂਰ ਦੇ 25 ਸਾਲ ਪੂਰੇ ਹੋਣ 'ਤੇ ਯੂਥ ਵੈੱਲਫੇਅਰ ਕਲੱਬ ਹਠੂਰ ਵੱਲੋਂ ਸਿਲਵਰ ਜੁਬਲੀ ਸਮਾਰੋਹ ਕਰਵਾਇਆ ਗਿਆ। ਇਹ ਪ੍ਰੋਗਰਾਮ ਸ੍ਰ. ਬੰਤ ਸਿੰਘ ਉੱਪਲ ਨੂੰ ਸਮਰਪਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਰਕਾਰੀ ਸਕੂਲਾਂ 'ਚ ਪੜ੍ਹਦੇ ਬੱਚੇ, ਜੋ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਵਿੱਚ ਆਏ ਸਨ, ਉਨ੍ਹਾਂ ਨੂੰ ਸਕੂਲ ਬੈਗ ਤੇ ਸਟੇਸ਼ਨਰੀ ਦੇ ਕੇ ਸਨਮਾਨਤ ਕੀਤਾ ਗਿਆ। ਮੁੱਖ ਮਹਿਮਾਨ ਪ੍ਰਿੰਸੀਪਲ ਬਲਵੰਤ ਸਿੰਘ ਚਕਰ ਤੇ ਵਿਸ਼ੇਸ਼ ਮਹਿਮਾਨ ਡਾਕਟਰ ਸੁਰਜੀਤ ਸਿੰਘ ਦੌਧਰ ਦਾ ਕਲੱਬ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਭੁਪਿੰਦਰ ਕੌਰ ਢਿੱਲੋਂ, ਲੈਕ: ਗੁਰਮੇਲ ਸਿੰਘ ਬੋਡੇ, ਬੂਟਾ ਸਿੰਘ ਗੁਲਾਮੀ, ਰਜਿੰਦਰ ਕੁਮਾਰ ਜੋਸ਼ੀ, ਪ੍ਰਿੰਸੀਪਲ ਅਮਰਦੀਪ ਕੌਰ, ਸਕੂਲ ਇੰਚਾਰਜ ਹਰਵਿੰਦਰ ਕੌਰ, ਹੈੱਡ ਟੀਚਰ ਕੁਲਦੀਪ ਕੌਰ, ਸਰਪੰਚ ਮਲਕੀਤ ਸਿੰਘ ਧਾਲੀਵਾਲ ਤੇ ਗ੍ਰਾਮ ਪੰਚਾਇਤ ਹਠੂਰ ਅਤੇ ਸ਼ਹੀਦ ਭਗਤ ਸਿੰਘ ਕਲੱਬ ਦੇ ਅਹੁਦੇਦਾਰ ਹਾਜ਼ਰ ਹੋਏ। ਸਾਰੇ ਮੁਖੀ ਸਾਹਿਬਾਨਾਂ ਦਾ ਕਲੱਬ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਪ੍ਰੋਗਰਾਮ ਲਈ ਰਜਿੰਦਰ ਕੁਮਾਰ ਜੋਸ਼ੀ ਤੇ ਗੁਰਦੀਪ ਸਿੰਘ ਧਾਲੀਵਾਲ (ਕੈਨੇਡਾ), ਪ੍ਰਭ ਆਸਰਾ ਫੇਰੂਰਾਈ ਤੋਂ ਕੈਪਟਨ ਕਮਿਕਰ ਸਿੰਘ, ਮਨਜੀਤ ਸਿੰਘ ਵੱਲੋਂ ਕਲੱਬ ਲਈ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਯੂਥ ਵੈੱਲਫੇਅਰ ਕਲੱਬ ਹਠੂਰ ਵੱਲੋਂ ਇਨ੍ਹਾਂ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਸਰਬਜੀਤ ਸਿੰਘ ਕਲੇਰ (ਕੈਨੇਡਾ), ਗੁਰਪ੍ਰੀਤ ਸਿੰਘ ਦਿਉਲ ਕੈਨੇਡਾ, ਦਰਸ਼ਨ ਸਿੰਘ ਇਟਲੀ, ਗੁਰਚਰਨ ਸਿੰਘ ਆਸਟ੍ਰੇਲੀਆ, ਕੁਲਦੀਪ ਸਿੰਘ ਇਟਲੀ, ਜੋ ਕਲੱਬ ਲਈ ਵਿਦੇਸ਼ਾਂ ਵਿੱਚ ਬੈਠ ਕੇ ਵੀ ਸਹਿਯੋਗ ਕਰਦੇ ਰਹਿੰਦੇ ਹਨ, ਦਾ ਯੂਥ ਵੈੱਲਫੇਅਰ ਕਲੱਬ ਹਠੂਰ ਵੱਲੋਂ ਇਨ੍ਹਾਂ ਪੁਰਾਣੇ ਕਲੱਬ ਮੈਂਬਰਾਂ ਉੱਤੇ ਮਾਣ ਮਹਿਸੂਸ ਕੀਤਾ ਗਿਆ।

ਘਲੋਟੀ ਸਕੂਲ 'ਚ ਸਮਰ ਕੈਂਪ ਸ਼ੁਰੂ

ਕੋਟ ਈਸੇ ਖਾਂ (ਅਰੋੜਾ)-ਸੰਤ ਬਾਬਾ ਗੁਰਮੀਤ ਸਿੰਘ ਜੀ ਦੀ ਯੋਗ ਰਹਿਨੁਮਾਈ ਤਹਿਤ ਤੇ ਅਮੋਲ ਅਕੈਡਮੀ ਦੇ ਸਹਿਯੋਗ ਸਦਕਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਲੋਟੀ ਵਿਖੇ 10 ਰੋਜ਼ਾ ਸਮਰ ਕੈਂਪ ਸ਼ੁਰੂ ਕੀਤਾ ਗਿਆ। ਸਮਰ ਕੈਂਪ ਵਿੱਚ ਖਿਡਾਰੀਆਂ ਨੂੰ ਵੱਖ-ਵੱਖ ਖੇਡਾਂ ਜਿਵੇਂ ਫੁੱਟਬਾਲ, ਬਾਸਕਟਬਾਲ, ਅਥਲੈਟਿਕਸ, ਸਾਫਟਬਾਲ ਤੇ ਕਬੱਡੀ ਨੈਸ਼ਨਲ ਦੀ ਟ੍ਰੇਨਿੰਗ ਦਿੱਤੀ ਜਾਵੇਗੀ। ਕੈਂਪ ਵਿਚ ਸਵੇਰੇ 6 ਵਜੇ ਤੋਂ ਲੈ ਕੇ 10 ਵਜੇ ਤੱਕ ਖਿਡਾਰੀਆਂ ਨੂੰ ਖੇਡਾਂ ਦੀ ਤਿਆਰੀ ਕਰਾਈ ਜਾਵੇਗੀ। ਕੈਂਪ ਦੌਰਾਨ ਖਿਡਾਰੀਆਂ ਲਈ ਸੰਤ ਬਾਬਾ ਇੰਦਰ ਸਿੰਘ ਚੈਰੀਟੇਬਲ ਟਰੱਸਟ ਤੇ ਗੁਰਦੁਆਰਾ ਭਾਈ ਮਨਸਾ ਸਿੰਘ ਪ੍ਰਬੰਧਕ ਕਮੇਟੀ ਘਲੋਟੀ ਵੱਲੋਂ ਵਿਸ਼ੇਸ਼ ਤੌਰ 'ਤੇ ਰਿਫੈਰਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ। ਸੰਤ ਬਾਬਾ ਗੁਰਮੀਤ ਸਿੰਘ ਨੇ ਖਿਡਾਰੀਆਂ ਨੂੰ ਵਧੀਆ ਤਰੀਕੇ ਨਾਲ ਟ੍ਰੇਨਿੰਗ ਲੈਣ ਲਈ ਉਤਸ਼ਾਹਤ ਕੀਤਾ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਖੇਡ ਕੋਆਡੀਨੇਟਰ ਬਲਵਿੰਦਰ ਸਿੰਘ ਬੈਂਸ, ਲੈਕਚਰਾਰ ਪਲਵਿੰਦਰ ਸਿੰਘ, ਸਰਬਜੀਤ ਸਿੰਘ ਪੀ.ਟੀ ਆਈ, ਕੋਚ ਨਵਤੇਜ ਸਿੰਘ, ਕੋਚ ਹਰਜੀਤ ਸਿੰਘ ਤੇ ਕੋਚ ਰੁਪਿੰਦਰ ਸਿੰਘ ਹਾਜ਼ਰ ਸਨ।

ਸਟੱਡੀ ਸਰਕਲ ਵੱਲੋਂ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ

ਸੰਗਰੂਰ (ਪ੍ਰਵੀਨ ਸਿੰਘ)
ਸਥਾਨਕ ਅਕਾਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਵਿਸ਼ਵ ਤੰਬਾਕੂ ਰਹਿਤ ਦਿਵਸ ਮੌਕੇ ਪ੍ਰਿੰਸੀਪਲ ਡਾ: ਰਸ਼ਪਿੰਦਰ ਕੌਰ ਤੇ ਪ੍ਰੋ. ਹਰਪ੍ਰੀਤ ਕੌਰ ਦੀ ਦੇਖ ਰੇਖ ਹੇਠ ਹੋਇਆ, ਜਿਸ ਵਿੱਚ ਕਰਨਬੀਰ ਸਿੰਘ ਸਿਬੀਆ ਚੇਅਰਮੈਨ ਤੇ ਡਾ. ਹਰਜੀਤ ਕੌਰ ਡਾਇਰੈਕਟਰ ਅਤੇ ਪ੍ਰਬੰਧਕੀ ਅਫਸਰ ਅਰਵਿੰਦ ਮੋਹਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਟੱਡੀ ਸਰਕਲ ਦੇ ਐਡੀਸ਼ਨਲ ਚੀਫ ਸਕੱਤਰ ਸੁਰਿੰਦਰ ਪਾਲ ਸਿੰਘ ਸਿਦਕੀ ਨੇ ਤੰਬਾਕੂ ਸੇਵਨ ਨਾਲ ਸਿਹਤ ਤੇ ਮਾਰੂ ਪ੍ਰਭਾਵਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

ਪ੍ਰੋ. ਨਰਿੰਦਰ ਸਿੰਘ ਐਡੀਸ਼ਨਲ ਜ਼ੋਨਲ ਸਕੱਤਰ ਅਕਾਦਮਿਕ ਖੇਤਰ ਨੇ ਸਟੱਡੀ ਸਰਕਲ ਵੱਲੋਂ 19 ਅਗਸਤ ਨੂੰ ਕਰਵਾਏ ਜਾ ਰਹੇ ਨੈਤਿਕ ਸਿੱਖਿਆ ਇਮਤਿਹਾਨ ਦੀ ਜਾਣਕਾਰੀ ਸਾਂਝੀ ਕੀਤੀ। ਲਾਭ ਸਿੰਘ ਡਿਪਟੀ ਚੀਫ ਆਰਗੇਨਾਈਜ਼ਰ ਨੇ ਛੋਟੇ ਬੱਚਿਆਂ ਵੱਲੋਂ ਨਿੱਕੇ ਨਿੱਕੇ ਪੈਕਟਾਂ 'ਚ ਲਪੇਟੇ ਮਿੱਠੇ ਜ਼ਹਿਰ ਨੂੰ ਖਾਣ ਬਾਰੇ ਚਿੰਤਾ ਦਾ ਪ੍ਰਗਟਾਵਾ ਕੀਤਾ ਤੇ ਵਿਦਿਆਰਥਣਾਂ ਨੂੰ ਸੁਚੱਜੀ ਜੀਵਨ ਜਾਚ ਜਿਉਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸਟੱਡੀ ਸਰਕਲ ਵੱਲੋਂ ਨਸ਼ੇ ਵਿਰੋਧੀ ਪੇਂਟਿੰਗ ਮੁਕਾਬਲੇ 'ਚ ਦੂਸਰਾ ਸਥਾਨ ਪ੍ਰਾਪਤ ਕਰਨ ਵਾਲੀ ਸਕੂਲ ਦੀ ਵਿਦਿਆਰਥਣ ਮੁਸਕਾਨ ਸ਼ਰਮਾ ਨੂੰ ਸਨਮਾਨਤ ਕੀਤਾ ਗਿਆ। ਸਕੂਲ ਦੇ ਚੇਅਰਮੈਨ ਕਰਨਬੀਰ ਸਿੰਘ ਸਿਬੀਆ ਨੇ ਸਟੱਡੀ ਸਰਕਲ ਦੇ ਨੁਮਾਇੰਦਿਆਂ ਵੱਲੋਂ ਉਨ੍ਹਾਂ ਦੇ ਸਕੂਲ 'ਚ ਆ ਕੇ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਦੇ ਇਸ ਉੱਦਮ ਦੀ ਪ੍ਰਸੰਸਾ ਕੀਤੀ ਤੇ ਨੈਤਿਕ ਸਿੱਖਿਆ ਇਮਤਿਹਾਨ ਤੇ ਹੋਰ ਪ੍ਰੋਗਰਾਮਾਂ 'ਚ ਸਟੱਡੀ ਸਰਕਲ ਨੂੰ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਚੇਅਰਮੈਨ ਜੱਸੀ ਵੱਲੋਂ ਰਣਜੀਤਗੜ੍ਹ ਦੇ ਵਿਕਾਸ ਕਾਰਜਾਂ ਲਈ 5 ਲੱਖ ਦੀ ਗ੍ਰਾਂਟ



ਨਾਭਾ (ਵਰਿੰਦਰ ਵਰਮਾ)-ਪੰਜਾਬ ਸਰਕਾਰ ਪਿੰਡਾਂ 'ਚ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਪੂਰਾ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਆਪਣੇ ਜੱਦੀ ਪਿੰਡ ਰਣਜੀਤਗੜ੍ਹ (ਸੋਹੀਆਂਵਾਲ) ਦੇ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਪੰਚਾਇਤ ਨੂੰ ਦੇਣ ਸਮੇਂ ਇਕੱਤਰ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਤੇ ਨੌਜਵਾਨਾਂ ਦੇ ਖੇਡਣ ਲਈ ਵਧੀਆ ਗਰਾਊਂਡ ਤੇ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਵਧੀਆ ਪਾਰਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਤਾਂ ਜੋ ਲੋਕ ਸੈਰ ਕਰਕੇ ਆਪਣੇ ਆਪ ਨੂੰ ਤੰਦਰੁਸਤ ਰੱਖ ਸਕਣ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਅੰਦਰ ਯੋਜਨਾਬੱਧ ਢੰਗ ਨਾਲ ਪੂਰਨ ਵਿਕਾਸ ਕਰਵਾਉਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਸਰਪੰਚ ਗੁਰਚਰਨ ਸਿੰਘ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਲਾਲ ਸਿੰਘ ਰਣਜੀਤਗੜ੍ਹ, ਸਾਬਕਾ ਸਰਪੰਚ ਅਜੀਤ ਸਿੰਘ ਸੋਹੀ, ਸਾਬਕਾ ਸਰਪੰਚ ਗੁਰਮੁੱਖ ਸਿੰਘ ਸੋਹੀ, ਸਤਵੰਤ ਸਿੰਘ ਲਾਡੀ, ਗੁਰਦੀਪ ਸਿੰਘ ਸੋਹੀ, ਗੁਰਸੇਵ ਸਿੰਘ ਢੀਂਡਸਾ, ਸੁਖਵਿੰਦਰ ਸਿੰਘ ਸੁੱਖੀ ਢੀਂਡਸਾ, ਗੁਰਮੁੱਖ ਸਿੰਘ ਮੋਹਲਗੁਆਰਾ, ਰਮਨਦੀਪ ਸਿੰਘ ਸੋਹੀ, ਅਵਤਾਰ ਸਿੰਘ ਨੰਬਰਦਾਰ, ਰਣਬੀਰ ਸਿੰਘ ਫੌਜੀ, ਮਹਿੰਦਰ ਸਿੰਘ, ਨਛੱਤਰ ਸਿੰਘ, ਪ੍ਰੀਤਮ ਸਿੰਘ, ਬੇਅੰਤ ਸਿੰਘ, ਜਸਪਾਲ ਸਿੰਘ, ਨਰੈਣ ਸਿੰਘ ਆਦਿ ਮੌਜੂਦ ਸਨ।

ਛੁੱਟੀਆਂ ਤੋਂ ਬਾਅਦ ਸਰਕਾਰੀ ਸਕੂਲਾਂ ਨੂੰ ਮਿਲਣਗੇ 4000 ਤੋਂ ਵੱਧ ਅਧਿਆਪਕ : ਡਾ. ਸਿੰਗਲਾ

ਅਧਿਆਪਕਾਂ ਵੱਲੋਂ ਵਿਧਾਇਕ ਸਿੰਗਲਾ ਦਾ ਵਿਸ਼ੇਸ਼ ਸਨਮਾਨ, ਮੁੱਖ ਮੰਤਰੀ ਦਾ ਕੀਤਾ ਧੰਨਵਾਦ



ਮਾਨਸਾ (ਆਤਮਾ ਸਿੰਘ ਪਮਾਰ)
ਪੰਜਾਬ ਸਰਕਾਰ ਵੱਲੋਂ ਸਿੱਖਿਆ ਸੁਧਾਰਾਂ 'ਚ ਕੀਤੀਆਂ ਜਾ ਰਹੀਆਂ ਕ੍ਰਾਂਤੀਕਾਰੀ ਤਬਦੀਲੀਆਂ ਸਦਕਾ ਸੂਬੇ ਦੇ ਸਰਕਾਰੀ ਸਕੂਲ ਦੇਸ਼ ਭਰ ਦੇ ਮੋਹਰੀ ਸਕੂਲਾਂ 'ਚ ਆਪਣਾ ਨਾਮ ਦਰਜ ਕਰਵਾਉਣਗੇ। ਇਸ ਗੱਲ ਦਾ ਦਾਅਵਾ ਵਿਧਾਇਕ ਡਾ. ਵਿਜੈ ਸਿੰਗਲਾ ਨੇ ਮਾਨਸਾ ਵਿਖੇ ਨਵੇਂ ਅਧਿਆਪਕਾਂ ਦੀ ਇੰਡਕਸ਼ਨ ਟ੍ਰੇਨਿੰਗ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਹਿਲੇ ਸਾਲ ਹੀ ਸਿੱਖਿਆ ਖੇਤਰ 'ਚ ਕੀਤੀ ਰਿਕਾਰਡ ਭਰਤੀ ਨਾਲ ਪਹਿਲੇ ਸੈਸ਼ਨ ਦੌਰਾਨ ਹੀ ਸਰਕਾਰੀ ਸਕੂਲਾਂ ਦੇ ਨਤੀਜਿਆਂ 'ਚ ਵੱਡਾ ਸੁਧਾਰ ਹੋਇਆ ਹੈ, ਵੱਡੀ ਗਿਣਤੀ 'ਚ ਵਿਦਿਆਰਥੀਆਂ ਦੀਆਂ ਮੈਰਿਟਾਂ ਹੀ ਨਹੀਂ, ਸਗੋਂ ਇਸ ਜ਼ਿਲ੍ਹੇ ਦੀਆਂ ਵਿਦਿਆਰਥਣਾਂ ਨੇ ਵੱਖ ਵੱਖ ਸ਼੍ਰੇਣੀਆਂ ਵਿੱਚੋਂ ਪੰਜਾਬ ਭਰ 'ਚੋਂ ਪਹਿਲੇ, ਦੂਸਰੇ, ਤੀਸਰੇ ਸਥਾਨ 'ਤੇ ਆ ਕੇ ਝੰਡੇ ਵੀ ਗੱਡੇ ਹਨ।

ਵਿਧਾਇਕ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ 4000 ਤੋਂ ਵੀ ਵੱਧ ਮਾਸਟਰ ਕਾਡਰ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਦੇ ਹੋਰ ਮਾਹਰ ਅਧਿਆਪਕ ਮਿਲਣਗੇ, ਜਿਸ ਕਾਰਨ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਦੇ ਮਿਆਰ 'ਚ ਹੋਰ ਵਾਧਾ ਹੋਵੇਗਾ। ਉਨ੍ਹਾ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਜੋ ਵੱਖ-ਵੱਖ ਅਧਿਆਪਕਾਂ ਦੀਆਂ ਭਰਤੀਆਂ ਲਟਕਾਈਆਂ ਜਾ ਰਹੀਆਂ ਸਨ, ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਨੇਪਰੇ ਚੜ੍ਹ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਬਣਦਿਆਂ ਹੀ 6000 ਤੋਂ ਵੱਧ ਈ.ਟੀ.ਟੀ. ਅਧਿਆਪਕਾਂ ਦੀ ਭਰਤੀ ਕੀਤੀ ਗਈ, ਹੁਣ ਮਾਸਟਰ ਕਾਡਰ ਦੀ ਭਰਤੀ ਨੂੰ ਨੇਪਰੇ ਚਾੜ੍ਹਿਆ ਗਿਆ ਹੈ, ਇਸ ਤੋਂ ਇਲਾਵਾ ਹੋਰ ਵੱਖ-ਵੱਖ ਅਸਾਮੀਆਂ ਨੂੰ ਵੀ ਭਰਿਆ ਗਿਆ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਹਰਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਇਸ ਸੈਸ਼ਨ ਦੌਰਾਨ ਆਏ ਨਤੀਜਿਆਂ ਦੌਰਾਨ ਸਰਕਾਰੀ ਸਕੂਲਾਂ ਦੀ ਕਾਰਗੁਜ਼ਾਰੀ ਹੋਰ ਸ਼ਾਨਦਾਰ ਰਹੀ ਹੈ, ਹੁਣ ਜਦੋਂ ਵੱਡੀ ਗਿਣਤੀ 'ਚ ਨਵੇਂ ਅਧਿਆਪਕ ਛੁੱਟੀਆਂ ਤੋਂ ਬਾਅਦ ਸਕੂਲਾਂ 'ਚ ਜਾਣਗੇ ਤਾਂ ਨਤੀਜੇ ਹੋਰ ਵੀ ਬਿਹਤਰ ਹੋਣਗੇ। ਉਨ੍ਹਾ ਕਿਹਾ ਕਿ ਪਿਛਲੇ ਦੋ ਹਫ਼ਤਿਆਂ ਤੋਂ ਇਨ੍ਹਾਂ ਅਧਿਆਪਕਾਂ ਨੂੰ ਕਾਬਲ ਰਿਸੋਰਸ ਪਰਸਨਾਂ ਵਜੋਂ ਬਲਜਿੰਦਰ ਸਿੰਘ ਜੌੜਕੀਆਂ ਡੀ ਐੱਮ, ਮਨਪ੍ਰੀਤ ਵਾਲੀਆ ਅੰਗਰੇਜ਼ੀ ਬੀ ਐੱਮ, ਮੇਵਾ ਸਿੰਘ ਬਰਾੜ ਸਮਾਜਿਕ ਸਿੱਖਿਆ, ਜਸਪ੍ਰੀਤ ਸਿੰਘ ਅੰਗਰੇਜ਼ੀ, ਸਤਵੀਰ ਸਿੰਘ ਸਮਾਜਿਕ ਸਿੱਖਿਆ, ਰਿੰਕੂ ਮਿੱਢਾ ਹਿੰਦੀ ਨੇ ਸਿੱਖਿਆ ਦੇ ਹਰ ਪੱਖ ਤੋਂ ਟ੍ਰੇਨਿੰਗ ਦਿੱਤੀ। ਇਸ ਟ੍ਰੇਨਿੰਗ ਨੂੰ ਬਿਹਤਰ ਬਣਾਉਣ ਲਈ ਡਿਪਟੀ ਡੀ ਈ ਓ ਡਾ. ਵਿਜੈ ਮਿੱਢਾ, ਡਾਈਟ ਪ੍ਰਿੰਸੀਪਲ ਡਾ. ਬੂਟਾ ਸਿੰਘ ਸੇਖੋਂ ਦੀ ਵੀ ਵਿਸ਼ੇਸ਼ ਭੂਮਿਕਾ ਰਹੀ।

ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ 'ਸਾਥ ਟਾਈਮ ਬੈਂਕ' ਪ੍ਰੋਗਰਾਮ 'ਚ ਲਿਆ ਹਿੱਸਾ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹਾ ਪ੍ਰਸ਼ਾਸਨ ਫਤਹਿਗੜ੍ਹ ਸਾਹਿਬ ਵੱਲੋਂ ਸਵੈ-ਇੱਛਕ ਸਮਾਜ ਸੇਵਾ ਨੂੰ ਉਤਸ਼ਾਹਤ ਕਰਨ ਲਈ 'ਸਾਥ ਟਾਈਮ ਬੈਂਕ' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਮਾਤਾ ਗੁਜਰੀ ਕਾਲਜ ਦੇ ਮਨੋਵਿਗਿਆਨ ਵਿਭਾਗ ਦੇ ਵਿਦਿਆਰਥੀ ਸਿਟੀਜਨ ਵੈੱਲਫੇਅਰ ਚੈਰੀਟੇਬਲ ਟਰੱਸਟ, ਬੱਸੀ ਪਠਾਣਾਂ ਵੱਲੋਂ ਚਲਾਏ ਜਾ ਰਹੇ ਬਿਰਧ ਆਸ਼ਰਮ 'ਚ ਰਹਿ ਰਹੇ ਬਜ਼ੁਰਗਾਂ ਨੂੰ ਇੱਕ ਮਹੀਨੇ ਲਈ ਆਪਣੀਆਂ ਕਾਊਂਸਲਿੰਗ ਸੇਵਾਵਾਂ ਪ੍ਰਦਾਨ ਕਰਨਗੇ। ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਇਸ ਪ੍ਰੋਗਰਾਮ ਨਾਲ ਵਿਦਿਆਰਥੀਆਂ ਦੁਆਰਾ ਨਾ ਸਿਰਫ ਬਿਰਧ ਆਸ਼ਰਮ 'ਚ ਰਹਿ ਰਹੇ ਬਜ਼ੁਰਗਾਂ ਨੂੰ ਸਹਿਯੋਗ ਮਿਲ ਸਕੇਗਾ, ਬਲਕਿ ਵਿਦਿਆਰਥੀਆਂ ਨੂੰ ਆਪਣੇ ਖੇਤਰ ਨਾਲ ਸਬੰਧਤ ਮਹੱਤਵਪੂਰਨ ਵਿਹਾਰਕ ਤੇ ਵਿਵਹਾਰਕ ਤਜਰਬਾ ਵੀ ਪ੍ਰਾਪਤ ਹੋਵੇਗਾ। ਮਨੋਵਿਗਿਆਨ ਵਿਭਾਗ ਦੇ ਮੁਖੀ ਡਾ. ਹਰਦੀਪ ਕੌਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਜਿੱਥੇ ਬਿਰਧ ਆਸ਼ਰਮਾਂ 'ਚ ਰਹਿ ਰਹੇ ਬਜ਼ੁਰਗਾਂ ਦੀਆਂ ਮਨੋਵਿਗਿਆਨਕ ਪ੍ਰੇਸ਼ਾਨੀਆਂ ਤੇ ਜ਼ਰੂਰਤਾਂ ਬਾਰੇ ਪਤਾ ਚੱਲੇਗਾ, ਉਥੇ ਨਾਲ ਹੀ ਕਾਊਂਸਲਿੰਗ ਦੁਆਰਾ ਉਨ੍ਹਾਂ ਦੇ ਪ੍ਰੈਕਟੀਕਲ ਗਿਆਨ 'ਚ ਵੀ ਵਾਧਾ ਹੋਵੇਗਾ।

ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਤੇ ਇੰਚਾਰਜ ਪ੍ਰੋ. ਕਨਿਕਾ ਸ਼ਰਮਾ ਨੇ ਕਿਹਾ ਕਿ ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਸਮਾਜਿਕ ਤੇ ਨੈਤਿਕ ਜ਼ਿੰਮੇਵਾਰੀਆਂ ਨਿਭਾਉਣ ਲਈ ਉਤਸ਼ਾਹਤ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਜਾਣਗੇ।

2-June-PAGE-8.qxd 6/1/2023 10:30 PM Page 1

ਨਕਾਬਪੋਸ਼ਾਂ ਨੇ ਇਕ ਘਰ 'ਤੇ ਚਲਾਈਆਂ ਗੋਲੀਆਂ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ) ਜ਼ਿਲ੍ਹਾ ਕਪੂਰਥਲਾ ਦੇ ਬਲਾਕ ਸੁਲਤਾਨਪੁਰ ਲੋਧੀ ਦੇ ਪਿੰਡ ਅਮਰਜੀਤਪਰ (ਪੱਕੇ ਕੋਠੇ) ਵਿਖੇ ਇਕ ਘਰ ਨੂੰ ਕੁਝ ਨਕਾਬਪੋਸ਼ਾਂ ਵੱਲੋਂ ਨਿਸ਼ਾਨਾ ਬਣਾਇਆ ਗਿਆ। ਰਾਤ ਦੇ ਹਨੇਰੇ ਵਿੱਚ ਦੋ ਉਨ੍ਹਾਂ ਸੁਣਾਈ ਦਿੱਤੀਆਂ ਅਤੇ ਜਦੋਂ ਉਨ੍ਹਾਂ ਵੱਲੋਂ ਘਰ ਦੇ ਬਾਹਰ ਜਾ ਕੇ ਦੇਖਿਆ ਜਾਂਦਾ ਹੈ ਤਾਂ ਉਸ ਵੇਲੇ ਕੁਝ ਨਕਾਬਪੋਸ਼ ਵਿਅਕਤੀ ਆਪਣੀ ਗੱਡੀ ਵਿੱਚ ਬੈਠ ਕੇ ਫਰਾਰ ਹੋ ਗਏ। ਉਹਨਾਂ ਵਲੋਂ ਪੁਲਸ ਨੂੰ ਸੂਚਿਤ ਕੀਤਾ ਜਿਸ ਨੇ ਮੌਕੇ 'ਤੇ ਪੁੱਜ ਕੇ ਆਪਣੀ ਕਾਰਵਾਈ

ਵੱਲੋਂ ਘਰ ਦੇ ਗੇਟ ਉੱਪਰ ਗੋਲੀਆਂ ਚਲਾਈਆਂ ਗਈਆਂ। ਜਿਸ ਤੋਂ ਬਾਅਦ ਪੂਰੇ ਇਲਾਕੇ ਦੇ ਵਿਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ। ਇਹ ਪੂਰੀ ਘਟਨਾ ਸੀਸੀਟੀਵੀ ਵਿੱਚ ਕੈਦ ਹੋ ਗਈ। ਪਿੰਡ ਦੇ ਜਿਸ ਘਰ ਦੇ ਬਾਹਰ ਇਸ ਘਟਨਾ ਨੂੰ ਅੰਜਾਮ ਦਿੱਤਾ ਗਿਆ ਹੈ ਉਸ ਪਰਵਾਰ ਦੇ ਮੁਖੀ ਹਰਜਿੰਦਰ ਸਿੰਘ ਪੁੱਤਰ ਗੁਰਮੇਜ ਸਿੰਘ ਦਾ ਕਹਿਣਾ ਹੈ ਕਿ ਹੈ ਕਿ ਬੀਤੀ ਰਾਤ ਕਰੀਬ 9 ਵਜੇ ਦਾ ਸਮਾਂ ਸੀ ਜਦੋਂ ਉਹ ਆਪਣੇ ਘਰ ਦੇ ਅੰਦਰ ਬੈਠ ਕੇ ਰੋਟੀ ਖਾ ਰਹੇ ਸੀ ਤਾਂ ਉਸ ਵੇਲੇ ਉਨ੍ਹਾਂ ਨੂੰ ਗੋਲੀ ਚੱਲਣ ਦੀਆਂ ਉੱਚੀ ਉੱਚੀ ਆਵਾਜਾਂ ਸ਼ੁਰੂ ਕਰ ਦਿੱਤੀ। ਇਸ ਮੌਕੇ ਇੱਕਠੇ ਹੋਏ ਪਿੰਡ ਵਾਸੀ ਪਰਮਜੀਤ ਸਿੰਘ ਪੱਕਾ ਕੋਠਾ, ਸਰਪੰਚ ਬਲਵਿੰਦਰ ਸਿੰਘ, ਭਜਨ ਸਿੰਘ, ਤਰਸੇਮ ਸਿੰਘ, ਜਰਨੈਲ ਸਿੰਘ, ਜਸਪਾਲ ਸਿੰਘ, ਨਿਰਮਲ ਸਿੰਘ, ਸਵਰਨ ਸਿੰਘ ਅਤੇ ਬਲਜੀਤ ਸਿੰਘ ਨੇ ਕਿਹਾ ਕਿ ਉਨਾਂ ਦੇ ਪਿੰਡ ਵਿੱਚ ਵਾਪਰੀ ਇਸ ਘਟਨਾ ਨੇ ਪਿੰਡ ਵਾਸੀਆਂ ਅੰਦਰ ਸਹਿਮ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨਾਂ ਮੰਗ ਕੀਤੀ ਕਿ ਪੁਲਸ ਵੱਲੋਂ ਪਿੰਡਾਂ ਵਿੱਚ ਵੀ ਗਸ਼ਤ ਵਧਾਈ ਜਾਵੇ ਤਾਂ ਜੋ ਪਿੰਡ ਵਾਸੀ ਸੁਰੱਖਿਅਤ ਜਿੰਦਗੀ ਬਿਤਾ ਸਕਣ।

ਪਾਣੀ ਦੀ ਸੰਭਾਲ ਵਿਸ਼ੇ 'ਤੇ ਸੈਮੀਨਾਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਜਲ ਸ਼ਕਤੀ ਕੇਂਦਰ, ਹੁਸ਼ਿਆਰਪੁਰ ਵਲੋਂ ਸਨਾਤਨ ਧਰਮ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹੇਮਾ ਸ਼ਰਮਾ, ਸਕੱਤਰ ਸ਼੍ਰੀਗੋਪਾਲ ਸ਼ਰਮਾ, ਜਨਰਲ ਸਕੱਤਰ ਤਿਲਕ ਰਾਜ ਸ਼ਰਮਾ ਕਾਰਜਕਾਰੀ ਪ੍ਰਿੰਸੀਪਲ ਪ੍ਰਸ਼ਾਂਤ ਸੇਠੀ ਅਤੇ ਸਕੂਲ ਪ੍ਰਿੰਸੀਪਲ ਡਾ. ਰਾਧਿਕਾ ਰਤਨ ਦੀ ਅਗਵਾਈ ਵਿੱਚ ਸਨਾਤਨ ਧਰਮ ਕਾਲਜ ਅਤੇ ਸਨਾਤਨ ਧਰਮ ਕਾਲਜੀਏਟ ਪੰਡਤ ਅੰਮ੍ਰਿਤ ਅਨੰਦ ਮੈਮੋਰੀਅਲ ਸੀ. ਸੈ. ਸਕੂਲ ਦੇ ਸਾਇਕੋਲੋਜੀ, ਐਨ.ਐੱਸ.ਐੱਸ, ਬਾਇਓਟੈਕਨਾਲੌਜੀ ਵਿਭਾਗ ਦੇ ਸਹਿਯੋਗ ਨਾਲ ਪਾਣੀ ਦੀ ਸੰਭਲ ਵਿਸ਼ੇ ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿਚ ਸੰਜੀਵ ਸ਼ਰਮਾ, ਡਾਇਰੈਕਟਰ ਪੰਡਤ ਜਗਤ ਰਾਮ ਮੈਮੋਰੀਅਲ ਫੋਰਸ ਟਰੱਸਟ, ਸ਼ੇਖਰ ਲਾਂਬਾ, ਪ੍ਰੋਜੈਕਟਰ ਐਗਜ਼ੀਕਿਊਟਿਵ, ਜਲ ਸ਼ਕਤੀ ਕੇਂਦਰ, ਹੁਸ਼ਿਆਰਪੁਰ ਨੇ ਵਕਤਾ ਦੇ ਤੌਰ 'ਤੇ ਸ਼ਿਰਕਤ ਕੀਤੀ। ਇਸ ਉਪਰੰਤ ਸੈਮੀਨਾਰ ਦੇ ਮੁੱਖ ਵਕਤਾ ਸੰਜੀਵ ਸ਼ਰਮਾ ਨੇ ਪਾਣੀ ਦੀ ਸਾਂਭ-ਸੰਭਾਲ ਦੇ ਸਬੰਧ ਵਿੱਚ ਮਹੱਤਵਪੂਰਣ ਜਾਣਕਾਰੀ ਦਿੱਤੀ ਅਤੇ ਭਵਿੱਖ ਲਈ ਪਾਣੀ ਨੂੰ ਬਚਾਉਣ ਦੀਆਂ ਵੱਖ-ਵੱਖ ਤਕਨੀਕਾਂ ਦੀ ਲੋੜ 'ਤੇ ਜ਼ੋਰ ਦਿੱਤਾ। ਇਸਦੇ ਨਾਲ ਹੀ ਸ਼ੇਖਰ ਲਾਂਬਾ ਅਤੇ ਕਾਲਜ ਐਨ. ਐੱਸ. ਐੱਸ ਪ੍ਰੋਗਰਾਮ ਅਫਸਰ ਡਾ. ਗੁਰਚਰਨ ਸਿੰਘ ਨੇ ਵੀ ਪਾਣੀ ਦੇ ਭਵਿੱਖਮੁਖੀ ਸੰਕਟ ਅਤੇ ਪਾਣੀ ਦੀ ਸਾਂਭ-ਸੰਭਾਲ ਦੇ ਸਬੰਧ ਵਿੱਚ ਮਹੱਤਵਪੂਰਣ ਗੱਲਾਂ ਕੀਤੀਆਂ ਅਤੇ ਸਭਨਾਂ ਨੂੰ ਪਾਣੀ ਦੀ ਸੁਚੱਜੀ ਵਰਤੋਂ ਲਈਂ ਅਪੀਲ ਕੀਤੀ। ਇਸ ਮੌਕੇ ਪਾਣੀ ਦੀ ਸੰਭਾਲ ਅਤੇ ਵਾਤਾਵਰਣ ਚੇਤਨਾ ਵਿਸ਼ੇ 'ਤੇ ਕਰਵਾਏ ਗਏ ਪੋਸਟਰ ਮੇਕਿੰਗ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਅਤੇ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ।

ਆਪ ਆਗੂਆਂ ਲਲਤਾ ਸਕਲਾਨੀ ਨੂੰ ਵਿਕਾਸ ਕੰਮਾਂ ਲਈ ਦਿੱਤਾ ਮੰਗ ਪੱਤਰ

ਕਾਲਾ ਸੰਘਿਆਂ (ਮਨਜੀਤ ਮਾਨ) ਆਮ ਆਦਮੀ ਪਾਰਟੀ ਕਾਲਾ ਸੰਘਿਆਂ ਦੀ ਟੀਮ ਵੱਲੋਂ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਦੀ ਪ੍ਰਧਾਨਗੀ ਹੇਠ ਚੇਅਰਪਰਸਨ ਜਿਲ੍ਹਾ ਯੋਜਨਾ ਬੋਰਡ ਮੈਡਮ ਲਲਿਤਾ ਸਕਲਾਨੀ ਨਾਲ ਉਨ੍ਹਾਂ ਦੇ ਦਫਤਰ ਮੀਟਿੰਗ ਕੀਤੀ ਗਈ। ਇਸ ਮੌਕੇ ਕਾਲਾ ਸੰਘਿਆਂ ਟੀਮ ਵੱਲੋਂ ਪਿੰਡ 'ਚ ਹੋਣ ਵਾਲੇ ਕੰਮਾਂ ਸੰਬੰਧੀ ਵਿਚਾਰ ਚਰਚਾ ਹੋਈ। ਇਸ ਮੀਟਿੰਗ 'ਚ ਕਾਲਾ ਸੰਘਿਆਂ ਟੀਮ ਵੱਲੋਂ ਮੈਡਮ ਨੂੰ ਪਿੰਡ 'ਚ ਸੁਵਿਧਾ ਸੈਂਟਰ, ਮੰਡੀ 'ਚ ਸੈਂਡ ਪਾਉਣ, ਮੋਤੀ ਨਗਰ ਤੋਂ ਬਾਬਾ ਕਾਹਨ ਦਾਸ ਰੋਡ ਬਣਾਉਣ ਅਤੇ ਪਿੰਡ ਸੰਧੂ ਚੱਠਾ ਦੀ ਪੁੱਲੀ ਬਣਾਉਣ ਬਾਰੇ ਮੰਗ ਪੱਤਰ ਦਿੱਤਾ। ਚੇਅਰਪਰਸਨ ਮੈਡਮ ਲਲਿਤਾ ਸਕਲਾਨੀ ਨੇ ਸਾਰੇ ਹੀ ਕੰਮ ਜਲਦੀ ਤੋਂ ਜਲਦੀ ਕਰਵਾਉਣ ਦਾ ਭਰੋਸਾ ਵੀ ਦਿੱਤਾ ਮੈਡਮ ਵੱਲੋਂ ਜਲੰਧਰ ਲੋਕ ਸਭਾ ਚੋਣਾਂ ਜਿੱਤਣ ਲਈ ਕਾਲਾ ਸੰਘਿਆਂ ਟੀਮ ਨੂੰ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਆਮ ਵਲੰਟੀਅਰ ਦੀ ਮੇਹਨਤ ਦਾ ਹੀ ਨਤੀਜਾ ਹੈ ਅਤੇ ਆਉਣ ਵਾਲੀਆਂ ਪੰਚਾਇਤੀ ਵੋਟਾਂ ਲਈ ਵੀ ਤਿਆਰ ਰਹਿਣ ਅਤੇ ਲੋਕਾਂ ਦੇ ਕੰਮਾਂ ਲਈ ਹਮੇਸ਼ਾ ਹੀ ਆਮ ਆਦਮੀ ਪਾਰਟੀ ਦੇ ਦਰਵਾਜੇ ਹਮੇਸ਼ਾ ਖੁੱਲ੍ਹੇ ਹਨ। ਇਸ ਮੌਕੇ ਆਮ ਆਦਮੀ ਪਾਰਟੀ ਕਾਲਾ ਸੰਘਿਆਂ ਦੇ ਦਫਤਰ ਇੰਚਾਰਜ ਬਿੱਲੂ ਸਹਿਰੀਆ , ਸੀਨੀਅਰ ਆਗੂ ਸੰਜੀਵ ਕੌਂਡਲ, ਸਰਕਲ ਇੰਚਾਰਜ ਪਰਮਜੀਤ ਸਿੰਘ ਖਾਲਸਾ ਅਤੇ ਬਲਾਕ ਦੇ ਟਰਾਂਸਪੋਰਟ ਇੰਚਾਰਜ ਵਿਜ ਕੁਮਾਰ ਅਰੋੜਾ ਮੌਜੂਦ ਸਨ।

ਪੰਜਾਬ 'ਵਰਸਿਟੀ ਵੱਲੋਂ ਪੰਜਾਬੀ ਲਾਜ਼ਮੀ ਵਿਸ਼ਾ ਹਟਾਉਣ ਦੀ ਲੇਖਕਾਂ ਵੱਲੋਂ ਕਰੜੀ ਨਿੰਦਾ

ਫਗਵਾੜਾ, (ਡਾ. ਰਮਨ)- ਅੱਧੀ ਦਰਜਨ ਪੰਜਾਬੀ ਲੇਖਕਾਂ ਨੇ ਪੰਜਾਬ ਯੂਨੀਵਰਸਿਟੀ ਦੀ ਸਿੰਡੀਕੇਟ ਵਲੋਂ ਅੰਡਰਗਰੈਜੂਏਟ ਕੋਰਸਾਂ ਵਿਚੋਂ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਹਟਾਉਣ ਦੀ ਸਖ਼ਤ ਲਫ਼ਜ਼ਾਂ 'ਚ ਨਿਖੇਧੀ ਕੀਤੀ ਹੈ। ਉਹਨਾ ਨੇ ਇਸਨੂੰ ਮਾਂ ਬੋਲੀ ਪੰਜਾਬੀ ਵਿਰੁੱਧ ਲਿਆ ਗਿਆ ਇੱਕ ਆਪਹੁਦਰਾ ਫ਼ੈਸਲਾ ਗਰਦਾਨਿਆ ਹੈ। ਉਹਨਾ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨਾਲ ਪੰਜਾਬ ਦੇ 200 ਤੋਂ ਵੱਧ ਕਾਲਜ ਜੁੜੇ ਹੋਏ ਹਨ ਅਤੇ ਇਹਨਾ ਦੇ ਹਜ਼ਾਰਾਂ ਵਿਦਿਆਰਥੀਆਂ ਨੂੰ ਉਹਨਾ ਦੀ ਮਾਂ ਬੋਲੀ ਨਾਲੋਂ ਤੋੜਨਾ ਇੱਕ ਮੁਜ਼ਰਮਾਨਾ ਕਾਰਵਾਈ ਹੈ। ਉਹਨਾ ਨੇ ਪੰਜਾਬ ਯੂਨੀਵਰਸਿਟੀ ਦੇ ਉਪ ਕੁਲਪਤੀ ਅਤੇ ਕੁਲਪਤੀ, ਜੋ ਕਿ ਭਾਰਤ ਦੇ ਉਪ ਰਾਸ਼ਟਰਪਤੀ ਹਨ, ਤੋਂ ਮੰਗ ਕੀਤੀ ਕਿ ਇਹ ਡਿਕਟੇਟਰਾਨਾ ਫ਼ੈਸਲਾ ਤੁਰੰਤ ਵਾਪਿਸ ਲਿਆ ਜਾਵੇ। ਉਹਨਾ ਨੇ ਕਿਹਾ ਕਿ ਜਦੋਂ ਬੋਰਡ ਆਫ਼ ਸਟੱਡੀਜ਼ ਅਤੇ ਲੈਂਗੂਏਜ਼ ਫੈਕਿਲਟੀ ਨੇ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਸਿਫ਼ਾਰਸ਼ ਕੀਤਾ ਤਾਂ ਸਿੰਡੀਕੇਟ ਨੂੰ ਇਹ ਫ਼ੈਸਲਾ ਬਦਲਣ ਦਾ ਕੋਈ ਅਧਿਕਾਰ ਨਹੀਂ ਹੈ। ਇਸ ਬਿਆਨ ਉਤੇ ਪ੍ਰੋ: ਜਸਵੰਤ ਸਿੰਘ ਗੰਡਮ ਪ੍ਰਧਾਨ ਪੰਜਾਬੀ ਵਿਰਸਾ ਟਰਸੱਟ, ਗੁਰਮੀਤ ਸਿੰਘ ਪਲਾਹੀ ਪ੍ਰਧਾਨ ਪੰਜਾਬੀ ਕਾਲਮ ਨਵੀਸ ਮੰਚ, ਰਵਿੰਦਰ ਚੋਟ, ਪਰਵਿੰਦਰਜੀਤ ਪ੍ਰਧਾਨ ਸਕੇਪ ਸਾਹਿਤਕ ਸੰਸਥਾ, ਬਲਦੇਵ ਰਾਜਕੋਮਲ, ਜਗੀਰ ਸਿੰਘ ਨੂਰ ਆਦਿ ਨੇ ਦਸਤਖ਼ਤ ਕੀਤੇ ਹਨ।

5 ਤੋਂ 10 ਤੱਕ 'ਕ੍ਰਿਏਟਿਵ ਰਾਈਟਿੰਗ ਵਰਕਸ਼ਾਪ'

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਸਾਖਰਤਾ ਸੁਸਾਇਟੀ ਦੇ ਸਹਿਯੋਗ ਨਾਲ 5 ਰੋਜ਼ਾ 'ਕ੍ਰਿਏਟਿਵ ਰਾਈਟਿੰਗ ਵਰਕਸ਼ਾਪ' ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਸਮਾਗਮ 5 ਜੂਨ ਤੋਂ 10 ਜੂਨ ਤੱਕ ਰੋਜ਼ਾਨਾ ਦੋ ਘੰਟੇ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵਿਖੇ ਹੋਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮਾਗਮ ਦੇ ਪਹਿਲੇ ਦਿਨ ਕ੍ਰਿਏਟਿਵ ਰਾਈਟਿੰਗ ਨਾਲ ਜਾਣ-ਪਛਾਣ, ਦੂਜੇ ਦਿਨ ਕਰਾਫਟਿੰਗ ਕੰਪੈਲਿੰਗ ਕਰੈਕਟਰਸਤੇ ਸੈਟਿੰਗਜ ਦੀ ਮਿਆਦ ਤਿਆਰ ਕਰਨਾ, ਤੀਜੇ ਦਿਨ ਕਥਾ ਸੰਰਚਨਾ ਅਤੇ ਕਹਾਣੀ ਕਹਿਣ ਦੀ ਤਕਨੀਕ, ਚੌਥੇ ਦਿਨ ਵੱਖ-ਵੱਖ ਲੇਖਣ ਸ਼ੈਲੀਆਂ ਅਤੇ ਸ਼ੈਲੀਆਂ ਦੀ ਖੋਜ ਕਰਨ ਅਤੇ ਪੰਜਵੇਂ ਦਿਨ ਸੰਪਾਦਨ ਅਤੇ ਪ੍ਰਤੀਕਿਰਿਆ ਦਾ ਸੈਸ਼ਨ ਹੋਵੇਗਾ। ਉਨ੍ਹਾਂ ਦੱਸਿਆ ਕਿ ਵਰਕਸ਼ਾਪ ਵਿੱਚ ਭਾਗ ਲੈਣ ਵਾਲਿਆਂ ਨੂੰ ਸਰਟੀਫਿਕੇਟ ਵੀ ਦਿੱਤੇ ਜਾਣਗੇ।

ਗੁਰੂ ਹਰਗੋਬਿੰਦ ਨਗਰ ਮਾਰਕਿਟ 'ਚ ਸਥਾਪਤ ਕੀਤਾ ਵਾਟਰ ਕੂਲਰ

ਫਗਵਾੜਾ (ਜਸਵਿੰਦਰ ਢੱਡਾ) ਸਰਬ ਨੌਜਵਾਨ ਸਭਾ (ਰਜਿ:) ਫਗਵਾੜਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੇ ਉਪਰਾਲੇ ਅਤੇ ਬਾਵਾ ਮੈਡੀਕਲ ਹਾਲ ਦੇ ਸਹਿਯੋਗ ਸਦਕਾ ਗਰਮੀਆਂ ਦੇ ਮੌਸਮ 'ਚ ਦੁਕਾਨਦਾਰਾਂ, ਗ੍ਰਾਹਕਾਂ ਤੇ ਰਾਹਗੀਰਾਂ ਦੀ ਸਹੂਲਤ ਲਈ ਗੁਰੂ ਹਰਿਗੋਬਿੰਦ ਨਗਰ ਮਾਰਕੀਟ 'ਚ ਵਾਟਰ ਕੂਲਰ ਸਥਾਪਿਤ ਕਰਵਾਇਆ ਗਿਆ। ਜਿਸਦਾ ਉਦਘਾਟਨ ਐਸ ਡੀ ਐਮ ਫਗਵਾੜਾ ਜੈਇੰਦਰ ਸਿੰਘ ਨੇ ਕੀਤਾ। ਉਹਨਾ ਕਿਹਾ ਕਿ ਭੱਖਦੀ ਗਰਮੀ ਦੇ ਮੌਸਮ 'ਚ ਇਸ ਭੀੜ ਭਰੇ ਇਲਾਕੇ 'ਚ ਆਮ ਲੋਕਾਂ ਨੂੰ ਪੇਸ਼ ਆ ਰਹੀ ਪੀਣ ਵਾਲੇ ਪਾਣੀ ਦੀ ਮੁਸ਼ਕਲ ਨੂੰ ਮਹਿਸੂਸ ਕਰਦੇ ਹੋਏ ਸਰਬ ਨੌਜਵਾਨ ਸਭਾ ਦੇ ਯਤਨਾਂ ਨਾਲ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸੰਸਥਾ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਇਸ ਮੌਕੇ ਬਾਵਾ ਮੈਡੀਕਲ ਹਾਲ ਤੋਂ ਰਛਪਾਲ ਰਾਏ, ਸਭਾ ਦੇ ਜਨਰਲ ਸਕੱਤਰ ਡਾ: ਵਿਜੇ ਕੁਮਾਰ, ਮੀਤ ਪ੍ਰਧਾਨ ਰਵਿੰਦਰ ਸਿੰਘ ਰਾਏ, ਰਕੇਸ਼ ਕੋਛੜ, ਮਾਧਵ ਗੁਪਤਾ, ਹਿਮਾਂਸ਼ੂ ਗੁਪਤਾ, ਵਿਸ਼ਾਲ ਗੋਇਲ, ਰਾਜੇਸ਼ ਕੁਮਾਰ, ਨਰਿੰਦਰ ਸੈਣੀ, ਹਰਵਿੰਦਰ ਸਿੰਘ , ਡਾ: ਨਰੇਸ਼ ਬਿੱਟੂ, ਅਨੂਪ ਦੁੱਗਲ, ਬਲਵੀਰ ਸਿੰਘ ਏ.ਐਸ.ਆਈ. ਆਦਿ ਹਾਜ਼ਰ ਹਨ।

ਕੋਟਪਾ ਐਕਟ ਅਧੀਨ ਜਨਤਕ ਥਾਂਵਾਂ 'ਤੇ ਬੀੜੀ ਸਿਗਰੇਟ ਦਾ ਸੇਵਨ ਕਰਨ ਦੀ ਮਨਾਹੀ

ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ) ਵਿਸ਼ਵ ਸਿਹਤ ਸੰਗਠਨ ਵੱਲੋਂ ਮਨੁੱਖੀ ਸਰੀਰ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਤੋਂ ਬਚਾਉਣ ਲਈ ਹਰ ਸਾਲ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ ਜਾਦਾ ਹੈ। ਇਸ ਲੜ੍ਹੀ ਤਹਿਤ ਡਾ. ਰਘਬੀਰ ਸਿੰਘ ਸੀਨੀਅਰ ਮੈਡੀਕਲ ਅਫਸਰ ਪ੍ਰਾਇਮਰੀ ਹੈਲਥ ਸੈਂਟਰ ਪੋਸੀ ਦੀ ਯੋਗ ਅਗਵਾਈ ਹੇਠ ਬਲਾਕ ਪੱਧਰੀ ਸੈਮੀਨਾਰ ਕਰਵਾਇਆ ਗਿਆ। ਐਸ. ਐਮ. ਓ. ਨੇ ਦੱਸਿਆ ਕਿ ਇਸ ਮੌਕੇ ਸਾਰੇ ਸਬ ਸੈਂਟਰਾਂ, ਸਕੂਲਾਂ ਅਤੇ ਹੈਲਥ ਵੈਲਨੈਸ ਕੇਂਦਰਾਂ 'ਚ ਫੀਲਡ ਸਟਾਫ ਵੱਲੋਂ ਵੀ ਜਾਗਰੂਕਤਾ ਗਤੀਵਿਧੀਆ ਕੀਤੀਆ ਗਈਆ। ਇਸ ਮੌਕੇ ਡਾਕਟਰ ਹਰਪੁਨੀਤ ਕੌਰ ਦੰਦਾਂ ਦੇ ਮਾਹਿਰ ਡਾਕਟਰ ਵੱਲੋਂ ਤੰਬਾਕੂ ਵਿਰੋਧੀ ਸਹੁੰ ਵੀ ਚੁਕਾਈ ਗਈ। ਇਸ ਮੌਕੇ ਡਾ.ਰਘਬੀਰ ਸਿੰਘ ਵੱਲੋਂ ਦੱਸਿਆ ਗਿਆ ਕਿ ਤੰਬਾਕੂ ਦਾ ਸੇਵਨ ਕਰਨ ਨਾਲ ਮੂੰਹ ਦਾ ਕੈਂਸਰ, ਸ਼ੂਗਰ, ਬਲੱਡ ਪ੍ਰੈਸ਼ਰ ਤੇ ਫੇਫੜਿਆਂ ਦੀ ਬੀਮਾਰੀ ਹੋਣ ਦੀ ਸੰਭਾਵਨਾ ਬਹੁਤ ਵੱਧ ਜਾਦੀ ਹੈ। ਜੇਕਰ ਕੋਈ ਵਿਅਕਤੀ ਸਿਗਰਟ ਦੀ ਵਰਤੋ ਕਰਦਾ ਹੈ ਤੇ ਉਸਦੇ ਨਜਦੀਕ ਜੋ ਵਿਅਕਤੀ ਬੈਠਾ ਹੋਵੇ ਤਾਂ ਸਿਗਰਟ ਵਿਚੋਂ ਨਿਕਲਣ ਵਾਲਾ ਧੂੰਆਂ ਉਸ ਵਿਅਕਤੀ 'ਤੇ ਵੀ ਉਹਨਾਂ ਬੁਰਾ ਪ੍ਰਭਾਵ ਪਾਉਂਦਾ ਹੈ ਜਿੰਨ੍ਹਾ ਪੀਣ ਵਾਲੇ ਵਿਅਕਤੀ ਲਈ ਹਾਨੀਕਾਰਕ ਹੁੰਦਾ ਹੈ। ਇਸ ਮੌਕੇ ਹੈਲਥ ਇੰਸਪੈਕਟਰ ਜਸਵੀਰ ਸਿੰਘ ਨੇ ਦੱਸਿਆ ਕਿ ਤੰਬਾਕੂ ਦਾ ਸੇਵਨ ਸਾਡੇ ਸੁਰੱਖਿਅਤ ਪ੍ਰਣਾਲੀ ਸਿਸਟਮ ਨੂੰ ਕਮਜੋਰ ਕਰਦਾ ਹੈ ਜਿਸ ਨਾਲ ਤੰਬਾਕੂ ਦਾ ਸੇਵਨ ਕਰਨ ਵਾਲਾ ਵਿਅਕਤੀ ਜਲਦੀ ਹੋਰ ਬੀਮਾਰੀਆ ਦੀ ਜਕੜ ਵਿੱਚ ਆ ਜਾਦਾ ਹੈ। ਕੋਟਪਾ ਐਕਟ ਅਧੀਨ ਜਨਤਕ ਥਾਂਵਾ 'ਤੇ ਬੀੜ੍ਹੀ ਸਿਗਰੇਟ ਦਾ ਸੇਵਨ ਕਰਨ ਦੀ ਮਨਾਹੀ ਹੈ ਕੋਈ ਵੀ ਦੁਕਾਨਦਾਰ ਬੀੜ੍ਹੀ ਸਿਗਰਟ ਦੀ ਮਸ਼ਹੂਰੀ ਦਾ ਇਸ਼ਤਿਹਾਰ ਆਪਣੀ ਦੁਕਾਨ 'ਤੇ ਨਹੀਂ ਲਗਾ ਸਕਦਾ ਅਤੇ ਨਾ ਹੀ ਖੁੱਲੇ ਵਿੱਚ ਬੀੜ੍ਹੀ ਸਿਗਰਟ ਵੇਚ ਸਕਦਾ ਹੈ। ਇਸਦੀ ਉਲੰਘਣਾ ਕਰਨ ਵਾਲੇ ਦੇ ਸਿਹਤ ਵਿਭਾਗ ਵੱਲੋਂ ਚਲਾਨ ਕੱਟੇ ਜਾਂਦੇ ਹਨ। ਇਸ ਮੌਕੇ ਤੇ ਡਾਕਟਰ ਨਵਲਦੀਪ ਸਿੰਘ, ਡਾਕਟਰ ਰਮਨਦੀਪ ਕੌਰ, ਹੈਲਥ ਇੰਸਪੈਕਟਰ ਕੇਵਲ ਸਿੰਘ, ਐਲ ਐਚ ਵੀ ਜੋਗਿੰਦਰ ਕੌਰ ਤੇ ਹੋਰ ਹਾਜ਼ਰ ਸਨ।

ਦਸਵੀਂ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ

ਮੋਹਾਲੀ (ਗੁਰਜੀਤ ਬਿੱਲਾ) ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁਭ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਭਾਈ ਪ੍ਰੇਮ ਸਿੰਘ ਪਦਮ ਮੋਗੇ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਪੰਚਮ ਪਾਤਸਾਹਿ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦਾ ਜੀਵਨ ਬ੍ਰਿਤਾਂਤ ਅਤੇ ਉਨ੍ਹਾ ਦੁਆਰਾ ਜਬਰ ਅਤੇ ਜ਼ੁਲਮ ਖਿਲਾਫ ਦਿੱਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਜਾਣੂ ਕਰਵਾਇਆ। ਭਾਈ ਦਵਿੰਦਰ ਸਿੰਘ ਜੀ ਖੰਨ੍ਹੇ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਪਰਵਾਨਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਖੰਡੇ ਬਾਟੇ ਦੀ ਅੰਮ੍ਰਿਤ ਦੀ ਮਹਾਨਤਾ ਦੱਸਦੇ ਹੋਏ ਸੰਗਤਾਂ ਨੂੰ ਅੰਮ੍ਰਿਤ ਛਕਣ ਲਈ ਪ੍ਰੇਰਿਆ। ਇਸ ਤੋਂ ਇਲਾਵਾ ਭਾਈ ਪਰਮਜੀਤ ਸਿੰਘ ਜੀ ਦਾ ਇੰਟਰਨੈਸ਼ਨ ਢਾਡੀ ਜੱਥਾ, ਸ਼੍ਰੋਮਣੀ ਪ੍ਰਚਾਰਕ ਭਾਈ ਸਿਮਰਨਜੀਤ ਸਿੰਘ ਜੀ ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ, ਸ਼੍ਰੋਮਣੀ ਪ੍ਰਚਾਰਕ ਭਾਈ ਰਜਿੰਦਰ ਸਿੰਘ ਦਮਦਮੀ ਟਕਸਾਲ, ਭਾਈ ਸੁਖਵਿੰਦਰ ਸਿੰਘ, ਬੀਬੀ ਹਰਜਿੰਦਰ ਕੌਰ, ਬੀਬੀ ਜਸਵਰਿ ਕੌਰ ਲੁਧਿਆਣੇ ਵਾਲੇ, ਭਾਈ ਚਰਨਜੀਤ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ, ਸ਼੍ਰੋਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਜੀ, ਬੀਬੀ ਉੱਤਮਜੀਤ ਕੌਰ ਜੀ ਅਤੇ ਭਾਈ ਕਰਨਵੀਰ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ ਤੇ ਹੋਰ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਕਿੰਗਰਾ 'ਚ ਚੱਲਿਆ ਨਸ਼ਿਆਂ ਖਿਲਾਫ਼ ਸਰਚ ਅਭਿਆਨ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-ਨਜ਼ਦੀਕੀ ਪਿੰਡ ਕਿੰਗਰਾ 'ਚ ਸੁਖਜੀਤ ਸਿੰਘ ਐਸ.ਐਚ.ਓ ਭੋਗਪੁਰ, ਮਨਜੀਤ ਸਿੰਘ ਐਸ.ਐਚ.ਓ ਆਦਮਪੁਰ, ਰਜਿੰਦਰ ਸ਼ਰਮਾ ਚੌਕੀ ਇੰਚਾਰਜ ਪਚਰੰਗਾ, ਪਰਮਜੀਤ ਸਿੰਘ ਚੌਕੀ ਇੰਚਾਰਜ ਅਲਾਵਲਪੁਰ ਦੀ ਪੁਲਸ ਨੇ ਛਾਪੇਮਾਰੀ ਕਰਕੇ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਲੋਕਾਂ ਦੇ ਘਰਾਂ ਦੀ ਤਲਾਸ਼ੀ ਲਈ ਅਤੇ ਇਹ ਸਰਚ ਅਭਿਆਨ 6 ਵਜੇ ਤੋਂ 12 ਵਜੇ ਤੱਕ ਚਲਾਇਆ ਗਿਆ। ਵਾਹਨਾਂ ਨੂੰ ਰੋਕ ਕੇ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ ਤਾਂ ਜੋ ਨਸ਼ਾ ਤਸਕਰਾਂ ਨੂੰ ਫੜ ਕੇ ਜੇਲ੍ਹਾਂ ਅੰਦਰ ਪਹੁੰਚਾਇਆ ਜਾ ਸਕੇ।

'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਨੇ ਕੀਤਾ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ

ਹੁਸ਼ਿਆਰਪੁਰ, (ਓ ਪੀ ਰਾਣਾ) ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਸਰਕਾਰ ਤੁਹਾਡੇ ਦੁਆਰ' ਤਹਿਤ ਜ਼ਿਲ੍ਹੇ ਦੇ ਪਿੰਡ ਨਾਰਾ ਵਿਖੇ ਸ਼ਿਕਾਇਤ ਨਿਵਾਰਨ ਕੈਂਪ ਲਗਾਇਆ ਗਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਇਸ ਕੈਂਪ ਦੀ ਸ਼ੁਰੂਆਤ ਕੀਤੀ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਬੈਠ ਕੇ ਇਲਾਕੇ ਦੇ 8 ਪਿੰਡਾਂ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ। ਇਸ ਦੌਰਾਨ ਐਸ ਡੀ ਐਮ ਹੁਸ਼ਿਆਰਪੁਰ ਪ੍ਰੀਤ ਇੰਦਰ ਸਿੰਘ ਬੈਂਸ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਿੰਡ ਨਾਰਾ ਵਿਖੇ ਲਗਾਏ ਗਏ ਇਸ ਕੈਂਪ ਵਿਚ 8 ਪਿੰਡਾਂ ਨਾਰਾ, ਡਾਡਾ, ਮਾਂਝੀ, ਠਰੋਲੀ, ਡੱਲੇਵਾਲ, ਪਟਿਆੜੀਆਂ, ਜਹਾਨਖੇਲਾਂ, ਅਲੀ ਦੀ ਬਸੀ ਦੀਆਂ ਪੰਚਾਇਤਾਂ ਤੋਂ ਇਲਾਵਾ ਪਿੰਡਾਂ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਲਈ ਜ਼ਿਲ੍ਹੇ ਦੇ ਸਾਰੇ ਵਿਭਾਗ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਨ੍ਹਾਂ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ ਨਹੀਂ ਹੋਇਆ, ਉਨ੍ਹਾਂ ਦਾ ਜਲਦ ਹੀ ਸਬੰਧਤ ਵਿਭਾਗਾਂ ਵਲੋਂ ਹੱਲ ਕੀਤਾ ਜਾਵੇਗਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਸਕੂਲਾਂ ਤੇ ਆਂਗਣਵਾੜੀ ਕੇਂਦਰਾਂ ਦੀ ਅਚਨਚੇਤ ਜਾਂਚ

ਫਗਵਾੜਾ, (ਇੰਦਰਜੀਤ ਸਿੰਘ ਮਠਾੜੂ) ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਵਿਜੈ ਦੱਤ ਵੱਲੋਂ ਫਗਵਾੜਾ ਵਿਖੇ ਅਚਨਚੇਤ ਦੌਰੇ ਦੌਰਾਨ ਸਰਕਾਰੀ ਸਕੂਲਾਂ,ਆਂਗਣਵਾੜੀ ਕੇਂਦਰਾਂ ਵਿਚ ਬੱਚਿਆਂ ਲਈ ਕੌਮੀ ਭੋਜਨ ਸੁਰੱਖਿਆ ਐਕਟ ਤਹਿਤ ਦਿੱਤੇ ਜਾਂਦੇ ਦੁਪਿਹਰ ਦੇ ਖਾਣੇ ਅਤੇ ਹੋਰ ਭਲਾਈ ਸਕੀਮਾਂ ਨੂੰ ਲਾਗੂ ਕਰਨ ਦਾ ਜਾਇਜਾ ਲਿਆ ਗਿਆ। ਉਨ੍ਹਾਂ ਫਗਵਾੜਾ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸੁਖਚੈਨ ਨਗਰ,ਸਰਕਾਰੀ ਪ੍ਰਾਇਮਰੀ ਸਕੂਲ ਗੌਂਸਪੁਰ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਬਾਬਾ ਗਧੀਆ ਤੇ ਹੋਰ ਆਂਗਣਵਾੜੀ ਕੇਂਦਰਾ ਦਾ ਵੀ ਦੌਰਾ ਕਰਕੇ ਮਿਡ-ਡੇ-ਮੀਲ, ਆਂਗਣਵਾੜੀ ਸੈਂਟਰਾਂ ਵਿਚ ਬੱਚਿਆਂ ਅਤੇ ਔਰਤਾਂ ਨੂੰ ਮਿਲਦੀ ਖੁਰਾਕ ਦੀ ਗੁਣਵੱਤਾ ਅਤੇ ਰਾਸ਼ਨ ਡਿਪੂਆਂ ਦੀ ਜਾਂਚ ਕੀਤੀ। ਉਨ੍ਹਾਂ ਸਰਕਾਰੀ ਸਕੂਲ ਸੁਖਚੈਨ ਨਗਰ ਵਿਖੇ ਬੱਚਿਆਂ ਦੇ ਰਿਕਾਰਡ ਵਿਚ ਗਿਣਤੀ ਅਤੇ ਅਸਲ ਮੌਜੂਦਗੀ ਵਿਚ ਫਰਕ ਨੂੰ ਗੰਭੀਰਤਾ ਨਾਲ ਲੈਂਦਿਆ ਸਬੰਧਿਤ ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੇ ਨਿਰਦੇਸ਼ ਦਿੱਤੇ। ਸਕੂਲਾਂ ਵਿੱਚ ਬੱਚਿਆਂ ਨੂੰ ਪਰੋਸੇ ਜਾਂਦੇ ਭੋਜਨ ਵਿੱਚ ਮਿਲੀਆਂ ਕੁਝ ਕਮੀਆਂ ਦਾ ਗੰਭੀਰ ਨੋਟਿਸ ਲੈਂਦਿਆਂ ਇੰਨਾਂ ਨੂੰ ਤੁਰੰਤ ਦੂਰ ਕਰਨ ਦੇ ਹੁਕਮ ਦਿੱਤੇ । ਉਨ੍ਹਾਂ ਸਪੱਸ਼ਟ ਕੀਤਾ ਕਿ ਭੋਜਨ ਦੀ ਗੁਣਵੱਤਾ ਵਿੱਚ ਕਿਸੇ ਕਿਸਮ ਦੀ ਕਮੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸੇ ਤਰਾਂ ਉਨ੍ਹਾਂ ਨੇ ਆਂਗਣਵਾੜੀ ਸੈਂਟਰ ਦਾ ਦੌਰਾ ਕਰਕੇ ਇੱਥੇ ਵੀ ਬੱਚਿਆਂ ਅਤੇ ਗਰਭਵਤੀ ਅਤੇ ਦੁੱਧ ਪਿਆਉਂਦੀਆਂ ਮਾਂਵਾਂ ਨੂੰ ਮਿਲਣ ਵਾਲੀ ਖੁਰਾਕ ਦੀ ਜਾਣਕਾਰੀ ਲਈ ਅਤੇ ਕੁਝ ਪਰਵਾਰਾਂ ਨਾਲ ਵੀ ਗੱਲਬਾਤ ਕੀਤੀ। ਮੈਂਬਰ ਨੇ ਆਂਗਣਵਾੜੀ ਸੈਂਟਰਾਂ ਲਈ ਤਿਆਰ ਕੀਤੇ ਜਾਂਦੇ ਸਮਾਨ ਵਾਲੇ ਕਿਚਨ ਦਾ ਦੌਰਾ ਵੀ ਕੀਤਾ।

ਡੀ ਐੱਸ ਪੀ ਤਿੰਨ ਥਾਣਿਆਂ ਦੀ ਪੁਲਸ ਫੋਰਸ ਨਾਲ ਗੰਨਾ ਪਿੰਡ ਵਿਖੇ ਕੀਤੀ ਚੈਕਿੰਗ

ਫਿਲੌਰ (ਨਿਰਮਲ) ਫਿਲੌਰ ਦਾ ਗੰਨਾ ਪਿੰਡ ਜੋਂ ਨਸ਼ਾ ਵੇਚਣ ਨੂੰ ਲੈ ਕੇ ਸੁਰਖੀਆਂ 'ਚ ਰਹਿੰਦਾ ਹੈ। ਜਿੱਥੇ ਬੀਤੇ ਦਿਨੀਂ ਨਸ਼ੇ ਨਾਲ ਨੌਜਵਾਨਾ ਦੀਆ ਹੋਈਆ ਮੌਤਾਂ ਚਰਚਾ ਦਾ ਵਿਸ਼ਾ ਬਣੀਆਂ ਰਹੀਆਂ ਹਨ। ਪੁਲਸ ਵੱਲੋਂ ਸਮੇਂ ਸਮੇਂ ਤੇ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਵੱਡੇ ਪੱਧਰ 'ਤੇ ਗੰਨਾ ਪਿੰਡ ਚ ਛਾਪੇਮਾਰੀ ਕੀਤੀ ਜਾਂਦੀ ਰਹੀ ਹੈ, ਪਰ ਤਕਰੀਬਨ ਹਰ ਵਾਰ ਪੁਲਸ ਨੂੰ ਖਾਲੀ ਹੱਥ ਮੁੜਨਾ ਪਿਆ। ਇਸੇ ਲੜੀ ਤਹਿਤ ਡੀ ਐਸ ਪੀ ਫਿਲੌਰ ਜਗਦੀਸ਼ ਰਾਜ ਦੀ ਅਗਵਾਈ ਹੇਠ ਥਾਣਾ ਫਿਲੌਰ, ਗੁਰਾਇਆ, ਬਿਲਗਾ ਦੀ ਪੁਲਸ ਨਾਲ ਤੜਕਸਾਰ ਗੰਨਾ ਪਿੰਡ ਫਿਲੌਰ ਵਿਖੇ ਨਾਜਾਇਜ ਧੰਦਾ ਕਰਨ ਵਾਲਿਆ ਵਿਰੁੱਧ ਸਰਚ ਅਭਿਆਨ ਸ਼ੁਰੂ ਕੀਤਾ। ਇਹ ਸਰਚ ਅਭਿਆਨ ਜੋ ਦੋ ਘੰਟੇ ਤੱਕ ਚਲਾਇਆ ਗਿਆ ਅਤੇ ਘਰ ਘਰ ਦੀ ਤਲਾਸ਼ੀ ਲਈ ਗਈ। ਇਸ ਮੌਕੇ ਹਾਜ਼ਰ ਲੋਕਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਸ਼ਾ ਵੇਚਣ ਵਾਲਿਆਂ ਨੂੰ ਛਾਪੇਮਾਰੀ ਦੀ ਭਿਣਕ ਲੱਗਦਿਆਂ ਸਾਰ ਹੀ ਧੰਦੇ 'ਚ ਲੱਗੇ ਲੋਕ ਆਪਣੇ ਘਰਾਂ ਨੂੰ ਤਾਲੇ ਲਾ ਕੇ ਫਰਾਰ ਹੋ ਗਏ ਹਨ। ਉਨ੍ਹਾਂ ਕਿਹਾ ਕਿ ਹਰ ਵਾਰ ਪੁਲਸ ਛਾਪੇਮਾਰੀ ਤਾਂ ਕਰਦੀ ਹੈ, ਪਰ ਨਸ਼ਾ ਤਸਕਰਾਂ ਨੂੰ ਪੁਲਸ ਦੀ ਛਾਪੇਮਾਰੀ ਤੋਂ ਪਹਿਲਾਂ ਉਨ੍ਹਾਂ ਨੂੰ ਜਾਣਕਾਰੀ ਕੌਣ ਦਿੰਦਾ ਹੈ। ਇਸ ਲਈ ਪਹਿਲਾਂ ਪੁਲਸ ਨੂੰ ਉਹ ਕਾਲੀਆਂ ਭੇਡਾਂ ਲੱਭਣੀਆਂ ਚਾਹੀਦੀਆਂ ਹਨ ਜਿਨ੍ਹਾਂ ਦੀ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਹੈ। ਇਸ ਮੌਕੇ ਡੀ ਐਸ ਪੀ ਜਗਦੀਸ਼ ਰਾਜ ਨੇ ਦੱਸਿਆ ਕਿ ਕਿਸੇ ਵੀ ਨਜਾਇਜ ਧੰਦਾ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਪਿੰਡ ਦੀ ਪੰਚਾਇਤ ਅਤੇ ਮੋਹਤਬਰਾਂ ਨੂੰ ਕਿਹਾ ਕਿ ਉਹ ਪੁਲਸ ਨੂੰ ਸਹਿਯੋਗ ਦੇਣ ਤਾਂ ਜੋ ਇਹ ਧੰਦਾ ਬੰਦ ਕਰਵਾਇਆ ਜਾ ਸਕੇ।

ਭਾਈ ਘਨ੍ਹਈਆ ਵੈੱਲਫੇਅਰ ਸੁਸਾਇਟੀ ਵੱਲੋਂ ਜ਼ਰੂਰਤਮੰਦ ਲੜਕੀਆਂ ਦੀ ਫੀਸ ਭੇਟ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਭਾਈ ਘਨ੍ਹਈਆ ਵੈਲਫੇਅਰ ਸੁਸਾਇਟੀ (ਰਜਿ.) ਹੁਸ਼ਿਆਰਪੁਰ ਵਲੋਂ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ, ਹੁਸ਼ਿਆਰਪੁਰ ਵਿਖੇ ਚਾਰ ਜ਼ਰੂਰਤਮੰਦ ਲੜਕੀਆਂ ਦੀ ਸਲਾਨਾ ਫੀਸ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਕੂਲ ਦੀ ਪ੍ਰਿੰਸੀਪਲ ਅਤੇ ਸਕੂਲ ਦੇ ਪ੍ਰੰਬਧਕ ਸ਼੍ਰੀ ਅਨੁਰਾਗ ਸੂਦ ਨੂੰ ਚੈੱਕ ਰਾਹੀਂ ਭੇਟ ਕੀਤੀ ਗਈ। ਇਸ ਮੌਕੇ ਬੋਲਦੇ ਹੋਏ ਸੰਸਥਾਂ ਦੇ ਚੇਅਰਮੈਨ ਸ. ਆਗਿਆਪਾਲ ਸਿੰਘ ਸਾਹਨੀ ਅਤੇ ਪ੍ਰਧਾਨ ਸ. ਜਗਮੀਤ ਸਿੰਘ ਸੇਠੀ ਨੇ ਕਿਹਾ ਕਿ ਸੰਸਥਾਂ ਵਲੋਂ 'ਬੇਟੀ ਬਚਾਓ ਬੇਟੀ ਪੜਾਓਂ ਸਕੀਮ ਤਹਿਤ ਜੋ ਚਾਰ ਲੜਕੀਆਂ ਪੜਾਈ ਲਈ ਅਪਨਾਈਆਂ ਗਈਆਂ ਹਨ, ਨੂੰ ਸਕੂਲ ਫੀਸ ਅਤੇ ਕਾਪੀਆਂ ਕਿਤਾਬਾਂ ਦਾ ਖਰਚਾ ਦਿੱਤਾ ਜਾਂਦਾ ਹੈ। ਇਸ ਲੜੀ ਤਹਿਤ ਹੋਰ ਵੀ ਹੋਣਹਾਰ ਬੱਚੇ ਜੋ ਕਿ 90 ਪ੍ਰਤੀਸ਼ਤ ਤੋਂ ਵੱਧ ਅੰਕ ਲੈਣਗੇ, ਉਨ੍ਹਾਂ ਦੀ ਅਗਲੇਰੀ ਪੜ੍ਹਾਈ ਦਾ ਖਰਚਾ ਸੰਸਥਾਂ ਵਲੋਂ ਕਰਨ ਦਾ ਵਾਅਦਾ ਕੀਤਾ ਗਿਆ ਹੈ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼੍ਰੀ ਅਨੁਰਾਗ ਸੂਦ ਜੀ ਵਲੋਂ ਸੁਸਾਇਟੀ ਦੇ ਆਏ ਹੋਏ ਮੈਂਬਰਾਂ ਦਾ ਗੁਲਦਸਤਾ ਭੇਂਟ ਕਰਕੇ ਸੁਆਗਤ ਕੀਤਾ ਤੇ ਨਾਲ ਹੀ ਉਨ੍ਹਾਂ ਨੇ ਸੰਸਥਾਂ ਵਲੋਂ ਸਮਾਜ ਭਲਾਈ ਦੇ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਸੰਸਥਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਸੰਸਥਾਂ ਦੇ ਸੈਕਟਰੀ ਸ. ਸੁਰਜੀਤ ਸਿੰਘ ਦੂਆ, ਕੈਸ਼ੀਅਰ ਸ. ਗੁਰਜੀਤ ਸਿੰਘ ਵਧਾਵਨ, ਉਂਕਾਰ ਸਿੰਘ ਬੇਦੀ, ਮਾ: ਗੁਰਪ੍ਰੀਤ ਸਿੰਘ, ਪ੍ਰੋ: ਦਲਜੀਤ ਸਿੰਘ ਰਿਟਾਇਰ, ਜਸਵੀਰ ਸਿੰਘ, ਭੁਪਿੰਦਰ ਸਿੰਘ ਆਦਿ ਹਾਜ਼ਰ ਸਨ।

20 ਗ੍ਰਾਮ ਹੈਰੋਇਨ ਸਮੇਤ 2 ਕਾਬੂ

ਫਿਲੌਰ,(ਨਿਰਮਲ) ਜਗਦੀਸ਼ ਰਾਜ, ਪੀ.ਪੀ.ਐਸ ਉਪ ਪੁਲਸ ਕਪਤਾਨ, ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਇੰਸਪੈਕਟਰ ਸੁਰਿੰਦਰ ਕੁਮਾਰ ਮੁੱਖ ਅਫਸਰ ਥਾਣਾ ਗੁਰਾਇਆ ਦੀ ਪੁਲਸ ਪਾਰਟੀ ਸਬ ਇੰਸਪੈਕਟਰ ਗੁਰਸ਼ਰਨ ਸਿੰਘ ਚੌਂਕੀ ਇੰਚਾਰਜ ਦੁਸਾਂਝ ਕਲਾਂ ਸਮੇਤ ਸਾਥੀ ਕਰਮਚਾਰੀਆਂ ਦੇ ਵਿਰਕਾਂ ਤੋਂ ਰਿਤਿਕ ਮਸੀਹ ਉਰਫ ਕਾਕਾ ਪੁੱਤਰ ਰਮੇਸ਼ ਮਸੀਹ ਵਾਸੀ ਨਜਦੀਕ ਬਿਜਲੀ ਘਰ ਚੱਬੇਵਾਲ, ਜ਼ਿਲ੍ਹਾ ਹੁਸ਼ਿਆਰਪੁਰ ਅਤੇ ਸਾਹਿਲ ਮਸੀਹ ਪੁੱਤਰ ਸੈਫੀ ਮਸੀਹ ਵਾਸੀ ਵਾਰਡ ਨੰਬਰ 10 ਉੱਚੀ ਘਾਟੀ ਫਿਲੌਰ ਜ਼ਿਲ੍ਹਾ ਜਲੰਧਰ ਨੂੰ ਕਾਬੂ ਕਰਕੇ ਉਨ੍ਹਾਂ ਦੋਨੋ ਪਾਸੋਂ 10/10 ਗ੍ਰਾਮ ਹੈਰੋਇਨ (ਕੁੱਲ 20 ਗ੍ਰਾਮ ਹੈਰੋਇਨ) ਬ੍ਰਾਮਦ ਕੀਤੀ। ਉਨ੍ਹਾਂ ਵਿਰੁੱਧ ਮੁਕੱਦਮਾ ਨੰਬਰ 63 ਮਿਤੀ 30-05-2023 ਜੁਰਮ 21(ਬੀ)/29-61-85 ਐਨ.ਡੀ.ਪੀ.ਐਸ. ਐਕਟ ਥਾਣਾ ਗੁਰਾਇਆ ਦਰਜ ਕੀਤਾ ਗਿਆ ਹੈ।

ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਦਿੱਤੀ ਜਾਣਕਾਰੀ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)-ਸਥਾਨਕ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਸੀਨੀਅਰ ਸਿਟੀਜਨ ਕੌਂਸਲ (ਰਜਿ) ਮੋਰਿੰਡਾ ਦੇ ਸਹਿਯੋਗ ਨਾਲ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਜਾਣਕਾਰੀ ਦਿੱਤੀ। ਪ੍ਰਿੰਸੀਪਲ ਕਿਰਨਜੋਤ ਕੌਰ ਮਾਂਗਟ ਨੇ ਦੱਸਿਆ ਇਹ ਜਾਣਕਾਰੀ ਦੇਣ ਲਈ ਜਸਪਾਲ ਸਿੰਘ ਮਾਨ ਮੜੌਲੀ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿਨਾਂ ਨੇ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਸਬੰਧੀ ਭਰਪੂਰ ਜਾਣਕਾਰੀ ਦਿੱਤੀ ਉਨਾਂ ਕਿਹਾ ਕਿ ਜੇਕਰ ਅਸੀ ਆਵਾਜਾਈ ਦੇ ਨਿਯਮਾਂ ਦੀ ਪਾਲਣਾ ਕਰਾਂਗੇ ਤਾਂ ਅਸੀ ਆਪ ਵੀ ਸੁਰੱਖਿਅਤ ਰਹਾਂਗੇ ਅਤੇ ਸਾਹਮਣੇ ਤੋਂ ਆ ਰਿਹਾ ਵਿਅਕਤੀ ਵੀ ਸੁਰੱਖਿਅਤ ਰਹੇਗਾ। ਸਾਨੂੰ ਸੀਟ ਬੈਲਟ ਅਤੇ ਹੈਲਮਟ ਦੀ ਵਰਤੋਂ ਕਰਨੀ ਚਾਹੀਦੀ ਹੈ। ਕੌਂਸਲ ਦੇ ਪ੍ਰਧਾਨ ਅਮਰਜੀਤ ਸਿੰਘ ਕੰਗ ਨੇ ਸਕੂਲ ਦੀ ਲਾਇਬ੍ਰੇਰੀ ਲਈ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਜਾਣਕਾਰੀ ਦੇਣ ਵਾਲੀਆਂ ਪੁਸਤਕਾਂ ਵੀ ਭੇਂਟ ਕੀਤੀਆਂ। ਇਸ ਮੌਕੇ ਰਣਜੀਤ ਸਿੰਘ ਧਾਰਨੀ, ਅਵਤਾਰ ਸਿੰਘ, ਮੇਜਰ ਸਿੰਘ, ਮੈਡਮ ਰਾਜ ਰਾਣੀ ਆਦਿ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਨੇ ਮਹੀਨਾਵਾਰ ਗੁਰਮਤਿ ਸਮਾਗਮ ਕਰਵਾਇਆ

ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ) ਸਾਹਿਬਜਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਵੱਲੋਂ ਮਹੀਨਾਵਾਰ ਗੁਰਮਤਿ ਸਮਾਗਮ ਪਿੰਡ ਦਾਦੂਵਾਲ ਵਿਖੇ ਗੁਰਦੁਆਰਾ ਸਿੰਘ ਸਭਾ ਵਿਖੇ ਕਰਵਾਇਆ ਗਿਆ। ਜਿਸ 'ਚ ਵਿਸ਼ੇਸ਼ ਤੌਰ 'ਤੇ ਗੁਰਸ਼ਰਨਪ੍ਰੀਤ ਕੌਰ ਬੱਲੋਂ (ਬਠਿੰਡਾ) ਨੇ ਸਿੱਖ ਧਰਮ 'ਚ ਬੀਬੀਆਂ ਦਾ ਯੋਗਦਾਨ ਵਿਸ਼ੇ 'ਤੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਮਾਹਾਰਾਜ ਨੇ ਆਪਣੀ ਬਾਣੀ 'ਚ ਔਰਤ ਜਾਤੀ ਨੂੰ 'ਸੋ ਕਿਉ ਮੰਦਾ ਆਖੀਏ ਜਿਤੁ ਜੰਮੇ ਰਾਜਾਨ' ਦਾ ਸਨਮਾਨ ਦੇ ਕੇ ਵਡਿਆਇਆ ਹੈ। ਗੁਰੂ ਨਾਨਕ ਸਮੇਤ ਦਸਾਂ ਗੁਰੂ ਸਹਿਬਾਨਾਂ ਨੇ ਇਸਤਰੀ ਜਾਤੀ ਨੂੰ ਉਚਾ ਚੁੱਕਿਆ ਤੇ ਇਸਤਰੀ ਜਾਤੀ ਦਾ ਸਮਾਜ 'ਚ ਦਰਜਾ ਉੱਚਾ ਕੀਤਾ। ਇਸ ਮੌਕੇ ਭਾਈ ਦਿਆਲ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸਾਹ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਦੀ ਸ਼ਹੀਦੀ 'ਤੇ ਚਾਨਣਾ ਪਾਇਆ। ਕਾਕਾ ਚਰਨਜੋਤ ਸਿੰਘ ਅਤੇ ਕਾਕਾ ਅਰੁਣ ਵੀਰ ਸਿੰਘ ਨੇ ਕਵਿਤਾ ਕਵੀਸਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੇ ਅਖੀਰ 'ਚ ਸੋਹਨ ਸਿੰਘ ਅਤੇ ਜਥੇਦਾਰ ਹਰਬੰਸ ਸਿੰਘ ਸਰਹਾਲਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਸੰਗਤਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਹਿਬਜਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਹਿਯੋਗ ਸਦਕਾ 10 ਜੂਨ ਤੋਂ 16 ਜੂਨ ਤੱਕ ਗੁਰਦੁਆਰਾ ਬਿਭੌਰ ਸਾਹਿਬ ਨੰਗਲ ਵਿਖੇ ਗੁਰਮਤਿ ਟ੍ਰੇਨਿੰਗ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇ ਸਰਦਾਰ ਸੋਹਣ ਸਿੰਘ, ਸਰਬਜੀਤ ਸਿੰਘ, ਸੇਵਾ ਸਿੰਘ, ਸਤਪਾਲ ਸਿੰਘ, ਮੋਹਨ ਸਿੰਘ, ਜੀਤ ਰਾਮ, ਦਿਲਾਵਰ ਸਿੰਘ ਦਾਦੂਵਾਲ, ਕੁਲਵੰਤ ਸਿੰਘ ਰਸੂਲਪੁਰ, ਲੱਖਾ ਸਿੰਘ, ਗੁਰਦੇਵ ਸਿੰਘ, ਬਲਵੀਰ ਸਿੰਘ, ਸਤਵੀਰ ਸਿੰਘ ਤੇ ਸੰਗਤ ਰੂਪੋਵਾਲ, ਦਲਜੀਤ ਸਿੰਘ ਸਰਹਾਲਾ ਕਲਾਂ, ਸਿਮਰਪਾਲ ਸਿੰਘ ਪੰਚ, ਜਸਵੀਰ ਸਿੰਘ, ਕੁਲਦੀਪ ਕੌਰ ਰਸੂਲਪੁਰ, ਭੁਪਿੰਦਰ ਸਿੰਘ ਨੰਗਲ ਕਲਾਂ, ਦਿਆਲ ਸਿੰਘ, ਜਸਵੰਤ ਸਿੰਘ ਸਮੇਤ ਵੱਖ-ਵੱਖ ਪਿੰਡਾਂ ਤੋਂ ਸਿੱਖ ਸੰਗਤਾਂ ਵੱਡੀ ਗਿਣਤੀ 'ਚ ਹਾਜ਼ਰ ਸਨ। ਗੁਰੂ ਕਾ ਲੰਗਰ ਅਤੁਟ ਚੱਲਿਆ।

ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਨੇ ਕੀਤੀ 'ਜੁਆਇੰਟ ਵਰਕਿੰਗ ਨੌਜਵਾਨ ਗਰੁੱਪ' ਦੀ ਉੱਚ ਪੱਧਰੀ ਮੀਟਿੰਗ

ਮੁਹਾਲੀ, (ਗੁਰਜੀਤ ਬਿੱਲਾ)-ਵਿਸ਼ਵ ਭਰ ਅੰਦਰ ਏਡਜ਼ ਕੰਟਰੋਲ ਅਤੇ ਜਾਗਰੂਕਤਾ ਲਈ ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਵੱਲੋਂ ਪੰਜਾਬ ਦੇ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ 'ਜੁਆਇੰਟ ਵਰਕਿੰਗ ਨੌਜਵਾਨ ਗਰੁੱਪ' ਦੀ ਉੱਚ ਪੱਧਰੀ ਮੀਟਿੰਗ ਆਡੀਸ਼ਨਲ ਪ੍ਰੋਜੈਕਟ ਡਾਇਰੈਕਟਰ ਡਾ: ਬੋਬੀ ਗੁਲਾਟੀ ਦੀ ਚੇਅਰਮੈਨਸ਼ਿਪ ਅਧੀਨ ਕੀਤੀ ਗਈ। ਜਿਸ ਵਿੱਚ ਡੀਪੀਈ ਕਾਲਜ, ਐਸ ਸੀ ਈ ਆਰ ਟੀ ਪੰਜਾਬ, ਯੂਥ ਸਰਵਿਸ, ਰਿਜਨਲ ਡਾਇਰੈਕਟਰ ਐਨ ਆਈ ਐੱਸ, ਸਪੋਰਟਸ ਵਿਭਾਗ ਪੰਜਾਬ, ਐਨ ਵਾਈ ਕੇ ਐੱਸ ਪੰਜਾਬ, ਡਾਇਰੈਕਟਰ ਐਨਐੱਸਐੱਸ, ਐੱਨਸੀਸੀ, ਰਾਸ਼ਟਰੀ ਕਿਸ਼ੋਰ ਵਿਭਾਗ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ, ਚਿੱਤਕਾਰਾ ਯੂਨੀਵਰਸਿਟੀ, ਤਕਨੀਕੀ ਯੂਨੀਵਰਸਿਟੀ ਜਲੰਧਰ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵੱਖ ਵੱਖ ਵਿਭਾਗਾਂ ਤੋਂ ਇਲਾਵਾ ਭਾਰਤ ਸਕਾਊਟ ਐਂਡ ਗਾਈਡ ਪੰਜਾਬ ਦਾ ਅਦਾਰਾ ਸ਼ਾਮਿਲ ਹੋਇਆ। ਮੀਟਿੰਗ ਦਾ ਉਦੇਸ਼ ਵੱਖ ਵੱਖ ਅਦਾਰਿਆਂ 'ਚ ਏਡਜ਼ ਪ੍ਰਤੀ ਬਹੁ ਸੰਪਰਦਾਇਕ ਮੌਖਿਕ ਪ੍ਰਤੀਕਿਰਿਆ ਪੈਦਾ ਕਰਨੀ ਸੀ। ਜਿਸ ਵਿੱਚ ਸਾਰੇ ਵਿਭਾਗਾਂ ਦੇ ਮੁੱਖੀਆਂ ਨੂੰ ਜਾਗਰੂਕ ਕਰਕੇ ਦੱਸਿਆ ਗਿਆ ਕਿ ਉਹ ਐੱਚਆਈਵੀ ਦੇ ਰੋਕਥਾਮ ਲਈ ਆਪੋ ਆਪਣੇ ਅਦਾਰਿਆਂ ਵਿੱਚ ਵਿਸ਼ੇਸ਼ ਗਤੀਵਿਧੀਆਂ, ਟੈਸਟਿੰਗ ਕੈਂਪਾਂ, ਖੇਡ ਟੂਰਨਾਮੈਂਟਾਂ, ਪਿੰਡ ਤੇ ਬਲਾਕ ਪੱਧਰ 'ਤੇ ਲੈਕਚਰਾਂ, ਵਿਸ਼ੇਸ਼ ਦਿਨ ਜਿਵੇਂ ਨਸ਼ਾ ਵਿਰੋਧੀ ਦਿਵਸ, ਰਾਸ਼ਟਰੀ ਯੁਵਾ ਦਿਵਸ, ਵਿਸ਼ਵ ਏਡਜ਼ ਦਿਵਸ ਤੇ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਅਹਿਮ ਭੂਮਿਕਾ ਨਿਭਾ ਸਕਦੇ ਹਨ। ਮੀਟਿੰਗ ਦੌਰਾਨ ਭਾਰਤ ਸਕਾਊਟ ਐਂਡ ਗਾਈਡ ਪੰਜਾਬ ਦੇ ਸਟੇਟ ਆਰਗੇਨਾਈਜੇਸ਼ਨ ਕਮਿਸ਼ਨਰ ਉਂਕਾਰ ਸਿੰਘ ਨੇ ਦੱਸਿਆ ਕਿ ਸਕਾਊਟ ਦੇ ਵੱਖ-ਵੱਖ ਕੈਂਪਾਂ, ਕਾਰਜਾਂ ਤੇ ਗਤੀਵਿਧੀਆਂ ਵਿੱਚ ਐਚ ਆਈ ਵੀ ਦਾ ਸਿਲੇਬਸ ਪਹਿਲਾਂ ਤੋਂ ਹੀ ਮੌਜੂਦ ਹੈ। ਵਰਣਨਯੋਗ ਹੈ ਕਿ ਭਾਰਤ ਸਕਾਊਟ ਐਂਡ ਗਾਈਡ ਲਹਿਰ ਵਿਸ਼ਵ ਦੀ ਸਭ ਤੋਂ ਵੱਡੀ ਨੌਜਵਾਨੀ ਲਹਿਰ ਹੈ, ਇਸ ਲਹਿਰ ਜਰੀਏ ਨੌਜਵਾਨ, ਵਿਦਿਆਰਥੀ ਅਤੇ ਬੱਚੇ ਜੁੜ ਕੇ ਜਿੱਥੇ ਆਪਣੇ ਆਪ ਨੂੰ ਸਮਾਜ ਵਿਰੋਧੀ ਗਤੀਵਿਧੀਆਂ ਤੋਂ ਦੂਰ ਹੋ ਜਾਂਦੇ ਹਨ ਉੱਥੇ ਉਹ ਦੂਜਿਆਂ ਨੂੰ ਪ੍ਰੇਰਿਤ ਕਰਕੇ ਦੇਸ਼ ਦੇ ਭਵਿੱਖ ਨੂੰ ਉੱਜਵਲ ਕਰਨ ਵਿੱਚ ਆਪਣਾ ਅਹਿਮ ਰੋਲ ਅਦਾ ਕਰਦੇ ਹਨ।

ਏ ਡੀ ਸੀ ਵੱਲੋਂ ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਸੁਚੱਜੇ ਨਿਪਟਾਰੇ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ



ਜਲੰਧਰ, (ਸ਼ੈਲੀ ਐਲਬਰਟ) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ ਨੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਵਾਤਾਵਰਣ ਯੋਜਨਾ ਤਹਿਤ ਵੱਖ-ਵੱਖ ਭਾਗੀਦਾਰ ਵਿਭਾਗਾਂ ਨੂੰ ਸੌਂਪੇ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਜਲੰਧਰ 'ਚ ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਸੁਚੱਜੇ ਨਿਪਟਾਰੇ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਸਮੇਤ ਜ਼ਿਲ੍ਹੇ ਵਿੱਚ ਚੱਲ ਰਹੀਆਂ ਵੱਖ-ਵੱਖ ਵਾਤਾਵਰਣ ਪੱਖੀ ਗਤੀਵਿਧੀਆਂ ਦੀ ਤਾਜ਼ਾ ਸਥਿਤੀ ਦੀ ਸਮੀਖਿਆ ਕਰਦਿਆਂ ਬਾਜਵਾ ਨੇ ਨਗਰ ਨਿਗਮ/ਕੌਂਸਲਾਂ ਨੂੰ ਕਿਹਾ ਕਿ ਜ਼ਿਲ੍ਹੇ 'ਚ ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਉਚਿਤ ਨਿਪਟਾਰੇ ਲਈ ਢੁੱਕਵੇਂ ਕਦਮ ਚੁੱਕੇ ਜਾਣ। ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਇਕ ਵਾਰ ਵਰਤੋਂ ਵਿੱਚ ਆਉਣ ਵਾਲੇ ਪਲਾਸਟਿਕ (ਸਿੰਗਲ ਯੂਜ਼ ਪਲਾਸਟਿਕ) ਤੋਂ ਬਣੀਆਂ ਵੱਖ-ਵੱਖ ਵਸਤੂਆਂ ਦੀ ਵਿਕਰੀ ਅਤੇ ਵਰਤੋਂ 'ਤੇ ਪਾਬੰਦੀ ਲਗਾਈ ਹੋਈ ਹੈ, ਜਿਸ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸਿੰਗਲ ਯੂਜ਼ ਪਲਾਸਟਿਕ ਤੋਂ ਬਣੀਆਂ ਵਸਤੂਆਂ ਦੀ ਵਿਕਰੀ ਤੇ ਵਰਤੋਂ ਨੂੰ ਰੋਕਣ ਲਈ ਛਾਪੇਮਾਰੀ ਅਤੇ ਚਲਾਨ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ।

ਉਨ੍ਹਾਂ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਵੱਡੀ ਮਾਤਰਾ ਵਿੱਚ ਕੂੜਾ ਪੈਦਾ ਕਰਨ ਵਾਲੇ ਹੋਟਲਾਂ, ਰੈਸਟੋਰੈਂਟਾਂ, ਮੈਰਿਜ ਪੈਲੇਸਾਂ ਆਦਿ ਵੱਲੋਂ ਆਪੋ-ਆਪਣੇ ਪਰਿਸਰ ਵਿੱਚ ਕੂੜੇ ਦਾ ਪ੍ਰਬੰਧਨ ਕੀਤਾ ਜਾਵੇ ਅਤੇ ਅਜਿਹਾ ਨਾ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਨਗਰ ਨਿਗਮ/ਕੌਂਸਲਾਂ ਨੂੰ ਸਾਇਲੈਂਸ ਜ਼ੋਨਾਂ ਦੀ ਪਛਾਣ ਕਰਕੇ ਢੁੱਕਵੇਂ ਬੋਰਡ ਲਾਉਣ ਦੇ ਨਿਰਦੇਸ਼ ਵੀ ਦਿੱਤੇ।

ਆਈ ਕੇ ਜੀ ਪੀ ਟੀ ਯੂ ਨੇ ਮਰਨ ਉਪਰੰਤ ਵਿਦਿਆਰਥੀ ਨੂੰ ਪੀ ਐੱਚ ਡੀ ਨਾਲ ਕੀਤਾ ਸਨਮਾਨਤ

ਜਲੰਧਰ (ਸ਼ੈਲੀ ਐਲਬਰਟ)-: ਆਈ.ਕੇ.ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ.ਪੀ.ਟੀ.ਯੂ.) ਨੇ ਆਪਣੇ ਇੱਕ ਪੀ.ਐੱਚ.ਡੀ. (ਡਾਕਟਰ ਆਫ਼ ਫਿਲਾਸਫੀ) ਦੇ ਵਿਦਿਆਰਥੀ ਪ੍ਰਵੀਨ ਚੰਦਰ ਨੂੰ ਮਰਨ ਉਪਰੰਤ ਥੀਸਿਸ ਦਾ ਫਾਈਨਲ ਵਾਈਵਾ ਕਰਵਾਕੇ ਅਕਾਦਮਿਕ ਖੇਤਰ ਵਿੱਚ ਵਿਲੱਖਣ ਪਹਿਲਕਦਮੀ ਕੀਤੀ ਹੈ। ਭਾਰਤੀ ਯੂਨੀਵਰਸਿਟੀਆਂ ਵਿੱਚ ਅਜਿਹੇ ਕੁਝ ਹੀ ਕੇਸ ਹਨ, ਜਿਨ੍ਹਾਂ ਵਿੱਚ ਖੋਜਕਰਤਾ/ਸ਼ੋਧ ਕਰਤਾ ਵਿਦਿਆਰਥੀ ਦੀ ਕਿਸੇ ਕਾਰਨ ਮੌਤ ਹੋ ਜਾਂਦੀ ਹੈ ਅਤੇ ਉਸਨੂੰ ਮਰਨ ਉਪਰੰਤ ਡਿਗਰੀ ਨਾਲ ਸਨਮਾਨਿਤ ਕੀਤਾ ਜਾਵੇ। ਯੂਨੀਵਰਸਿਟੀ ਨੇ ਇਹ ਨਿਵੇਕਲਾ ਫੈਸਲਾ ਆਪਣੇ ਵਿਦਿਆਰਥੀ ਦੇ ਸ਼ਾਨਦਾਰ ਖੋਜ ਕਾਰਜ ਦੇ ਸਨਮਾਨ ਵਿੱਚ, ਉਸਦੇ ਪਰਵਾਰ ਦੀ ਬੇਨਤੀ ਅਤੇ ਇਸ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਹੈ, ਤਾਂ ਕਿ ਭਵਿੱਖ ਦੇ ਵਿਦਿਆਰਥੀ ਖੋਜ ਤੋਂ ਲਾਭ ਉਠਾ ਸਕਣ! ਇਸ ਪਹਿਲਕਦਮੀ ਵਿੱਚ, ਵਿਦਿਆਰਥੀ ਦੇ ਸੁਪਰਵਾਈਜ਼ਰ ਨੇ ਵਿਦਿਆਰਥੀ ਦੀ ਮੌਤ ਤੋਂ ਬਾਅਦ ਉਸ ਦੇ ਆਖਰੀ ਕੰਮ ਨੂੰ ਪੂਰਾ ਕਰਨ ਦੀ ਜ਼ਿੰਮੇਵਾਰੀ ਲੈਂਦੇ ਹੋਏ ਮਾਹਿਰਾਂ ਦੇ ਸਾਹਮਣੇ ਫਾਈਨਲ ਥੀਸਿਸ ਦਾ ਬਚਾਵ ਕੀਤਾ। ਬਠਿੰਡਾ ਦਾ ਵਿਦਿਆਰਥੀ ਪ੍ਰਵੀਨ ਚੰਦਰ ਯੂਨੀਵਰਸਿਟੀ ਵਿੱਚ ਸਿਵਲ ਇੰਜਨੀਅਰਿੰਗ ਵਿਭਾਗ ਵਿੱਚ ਪੀ.ਐਚ.ਡੀ ਰਿਸਰਚ ਸਕਾਲਰ ਸੀ। ਉਸਨੇ ਅਗਸਤ 2020 ਵਿੱਚ ਯੂਨੀਵਰਸਿਟੀ ਨੂੰ ਆਪਣਾ ਥੀਸਿਸ ਸੌਂਪਿਆ। ਇਸ ਦੌਰਾਨ ਕਾਰੋਨਾ ਦਾ ਦੌਰ ਸ਼ੁਰੂ ਹੋ ਗਿਆ।ਬਦਕਿਸਮਤੀ ਨਾਲ, ਫਰਵਰੀ 2021 ਵਿੱਚ ਪ੍ਰਵੀਨ ਚੰਦਰ ਦੀ ਜਿਗਰ ਵਿੱਚ ਟਿਊਮਰ ਕਾਰਨ ਅਚਾਨਕ ਮੌਤ ਹੋ ਗਈ। ਪਰਵੀਨ ਚੰਦਰ ਨੇ ਸਿਵਲ ਇੰਜਨੀਅਰਿੰਗ ਦੇ ਮਹੱਤਵਪੂਰਨ ਵਿਸ਼ੇ ਪੰਜਾਬ ਰਾਜ ਦੇ ਮਿੱਟੀ ਦੀ ਜਾਂਚ ਡੇਟਾ ਰਾਹੀਂ ਅਤੇ ਮਿੱਟੀ ਦੇ ਡਿਜ਼ਾਈਨ ਨੂੰ ਵਿਸ਼ੇਸ਼ ਚਾਰਟ ਦਾ ਵਿਕਾਸ ਕਰਕੇ ਅਰਥਾਤ ਮਿੱਟੀ ਦੀ ਜਾਂਚ ਦੇ ਵੱਖ-ਵੱਖ ਪੱਧਰ, ਡੇਟਾ ਦਾ ਵਿਸ਼ਲੇਸ਼ਣ ਅਤੇ ਰਾਜ ਦੇ ਸੰਦਰਭ ਵਿੱਚ ਮਿੱਟੀ ਡਿਜ਼ਾਈਨ ਚਾਰਟ ਦੇ ਵਿਕਾਸ ਤੇ ਅੱਠ ਸਾਲਾਂ ਲਈ ਪੰਜਾਬ ਦੇ ਵਿਦਿਆਰਥੀ ਨੇ ਪੰਜਾਬ ਰਾਜ ਨਾਲ ਸਬੰਧਤ ਇਸ ਖੋਜ ਤੇ ਲਗਭਗ ਅੱਠ ਸਾਲ ਕੰਮ ਕੀਤਾ। ਵਿਦਿਆਰਥੀ ਨੇ ਐਸ ਪੀ ਟੀ ਮਿੱਟੀ ਦੀ ਪਰਖ ਕੀਤੀ, ਨਮੂਨੇ ਇਕੱਠੇ ਕੀਤੇ ਅਤੇ ਜੀ ਆਈ ਐਸ ਦੀ ਵਰਤੋਂ ਕਰਕੇ ਆਪਣਾ ਥੀਸਿਸ ਪੂਰਾ ਕੀਤਾ। ਵਿਦਿਆਰਥੀ ਦੀ ਮੌਤ ਤੋਂ ਬਾਅਦ, ਉਹਨਾਂ ਅਤੇ ਪਰਵਾਰ ਨੇ ਯੂਨੀਵਰਸਿਟੀ ਦੀ ਖੋਜ ਤੇ ਵਿਕਾਸ ਸ਼ਾਖਾ ਨੂੰ ਬੇਨਤੀ ਕੀਤੀ ਕਿ ਵਿਦਿਆਰਥੀ ਦੀ ਅੰਤਿਮ ਥੀਸਿਸ ਵਾਈਵਾ ਕਰਵਾਈ ਜਾਵੇ ਅਤੇ ਉਸਨੂੰ ਡਿਗਰੀ ਪ੍ਰਦਾਨ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ। ਉਹਨਾਂ ਵਿਸ਼ੇ ਦੇ ਮਾਹਿਰਾਂ ਸਾਹਮਣੇ ਥੀਸਿਸ ਦੇ ਫਾਈਨਲ ਬਚਾਅ ਦੀ ਵੀ ਜ਼ਿੰਮੇਵਾਰੀ ਲਈ। ਤਤਕਾਲੀਨ ਉਪ-ਕੁਲਪਤੀ ਰਾਹੁਲ ਭੰਡਾਰੀ, ਆਈ.ਏ.ਐਸ ਨੇ ਇਸ ਬੇਨਤੀ ਨੂੰ ਮਨਜ਼ੂਰੀ ਦਿੱਤੀ। 29 ਮਈ ਨੂੰ ਥੀਸਿਸ ਦੀ ਪ੍ਰੀਖਿਆ ਅਤੇ ਲਾਗੂ ਕਰਨ ਤੋਂ ਬਾਅਦ, ਪ੍ਰੀਖਿਆਰਥੀਆਂ ਦੀ ਮੌਖਿਕ ਪ੍ਰੀਖਿਆ ਹੋਈ ਅਤੇ ਵਿਦਿਆਰਥੀ ਨੂੰ ਮਰਨ ਉਪਰੰਤ ਡਿਗਰੀ ਪ੍ਰਦਾਨ ਕੀਤੀ ਗਈ। ਮਰਹੂਮ ਵਿਦਿਆਰਥੀ ਪ੍ਰਵੀਨ ਚੰਦਰ ਦੀ ਪਤਨੀ ਵਿਜੇ ਚੰਦਰ, ਜੋ ਕਿ ਸਕੂਲ ਅਧਿਆਪਕ ਹਨ ਅਤੇ ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਉਨ੍ਹਾਂ ਦੇ ਪੁੱਤਰ ਮਹਾਕਾਂਸ਼ ਨੇ ਬਹੁਤ ਹੀ ਭਾਵੁਕ ਮਾਹੌਲ ਵਿੱਚ ਡਿਗਰੀ ਪ੍ਰਾਪਤ ਕੀਤੀ ਅਤੇ ਯੂਨੀਵਰਸਿਟੀ ਵੱਲੋਂ ਕੀਤੇ ਗਏ ਉਪਰਾਲੇ ਲਈ ਯੂਨੀਵਰਸਿਟੀ ਅਧਿਕਾਰੀਆਂ ਅਤੇ ਸੁਪਰਵਾਈਜ਼ਰ ਦਾ ਵਿਸ਼ੇਸ਼ ਧੰਨਵਾਦ ਕੀਤਾ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ 50000 ਰੁਪਏ ਦੀ ਰਾਸ਼ੀ ਭੇਟ

ਕਾਲਾ ਸੰਘਿਆਂ (ਮਨਜੀਤ ਮਾਨ) ਇੰਗਲੈਂਡ ਨਿਵਾਸੀ ਤਰਿੰਦਰ ਸਿੰਘ ਵੱਲੋ ਗਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲਾ ਸੰਘਿਆਂ ਨੂੰ 50000/- ਰੁਪਏ ਰਾਸ਼ੀ ਭੇਟ ਕੀਤੀ ਗਈ। ਇਹ ਰਾਸ਼ੀ ਸਕੂਲ ਦੇ ਪੁਰਾਣੇ ਵਿਦਿਆਰਥੀ ਪਿਆਰਾ ਸਿੰਘ ਰਾਹੀਂ ਸਕੂਲ ਦੇ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ਨੂੰ ਭੇਟ ਕੀਤੀ ਗਈ। ਇਸ ਰਾਸ਼ੀ ਦੀ ਵਰਤੋ ਲੋੜਵੰਦ ਲੜਕੀਆਂ ਦੀ ਪੜ੍ਹਾਈ ਦੇ ਖਰਚੇ ਆਦਿ ਲਈ ਕੀਤੀ ਜਾਵਗੀ। ਉਨ੍ਹਾਂ ਵੱਲੋਂ ਪਿਛਲੇ ਸਮੇਂ ਦੌਰਾਨ ਸਕੂਲ ਦੀ ਬਦਲੀ ਨੁਹਾਰ ਅਤੇ ਬੋਰਡ ਪ੍ਰੀਖਿਆਵਣ ਵਿਚ ਸਕੂਲ ਦੇ ਵਿਦਿਅਰਥੀਅਣ ਵੱਲੋ ਕੀਤੇ ਸ਼ਾਨਦਾਰ ਪ੍ਰਦਰਸ਼ਨ ਲਈ ਸਮੂਹ ਸਟਾਫ ਦੀ ਪ੍ਰਸ਼ੰਸਾ ਕੀਤੀ।

2-June-PAGE-9.qxd 6/1/2023 10:30 PM Page 1

108 ਐਂਬੂਲੈਂਸ 2,63, 0390 ਲੋਕਾਂ ਦੀ ਕਰ ਚੁੱਕੀ ਸੇਵਾ : ਬੱਤਰਾ

ਜਲੰਧਰ (ਇਕਬਾਲ ਸਿੰਘ ਉੱਭੀ) ਸਥਾਨਕ ਪ੍ਰੈੱਸ ਕਲੱਬ ਵਿਖੇ 108 ਐਂਬੂਲੈਂਸ ਦੇ ਪ੍ਰੋਜੈਕਟ ਹੈੱਡ ਮਨੀਸ਼ ਬੱਤਰਾ ਵਲੋਂ ਚਿਕਿਤਸਾ ਹੈਲਥਕੇਅਰ ਲਿਮਟਿਡ ਵਿੱਚ ਪ੍ਰਦਾਨ ਕੀਤੀਆਂ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਬੱਤਰਾ ਨੇ ਦੱਸਿਆ ਕਿ ਜਲੰਧਰ ਵਿੱਚ 33416 ਲੋੜਵੰਦ ਲੋਕ, ਪੂਰਵ-ਹਸਪਤਾਲ ਦੇਖਭਾਲ ਨੂੰ ਪੰਜਾਬ ਦੇ ਸਾਰੇ ਹਿੱਸਿਆਂ ਵਿੱਚ ਪਹੁੰਚਯੋਗ ਬਣਾਇਆ, ਜਿਨ੍ਹਾਂ ਵਿੱਚੋਂ ਕਾਰਡੀਅਕ ਐਮਰਜੈਂਸੀ ਕੇਸ- 1123, ਮੈਡੀਕਲ ਐਮਰਜੈਂਸੀ ਕੇਸ- 7522, ਗਰਭ ਅਵਸਥਾ ਦੇ ਕੇਸ- 8900, ਸੜਕ ਹਾਦਸੇ ਦੇ ਕੇਸ- 2036 ਅਤੇ ਹੋਰ ਕੇਸ 13835 ਸਨ। ਹੁਣ ਤੱਕ 108 ਐਂਬੂਲੈਂਸ ਸੇਵਾਵਾਂ ਪੰਜਾਬ ਵਿੱਚ 2630390 ਲੋਕਾਂ ਦੀ ਸੇਵਾ ਕਰ ਚੁੱਕੀਆਂ ਹਨ। ਅਸੀਂ ਸਿਖਲਾਈ ਪ੍ਰਾਪਤ ਡ੍ਰਾਈਵਰ ਅਤੇ ਪੈਰਾਮੈਡਿਕਸ ਕੰਮ ਕਰਦੇ ਹਾਂ। ਸਾਡਾ ਉਦੇਸ਼ 24 ਘੰਟੇ ਅਤੇ 7 ਦਿਨ 365 ਕਾਰਜਸ਼ੀਲ ਕਾਲ ਸੈਂਟਰਾਂ ਨਾਲ ਸਾਡੇ ਮੈਡੀਕਲ ਟ੍ਰਾਂਸਫਰ ਨੂੰ ਤੇਜ ਕਰਨਾ ਹੈ।

ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਦੇ ਪ੍ਰਿੰਸੀਪਲ ਤੇ ਸਟਾਫ ਵੱਲੋਂ ਰੋਸ ਪ੍ਰਦਰਸ਼ਨ

ਜਲੰਧਰ (ਇਕਬਾਲ ਸਿੰਘ ਉੱਭੀ)-ਪੰਜਾਬ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਦੀ ਤਿੱਖੀ ਆਲੋਚਨਾ ਕਰਦਿਆਂ ਕੇਂਦਰੀਕ੍ਰਿਤ ਆਨਲਾਇਨ ਐਡਮੀਸ਼ਨ ਪੋਰਟਲ ਦਾ ਡਟ ਕੇ ਵਿਰੋਧ ਕਰਦਿਆਂ ਕਾਲਜ ਪ੍ਰਿੰਸੀਪਲ ਅਤੇ ਸਟਾਫ ਵੱਲੋ ਰੋਸ ਪ੍ਰਦਰਸ਼ਨ ਕੀਤਾ ਗਿਆ। ਜੁਆਇੰਟ ਐਕਸ਼ਨ ਕਮੇਟੀ ਦੇ ਫੈਸਲੇ ਅਨੁਸਾਰ ਲਾਇਲਪੁਰ ਖਾਲਸਾ ਕਾਲਜ ਫਾਰ ਵਿਮਨ, ਜਲੰਧਰ ਦੇ ਪ੍ਰਿੰਸੀਪਲ ਡਾ. ਨਵਜੋਤ ਮੈਡਮ ਤੇ ਸਟਾਫ ਮੈਂਬਰ ਧਰਨੇ 'ਤੇ ਬੈਠੇ। ਉਹਨਾਂ ਨੇ ਕਾਲਜ ਪ੍ਰਿੰਸੀਪਲ ਡਾ. ਨਵਜੋਤ ਮੈਡਮ ਨੇ ਇਸ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਉਹ ਕਾਲਜਾਂ ਵਿਚ ਸਾਰੀਆਂ ਪੋਸਟਾਂ ਨੂੰ ਗ੍ਰਾਂਟ-ਇੰਨ-ਏਡ ਸਕੀਮ ਵਿਚ ਕਵਰ ਕਰਦਿਆਂ ਅਨਕਵਰਡ ਪੋਸਟਾਂ ਨੂੰ ਵੀ ਕਵਰਡ ਪੋਸਟਾਂ ਵਿਚ ਤਬਦੀਲ ਕਰੇ। ਇਸ ਤਰ੍ਹਾਂ ਵੱਖ -ਵੱਖ ਤਰੀਕੇ ਨਾਲ ਕੀਤੇ ਜਾ ਰਹੇ ਪੱਖਪਾਤ ਤੇ ਪ੍ਰਾਈਵੇਟ ਯੂਨੀਵਰਸਿਟੀਆਂ ਨੂੰ ਲਾਭ ਪਹੁੰਚਾਉਣ ਦੀਆਂ ਨੀਤੀਆਂ ਨੂੰ ਖ਼ਤਮ ਕੀਤਾ ਜਾਵੇ।

90 ਫੀਸਦੀ ਤੋਂ ਵੱਧ ਅੰਕ ਹਾਸਲ ਕਰਨ ਵਾਲੀਆਂ 54 ਵਿਦਿਆਰਥਣਾਂ ਦਾ ਸਨਮਾਨ

ਕੁਰਾਲੀ, (ਮੋਹਨ ਅੱਗਰਵਾਲ ਜੋਗਾ) :- ਬੋਰਡ ਪ੍ਰੀਖਿਆਵਾਂ ਵਿੱਚ ਅੱਵਲ ਰਹਿਣ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕਰਨ ਲਈ ਇੱਕ ਸਮਾਗਮ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਵਿਖੇ ਕਰਵਾਇਆ ਗਿਆ। ਪ੍ਰਿੰਸੀਪਲ ਚਰਨਜੀਤ ਕੌਰ ਦੀ ਦੇਖਰੇਖ ਹੇਠ ਹੋਏ ਇਸ ਸਮਾਗਮ ਦੌਰਾਨ ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਦੇ ਵੱਖ ਵੱਖ ਸਟਰੀਮਾਂ ਵਿੱਚ ਅੱਵਲ ਰਹਿਣ ਵਾਲੀਆਂ 54 ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਕੌਂਸਲਰ ਬਹਾਦਰ ਸਿੰਘ ਓਕੇ,ਆਮ ਆਦਮੀ ਪਾਰਟੀ ਦੇ ਆਗੂ ਹਰੀਸ਼ ਰਾਣਾ,ਕੌਂਸਲਰ ਖੁਸ਼ਵੀਰ ਸਿੰਘ,ਡਾ: ਅਸ਼ਵਨੀ ਸ਼ਰਮਾ,ਹੈਪੀ ਧੀਮਾਨ ਅਤੇ ਲਖਵੀਰ ਸਿੰਘ ਲੱਕੀ ਕਲਸੀ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਆਗੂਆਂ ਨੇ ਸਕੂਲ ਵਲੋਂ ਖੇਤਰ ਵਿੱਚ ਸਿੱਖਿਆ ਦੇ ਪਸਾਰੇ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਵੱਖ ਵੱਖ ਜਮਾਤਾਂ ਦੇ ਸ਼ਾਨਦਾਰ ਨਤੀਜੇ ਲਈ ਪ੍ਰਿੰਸੀਪਲ ਚਰਨਜੀਤ ਕੌਰ ਤੇ ਸਮੂਹ ਸਟਾਫ਼ ਦੀ ਸ਼ਲਾਘਾ ਵੀ ਕੀਤੀ। ਇਸੇ ਦੌਰਾਨ ਪ੍ਰਿੰਸੀਪਲ ਚਰਨਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਸਕੂਲ ਦਾ ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ ਹੈ। ਸਮਾਗਮ ਦੇ ਅਗਲੇ ਚਰਨ ਵਿੱਚ ਬਾਰ੍ਹਵੀਂ ਜਮਾਤ ਵਿੱਚੋਂ ਦੀਆਂ 90 ਫੀਸਦ ਅੰਕ ਹਾਸਲ ਕਰਨ ਵਾਲੀਆਂ 39,ਦਸਵੀਂ ਜਮਾਤ ਵਿੱਚੋਂ 90 ਫੀਸਦ ਅੰਕ ਹਾਸਲ ਕਰਨ ਵਾਲੀਆਂ 8 ਅਤੇ ਅੱਠਵੀਂ ਜਮਾਤ ਵਿੱਚੋਂ 90 ਫੀਸਦ ਤੋਂ ਵੱਧ ਅੰਕ ਹਾਸਲ ਕਰਨ ਵਾਲੀਆਂ 7 ਵਿਦਿਆਰਥਣਾਂ ਨੂੰ ਟਰਾਫ਼ੀਆਂ ਅਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੁਲਜੀਤ ਕੌਰ,ਮਨਪ੍ਰੀਤ ਕੌਰ,ਜਸਵੀਰ ਕੌਰ,ਅਮਨਪ੍ਰੀਤ ਕੌਰ,ਲਲਿਤ ਕੁਮਾਰ, ਮਨਜੀਤ ਸਿੰਘ,ਰੁਪਿੰਦਰ ਸਿੰਘ ਅਤੇ ਹੋਰ ਪਤਵੰਤਿਆਂ ਤੋਂ ਇਲਾਵਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

ਰੇਲ ਗੱਡੀ ਦੀ ਲਪੇਟ ਆਉਣ ਕਾਰਨ ਵਿਅਕਤੀ ਦੀ ਮੌਤ

ਅਲਾਵਲਪੁਰ (ਮਦਨ ਬੰਗੜ) ਪਿਛਲੇ ਦਿਨੀਂ ਅਲਾਵਲਪੁਰ ਤੋਂ ਸੁੱਚੀ ਪਿੰਡ ਵਿਚਕਾਰ ਪੈਂਦੇ ਰੇਲ ਟਰੈਕ 'ਤੇ ਪਿੰਡ ਸਿਕੰਦਰਪੁਰ ਦੇ ਧਾਰਮਿਕ ਅਸਥਾਨ ਦੇ ਨਜਦੀਕ ਰੇਲ ਗੱਡੀ ਦੀ ਫੇਟ ਵੱਜਣ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ। ਰੇਲਵੇ ਪੁਲਸ ਚੌਕੀ ਇੰਚਾਰਜ ਏਐੱਸਆਈ ਬਚਿੱਤਰ ਸਿੰਘ ਨੇ ਦੱਸਿਆ ਕਿ ਫੇਟ ਵੱਜਣ ਕਾਰਨ ਟਰੈਕ 'ਤੇ ਇਕ ਨੌਜਵਾਨ ਦੀ ਲਾਸ਼ ਮਿਲੀ ਹੈ। ਮ੍ਰਿਤਕ ਦੀ ਪਹਿਚਾਣ 20 ਸਾਲਾਂ ਦੇ ਰਵਿੰਦਰ ਕੁਮਾਰ ਪੁੱਤਰ ਬਾਂਕੇ ਲਾਲ ਪਿੰਡ ਸੁਪਾ ਥਾਣਾ ਮੁਕਲਗੰਜ ਜ਼ਿਲ੍ਹਾ ਲਖਨਪੁਰ ਖੀਰੀ ਉੱਤਰ ਪ੍ਰਦੇਸ਼ ਵਜੋਂ ਹੋਈ ਹੈ। ਪੁਲਸ ਪੋਸਟਮਾਰਟਮ ਦੇ ਬਾਅਦ ਲਾਸ਼ ਮ੍ਰਿਤਕ ਦੇ ਵਾਰਸਾਂ ਨੂੰ ਸੌਂਪ ਦਿੱਤੀ।

ਡਾ. ਅਵਤਾਰ ਚੰਦ ਚੱਕ ਬਿਲਗਾ ਨੂੰ ਇਨਕਲਾਬੀ ਸ਼ਰਧਾਂਜਲੀਆਂ

ਨਵਾਂਸ਼ਹਿਰ (ਮਨੋਜ ਲਾਡੀ)-ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸਾਬਕਾ ਜ਼ਿਲ੍ਹਾ ਸਕੱਤਰ ਡਾ. ਅਵਤਾਰ ਚੰਦ ਚੱਕ ਬਿਲਗਾ ਪਿਛਲੇ ਦਿਨੀਂ ਨਾਮੁਰਾਦ ਬਿਮਾਰੀ ਕਾਰਨ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੇ ਸ਼ਰਧਾਂਜਲੀ ਸਮਾਗਮ ਮੌਕੇ ਬੋਲਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਡਾ. ਅਵਤਾਰ ਚੰਦ ਪਾਰਟੀ ਅਤੇ ਜਥੇਬੰਦੀ ਦੇ ਕੰਮਾਂ ਵਿੱਚ ਹਮੇਸ਼ਾ ਹੀ ਸ਼ਿੱਦਤ ਨਾਲ ਤਿਆਰ ਰਹਿੰਦੇ ਸਨ ਅਤੇ ਘਰੇਲੂ ਕੰਮਾਂ ਨਾਲੋਂ ਪਾਰਟੀ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰਦੇ ਸਨ। ਉਨ੍ਹਾਂ ਦੇ ਇਹ ਇਨਕਲਾਬੀ ਵਿਚਾਰਾਂ ਨੂੰ ਉਨ੍ਹਾਂ ਦੇ ਬੱਚੇ ਵੀ ਚੰਗੀ ਤਰ੍ਹਾਂ ਸਮਝਦੇ ਸਨ,ਇਸੇ ਕਰਕੇ ਸ਼ਰਧਾਂਜਲੀ ਸਮਾਗਮ ਮੌਕੇ 'ਤੇ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਯੂਨੀਅਨ ਦਾ ਝੰਡਾ ਉਨ੍ਹਾਂ ਦੇ ਵੱਡੇ ਲੜਕੇ ਪਰਮਜੀਤ ਨੂੰ ਸੌਂਪਿਆ ਤੇ ਪਿਤਾ ਦੁਆਰਾ ਦੱਸੇ ਰਾਹ 'ਤੇ ਚੱਲਣ ਦਾ ਪ੍ਰਣ ਲਿਆ। ਇਸ ਮੌਕੇ 'ਤੇ ਸੀ ਪੀ ਆਈ ਐਮ ਦੀ ਜ਼ਿਲ੍ਹਾ ਸਕੱਤਰੇਤ ਮੈਂਬਰ ਸੁਨੀਤਾ ਤਲਵੰਡੀ, ਜ਼ਿਲ੍ਹਾ ਕਮੇਟੀ ਮੈਂਬਰ ਸਾਥੀ ਸਰਾਧੂ ਰਾਮ ਤਾਜੋਵਾਲ, ਜਗਤਾਰ ਲਾਲ ਲੱਖਪੁਰ, ਰੇਸ਼ਮ ਲਾਲ ਰਸੂਲਪੁਰ, ਪਰਮਜੀਤ ਸਾਬਕਾ ਐਮ ਸੀ ਆਦਿ ਸਾਥੀ ਹਾਜਰ ਸਨ।

ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੀ ਮੀਟਿੰਗ 'ਚ ਅਹਿਮ ਫੈਸਲੇ

ਬਹਿਰਾਮ (ਅਵਤਾਰ ਕਲੇਰ) ਕੁਲ ਹਿੰਦ ਖੇਤ ਮਜਦੂਰ ਯੂਨੀਅਨ ਜ਼ਿਲ੍ਹਾ ਨਵਾਂਸਹਿਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਾਥੀ ਸਤਨਾਮ ਸਿੰਘ ਜਾਨੀਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਛੜ ਚੁੱਕੇ ਸਾਥੀਆਂ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਸੁਨੀਤ ਚੋਪੜਾ, ਸੂਬਾਈ ਵਿੱਤ ਸਕੱਤਰ ਕਾਮਰੇਡ ਬਲਵੀਰ ਸਿੰਘ ਸੁਹਾਵੀ , ਡਾ. ਅਵਤਾਰ ਚੰਦ ਚੱਕ ਬਿਲਗਾ , ਰੋਸ਼ਨ ਲਾਲ ਝਿੰਗੜ,ਦੇਵ ਰਾਮ ਚੱਕਗੁਰੂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਾਥੀ ਰਾਮ ਸਿੰਘ ਨੂਰਪੁਰੀ ਨੇ ਸਾਥੀਆਂ ਦੇ ਸਾਦਾ ਜੀਵਨ 'ਤੇ ਚਾਨਣਾ ਪਾਇਆ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪ੍ਰਣ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਕੇਂਦਰੀ ਕਮੇਟੀ ਦੇ ਫੈਸਲੇ ਅਨੁਸਾਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਮੈਂਬਰਸ਼ਿਪ ਮੁਹਿੰਮ ਤੇਜ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪੱਧਰੀ 2023-24 ਦੇ 30000 ਮੈਂਬਰਸ਼ਿਪ ਕੋਟੇ ਦੀ ਵੰਡ ਕੀਤੀ । ਸਾਥੀ ਨੂਰਪੁਰੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਲੋਕਲ ਮੰਗਾਂ ਨੂੰ ਲੈ ਕੇ ਸੰਘਰਸ਼ ਉਲੀਕੇ ਜਾਣਗੇ। ਕੁਲ ਹਿੰਦ ਕਿਸਾਨ ਸਭਾ ਤੇ ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦਾ ਦਿੱਲੀ ਵਿਖੇ ਬਣ ਰਹੇ ਸਾਂਝੇ ਦਫਤਰ ਸੰਬੰਧੀ ਉਗਰਾਹੀ ਦਾ ਕੰਮ ਜਲਦੀ ਹੀ ਸ਼ੁਰੂ ਕੀਤਾ ਜਾਵੇਗਾ। ਸੂਬਾ ਪ੍ਰਧਾਨ ਨੇ ਦੱਸਿਆ ਕਿ ਯੂਨੀਅਨ ਛੇਤੀ ਹੀ ਹੇਠਲੇ ਪੱਧਰ ਦੀਆਂ ਇਕਾਈਆਂ ਬਣਾ ਕੇ ਟੋਟਲ ਮੈਂਬਰਸ਼ਿਪ ਵਿਚ ਵਾਧਾ ਕਰੇਗੀ। ਇਸ ਮੌਕੇ 'ਤੇ ਸਰਾਧੂ ਰਾਮ ਤਾਜੋਵਾਲ, ਜਗਤਾਰ ਲਾਲ ਲੱਖਪੁਰ , ਰੇਸ਼ਮ ਸਿੰਘ ਰਸੂਲਪੁਰ , ਪਰਮਜੀਤ ਸਿੰਘ ਸਾਬਕਾ ਐਮ ਸੀ, ਕੁਲਵਿੰਦਰ ਰਾਮ ਗੋਬਿੰਦਪੁਰ, ਮੱਖਣ ਗੁਣਾਚੌਰ ਆਦਿ ਸਾਥੀ ਹਾਜਰ ਸਨ।

ਰਿਆਤ ਬਾਹਰਾ 'ਵਰਸਿਟੀ ਵਿਖੇ ਵੱਖ-ਵੱਖ ਸਕੂਲਾਂ ਵੱਲੋਂ ਫ੍ਰੈਸ਼ਰ-ਕਮ-ਫੇਅਰਵੈਲ ਪਾਰਟੀ

ਕੁਰਾਲੀ, (ਮੋਹਨ ਅੱਗਰਵਾਲ ਜੋਗਾ) :- ਰਿਆਤ ਬਾਹਰਾ ਯੂਨੀਵਰਸਿਟੀ ਦੇ ਵੱਖ ਵੱਖ ਸਕੂਲਾਂ ਵੱਲੋਂ ਆਪਣੇ ਵਿਦਿਆਰਥੀਆਂ ਲਈ ਫ੍ਰੈਸ਼ਰ ਕਮ ਫੇਅਰਵੈਲ ਪਾਰਟੀ ਦਾ ਆਯੋਜਨ ਕੀਤਾ ਗਿਆ,ਜਿਸ ਦੌਰਾਨ ਸਕੂਲ ਆਫ ਸਾਇੰਸਿਜ਼ ਵੱਲੋਂ ਫ੍ਰੈਸ਼ਰ ਕਮ ਫੇਅਰਵੈਲ ਪਾਰਟੀ 'ਫਿਊਜ਼ਨ ਫਿਸਟਾ 2023' ਆਯੋਜਿਤ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਨੇ ਗਰੁੱਪ ਡਾਂਸ, ਸੋਲੋ ਡਾਂਸ, ਸੋਲੋ ਗਾਇਨ, ਸਕਿੱਟ, ਰੈਂਪ ਵਾਕ, ਮਿਮਿਕਰੀ ਅਤੇ ਕਾਮੇਡੀ ਪੇਸ਼ਕਾਰੀ ਸਮੇਤ ਸੱਭਿਆਚਾਰਕ ਪ੍ਰੋਗਰਾਮ ਵਿੱਚ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ।ਸਮਾਗਮ ਦੌਰਾਨ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਜੀਵਨ ਵਿੱਚ ਸਫ਼ਲਤਾ ਪ੍ਰਾਪਤ ਕਰਨ ਲਈ ਵੱਡੇ ਸੁਪਨੇ ਵੇਖਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਵੈ-ਵਿਕਾਸ ਲਈ ਗਿਆਨ ਅਤੇ ਬੁੱਧੀ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸ਼ੁੱਭਕਾਮਨਾਵਾਂ ਦਿੱਤੀਆਂ।ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਵੀ ਵਿਦਿਆਰਥੀਆਂ ਲਈ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਵਿੱਚ ਸਫਲਤਾ ਦੀ ਕਾਮਨਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ ਅਤੇ ਜੀਵਨ ਵਿੱਚ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਯੂ.ਐਸ.ਐਸ. ਦੇ ਡੀਨ ਡਾ. ਮਨੋਜ ਬਾਲੀ ਨੇ ਸਮਾਗਮ ਦੇ ਆਯੋਜਨ ਵਿੱਚ ਵਿਦਿਆਰਥੀਆਂ ਅਤੇ ਫੈਕਲਟੀ ਦੁਆਰਾ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ। ਇਸੇ ਦੌਰਾਨ ਯੂਨੀਵਰਸਿਟੀ ਸਕੂਲ ਆਫ ਮੈਨੇਜਮੈਂਟ ਸਟੱਡੀਜ਼ ਦੇ ਕੰਪਿਊਟਰ ਐਪਲੀਕੇਸ਼ਨ ਵਿਭਾਗ ਵੱਲੋਂ ਵੀ 'ਫਰੈਸ਼ਰਜ਼ ਗਲੋਰੀਅਸ ਈਵ ਐਂਡ ਐਡੀਯੂ' ਦਾ ਆਯੋਜਨ ਕੀਤਾ ਗਿਆ।ਇਸ ਸ਼ਾਨਦਾਰ ਸਮਾਗਮ ਦੀ ਸ਼ੁਰੂਆਤ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਅਤੇ ਡੀਨ ਡਾ. ਅਜੈ ਸ਼ਰਮਾ ਨੇ ਸ਼ਮਾਂ ਰੌਸ਼ਨ ਕਰਕੇ ਕੀਤੀ।ਡੀਨ ਡਾ. ਅਜੇ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਿਦਾਇਗੀ ਕਮ ਫਰੈਸ਼ਰ ਦੀ ਪੂਰਵ ਸੰਧਿਆ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਦੇ ਨਾਲ ਹੀ ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਵੱਲੋਂ ਫ੍ਰੈਸ਼ਰ ਕਮ ਵਿਦਾਇਗੀ ਪਾਰਟੀ 'ਉਮੰਗ-2023' ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੌਰਾਨ ਐਚਓਡੀ ਐਗਰੀਕਲਚਰ ਡਾ. ਅਮਿਤਾ ਮਹਾਜਨ ਨੇ ਮਹਿਮਾਨਾਂ ਅਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਅਤੇ ਗ੍ਰੈਜੂਏਟ ਹੋਣ ਵਾਲੇ ਵਿਦਿਆਰਥੀਆਂ ਨੂੰ ਅਗਲੇਰੇ ਯਤਨਾਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਸਮਾਗਮ ਦੌਰਾਨ ਅਕਾਦਮਿਕ ਸਾਲ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸੇ ਤਰ੍ਹਾਂ ਯੂਨੀਵਰਸਿਟੀ ਸਕੂਲ ਆਫ਼ ਸੋਸ਼ਲ ਸਾਇੰਸਿਜ਼ ਅਤੇ ਐਜੂਕੇਸ਼ਨ ਵੱਲੋਂ ਵੀ ਫ੍ਰੈਸ਼ਰ ਕਮ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਸ਼ਮ੍ਹਾਂ ਰੋਸ਼ਨ ਕਰਕੇ ਕੀਤੀ ਅਤੇ ਵਿਦਿਆਰਥੀਆਂ ਨੂੰ ਸਫਲ ਜੀਵਨ ਲਈ ਸੇਧ ਦਿੱਤੀ। ਇਸ ਮੌਕੇ ਸਕੂਲ ਆਫ਼ ਸੋਸ਼ਲ ਸਾਇੰਸਿਜ਼ ਅਤੇ ਐਜੂਕੇਸ਼ਨ ਦੀ ਡੀਨ ਡਾ. ਇੰਦਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਅਤੇ ਜੀਵਨ ਵਿੱਚ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਦੇ ਨਾਲ ਸਮੇਂ ਦੀ ਕਦਰ ਕਰਨ ਲਈ ਵੀ ਪ੍ਰੇਰਿਤ ਕੀਤਾ।

ਮਜ਼ਬੂਤ ਇੱਛਾ ਸ਼ਕਤੀ ਨਾਲ ਛੱਡਿਆ ਜਾ ਸਕਦਾ ਹੈ ਤੰਬਾਕੂ : ਐੱਸ ਐੱਮ ਓ

ਮਹਿਤਪੁਰ (ਰਾਜਾ) ਵਿਸ਼ਵ ਸਿਹਤ ਸੰਸਥਾ ਵੱਲੋਂ 1987 ਵਿਚ ਇਕ ਮਤਾ ਪਾਸ ਕਰਕੇ ਪੂਰੀ ਦੁਨੀਆ ਦਾ ਧਿਆਨ ਤੰਬਾਕੂ ਅਤੇ ਇਸ ਤੋਂ ਪੈਦਾ ਹੋਣ ਵਾਲੀਆਂ ਗੰਭੀਰ ਸਮੱਸਿਆਵਾਂ ਪ੍ਰਤੀ ਆਕਰਸ਼ਿਤ ਕਰਨ ਲਈ 17 ਅਪ੍ਰੈਲ 1988 ਨੂੰ 'ਵਿਸ਼ਵ ਤੰਬਾਕੂ ਦਿਵਸ' ਵਜੋਂ ਮਨਾਉਣ ਦਾ ਫ਼ੈਸਲਾ ਕੀਤਾ। ਇਸ ਤੋਂ ਬਾਅਦ 1988 ਦੇ ਮਤੇ ਵਿਚ ਇਸ ਨੂੰ ਹਰ ਸਾਲ 31 ਮਈ ਨੂੰ ਮਨਾਉਣ ਦਾ ਐਲਾਨ ਕੀਤਾ ਗਿਆ। ਐਸ ਐਮ ਉ ਮੁੱਢਲਾ ਸਿਹਤ ਕੇਂਦਰ ਮਹਿਤਪੁਰ ਡਾ. ਮਹੇਸ਼ ਕੁਮਾਰ ਨੇ ਦੱਸਿਆ ਕਿ ਬਲਾਕ ਅਧੀਨ ਆਉਂਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿਚ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ ਅਤੇ ਆਮ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਂਦੇ ਹੋਏ ਤੰਬਾਕੂ ਵਿਰੋਧੀ ਸਹੁੰ ਵੀ ਚੁਕਾਈ ਗਈ। ਤੰਬਾਕੂ ਉਤਪਾਦ ਨੂੰ ਉਤਸ਼ਾਹਿਤ ਕਰਨ ਵਾਲੇ ਵਿਗਿਆਪਨ ਨਹੀਂ ਦਿੱਤੇ ਜਾ ਸਕਦੇ। ਤੰਬਾਕੂ ਉਤਪਾਦ ਤੇ ਲਿਖਤੀ ਅਤੇ ਤਸਵੀਰ ਸਮੇਤ 85 ਫ਼ੀਸਦੀ ਚੇਤਾਵਨੀ ਛਾਪਣੀ ਲਾਜ਼ਮੀ ਹੈ। ਆਈ ਈ ਸੀ ਦੇ ਨੋਡਲ ਅਧਿਕਾਰੀ ਸੰਦੀਪ ਵਾਲੀਆ ਨੇ ਦੱਸਿਆ ਕਿ ਤੰਬਾਕੂ ਧੂੰਏਂ ਵਾਲਾ ਜਾਂ ਧੂੰਆਂ ਰਹਿਤ ਦੋਵੇਂ ਕਿਸਮ ਦਾ ਹੋ ਸਕਦਾ ਹੈ। ਬੀੜੀ, ਸਿਗਰਟ ਆਦਿ ਧੂੰਏ ਵਾਲਾ ਅਤੇ ਜ਼ਰਦਾ,ਖੈਨੀ ਆਦਿ ਧੂੰਆਂ ਰਹਿਤ ਤੰਬਾਕੂ ਦੀਆਂ ਕਿਸਮਾਂ ਹਨ। ਦੋਵੇਂ ਹੀ ਕਿਸਮ ਦਾ ਤੰਬਾਕੂ ਖਤਰਨਾਕ ਹੈ। ਤੰਬਾਕੂ ਦੇ ਸੇਵਨ ਤੋਂ ਸਾਨੂੰ ਗੁਰੇਜ਼ ਕਰਨ ਦੀ ਲੋੜ ਹੈ। ਤੰਬਾਕੂ ਦਾ ਸਭ ਤੋਂ ਵਧੇਰੇ ਮਾੜਾ ਅਤੇ ਸਿੱਧਾ ਅਸਰ ਵੀ ਫ਼ੇਫੜਿਆਂ 'ਤੇ ਹੀ ਹੁੰਦਾ ਹੈ। ਡਾ. ਜੈਪਾਲ ਮੈਡੀਕਲ ਅਫਸਰ (ਡੈਂਟਲ) ਨੇ ਚਾਨਣਾ ਪਾਇਆ ਕਿ ਤੰਬਾਕੂਨੋਸ਼ੀ ਨੂੰ ਕਿਵੇਂ ਛੱਡਿਆ ਜਾ ਸਕਦਾ ਹੈ । ਕਿਸੇ ਵੀ ਹੋਰ ਭੈੜੀ ਆਦਤ ਨੂੰ ਛੱਡਣ ਵਾਂਗ ਤੰਬਾਕੂ ਦੀ ਆਦਤ ਨੂੰ ਛੱਡਣ ਲਈ ਵੀ ਮਜ਼ਬੂਤ ਇੱਛਾ ਸ਼ਕਤੀ ਦਾ ਹੋਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਸਿਹਤ ਨਿਰੀਖਕ ਹਰਜਿੰਦਰ ਸਿੰਘ, ਦਵਿੰਦਰ ਸਿੰਘ, ਗੁਰਿੰਦਰ ਸਿੰਘ, ਮਲਟੀਪਰਪਜ ਹੈਲਥ ਵਰਕਰ ਰੁਪਿੰਦਰ, ਸੰਦੀਪ, ਰਣਜੀਤ, ਅਮਰਜੀਤ, ਕੁਲਵਿੰਦਰ ਅਤੇ ਗੁਰਵਿੰਦਰ ਮੌਜੂਦ ਸਨ।

ਗੁਰਵਿੰਦਰ ਸਿੰਘ ਦਾ ਦਾਖਲਾ ਸਕੂਲ ਆਫ ਐਮੀਨੈਂਸ 'ਚ ਹੋਣ 'ਤੇ ਖੁਸ਼ੀ ਦਾ ਇਜ਼ਹਾਰ

ਫਗਵਾੜਾ (ਜਸਵਿੰਦਰ ਢੱਡਾ) ਪਿੰਡ ਮਾਨਾਂਵਾਲੀ ਦੇ ਵਸਨੀਕ ਗੁਰਦਿਆਲ ਸਿੰਘ ਦੇ ਸਪੁੱਤਰ ਗੁਰਵਿੰਦਰ ਸਿੰਘ ਜੋ ਕਿ ਸਰਕਾਰੀ ਹਾਈ ਸਕੂਲ ਹਦੀਆਬਾਦ 'ਚੋਂ ਪੜ੍ਹ ਕੇ ਸਕੂਲ ਆਫ ਐਮੀਨੈਂਸ ਵਿੱਚ ਦਾਖਲਾ ਪ੍ਰੀਖਿਆ 'ਚ ਸਿਲੈਕਸ਼ਨ ਹੋਣ ਤੇ ਸਕੂਲ ਦੇ ਪ੍ਰਿੰਸੀਪਲ ਨੇ ਸਮੂਹ ਸਟਾਫ ਨੇ ਵਿਦਿਆਰਥੀ ਦਾ ਮੂੰਹ ਮਿੱਠਾ ਕਰਵਾਇਆ ਤੇ ਉਸ ਦੇ ਪਰਿਵਾਰ ਨੂੰ ਵਧਾਈਆਂ ਦਿੱਤੀਆਂ । ਇਸ ਤੋਂ ਪਹਿਲਾਂ ਇਸੇ ਪਰਿਵਾਰ ਵਿੱਚੋਂ ਵਿਦਿਆਰਥਣ ਪਰਵਿੰਦਰ ਕੌਰ ਨੇ ਵੀ ਨੌਂਵੀਂ ਕਲਾਸ ਲਈ ਇਹ ਮੁਕਾਮ ਹਾਸਲ ਕੀਤਾ ਹੈ। ਗੁਰਦਿਆਲ ਸਿੰਘ ਨੇ ਸਰਕਾਰੀ ਪ੍ਰਾਇਮਰੀ ਸਕੂਲ ਮਾਨਾਂਵਾਲੀ ਅਤੇ ਸਰਕਾਰੀ ਮਿਡਲ ਸਕੂਲ ਮਾਨਾਂਵਾਲੀ ਨੇ ਬਹੁਤ ਬਹੁਤ ਧੰਨਵਾਦ ਕੀਤਾ, ਕਿਉਂਕਿ ਜੋ ਇਹਨਾਂ ਬੱਚਿਆਂ ਦੀ ਨੀਂਹ ਇੱਥੋਂ ਹੀ ਪੱਕੀ ਹੁੰਦੀ ਹੈ ਪਰੰਤੂ ਉਹਨਾਂ ਨੇ ਸਰਕਾਰ ਦੇ ਨੋਟਿਸ ਵਿੱਚ ਇਹ ਗੱਲ ਵੀ ਲਿਆਉਣ ਦਾ ਜਿਕਰ ਕੀਤਾ ਕਿ ਸਿਲੈਕਸ਼ਨ ਦੇ ਬਾਵਜੂਦ ਸਕੂਲ ਆਫ ਐਮੀਨੈਂਸ ਫਗਵਾੜਾ ਵਿੱਚ ਅਜੇ ਤੱਕ ਨੌਂਵੀਂ ਜਮਾਤ ਸ਼ੁਰੂ ਨਹੀਂ ਕੀਤੀ ਗਈ ਜੋ ਕਿ ਬਹੁਤ ਹੀ ਨਿਰਾਸ਼ਾਜਨਕ ਗੱਲ ਹੈ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਮਨਾਇਆ 'ਵਿਸ਼ਵ ਤੰਬਾਕੂ ਰਹਿਤ ਦਿਵਸ'

ਹੁਸ਼ਿਆਰਪੁਰ, (ਓ ਪੀ ਰਾਣਾ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵੱਲੋਂ 'ਵਿਸ਼ਵ ਤੰਬਾਕੂ ਰਹਿਤ ਦਿਵਸ' ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਦਿਲਬਾਗ ਸਿੰਘ ਜੌਹਲ ਦੀ ਅਗਵਾਈ ਹੇਠ ਨਵੇਂ ਜ਼ਿਲ੍ਹਾ ਅਤੇ ਸੈਸ਼ਨ ਕੋਰਟ ਕੰਪਲੈਕਸ ਵਿਖੇ ਤੰਬਾਕੂ ਰਹਿਤ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਜਾਗਰੂਕਤਾ ਸਮਾਗਮ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿਚ ਜ਼ਿਲ੍ਹਾ ਹੈੱਡਕੁਆਟਰ ਹੁਸ਼ਿਆਰਪੁਰ ਵਿਖੇ ਤਾਇਨਾਤ ਸਮੂਹ ਨਿਆਇਕ ਅਧਿਕਾਰੀਆਂ, ਬਾਰ ਕੌਂਸਲ ਪ੍ਰਧਾਨ ਆਰ. ਪੀ. ਧੀਰ, ਬਾਰ ਕੌਂਸਲ ਮੈਂਬਰਾਂ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ। ਇਸ ਮੌਕੇ ਲੋਕਾਂ ਨੂੰ ਜਾਗਰੂਕ ਕਰਨ ਲਈ ਜਿਥੇ ਇਕ ਜਾਗਰੂਕਤਾ ਰੈਲੀ ਕਰਵਾਈ ਗਈ, ਉਥੇ ਕੋਰਟ ਕੰਪਲੈਕਸ ਦੇ ਅਹਾਤੇ ਵਿਚ 'ਨੋ ਸਮੋਕਿੰਗ' ਅਤੇ 'ਨੋ ਤੰਬਾਕੂ' ਦੇ ਸੰਦੇਸ਼ਾਂ ਵਾਲੇ ਸੰਕੇਤਕ ਲਗਾਏ ਗਏ। ਨਵੇਂ ਜ਼ਿਲ੍ਹਾ ਤੇ ਸੈਸ਼ਨ ਕੋਰਟ ਕੰਪਲੈਕਸ ਦੇ ਅਹਾਤੇ ਨੂੰ 'ਨੋ ਤੰਬਾਕੂ ਅਤੇ ਨੋ ਸਮੋਕਿੰਗ ਜ਼ੋਨ' ਐਲਾਨਿਆ ਅਤੇ ਹਰੇਕ ਵਿਅਕਤੀ ਨੂੰ ਤੰਬਾਕੂ ਛੱਡਣ ਦਾ ਪ੍ਰਣ ਕਰਨ ਦਾ ਸੱਦਾ ਦਿੱਤਾ। ਸੀ. ਜੇ. ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਅਪਰਾਜਿਤਾ ਜੋਸ਼ੀ ਨੇ ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਤੰਬਾਕੂ ਦਾ ਸੇਵਨ ਕਰਨ ਵਾਲਿਆਂ, ਬੱਚਿਆਂ, ਪਰਵਾਰਾਂ, ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ 'ਤੇ ਹੋਣ ਵਾਲੇ ਮਾੜੂ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਦੱਸਿਆ। ਉਨ੍ਹਾਂ ਸਿਗਰੇਟ ਅਤੇ ਹੋਰ ਤੰਬਾਕੂ ਉਤਪਾਦਾਂ ਬਾਰੇ 'ਪ੍ਰੋਹਿਬਿਸ਼ਨ ਆਫ ਐਡਵਰਟਾਈਜ਼ਮੈਂਟ ਐਂਡ ਰੈਗੂਲੇਸ਼ਨ ਆਫ ਟਰੇਡ ਐਂਡ ਕਾਮਰਸ, ਪ੍ਰੋਡਕਸ਼ਨ, ਸਪਲਾਈ ਐਂਡ ਡਿਸਟ੍ਰੀਬਿਊਸ਼ਨ ਐਕਟ, 2003' ਦੇ ਉਪਬੰਧਾਂ ਬਾਰੇ ਵੀ ਜਾਣਕਾਰੀ ਦਿੱਤੀ।

ਸੰਤ ਹੀਰਾ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ 10ਵੀਂ ਦਾ ਨਤੀਜਾ 100 ਫੀਸਦੀ

ਕਾਲਾ ਸੰਘਿਆਂ (ਮਨਜੀਤ ਮਾਨ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਕਲਾਸ ਦੇ ਨਤੀਜਿਆਂ 'ਚ ਸੰਤ ਹੀਰਾ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ। ਇੱਥੇ ਜਾਣਕਾਰੀ ਮੈਡਮ ਨਰਿੰਦਰਜੀਤ ਕੌਰ ਸ਼ਾਹੀ ਨੇ ਦੱਸਿਆ ਕਿ ਦੱਸਵੀਂ ਕਲਾਸ ਦੇ ਕੁੱਲ 68 ਵਿਦਿਆਰਥੀਆਂ ਇਸ ਪ੍ਰੀਖਿਆ 'ਚ ਹਾਜ਼ਰ ਹੋਏ ਸਨ ਜੋ ਕਿ ਸਾਰੇ ਹੀ ਵਿਦਿਆਰਥੀ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਪਾਸ ਹੋਏ ਤੇ ਜਿਨ੍ਹਾਂ ਨੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਨਤੀਜੇ 'ਚ ਪਲਕ ਪੁੱਤਰੀ ਓਮਕਾਰ ਨੇ 92 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ ਸਥਾਨ ਇਸੇ ਤਰ੍ਹਾਂ ਅਰਸ਼ਦੀਪ ਕੌਰ ਪੁੱਤਰੀ ਮਲਕੀਤ ਸਿੰਘ ਨੇ 91 ਅਤੇ ਅਰਸ਼ਦੀਪ ਕੌਰ ਪੁੱਤਰੀ ਕੁਲਦੀਪ ਸਿੰਘ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਸ਼ਾਹੀ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਵੱਧਣ 'ਤੇ ਵੱਡੀਆਂ ਉਚਾਈਆਂ ਹਾਸਲ ਕਰਨ ਦਾ ਅਸ਼ੀਰਵਾਦ ਦਿੱਤਾ, ਸਕੂਲ ਮੁਖੀ ਨੇ ਕਿਹਾ ਕਿ ਸਕੂਲ ਦੇ ਤਜਰਬੇਕਾਰ ਅਧਿਆਪਕ ਬੱਚਿਆਂ ਨੂੰ ਪਿਆਰ ਤੇ ਦੋਸਤਾਨਾ ਢੰਗ ਨਾਲ ਪੜ੍ਹਾਉਂਦੇ ਹਨ, ਜਿਸ ਕਾਰਨ ਬੱਚੇ ਜਲਦੀ ਸਿੱਖ ਕੇ ਆਪਣੀ ਮੰਜ਼ਲ ਵੱਲ ਵੱਧਦੇ ਹਨ ।

ਸਿੱਧੂ ਦੇ ਕਾਤਲਾਂ ਨੂੰ ਨਾ ਫੜਨ ਦੇ ਰੋਸ ਵਜੋਂ ਨੌਜਵਾਨਾਂ ਨੇ ਸਰਕਾਰ ਵਿਰੁੱਧ ਕੀਤੀ ਨਾਅਰੇਬਾਜ਼ੀ



ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)-ਸ੍ਰੀ ਚਮਕੌਰ ਸਾਹਿਬ ਵਿਚ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੀ ਬਰਸੀ ਦੇ ਮੌਕੇ 'ਤੇ ਨੌਜਵਾਨਾਂ ਨੇ ਇਕੱਠੇ ਹੋ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਸ ਦੀ ਮੌਤ ਦੇ ਅਸਲ ਕਾਤਲਾਂ ਨੂੰ ਨਾ ਫੜਨ ਦੇ ਰੋਸ ਵਜੋਂ ਪੰਜਾਬ ਸਰਕਾਰ ਵਿਰੁੱਧ ਕੀਤੀ ਨਾਅਰੇਬਾਜੀ। ਇਸ ਇਲਾਕੇ ਦੇ ਨੌਜਵਾਨ ਆਗੂ ਤਾਰਾ ਚੰਦ ਦੀ ਅਗਵਾਈ ਵਿਚ ਘੋੜੇਵਾਲਾ ਟੀ ਪੁਆਇੰਟ 'ਤੇ ਇਕੱਠੇ ਹੋਏ ਨੌਜਵਾਨਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਿੱਧੂ ਮੂਸੇਵਾਲਾ ਦੀ ਮੌਤ ਦੇ ਅਸਲ ਕਾਤਲਾਂ ਨੂੰ ਫੜਿਆ ਜਾਵੇ। ਸਿੱਧੂ ਦੀ ਮੌਤ ਹੋਈ ਨੂੰ ਇੱਕ ਸਾਲ ਹੋ ਚੁੱਕਾ ਹੈ ਪ੍ਰੰਤੂ ਉਸ ਦੇ ਕਾਤਲ ਅੱਜ ਵੀ ਪੁਲਸ ਦੀ ਪਕੜ ਤੋਂ ਦੂਰ ਹਨ। ਇਸ ਮੌਕੇ ਇਸ ਹਜੂਮ ਨੇ ਤਖ਼ਤੀਆਂ, ਬੈਨਰ ਅਤੇ ਪੋਸਟਰ ਲੈ ਕੇ ਸ਼ਹਿਰ ਦੇ ਬਜਾਰਾਂ ਵਿਚ ਮਾਰਚ ਕੀਤਾ ਅਤੇ ਨਾਅਰੇ ਲਾਏ ' ਸਿੱਧੂ ਮੂਸੇਵਾਲਾ ਅਮਰ ਰਹੇ, 'ਪੰਜਾਬ ਸਰਕਾਰ ਮੁਰਦਾਬਾਦ' ਆਦਿ। ਇਸ ਮੌਕੇ ਕੌਂਸਲਰ ਇੰਦਰਪ੍ਰੀਤ ਸਿੰਘ ਲਾਲੀ, ਸ਼ਮਸ਼ੇਰ ਸਿੰਘ ਭੰਗੂ, ਜਸਵੀਰ ਸਿੰਘ ਜਟਾਣਾ, ਵਰਿੰਦਰ ਸਿੰਘ ਬਾਜਵਾ, ਲਖਵੀਰ ਸਿੰਘ ਝੱਲੀਆਂ ਕਲਾਂ, ਗੁਰਵਿੰਦਰ ਸਿੰਘ ਅੰਜਾ, ਜਿੰਦਰ ਬਹਿਰਾਮਪੁਰ ਬੇਟ, ਤਰਸੇਮ ਸਿੰਘ ਸੰਧੂ, ਜੋਤ ਖਾਬੜਾ, ਗੁਰਦੀਪ ਸਿੰਘ, ਅਮਰੀਕ ਸਿੰਘ ਸੈਦਪੁਰ, ਹਰਜੀਤ ਸਿੰਘ ਫੌਜੀ, ਤੇਜਵੀਰ ਸਿੰਘ, ਬਿੱਲਾ ਰੱਤੋਂ ਆਦਿ ਹਾਜਰ ਸਨ।

ਪਾਰਟੀਬਾਜ਼ੀ ਤੋਂ ਉਪਰ ਉਠ ਕੇ ਸ਼੍ਰੋਮਣੀ ਕਮੇਟੀ ਚੋਣਾਂ 'ਚ ਲਵੋ ਹਿੱਸਾ : ਜਗੀਰ ਕੌਰ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)—ਸਾਬਕਾ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਹੁਣ ਵੋਟਾਂ ਬਨਾਉਣ ਦਾ ਸਮਾਂ ਹੈ ਤੇ ਸਾਰੀ ਸਿੱਖ ਸੰਗਤ ਨੂੰ ਚਾਹੀਦਾ ਹੈ ਕਿ ਉਹ ਪਾਰਟੀਬਾਜੀ ਤੋਂ ਉਪਰ ਉਠ ਕੇ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਨਾਉਣ। ਉਨ੍ਹਾਂ ਕਿਹਾ ਜਿਸ ਮਕਸਦ ਲਈ ਇਹ ਚੋਣਾਂ ਹੋਣੀਆਂ ਹਨ ਉਹ ਮਕਸਦ ਸਿੱਖ ਸੰਗਤਾਂ ਹੀ ਪੂਰਾ ਕਰ ਸਕਦੀਆਂ ਹਨ। ਬੀਬੀ ਨੇ ਕਿਹਾ ਕਿ ਜੇਕਰ ਅਸੀਂ ਚਾਹੁੰਦੇ ਹਾਂ ਕਿ ਗੁਰੂ ਘਰਾਂ ਦਾ ਪ੍ਰਬੰਧ ਸੁਚੱਜਾ ਹੋਵੇ, ਸੰਗਤਾਂ ਦੀਆਂ ਭਾਵਨਾਵਾਂ ਦੇ ਅਨੁਕੂਲ ਹੋਵੇ, ਸ੍ਰੀ ਅਕਾਲ ਤਖ਼ਤ ਨੂੰ ਸਮਰਪਿਤ ਹੋਵੇ ਤੇ ਸਿੱਖ ਰਹਿਤ ਮਰਯਾਦਾ ਦੇ ਮੁਤਾਬਿਕ ਹੋਵੇ ਤਾਂ ਇਹ ਜਰੂਰੀ ਹੈ ਕਿ ਸਿੱਖ ਪਾਰਟੀਬਾਜੀ ਤੋਂ ਉਪਰ ਉਠ ਕੇ ਚੰਗੇ ਕਿਰਦਾਰ ਵਾਲੇ ਉਮੀਦਵਾਰਾਂ ਨੂੰ ਅੱਗੇ ਲਿਆਵੇ। ਉਨ੍ਹਾਂ ਕਿਹਾ ਕਿ ਹੁਣ ਲੰਮੇ ਸਮੇਂ ਬਾਅਦ ਸਿੱਖਾਂ ਨੂੰ ਮੌਕਾ ਮਿਲਿਆ ਹੈ ਤਾਂ ਪਾਰਟੀਬਾਜੀ ਤੋਂ ਉਪਰ ਉਠ ਕੇ ਬਤੌਰ ਸਿੱਖ ਆਪਣਾ ਫਰਜ਼ ਸਮਝਦਿਆਂ ਗੁਰਮਤਿ ਸਿਧਾਂਤਾਂ 'ਤੇ ਪਹਿਰਾ ਦੇਣ ਵਾਲੇ ਉਮੀਦਵਾਰ ਨੂੰ ਭੇਜਣਾ ਚਾਹੀਦਾ ਹੈ। ਜਦੋਂ ਚੰਗੀ ਸੋਚ ਵਾਲੇ ਸਿੱਖ ਮੈਂਬਰ ਬਣਨਗੇ ਤਾਂ ਗੁਰੂ ਘਰਾਂ ਦਾ ਪ੍ਰਬੰਧ ਸਹੀ ਤਰੀਕੇ ਨਾਲ ਹੋ ਸਕਦਾ ਹੈ। ਉਨ੍ਹਾਂਸਿਆਸੀ ਪਾਰਟੀਆਂ ਨੂੰ ਵੀ ਕਿਹਾ ਕਿ ਇਹ ਚੋਣਾਂ ਨਿਰੋਲ ਗੁਰੂ ਘਰਾਂ ਨਾਲ ਸੰਬੰਧਿਤ ਹਨ ਤੇ ਕੋਈ ਵੀ ਸਿਆਸੀ ਪਾਰਟੀ ਇਨ੍ਹਾਂ ਚੋਣਾਂ ਨੂੰ ਜੰਗ ਦਾ ਮੈਦਾਨ ਨਾ ਬਣਾਵੇ। ਹਰ ਸਿੱਖ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਸ਼੍ਰੋਮਣੀ ਕਮੇਟੀ ਦੀ ਅਜ਼ਾਦ ਹਸਤੀ ਨੂੰ ਕਾਇਮ ਰੱਖਣ ਲਈ ਤੇ ਰਾਜਨੀਤੀ ਦਖਲ ਅੰਦਾਜ਼ੀ ਤੋਂ ਦੂਰ ਰੱਖਣ ਲਈ ਜ਼ਰੂਰੀ ਹੈ ਕਿ ਚੰਗੇ ਉਮੀਦਵਾਰ ਨੂੰ ਜਿਤਾਇਆ ਜਾਵੇ ਨਾ ਕਿ ਕਿਸੇ ਖਾਸ ਪਾਰਟੀ ਦੇ ਉਮੀਦਵਾਰ ਨੂੰ।

ਵਿਸ਼ਵ ਤੰਬਾਕੂ ਮੁਕਤ ਦਿਵਸ ਮਨਾਇਆ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਸਰਕਾਰੀ ਕਾਲਜ, ਹੁਸ਼ਿਆਰਪੁਰ ਵਿੱਚ ਕਾਲਜ ਦੇ ਪ੍ਰਿੰਸੀਪਲ ਸ਼੍ਰੀਮਤੀ ਜੋਗੇਸ਼ ਦੀ ਅਗਵਾਈ ਵਿੱਚ ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ. ਵਿਜੇ ਕੁਮਾਰ ਦੇ ਸਹਿਯੋਗ ਨਾਲ 'ਵਿਸ਼ਵ ਤੰਬਾਕੂ' ਮੁਕਤ ਦਿਵਸ ਮਨਾਇਆ ਗਿਆ। ਇਸ ਦਿਵਸ ਨੂੰ ਮਨਾਉਂਦੇ ਹੋਏ ਸੈਮੀਨਾਰ, ਭਾਸ਼ਣ ਕਰਵਾਉਣ, ਵੀਡਿਓ ਕਲਿਪ ਬਣਾਉਣ ਅਤੇ ਸਹੁੰ ਚੁੱਕ ਨਾਲ ਸਬੰਧਿਤ ਸਮਾਰੋਹ ਕਰਵਾਏ ਗਏ। ਇਸ ਤੋਂ ਇਲਾਵਾ ਸ਼ਹਿਰ ਦੇ ਪਿੰਡਾਂ ਵਿੱਚ ਪ੍ਰੋ: ਵਿਜੇ ਕੁਮਾਰ ਅਤੇ ਰਿਟਾਇਰ ਪ੍ਰੋ: ਅਮਰਜੀਤ ਸਿੰਘ ਮਠਾਰੂ ਨੇ ਜਾ ਕੇ ਵੀ ਲੋਕਾਂ ਨੂੰ ਇਸ ਦਿਵਸ ਨੂੰ ਮਨਾਉਣ ਬਾਰੇ ਜਾਣਕਾਰੀ ਦਿੱਤੀ ਅਤੇ ਤੰਬਾਕੂ ਵਰਗੇ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕਤਾ ਫੈਲਾਈ।

ਪ੍ਰਿੰ: ਜੋਗੇਸ਼ ਨੇ ਵਿਦਿਆਰਥੀਆਂ ਨੂੰ ਇਸ ਮੌਕੇ ਹਰ ਤਰ੍ਹਾਂ ਦੇ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਪ੍ਰੋ: ਵਿਜੇ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਤੰਬਾਕੂ ਦਾ ਸੇਵਨ ਨਾ ਕਰਨ ਲਈ ਵਿਦਿਆਰਥੀਆਂ ਅਤੇ ਪਿੰਡਾਂ ਦੇ ਲੋਕਾਂ ਨੂੰ ਪ੍ਰੇਰਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੋਸਟਰ ਬਣਾਏ ਗਏ ਜਿਹੜੇ ਕਿ ਤੰਬਾਕੂ ਦਾ ਸੇਵਨ ਨਾ ਕਰਨ ਦਾ ਸੰਦੇਸ਼ ਦੇ ਰਹੇ ਸਨ। ਇਸੇ ਤਰ੍ਹਾਂ ਭਾਸ਼ਣ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਅਰਸ਼ ਨੇ ਪਹਿਲਾ, ਰਾਜਿੰਦਰ ਕੌਰ ਨੇ ਦੂਜਾ ਅਤੇ ਸਤਵਿੰਦਰ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਵੱਲੋਂ ਵਿਸ਼ੇ ਦੇ ਅਨੁਸਾਰ ਵੀਡਿਓ ਕਲਿੱਪ ਵੀ ਬਣਾਏ ਗਏ ਤਾਂ ਕਿ ਲੋਕਾਂ ਨੂੰ ਇਨ੍ਹਾਂ ਵੀਡਿਓ ਦੇ ਮਾਧਿਅਮ ਰਾਹੀਂ ਤੰਬਾਕੂ ਪ੍ਰਤੀ ਜਾਗਰੂਕ ਕੀਤਾ ਜਾ ਸਕੇ ਤਾਂਕਿ ਉਹ ਇਸ ਦਾ ਸੇਵਨ ਨਾ ਕਰਨ। ਇਸ ਵਿੱਚ ਤਾਨਿਆ ਨੇ ਪਹਿਲਾ, ਸਾਹਿਲ ਨੇ ਦੂਸਰਾ ਅਤੇ ਅਰਸ਼ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਤੰਬਾਕੂ ਦਾ ਸੇਵਨ ਨਾ ਕਰਨ ਦੀ ਵਿਦਿਆਰਥੀਆਂ ਅਤੇ ਲੋਕਾਂ ਨੂੰ ਸਹੁੰ ਚੁਕਾਈ ਗਈ। ਪ੍ਰੋ:ਜਸਵਿੰਦਰ ਕੌਰ ਅਤੇ ਰਿਟਾਇਰ ਪ੍ਰੋ: ਅਮਰਜੀਤ ਸਿੰਘ ਮਠਾਰੂ ਇਸ ਸਮਾਰੋਹ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।

ਜਮੂਹਰੀ ਅਧਿਕਾਰਾਂ ਦੀ ਰਾਖੀ ਲਈ ਸੀਟੂ ਸਦਾ ਵਚਨਬੱਧ ਹੈ : ਨਿਰਲੇਪ ਕੌਰ

ਨੂਰਮਹਿਲ, (ਬਾਲ ਕ੍ਰਿਸਨ ਬਾਲੀ) ਸੀਟੂ ਦੇ 53ਵੇਂ ਦਿਹਾੜੇ ਨੂੰ ਮਨਾਉਂਦੇ ਹੋਏ ਜਿਲ੍ਹਾ ਜਲੰਧਰ ਦੇ ਪ੍ਰਧਾਨ ਨਿਰਲੇਪ ਕੌਰ ਨੇ ਸੀਟੂ ਦਾ ਝੰਡਾ ਲਹਿਰਾ ਕੇ ਇਸ ਦਿਹਾੜੇ ਨੂੰ ਸਲਾਮੀ ਦਿੱਤੀ। ਇਸ ਮੌਕੇ ਇਕੱਤਰ ਹੋਏ ਇਕੱਠ ਨੂੰ ਸੰਬੋਧਨ ਕਰਦਿਆ ਕਿਹਾ ਕਿ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ ਦੱਬੇ-ਕੁਚਲੇ ਲੋਕਾਂ ਦੇ ਜਮਹੂਰੀ ਅਧਿਕਾਰਾਂ ਦੀ ਰਾਖੀ ਲਈ ਸਦਾ ਵਚਨਬੱਧ ਰਹੀ ਹੈ। ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਨੇ ਕਿਹਾ ਕਿ ਕੇਂਦਰ ਸਰਕਾਰ ਲੋਕਤੰਤਰ ਦਾ ਲਗਾਤਾਰ ਘਾਣ ਕਰ ਰਹੀ ਹੈ। ਲੋਕ ਵਿਰੋਧੀ, ਫਿਰਕਾਪ੍ਰਸਤੀ ਤੇ ਕਾਰਪੋਰੇਟ ਦੀਆਂ ਨੀਤੀਆਂ ਨੂੰ ਉਭਾਰਿਆ ਜਾ ਰਿਹਾ ਹੈ। ਦਿੱਲੀ ਵਿਖੇ ਕੇਂਦਰ ਸਰਕਾਰ ਵੱਲੋਂ ਤਾਨਾਸ਼ਾਹੀ ਰਵੱਈਆ ਅਪਣਾਇਆ ਜਾ ਰਿਹਾ ਹੈ। ਸਟੇਟ ਕਮੇਟੀ ਮੈਂਬਰ ਹਰਭਜਨ ਕੌਰ ਨੇ ਕਿਹਾ ਕਿ ਵਿਭਾਗ ਵੱਲੋਂ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਦਿੱਤਾ ਜਾਣ ਵਾਲਾ ਨਿਗੂਣਾ ਜਿਹਾ ਮਾਣਭੱਤਾ ਵੀ ਸਮੇਂ ਸਿਰ ਨਹੀਂ ਦਿੱਤਾ ਜਾਂਦਾ। ਇਸ ਮੌਕੇ ਸੋਮਾ ਫਿਲੌਰ, ਸੰਤੋਸ਼ ਫਿਲੌਰ ਰਾਜਨਦੀਪ ਰੁੜਕਾ ਕਲਾਂ, ਪੂਨਮ ਗੁਰਾਇਆ, ਨਰੰਜਨ ਫਿਲੌਰ, ਊਸ਼ਾ, ਨਿਰਮਲ ਨੂਰਮਹਿਲ ਆਸ਼ਾ ਵਰਕਰਾਂ ਦੇ ਜਿਲ੍ਹੇ ਦੇ ਪ੍ਰਧਾਨ ਸੁਖਜੀਤ ਕੌਰ ਅਤੇ ਹੋਰ ਸਾਥੀ ਸ਼ਾਮਲ ਹੋਏ।

ਐੱਸ ਡੀ ਕਾਲਜੀਏਟ ਸਕੂਲ ਵੱਲੋਂ ਡਾਂਸ ਗਤੀਵਿਧੀ



ਜਲੰਧਰ (ਇਕਬਾਲ ਸਿੰਘ ਉਭੀ) ਸਥਾਨਕ ਰੇਲਵੇ ਮਾਰਗ ਨੇੜੇ ਸਥਿਤ ਪੀ ਸੀ ਐਮ ਐਸ ਡੀ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਫਾਰ ਵੂਮੈਨ, ਜਲੰਧਰ ਦੇ ਡਾਂਸ ਵਿਭਾਗ ਨੇ ਗਿਆਰ੍ਹਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਲਈ ਅੰਤਰ-ਕਲਾਸ ਡਾਂਸ ਗਤੀਵਿਧੀ ਦਾ ਆਯੋਜਨ ਕੀਤਾ। ਜਿਸ ਵਿੱਚ ਵੱਖ-ਵੱਖ ਸਟਰੀਮ ਦੇ ਲਗਭਗ 12 ਵਿਦਿਆਰਥੀਆਂ ਨੇ ਉਤਸਾਹ ਨਾਲ ਭਾਗ ਲਿਆ ਅਤੇ ਪੰਜਾਬੀ ਡਾਂਸ, ਲਾਈਟ ਫਿਲਮੀ ਕੋਰੀਓਗ੍ਰਾਫੀ ਅਤੇ ਵੱਖ-ਵੱਖ ਸੈਮੀ ਕਲਾਸੀਕਲ ਡਾਂਸ ਪੇਸ ਕੀਤੇ। ਇਸ ਮੌਕੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ ਜੀ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਭਾਗੀਦਾਰੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਡਾਂਸ ਵਿਭਾਗ ਵੱਲੋਂ ਸਕੂਲ ਦੇ ਇੰਚਾਰਜ ਸ੍ਰੀਮਤੀ ਸੁਸਮਾ ਸਰਮਾ ਦੇ ਯੋਗ ਦਿਸ਼ਾ ਨਿਰਦੇਸ਼ਾਂ ਹੇਠ ਅਜਿਹੇ ਸਮਾਗਮ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵੀ ਸ਼ਲਾਘਾ ਕੀਤੀ।

ਕਿਰਨ ਰਾਣੀ ਦਾ 10ਵੀਂ 'ਚ ਚੰਗੇ ਅੰਕ ਪ੍ਰਾਪਤ ਕਰਨ 'ਤੇ ਵਿਸ਼ੇਸ਼ ਸਨਮਾਨ

ਕੁਰਾਲੀ, (ਮੋਹਨ ਅੱਗਰਵਾਲ ਜੋਗਾ) :- ਸਥਾਨਕ ਸ਼ਹਿਰ ਦੇ ਅਧੀਨ ਪੈਂਦੇ ਵਾਰਡ ਨੰ: 10 ਵਿੱਚ ਕਰਵਾਏ ਗਏ ਪ੍ਰੋਗਰਾਮ ਦੌਰਾਨ ਹੋਣਹਾਰ ਵਿਦਿਆਰਥਣ ਕਿਰਨ ਰਾਣੀ ਨੂੰ ਦਸਵੀਂ ਜਮਾਤ ਵਿੱਚੋਂ ਚੰਗੇ ਅੰਕ ਪ੍ਰਾਪਤ ਕਰਨ 'ਤੇ ਅਧਿਆਪਕ ਤੇ ਸਮਾਜ ਸੇਵੀ ਕਪਿਲ ਮੋਹਨ ਅੱਗਰਵਾਲ ਵਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ।

ਅੱਗਰਵਾਲ ਨੇ ਦੱਸਿਆ ਕਿ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਕਿਰਨ ਰਾਣੀ ਨੇ ਪੰਜਾਬ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ 90 ਫੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ । ਕਿਰਨ ਰਾਣੀ ਮੂਲ ਰੂਪ ਵਿੱਚ ਬਿਹਾਰ ਦੀ ਰਹਿਣ ਵਾਲੀ ਹੈ, ਉਸ ਦੇ ਪਿਤਾ ਪਿੰਡ ਚਨਾਲੋ ਦੀ ਇੱਕ ਪ੍ਰਾਈਵੇਟ ਕੰਪਨੀ ਵਿੱਚ ਕੰਮ ਕਰਦੇ ਹਨ, ਉਹ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਬਹੁਤ ਹੀ ਸਾਧਾਰਨ ਪਰਵਾਰ ਨਾਲ ਸਬੰਧਤ ਹੋਣ ਦੇ ਬਾਵਜੂਦ ਦਸਵੀਂ ਵਿੱਚ 90 ਫ਼ੀਸਦੀ ਅੰਕ ਪ੍ਰਾਪਤ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ।

ਇਸ ਮੌਕੇ ਹਰਿੰਦਰ ਸਿੰਘ, ਵਿਨੈ ਕੁਮਾਰ, ਸੁਨੀਲ ਕੁਮਾਰ, ਗੁਰਸੇਵਕ ਸਿੰਘ, ਗੋਰੀ ਸ਼ੰਕਰ, ਪਰਵਿੰਦਰ ਸਿੰਘ ਅਤੇ ਸ਼ਹਿਰ ਦੇ ਹੋਰ ਪਤਵੰਤੇ ਹਾਜ਼ਰ ਸਨ ।

ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਸੁਚੱਜੇ ਨਿਪਟਾਰੇ ਨੂੰ ਯਕੀਨੀ ਬਣਾਇਆ ਜਾਵੇ : ਬਾਜਵਾ

ਜਲੰਧਰ, (ਸੁਰਿੰਦਰ ਕੁਮਾਰ) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ ਨੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਵਾਤਾਵਰਣ ਯੋਜਨਾ ਤਹਿਤ ਵੱਖ-ਵੱਖ ਭਾਗੀਦਾਰ ਵਿਭਾਗਾਂ ਨੂੰ ਸੌਂਪੇ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਜਲੰਧਰ 'ਚ ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਸੁਚੱਜੇ ਨਿਪਟਾਰੇ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਸਮੇਤ ਜ਼ਿਲ੍ਹੇ ਵਿੱਚ ਚੱਲ ਰਹੀਆਂ ਵੱਖ-ਵੱਖ ਵਾਤਾਵਰਣ ਪੱਖੀ ਗਤੀਵਿਧੀਆਂ ਦੀ ਤਾਜ਼ਾ ਸਥਿਤੀ ਦੀ ਸਮੀਖਿਆ ਕਰਦਿਆਂ ਬਾਜਵਾ ਨੇ ਨਗਰ ਨਿਗਮ/ਕੌਂਸਲਾਂ ਨੂੰ ਕਿਹਾ ਕਿ ਜ਼ਿਲ੍ਹੇ ਵਿੱਚ ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਉਚਿਤ ਨਿਪਟਾਰੇ ਲਈ ਢੁੱਕਵੇਂ ਕਦਮ ਚੁੱਕੇ ਜਾਣ। ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਇਕ ਵਾਰ ਵਰਤੋਂ ਵਿੱਚ ਆਉਣ ਵਾਲੇ ਪਲਾਸਟਿਕ (ਸਿੰਗਲ ਯੂਜ਼ ਪਲਾਸਟਿਕ) ਤੋਂ ਬਣੀਆਂ ਵੱਖ-ਵੱਖ ਵਸਤੂਆਂ ਦੀ ਵਿਕਰੀ ਅਤੇ ਵਰਤੋਂ 'ਤੇ ਪਾਬੰਦੀ ਲਗਾਈ ਹੋਈ ਹੈ, ਜਿਸ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸਿੰਗਲ ਯੂਜ਼ ਪਲਾਸਟਿਕ ਤੋਂ ਬਣੀਆਂ ਵਸਤੂਆਂ ਦੀ ਵਿਕਰੀ ਤੇ ਵਰਤੋਂ ਨੂੰ ਰੋਕਣ ਲਈ ਛਾਪੇਮਾਰੀ ਅਤੇ ਚਲਾਨ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ। ਉਨ੍ਹਾਂ ਈ-ਵੇਸਟ ਮੈਨੇਜਮੈਂਟ 'ਤੇ ਵੀ ਜ਼ੋਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਅਜਿਹੀ ਰਹਿੰਦ-ਖੂੰਹਦ ਨੂੰ ਕੁਲੈਕਸ਼ਨ ਸੈਂਟਰਾਂ ਰਾਹੀਂ ਇਕੱਤਰ ਕਰਨ ਉਪਰੰਤ ਇਸਦਾ ਉਚਿਤ ਨਿਪਟਾਰਾ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਗਿੱਲੇ ਤੇ ਸੁੱਕੇ ਕੂੜੇ ਦੀ ਵੰਡ ਦਾ ਜਾਇਜ਼ਾ ਲੈਂਦਿਆਂ ਸੌ ਫੀਸਦੀ ਸੈਗਰੀਗੇਸ਼ਨ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਵੱਡੀ ਮਾਤਰਾ ਵਿੱਚ ਕੂੜਾ ਪੈਦਾ ਕਰਨ ਵਾਲੇ ਹੋਟਲਾਂ, ਰੈਸਟੋਰੈਂਟਾਂ, ਮੈਰਿਜ ਪੈਲੇਸਾਂ ਆਦਿ ਵੱਲੋਂ ਆਪੋ-ਆਪਣੇ ਪਰਿਸਰ ਵਿੱਚ ਕੂੜੇ ਦਾ ਪ੍ਰਬੰਧਨ ਕੀਤਾ ਜਾਵੇ ਅਤੇ ਅਜਿਹਾ ਨਾ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਨਗਰ ਨਿਗਮ/ਕੌਂਸਲਾਂ ਨੂੰ ਸਾਇਲੈਂਸ ਜ਼ੋਨਾਂ ਦੀ ਪਛਾਣ ਕਰਕੇ ਢੁੱਕਵੇਂ ਬੋਰਡ ਲਾਉਣ ਦੇ ਨਿਰਦੇਸ਼ ਵੀ ਦਿੱਤੇ।

ਆਪ੍ਰੇਸ਼ਨ ਕਲੀਨ ਤਹਿਤ ਨਸ਼ਾ ਤਸਕਰਾਂ ਖਿਲਾਫ ਵੱਡੀ ਕਾਰਵਾਈ

ਚੰਡੀਗੜ੍ਹ, (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਨੂੰ ਹੋਰ ਤੇਜ ਕਰਦਿਆਂ ਪੰਜਾਬ ਪੁਲਸ ਵਲੋਂ ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਦੇ ਉਦੇਸ ਨਾਲ ਸੂਬਾ ਪੱਧਰੀ ਮੁਹਿੰਮ 'ਓ.ਪੀ.ਐਸ. ਕਲੀਨ' ਸ਼ੁਰੂ ਕੀਤੀ ਗਈ ਹੈ। ਇਹ ਮੁਹਿੰਮ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਚਲਾਈ ਗਈ ਹੈ। ਵਿਸੇਸ ਡੀ.ਜੀ.ਪੀ. ਕਾਨੂੰਨ ਤੇ ਵਿਵਸਥਾ ਅਰਪਿਤ ਸੁਕਲਾ ਨੇ ਦੱਸਿਆ ਕਿ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ ਨਸਾ ਤਸਕਰਾਂ ਨਾਲ ਜੁੜੇ ਟਿਕਾਣਿਆਂ/ਘਰਾਂ 'ਤੇ ਛਾਪੇਮਾਰੀ ਕੀਤੀ ਗਈ। ਇਸ ਆਪ੍ਰੇਸ਼ਨ ਦੌਰਾਨ 5500 ਤੋਂ ਵੱਧ ਪੁਲਸ ਮੁਲਾਜਮਾਂ ਦੀ ਸ਼ਮੂਲੀਅਤ ਵਾਲੀਆਂ 650 ਪੁਲਸ ਟੀਮਾਂ ਵੱਲੋਂ ਨਸ਼ਾ ਤਸਕਰਾਂ ਨਾਲ ਸਬੰਧਤ 2247 ਥਾਵਾਂ 'ਤੇ ਛਾਪੇਮਾਰੀ ਕੀਤੀ ਗਈ ਅਤੇ 2125 ਘਰਾਂ ਦੀ ਤਲਾਸ਼ੀ ਲਈ ਗਈ। ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੁਲਸ ਟੀਮਾਂ ਨੇ 1.8 ਕਿਲੋ ਹੈਰੋਇਨ, 82 ਕਿਲੋ ਭੁੱਕੀ, 1 ਕਿਲੋ ਅਫੀਮ, 5.35 ਲੱਖ ਰੁਪਏ ਦੀ ਡਰੱਗ ਮਨੀ ਅਤੇ ਚਾਰ ਹਥਿਆਰ ਬਰਾਮਦ ਕਰਨ ਤੋਂ ਇਲਾਵਾ ਨਾਜਾਇਜ ਸ਼ਰਾਬ, ਲਾਹਣ ਅਤੇ ਵਾਹਨ ਬਰਾਮਦ ਕੀਤੇ ਹਨ ਅਤੇ ਇਸ ਸਬੰਧੀ 48 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ। ਪੁਲਸ ਟੀਮਾਂ ਨੇ 78 ਮੋਬਾਈਲ ਫੋਨ ਵੀ ਜਬਤ ਕੀਤੇ ਹਨ, ਜਿਨ੍ਹਾਂ ਨੂੰ ਫੋਰੈਂਸਿਕ ਜਾਂਚ ਲਈ ਭੇਜਿਆ ਜਾਵੇਗਾ।

ਸੀ ਐੱਚ ਸੀ ਬੜਾ ਪਿੰਡ ਵੱਲੋਂ 'ਵਿਸ਼ਵ ਨੋ ਤੰਬਾਕੂ' ਦਿਵਸ ਮਨਾਇਆ

ਗੁਰਾਇਆ (ਬਿੰਦਰ ਸੁਮਨ) ਸਿਵਲ ਸਰਜਨ ਡਾ ਰਮਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੰਬਾਕੂ ਸੇਵਣ ਦੇ ਦੁਸ਼ਟ ਪ੍ਰਭਾਵਾ ਸੰਬੰਧੀ ਜਾਣਕਾਰੀ ਦੇਣ ਲਈ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ਵ ਨੋ ਤੰਬਾਕੂ ਦਿਵਸ ਸੀਨੀਅਰ ਮੈਡੀਕਲ ਅਫਸਰ ਡਾ. ਰੁਪਿੰਦਰਜੀਤ ਕੌਰ ਦੀ ਅਗਵਾਈ ਹੇਠ ਪੰਜਾਬ ਅਕੈਡਮੀ ਬੜਾ ਪਿੰਡ ਵਿਖੇ ਮਨਾਇਆ ਗਿਆ। ਇਸ ਦੇ ਨਾਲ ਹੀ ਸੀ ਐਚ ਸੀ ਬੜਾ ਪਿੰਡ ਅਧੀਨ ਹੈਲਥ ਵੈਲਨਸ ਸੈਂਟਰਾ ਵਿੱਚ ਵੀ ਤੰਬਾਕੂ ਸੰਬੰਧੀ ਜਾਗਰੂਕਤਾ ਦਿਵਸ ਮਨਾਇਆ ਗਿਆ।

ਮੈਡੀਕਲ ਅਫਸਰ ਡਾ. ਮਮਤਾ ਗੌਤਮ ਨੇ ਕਿਹਾ ਕਿ ਇਸ ਸਾਲ ਦਾ ਥੀਮ ਸਾਨੂੰ ਭੋਜਨ ਦੀ ਜਰੂਰਤ ਹੈ ਨਾ ਕਿ ਤੰਬਾਕੂ ਦੀ। ਉਨ੍ਹਾਂ ਦੱਸਿਆ ਕਿ ਵਿਸ਼ਵ 'ਚ ਹਰ ਸਾਲ 80 ਲੱਖ ਦੇ ਕਰੀਬ ਮੌਤਾ ਤੰਬਾਕੂ ਦੇ ਦੁਸ਼ਪ੍ਰਭਾਵਾ ਕਾਰਨ ਹੁਦੀਆ ਹਨ ਅਤੇ ਭਾਰਤ ਵਿੱਚ ਇਹ ਆਕੜਾ 13 ਲੱਖ ਦੇ ਕਰੀਬ ਹੈ। ਇਸ ਵਿੱਚ ਉਹ ਲੋਕ ਵੀ ਸਾਮਿਲ ਹਨ ਜੋ ਕਿ ਤੰਬਾਕੂ ਦ ਪ੍ਰਯੋਗ ਨਹੀ ਕਰਦੇ ਪਰ ਇਸਦਾ ਪ੍ਰਯੋਗ ਕਰਨ ਵਾਲਿਆਂ ਦੇ ਧੂਏ ਦੇ ਪ੍ਰਭਾਵ ਵਿੱਚ ਆਉਣ ਕਾਰਨ ਕਿਸੇ ਨਾ ਕਿਸੇ ਬਿਮਾਰੀ ਦਾ ਸ਼ਿਕਾਰ ਹੋ ਜਾਦੇ ਹਨ। ਮੈਡੀਕਲ ਅਫਸਰ ਡੈਂਟਲ ਡਾ. ਅਵਿਨਾਸ਼ ਮੰਗੋਤਰਾ ਨੇ ਦੱਸਿਆ ਕਿ ਇਕ ਸਰਵੇ ਮੁਤਾਬਕ ਭਾਰਤ ਸਭ ਤੋਂ ਜਿਆਦਾ ਤੰਬਾਕੂ ਵਰਤਣ ਵਾਲੇ ਦੇਸ਼ਾਂ 'ਚੋਂ ਦੂਸਰੇ ਨੰਬਰ 'ਤੇ ਹੈ। ਬਲਾਕ ਐਜੂਕੇਟਰ ਪ੍ਰੀਤਇਦਰ ਸਿੰਘ ਨੇ ਕਿਹਾ ਕਿ ਤੰਬਾਕੂ ਨਾਲ ਸਿਰਫ ਦਿਲ ਦੇ ਰੋਗ ਜਾ ਮੂੰਹ, ਫੇਫੜਿਆਂ ਦੇ ਕੈਂਸਰ ਹੀ ਨਹੀਂ ਬਲਕੀ ਸ਼ਰੀਰ ਦੇ ਕਈ ਅੰਗ ਕੈਂਸਰ ਨਾਲ ਪ੍ਰਭਾਵਿਤ ਹੋ ਜਾਂਦੇ ਹਨ। ਬਲੱਡ ਪ੍ਰੈਸ਼ਰ ਵੱਧਣ ਦਾ ਵੀ ਇਕ ਬਹੁਤ ਵੱਡਾ ਕਾਰਨ ਤੰਬਾਕੂ ਨੋਸ਼ੀ ਹੀ ਹੈ। ਹੈਲਥ ਸੁਪਰਵਾਈਜ਼ਰ ਸਤਨਾਮ ਅਤੇ ਕੁਲਦੀਪ ਵਰਮਾ ਨੇ ਕਿਹਾ ਕਿ ਸਰਕਾਰ ਵੱਲੋਂ ਜਨਤੱਕ ਥਾਵਾਂ ਤੇ ਤਬਾਕੂੰਨੋਸ਼ੀ ਦੀ ਪੂਰਨ ਪਾਬੰਦੀ ਹੈ ਤੇ ਵਿਭਾਗ ਵੱਲੋਂ ਉਲੰਘਣਾ ਕਰਨ ਵਾਲਿਆਂ ਤੇ ਜੁਰਮਾਨਾ ਕੀਤਾ ਜਾਂਦਾ ਹੈ।

ਵਾਈਸ ਚਾਂਸਲਰ ਦੀ ਨਿਯੁਕਤੀ ਤੇ ਮੈਡੀਕਲ ਸੁਪਰਡੈਂਟ ਨੂੰ ਤੁਰੰਤ ਬਦਲਣ ਲਈ ਲਾਇਆ ਧਰਨਾ

ਫਰੀਦਕੋਟ (ਐਲਿਗਜੈਂਡਰ ਡਿਸੂਜਾ) ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਫਰੀਦਕੋਟ ਦੀਆਂ ਸਾਰੀਆਂ ਸੇਵਾਵਾਂ ਕੱਲ੍ਹ ਤੋਂ ਠੱਪ ਰਹਿਣਗੀਆਂ, ਕਿਉਂਕਿ ਬਾਬਾ ਫਰੀਦ ਯੂਨੀਵਰਸਿਟੀ ਆਫ ਹੈੱਲਥ ਸਾਇੰਸਜ ਫਰੀਦਕੋਟ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਾਤਲ ਸਟਾਫ ਨੇ ਆਪਣੀਆਂ ਮੰਗਾਂ ਦੀ ਪੂਰਤੀ ਲਈ ਪੂਰੇ ਦਿਨ ਦੇ ਧਰਨੇ ਦਾ ਐਲਾਨ ਕੀਤਾ ਹੈ। ਇਸ ਧਰਨੇ ਦੌਰਾਨ ਸਟਾਫ ਨਰਸਾਂ, ਆਪ੍ਰੇਸ਼ਨ ਥੀਏਟਰ ਸਹਾਇਕ, ਐੱਮ.ਆਰ.ਆਈ. ਦਾ ਸਟਾਫ, ਲੈਬ ਟੈਕਨੀਸ਼ਨ, ਕਲੈਰੀਕਲ ਕੇਡਰ ਤੇ ਹੋਰ ਮੈਡੀਕਲ ਸਟਾਫ ਧਰਨੇ 'ਤੇ ਰਹੇਗਾ, ਜਿਸ ਕਾਰਨ ਮੈਡੀਕਲ ਸੇਵਾਵਾਂ ਪ੍ਰਭਾਵਿਤ ਹੋਣਗੀਆਂ। ਇਸ ਧਰਨੇ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਫਰੀਦ ਯੂਨੀਵਰਸਿਟੀ ਯੂਨਾਇਟਿਡ ਇੰਪਲਾਈਜ਼ ਯੂਨੀਅਨ ਦੇ ਆਗੂ ਯਸਪਾਲ ਸਾਂਬਰੀਆ, ਵਿਕਾਸ ਅਰੋੜਾ, ਆਸ਼ਾ ਰਾਣੀ, ਹਰਜਿੰਦਰ ਸਿੰਘ ਤੇ ਜਸਬੀਰ ਸਿੰਘ ਨੇ ਦੱਸਿਆ ਕਿ ਮੈਡੀਕਲ ਸੁਪਰਡੇਟ ਡਾ. ਸ਼ੀਲੇਖ ਮਿੱਤਲ ਨੇ ਜਦੋਂ ਤੋਂ ਹਸਪਤਾਲ ਦੇ ਪ੍ਰਬੰਧਕ ਦਾ ਅਹੁਦਾ ਸੰਭਾਲਿਆ ਹੈ, ਉਸ ਦਿਨ ਤੋਂ ਹਸਪਤਾਲ 'ਚ ਗਰੀਬ ਮਰੀਜ਼ਾਂ ਨੂੰ ਖੱਜਲ ਹੋਣਾ ਪੈ ਰਿਹਾ ਹੈ। ਹਸਪਤਾਲ ਵਿਖੇ ਖਰੀਦ ਫਰੋਖਤ 'ਚ ਚੱਲ

ਰਹੀਆਂ ਧਾਂਦਲੀਆਂ ਬਾਰੇ ਬਹੁਤ ਵਾਰੀ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰ ਇਸ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ ਗਈ।

ਅੰਮ੍ਰਿਤ ਫਾਰਮੇਸੀ ਜੋ ਕਿ ਲੁੱਟ ਦਾ ਕੇਂਦਰ ਬਣੀ ਹੋਈ ਹੈ, ਜਿਸ ਬਾਬਤ ਸਬੂਤ ਸਮੇਤ ਕਈ ਵਾਰ ਲਿਖ ਕਿ ਦਿੱਤਾ ਜਾ ਚੁੱਕਾ ਹੈ, ਅਜੇ ਤੱਕ ਇਸ ਨੂੰ ਬੰਦ ਕਰਨ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ, ਕਿਉਂਕਿ ਮੈਡੀਕਲ ਸੁਪਰਡੈਂਟ ਅੰਮ੍ਰਿਤ ਫਾਰਮੇਸੀ ਕੋਲੋਂ ਮਹੀਨੇ ਦਾ ਲੱਖਾਂ ਰੁਪਈਆ ਕਮੀਸ਼ਨ ਦੇ ਤੌਰ ਉੱਪਰ ਵਸੂਲਦੇ ਹਨ, ਜਿਸ ਦਾ ਖਾਮਿਆਜ਼ਾ ਸਿੱਧੇ ਤੌਰ 'ਤੇ ਮਰੀਜ਼ਾਂ ਨੂੰ ਭੁਗਤਣਾ ਪੈਂਦਾ ਹੈ। ਅੱਜ ਤੋਂ ਤਿੰਨ ਮਹੀਨੇ ਪਹਿਲਾਂ ਲਾਏ ਗਏ ਧਰਨੇ ਦੌਰਾਨ ਯੂਨੀਵਰਸਿਟੀ ਪ੍ਰਸ਼ਾਸਨ ਨੇ ਲਿਖਤੀ ਭਰੋਸਾ ਦਿੱਤਾ ਸੀ ਕਿ ਜਿਨ੍ਹਾਂ ਮੰਗਾਂ 'ਤੇ ਸਹਿਮਤੀ ਬਣੀ ਹੈ, ਉਹ 15 ਦਿਨਾਂ ਦੇ ਵਿੱਚ ਵਿੱਚ ਲਾਗੂ ਕਰ ਦਿੱਤੀਆਂ ਜਾਣਗੀਆਂ, ਪਰ ਮਹੀਨੇ ਬੀਤਣ ਤੋਂ ਬਾਅਦ ਇੱਕ ਵੀ ਮੰਨੀ ਹੋਈ ਮੰਗ ਲਾਗੂ ਨਹੀਂ ਕੀਤੀ ਗਈ, ਜਿਸ ਦੇ ਰੋਸ ਵਜੋਂ ਪੂਰੇ ਦਿਨ ਦਾ ਧਰਨਾ ਅਣਮਿੱਥੇ ਸਮੇਂ ਲਈ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਮਾਨਯੋਗ ਹਾਈ ਕੋਰਟ ਯੂਨੀਵਰਸਿਟੀ ਵੱਲੋਂ ਐਫੀਡੇਵਟ ਦਿੱਤਾ ਗਿਆ ਹੈ ਕਿ ਯੂਨੀਵਰਸਿਟੀ ਕਦੇ ਵੀ ਮੁਲਾਜ਼ਮਾਂ ਦੀ ਭਰਤੀ ਆਊਟਸੋਰਸਜ਼ ਜਾਂ ਕੰਟਰੈਕਟ 'ਤੇ ਨਹੀਂ ਕਰੇਗੀ, ਪਰ ਹੁਣ ਹਾਈ ਕੋਰਟ ਦੀਆਂ ਹਦਾਇਤਾਂ ਦੀਆਂ ਸ਼ਰੇਆਮ ਧੱਜੀਆਂ ਉਡਾ ਕੇ ਆਊਟਸੋਰਸਿਸ ਤੇ ਭਰਤੀ ਕਰਨ ਲਈ ਜ਼ੋਰ ਪਾਇਆ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਜਦੋਂ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਇੱਥੇ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਗੱਲ ਹੋਵੇ ਤਾਂ ਸਿਰਫ ਲਾਰੇ ਹੀ ਲਾਏ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀ. ਸੀ. ਦੀ ਨਿਯੁਕਤੀ 'ਚ ਦੇਰੀ ਕੀਤੇ ਜਾਣ ਕਾਰਨ ਯੂਨੀਵਰਸਿਟੀ ਦੇ ਅਫਸਰ ਆਪਹੁਦਰੀਆਂ 'ਤੇ ਉੱਤਰੇ ਹੋਏ ਹਨ ਤੇ ਜਲਦੀ ਹੀ ਯੂਨੀਵਰਸਿਟੀ ਨੂੰ ਕੰਗਾਲ ਕਰ ਦੇਣਗੇ। ਯੂਨੀਅਨ ਆਗੂਆਂ ਨੇ ਕਿਹਾ ਕਿ ਇਹ ਧਰਨਾ ਯੂਨੀਵਰਸਿਟੀ ਨੂੰ ਚੂੰਡ ਚੂੰਡ ਕੇ ਖਾਣ ਵਾਲੇ ਹੱਥਾਂ ਤੋਂ ਬਚਾਉਣ ਲਈ ਲਗਾਇਆ ਜਾ ਰਿਹਾ ਹੈ ਤੇ ਮੁਲਾਜ਼ਮਾਂ ਦੇ ਹੱਕਾਂ ਲਈ ਲਾਇਆ ਜਾ ਰਿਹਾ ਹੈ। ਜਿੰਨੀ ਦੇਰ ਮੈਡੀਕਲ ਸੁਪਰਡੈਂਟ ਨੂੰ ਬਦਲਿਆ ਨਹੀਂ ਜਾਂਦਾ ਤੇ ਕੋਈ ਯੋਗ ਡਾਕਟਰ ਨਹੀਂ ਲਗਾਇਆ ਜਾਂਦਾ, ਉਨੀ ਦੇਰ ਇਹ ਧਰਨਾ ਜਾਰੀ ਰਹੇਗਾ ਅਤੇ ਕੱਲ੍ਹ ਸਾਦਿਕ ਰੋਡ ਵੀ ਜਾਮ ਕੀਤੀ ਜਾਵੇਗੀ।

ਉਨ੍ਹਾਂ ਪੰਜਾਬ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਜਲਦੀ ਤੋਂ ਜਲਦੀ ਯੋਗ ਉਮੀਦਵਾਰ ਚੰਗਾ ਪ੍ਰਬੰਧਕ ਵਾਇਸ ਚਾਂਸਲਰ ਇਸ ਯੂਨੀਵਰਸੀਟੀ ਨੂੰ ਦਿੱਤਾ ਜਾਵੇ। ਇਸ ਮੌਕੇ ਰਮਿੰਦਰ ਸਿੰਘ, ਸਿਕੰਦਰ ਪਾਲ, ਜਗਵੀਰ ਕੌਰ, ਪਰਮਿੰਦਰ ਸਿੰਘ, ਰਿਚਾ, ਵਿੱਕੀ ਕੁਮਾਰ, ਸੰਜੀਵ ਹਾਂਡਾ, ਅਤੁਲ ਜੈਨ, ਲਖਵੀਰ ਮੂਸਾ, ਸੁਖਪ੍ਰੀਤ ਕੌਰ, ਰਮਨਦੀਪ ਕੌਰ ਆਦਿ ਸ਼ਾਮਲ ਸਨ।

ਸ਼੍ਰੋਮਣੀ ਕਮੇਟੀ ਖੁਦ ਦੇ ਚੈਨਲ ਰਾਹੀਂ ਹੀ ਗੁਰਬਾਣੀ ਦਾ ਪ੍ਰਸਾਰਨ ਕਰੇ : ਜਥੇਦਾਰ ਪੰਜੋਲੀ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਗੁਰਬਾਣੀ ਪ੍ਰਸਾਰਨ ਦੇ ਮੁੱਦੇ 'ਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਤੇ ਸੀਨੀਅਰ ਪੰਥਕ ਆਗੂ ਜਥੇਦਾਰ ਕਰਨੈਲ ਸਿੰਘ ਪੰਜੋਲੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਇੱਕ ਪੱਤਰ ਲਿਖੇ ਜਾਣ ਦਾ ਸਮਾਚਾਰ ਹੈ। ਲਿਖੇ ਗਏ ਪੱਤਰ ਦੀ ਕਾਪੀ ਪ੍ਰੈੱਸ ਨੂੰ ਜਾਰੀ ਕਰਦਿਆਂ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਦੱਸਿਆ ਕਿ ਪੀ.ਟੀ.ਸੀ. ਚੈਨਲ ਦੇ ਅਧਿਕਾਰੀਆਂ ਉੱਪਰ ਬੇਹੱਦ ਸੰਗੀਨ ਧਾਰਾਵਾਂ ਤਹਿਤ ਮੁਕੱਦਮਾ ਦਰਜ ਹੋਣ ਮਗਰੋਂ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ 30 ਮਾਰਚ 2022 ਨੂੰ ਗੁਰਬਾਣੀ ਪ੍ਰਸਾਰਨ ਲਈ ਸ਼੍ਰੋਮਣੀ ਕਮੇਟੀ ਨੂੰ ਆਪਣਾ ਚੈਨਲ ਸ਼ੁਰੂ ਕਰਨ ਦੀ ਹਦਾਇਤ ਕੀਤੀ ਗਈ ਸੀ, ਪਰ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਨੂੰ ਅੱਖੋਂ-ਪਰੋਖੇ ਕਰਦੇ ਹੋਏ ਇੱਕ ਸਾਲ ਤੋਂ ਵੱਧ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਸ਼੍ਰੋਮਣੀ ਕਮੇਟੀ ਵੱਲੋਂ ਇਸ ਮੁੱਦੇ 'ਤੇ ਕੋਈ ਕਦਮ ਨਹੀਂ ਪੁੱਟਿਆ ਗਿਆ, ਸਗੋਂ ਸ਼੍ਰੋਮਣੀ ਕਮੇਟੀ ਵੱਲੋਂ ਗੁਰਬਾਣੀ ਪ੍ਰਸਾਰਨ ਲਈ ਖੁੱਲ੍ਹੇ ਟੈਂਡਰ ਇਸ ਤਰ੍ਹਾਂ ਮੰਗ ਲਏ ਗਏ ਜਿਵੇਂ ਇਹ ਕੋਈ ਵੇਚਣ ਖ਼ਰੀਦਣ ਦੀ ਚੀਜ਼ ਹੋਵੇ। ਜਥੇਦਾਰ ਪੰਜੋਲੀ ਨੇ ਕਿਹਾ ਕਿ ਕਿਸੇ ਨਿੱਜੀ ਚੈਨਲ ਨੂੰ ਗੁਰਬਾਣੀ ਪ੍ਰਸਾਰਨ ਦੇ ਹੱਕ ਦੇਣ ਨਾਲ ਅਣਕਿਆਸੀਆਂ ਮੁਸ਼ਕਲਾਂ ਤੇ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ ਤੇ ਨਿੱਜੀ ਚੈਨਲ ਵੱਲੋਂ ਗੁਰਬਾਣੀ ਪ੍ਰਸਾਰਨ ਤੋਂ ਅੱਗੋਂ-ਪਿੱਛੋਂ ਚਲਾਏ ਜਾਣ ਵਾਲੇ ਇਸ਼ਤਿਹਾਰ ਸੰਗਤਾਂ ਦੇ ਮਨਾਂ ਨੂੰ ਠੇਸ ਪਹੁੰਚਾ ਸਕਦੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਆਪਣਾ ਚੈਨਲ ਸ਼ੁਰੂ ਕਰਨ ਤੋਂ ਭੱਜਦੀ ਨਜ਼ਰ ਆ ਰਹੀ ਹੈ, ਜਿਸ ਨਾਲ ਪੰਥ 'ਚ ਕਈ ਤਰ੍ਹਾਂ ਦੀਆਂ ਚਰਚਾਵਾਂ ਚੱਲ ਰਹੀਆਂ ਹਨ, ਜਦੋਂਕਿ ਕਿਸੇ ਮੌਕੇ 'ਤੇ ਆਪਣਾ ਪੱਖ ਪੇਸ਼ ਕਰਨ ਲਈ ਸ਼੍ਰੋਮਣੀ ਕਮੇਟੀ ਕੋਲ ਆਪਣਾ ਚੈਨਲ ਹੋਣਾ ਬੇਹੱਦ ਜ਼ਰੂਰੀ ਹੈ। ਜਥੇਦਾਰ ਪੰਜੋਲੀ ਨੇ ਦੱਸਿਆ ਕਿ ਪੱਤਰ 'ਚ ਉਪਰੋਕਤ ਬੇਨਤੀਆਂ ਤੋਂ ਇਲਾਵਾ ਇਹ ਵੀ ਅਪੀਲ ਕੀਤੀ ਗਈ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਆਪਣਾ ਚੈਨਲ ਸ਼ੁਰੂ ਕਰਨ ਦੀ ਮੁੜ ਹਦਾਇਤ ਕੀਤੀ ਜਾਵੇ।

ਵਾਤਾਵਰਨ ਪ੍ਰੇਮੀ ਮਜ਼ਦੂਰੀ ਛੱਡ ਕੇ ਲਾਉਂਦਾ ਹੈ ਪੌਦੇ

ਚੀਮਾ ਮੰਡੀ (ਰਵਿੰਦਰ ਚੀਮਾ)-ਤੋਲਾਵਾਲ ਦਾ ਇੱਕ ਦਿਹਾੜੀਦਾਰ ਮਜ਼ਦੂਰ ਕਾਕਾ ਸਿੰਘ, ਜਿਸ ਨੂੰ ਬੀਰਬਲ ਵੀ ਕਹਿ ਦਿੰਦੇ ਹਨ, ਨੂੰ ਦਸ-ਪੰਦਰਾਂ ਸਾਲ ਤੋਂ ਵਾਤਾਵਰਣ ਸਾਫ ਕਰਨ ਦਾ ਸ਼ੌਕ ਚੜ੍ਹ ਗਿਆ ਹੈ। ਉਹ ਆਪਣੀ ਮਜ਼ਦੂਰੀ ਛੱਡ ਕੇ ਵੱਖ-ਵੱਖ ਪਿੰਡਾਂ ਵਿੱਚ ਪੌਦੇ ਲਾਉਣੇ ਸ਼ੁਰੂ ਕਰ ਦਿੰਦਾ ਹੈ ਤੇ ਹੁਣ ਤੱਕ ਹਜ਼ਾਰਾਂ ਬੂਟੇ ਲਾ ਦਿੱਤੇ ਹਨ। ਸਵਾਲ ਇਹ ਪੈਦਾ ਹੁੰਦਾ ਹੈ ਕਿ ਆਖਰ ਗ਼ਰੀਬ ਮਜ਼ਦੂਰ ਲਿਫ਼ਾਫ਼ੇ, ਬੂਟਿਆਂ ਦੀ ਸੰਭਾਲ ਲਈ ਖਾਲੀ ਥਾਂ ਕਿਥੋਂ ਲਿਆਉਂਦਾ ਹੋਵੇਗਾ? ਜਦੋਂ ਇਸ ਦੀ ਜਾਣਕਾਰੀ ਪ੍ਰਾਪਤ ਕੀਤੀ ਤਾਂ ਪਤਾ ਲੱਗਾ ਕਿ ਇਹ ਕਈ ਵਾਰ ਉਹ ਆਪਣੀ ਦਿਹਾੜੀ ਛੱਡ ਕੇ ਆਂਢ-ਗੁਆਂਢ ਦੇ ਘਰਾਂ, ਦੁਕਾਨਾਂ ਵਿੱਚੋਂ ਵਰਤੋਂ ਕੀਤੇ ਗਏ ਖਾਲੀ ਲਿਫਾਫੇ ਮੰਗਦਾ ਰਹਿੰਦਾ ਹੈ, ਜਿਵੇਂ ਗੁੜ, ਚਾਹ, ਖੰਡ ਜਾਂ ਹੋਰ ਕੰਪਨੀ ਪੈਕਿੰਗ ਦੇ ਖਾਲੀ ਹੋਏ ਲਿਫ਼ਾਫ਼ੇ ਮੰਗ ਲਿਆਉਂਦਾ ਹੈ ਅਤੇ ਆਲੇ-ਦੁਆਲੇ ਖੇਤਾ ਵਿਚ ਪਈ ਉਪਜਾਊ ਮਿੱਟੀ ਲਿਆ ਕੇ ਬੂਟਿਆਂ ਨੂੰ ਤਿਆਰ ਕਰ ਲੈਂਦਾ ਹੈ ਅਤੇ ਥਾਂ ਨਾ ਹੋਣ ਕਾਰਨ ਘਰ ਦੀ ਛੱਤ, ਕੰਧਾਂ 'ਤੇ ਰੱਖ ਕੇ ਸਾਂਭ-ਸੰਭਾਲ ਕਰਦਾ ਹੈ। ਕਾਕਾ ਸਿੰਘ ਨੇ ਦੱਸਿਆ ਕਿ ਹੁਣ ਤੱਕ ਕਈ ਕਿਸਮ ਦੇ ਹਜ਼ਾਰਾਂ ਬੂਟੇ ਲਾ ਦਿੱਤੇ ਹਨ। ਰਾਜਸਥਾਨ ਗੁਗਾ ਮਾੜੀ ਨੂੰ ਹਰ ਸਾਲ ਜੋ ਵੀ ਸੰਸਥਾਵਾਂ ਦੇ ਵਾਹਨ ਜਾਂਦੇ ਹਨ, ਉਨ੍ਹਾਂ ਨਾਲ ਉੱਥੇ ਵੀ ਬੂਟੇ ਨਾਲ ਲੈ ਜਾਂਦਾ ਹੈ ਤੇ ਰਾਜਸਥਾਨ ਵਿਚ ਵੀ ਹਜ਼ਾਰਾਂ ਪੌਦੇ ਲਾ ਦਿੱਤੇ ਹਨ। ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਜਸਵੰਤ ਤੋਲਾਵਾਲ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਕਾਕਾ ਸਿੰਘ ਨੂੰ ਸਰਕਾਰਾਂ ਸਨਮਾਨਤ ਵੀ ਕਰਨ।

ਕਾਤਰਾਂ

ਪੰਜ ਜਾਂ ਪੰਜ ਤੋਂ ਵੱਧ ਵਿਅਕਤੀ ਇਕੱਠੇ ਹੋਣ 'ਤੇ ਪਾਬੰਦੀ

ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਟੀ.ਬੈਨਿਥ ਨੇ ਫੌਜ਼ਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਅਮਨ-ਕਾਨੂੰਨ ਬਣਾਏ ਰੱਖਣ ਲਈ ਜਨਤਕ ਥਾਂਵਾਂ 'ਤੇ ਜਲੂਸ ਕੱਢਣ, ਨਾਅਰੇ ਲਾਉਣ, ਭੜਕਾਊ ਪ੍ਰਚਾਰ ਕਰਨ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ, ਗੰਡਾਸੇ, ਤੇਜ਼ਦਾਰ ਟਕੂਏ, ਕੁਹਾੜੀਆਂ, ਵਿਸਫੋਟਕ ਸਮੱਗਰੀ ਅਤੇ ਹੋਰ ਘਾਤਕ ਹਥਿਆਰ ਜਾਂ ਅਸਲਾ ਚੁੱਕਣ 'ਤੇ ਪਾਬੰਦੀ ਲਾਈ ਹੈ। ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਵੱਖ-ਵੱਖ ਜਥੇਬੰਦੀਆਂ ਜਾਂ ਆਮ ਵਿਅਕਤੀਆਂ ਵੱਲੋਂ ਰੋਸ ਪ੍ਰਦਰਸ਼ਨ ਦਾ ਸੱਦਾ ਦਿੱਤਾ ਜਾਂਦਾ ਹੈ, ਜਿਸ ਨਾਲ ਆਵਾਜਾਈ ਵਿੱਚ ਵਿਘਨ ਪੈਣ ਅਤੇ ਆਮ ਜੀਵਨ ਅਸਤ-ਵਿਅਸਥ ਹੋਣ ਦਾ ਡਰ ਰਹਿੰਦਾ ਹੈ। ਇਸ ਤਰ੍ਹਾਂ ਜਨਤਕ ਸ਼ਾਂਤੀ ਭੰਗ ਹੋਣ ਨਾਲ ਸਰਕਾਰੀ ਤੇ ਨਿੱਜੀ ਜਾਇਦਾਦ ਦੇ ਨੁਕਸਾਨ ਹੋਣ ਦਾ ਵੀ ਅੰਦੇਸ਼ਾ ਰਹਿੰਦਾ ਹੈ। ਇਹ ਹੁਕਮ 31 ਜੁਲਾਈ ਤੱਕ ਲਾਗੂ ਰਹਿਣਗੇ।

ਪਵਨ ਕਾਮਰਾ ਬਣੇ ਪੰਜਾਬ ਬੋਰਡ ਅਕਾਦਮਿਕ ਕੌਂਸਲ ਦੇ ਮੈਂਬਰ

ਜਲਾਲਾਬਾਦ (ਜੀਤ ਕੁਮਾਰ)-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜਲਾਲਾਬਾਦ ਵਿਖੇ ਬਤੌਰ ਕਾਮਰਸ ਲੈਕਚਰਾਰ ਸੇਵਾਵਾਂ ਦੇ ਰਹੇ ਪਵਨ ਕਾਮਰਾ ਸਟੇਟ ਐਵਾਰਡੀ ਨੂੰ ਇੱਕ ਵਾਰ ਫਿਰ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਕਾਦਮਿਕ ਕੌਂਸਲ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਲੈਕਚਰਾਰ ਪਵਨ ਕਾਮਰਾ ਨੇ ਦੱਸਿਆ ਕਿ ਅਕਾਦਮਿਕ ਕੌਂਸਲ ਵਿੱਚ 6 ਮੈਂਬਰ ਹੁੰਦੇ ਹਨ। ਅਕਾਦਮਿਕ ਕੌਂਸਲ ਵਿਦਿਆਰਥੀਆਂ ਦੀ ਪੜ੍ਹਾਈ ਸੰਬੰਧੀ ਨੀਤੀਆਂ, ਸਿਲੇਬਸ, ਪਾਠ ਪੁਸਤਕਾਂ ਆਦਿ ਨਾਲ ਸੰਬੰਧਤ ਕਾਰਜ ਕਰਦੀ ਹੈ ਅਤੇ ਵਿਦਿਆਰਥੀਆਂ ਦੇ ਵਿਕਾਸ ਲਈ ਕੋਸ਼ਿਸ਼ਾਂ ਕਰਦੀ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਅਮਿਤ ਗਗਨੇਜਾ ਨੇ ਕਿਹਾ ਪਵਨ ਕਾਮਰਾ ਸਿੱਖਿਆ ਦੇ ਖੇਤਰ ਵਿੱਚ ਆਪਣੀ ਅਲੱਗ ਪਹਿਚਾਣ ਰੱਖਦੇ ਹਨ। ਉਨ੍ਹਾ ਦਾ ਅਕਾਦਮਿਕ ਕੌਂਸਲ ਦਾ ਮੈਂਬਰ ਬਣਨਾ ਸਕੂਲ ਅਤੇ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ। ਵਰਤਮਾਨ ਸਮੇਂ ਪਵਨ ਕਾਮਰਾ ਬਤੌਰ ਸਟੇਟ ਰਿਸੋਰਸ ਪਰਸਨ ਕਾਮਰਸ ਵੀ ਸੇਵਾਵਾਂ ਦੇ ਰਹੇ ਹਨ।

ਪੀ ਐੱਫ ਆਈ ਵੱਲੋਂ ਸੰਸਦ ਅੱਗੇ ਦਿੱਤੇ ਜਾਣ ਵਾਲੇ ਧਰਨੇ ਦਾ ਐਲਾਨ

ਧੂਰੀ (ਬਿੰਨੀ ਗਰਗ)-ਪ੍ਰੈੱਸ ਫ਼ੈਡਰੇਸ਼ਨ ਆਫ ਇੰਡੀਆ ਦੇ ਚੇਅਰਮੈਨ ਵਿਵੇਕ ਸਿੰਧਵਾਨੀ, ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਤੇ ਸਕੱਤਰ ਜਨਰਲ ਵਿਜੈ ਸਿੰਗਲਾ ਨੇ ਦੇਸ਼ ਦੀਆਂ ਵੱਖ ਵੱਖ ਪੱਤਰਕਾਰ ਜਥੇਬੰਦੀਆਂ ਵੱਲੋਂ ਪੱਤਰਕਾਰਾਂ ਦੀਆਂ ਮੰਗਾਂ ਨੂੰ ਲੈ ਕੇ ਸੰਸਦ ਅੱਗੇ ਦਿੱਤੇ ਜਾ ਰਹੇ ਧਰਨੇ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਮੀਡੀਆ ਕਰਮੀਆਂ ਦੀਆਂ ਮੰਗਾਂ ਲਈ ਦੇਸ਼ ਵਿਆਪੀ ਅੰਦੋਲਨ ਸ਼ੁਰੂ ਕਰਨ ਦੇ ਕੀਤੇ ਗਿਆ ਫ਼ੈਸਲਾ ਸ਼ਲਾਘਾਯੋਗ ਕਦਮ ਹੈ, ਜਿਸ ਤਹਿਤ ਸੰਸਦ 'ਤੇ ਪ੍ਰਦਰਸ਼ਨ ਕਰਕੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਦੇਸ਼ ਵਿਆਪੀ ਮੁਹਿੰਮ ਤਹਿਤ ਰਾਜਾਂ ਦੇ ਰਾਜਪਾਲਾਂ, ਮੁੱਖ ਮੰਤਰੀਆਂ ਅਤੇ ਸੰਸਦ ਮੈਂਬਰਾਂ ਨੂੰ ਮੰਗ ਪੱਤਰ ਦੇ ਕੇ ਮੀਡੀਆ ਕਰਮੀਆਂ ਦੀਆਂ ਮੰਗਾਂ ਵੱਲ ਧਿਆਨ ਦਿਵਾਇਆ ਜਾਵੇਗਾ। ਸਾਰੀਆਂ ਜਥੇਬੰਦੀਆਂ ਦੇ ਅਹੁਦੇਦਾਰ ਅਤੇ ਨੁਮਾਇੰਦੇ ਰਾਜਾਂ ਵਿੱਚ ਆਪਣੇ-ਆਪਣੇ ਖੇਤਰ ਦੇ ਸੰਸਦ ਮੈਂਬਰਾਂ ਅਤੇ ਜਨ ਪ੍ਰਤੀਨਿਧੀਆਂ ਨੂੰ ਆਪਣੀਆਂ ਮੰਗਾਂ ਸੰਬੰਧੀ ਮੰਗ ਪੱਤਰ ਸੌਂਪਣਗੇ।

ਨਜਾਇਜ਼ ਸ਼ਰਾਬ ਸਣੇ ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਸਵਾ 50 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਸਤਪਾਲ ਸਿੰਘ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਪਿੰਡ ਕਾਠਗੜ੍ਹ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਜੋਗਿੰਦਰ ਸਿੰਘ ਪੁੱਤਰ ਦੇਸਾ ਸਿੰਘ ਵਾਸੀ ਕਾਠਗੜ੍ਹ ਨਜਾਇਜ਼ ਸ਼ਰਾਬ ਕੱਢ ਕੇ ਵੇਚਣ ਦਾ ਆਦੀ ਹੈ, ਜੇਕਰ ਹੁਣੇ ਹੀ ਉਸ ਦੇ ਘਰ ਰੇਡ ਕੀਤਾ ਜਾਵੇ ਤਾਂ ਨਜਾਇਜ਼ ਸ਼ਰਾਬ ਲਾਹਣ ਜਾਂ ਸ਼ਰਾਬ ਸਮੇਤ ਕਾਬੂ ਆ ਸਕਦਾ ਹੈ। ਪੁਲਸ ਨੇ ਜੋਗਿੰਦਰ ਸਿੰਘ ਦੇ ਘਰ ਰੇਡ ਕਰਕੇ ਸਵਾ 50 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ ਕਰ ਲਿਆ। ਪੁਲਸ ਨੇ ਧਾਰਾ 61/1/14 ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

ਐੱਸ ਡੀ ਆਈ ਸੀ ਵਾਤਾਵਰਨ ਨੂੰ ਬਚਾਉਣ ਲਈ ਹਮੇਸ਼ਾ ਸਹਿਯੋਗ ਦੇਵੇਗਾ : ਅਮਨ ਜ਼ਖਮੀ

ਸੰਗਰੂਰ (ਪ੍ਰਵੀਨ ਸਿੰਘ)-ਵਣ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਬਠਿੰਡਾ ਰੇਂਜ ਵੱਲੋਂ ਇਕ ਰੋਜ਼ਾ ਟ੍ਰੇਨਿੰਗ ਜਾਗਰੂਕਤਾ ਕੈਂਪ ਸੰਗਰੂਰ ਡਿਸਟ੍ਰਿਕ ਇੰਡਸਟ੍ਰੀਅਲ ਚੈਂਬਰ ਭਵਨ ਸੰਗਰੂਰ ਵਿਖੇ ਲਗਵਾਇਆ ਗਿਆ, ਜਿਸ ਦਾ ਉਦਘਾਟਨ ਸ੍ਰ. ਮਹਿੰਦਰ ਸਿੰਘ ਸਿੱਧੂ, ਚੇਅਰਮੈਨ ਪਨ ਸੀਡ ਪੰਜਾਬ ਤੇ ਅਮਨਜੀਤ ਜ਼ਖਮੀ ਪ੍ਰਧਾਨ ਸੰਗਰੂਰ ਇੰਡਸਟ੍ਰੀਅਲ ਚੈਂਬਰ ਬਲਾਕ ਸੰਗਰੂਰ ਵੱਲੋਂ ਕੀਤਾ ਗਿਆ। ਇਸ ਸੈਮੀਨਾਰ ਵਿੱਚ ਬਠਿੰਡਾ ਤੇ ਮੁਕਤਸਰ ਸਾਹਿਬ ਤੋਂ ਰੇਂਜ ਅਫਸਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛਾਜਲੀ, ਸਾਹਪੁਰ ਕਲਾਂ ਲੜਕੀਆਂ ਤੇ ਲੜਕੇ ਹਾਜ਼ਰ ਸਨ।

ਇਸ ਟ੍ਰੇਨਿੰਗ ਜਾਗਰੂਕਤਾ ਕੈਂਪ ਵਿੱਚ ਬੱਚਿਆਂ ਤੇ ਹਾਜ਼ਰ ਮੈਂਬਰਾਂ ਨੂੰ ਵਾਤਾਵਰਨ, ਪਾਣੀ, ਧਰਤੀ ਸਮੁੱਚੇ ਜੀਵ-ਜੰਤੂਆਂ ਨੂੰ ਬਚਾਉਣ ਵਾਸਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਪ੍ਰਧਾਨ ਅਮਨ ਜ਼ਖਮੀ ਨੇ ਕਿਹਾ ਕਿ ਉਹ ਇਸ ਤਰ੍ਹਾਂ ਦੇ ਜਾਗਰੂਕਤਾ ਕੈਂਪ ਦੀ ਸ਼ਲਾਘਾ ਕਰਦੇ ਹਨ ਤੇ ਵਿਸ਼ਵਾਸ ਦਿਵਾਉਂਦੇ ਹਨ ਕਿ ਜਿੱਥੇ ਵੀ ਇੰਡਸਟਰੀ ਚੈਂਬਰ ਦਾ ਸਹਿਯੋਗ ਚਾਹੀਦਾ ਹੈ ਤਾਂ ਉਹ ਤੇ ਉਨ੍ਹਾਂ ਦੇ ਸਾਰੇ ਮੈਂਬਰ ਇਸ ਵਿੱਚ ਯੋਗਦਾਨ ਪਾਉਣ ਲਈ ਹਮੇਸ਼ਾ ਹਾਜ਼ਰ ਹਨ। ਇਸ ਸੈਮੀਨਾਰ ਵਿੱਚ ਪੇਂਟਿੰਗ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ, ਇਨਾਮ ਤੇ ਪਾਣੀ ਦੀਆਂ ਬੋਤਲਾਂ ਵੀ ਦਿੱਤੀਆਂ ਗਈਆਂ। ਇਸ ਪ੍ਰੋਗਰਾਮ ਵਿੱਚ ਜਗਦੀਪ ਸਿੰਘ ਗੁਜਰਾਂ, ਚਮਕੌਰ ਸਿੰਘ ਤੇ ਸੁਖਬੀਰ ਸਿੰਘ ਸ਼ਾਹਪੁਰ, ਕੁਲਵੰਤ ਸਿੰਘ ਰਿਟਾਇਰਡ ਡੀ.ਐੱਸ.ਪੀ ਤੋਂ ਇਲਾਵਾ ਵਿਸ਼ਾਲ ਗੁਪਤਾ, ਅੰਕੁਰ ਬਾਂਸਲ ਆਦਿ ਹਾਜ਼ਰ ਸਨ।

ਆਰਥਕ ਮੰਦਹਾਲੀ ਕਾਰਨ ਕਿਸਾਨ ਵੱਲੋਂ ਖੁਦਕੁਸ਼ੀ

ਗਿੱਦੜਬਾਹਾ (ਪੱਤਰ ਪ੍ਰੇਰਕ)-ਪਿੰਡ ਛੱਤਿਆਣਾ ਦੇ ਇੱਕ ਛੋਟੇ ਕਿਸਾਨ ਵੱਲੋਂ ਆਰਥਿਕ ਮੰਦਹਾਲੀ ਦੇ ਚੱਲਦਿਆਂ ਖੁਦਕੁਸ਼ੀ ਕਰ ਲਏ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬਲਕਰਨ ਸਿੰਘ (45) ਪੁੱਤਰ ਸੁਦਾਗਰ ਸਿੰਘ ਨੇ ਬੀਤੀ ਦੇਰ ਸ਼ਾਮ ਆਪਣੇ ਖੇਤ ਦੇ ਨਜ਼ਦੀਕ ਲੱਗੇ ਇੱਕ ਨਿੰਮ ਦੇ ਰੁੱਖ ਨਾਲ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਕੋਟਭਾਈ ਦੇ ਏ.ਐੱਸ.ਆਈ. ਮੋਹਣ ਸਿੰਘ ਨੇ ਦੱਸਿਆ ਕਿ ਮ੍ਰਿਤਕ ਬਲਕਰਨ ਸਿੰਘ ਆਰਥਿਕ ਤੌਰ 'ਤੇ ਕੰਮਜ਼ੋਰ ਹੋਣ ਕਾਰਨ ਅਕਸਰ ਪ੍ਰੇਸ਼ਾਨੀ ਦੀ ਹਾਲਤ ਵਿੱਚ ਰਹਿੰਦਾ ਸੀ ਤੇ ਇਸ ਦੀ ਦਵਾਈ ਆਦਿ ਵੀ ਚੱਲਦੀ ਸੀ। ਬੀਤੀ ਸ਼ਾਮ ਉਹ ਘਰੋਂ ਬਿਨਾਂ ਦੱਸੇ ਚਲਾ ਗਿਆ ਤੇ ਖੇਤਾਂ ਵਿੱਚ ਜਾ ਕੇ ਫਾਹਾ ਲੈ ਲਿਆ। ਉਨ੍ਹਾ ਦੱਸਿਆ ਕਿ ਮ੍ਰਿਤਕ ਦੇ ਪਿਤਾ ਸੌਦਾਗਰ ਸਿੰਘ ਦੇ ਬਿਆਨਾਂ 'ਤੇ ਪੁਲਸ ਵੱਲੋਂ ਧਾਰਾ 174 ਸੀ.ਆਰ.ਪੀ.ਸੀ. ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਤੇ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਗਿੱਦੜਬਾਹਾ ਦੇ ਸਿਵਲ ਹਸਪਤਾਲ ਵਿਖੇ ਪਹੁੰਚਾ ਦਿੱਤਾ ਗਿਆ ਹੈ।

ਪੁਲਸ ਮਹਿਕਮੇ 'ਚ ਚਲਦੈ ਬਿਨਾਂ ਨਿਯਮਾਂ ਤੋਂ ਕੰਮ ?

'ਕਾਨੂੰਨੀ ਰਾਏ' ਲੈਣ ਲਈ ਪੁਲਸ ਕੋਲ ਨਹੀਂ ਕੋਈ ਕਾਨੂੰਨ : ਰਸੂਲਪੁਰ

ਜਗਰਾਉਂ (ਨਛੱਤਰ ਸੰਧੂ)-ਕਿਸੇ ਵੀ ਅਪਰਾਧਕ ਮਾਮਲੇ ਵਿੱਚ ਮੁਕੱਦਮਾ ਦਰਜ ਕਰਨ ਲਈ ਜ਼ਿਲ੍ਹਾ ਪੁਲਸ ਅਧਿਕਾਰੀਆਂ ਵੱਲੋਂ ਕਾਨੂੰਨੀ ਸਲਾਹਕਾਰਾਂ (ਏ.ਡੀ.ਏਜ਼) ਤੋਂ 'ਕਾਨੂੰਨੀ ਰਾਏ' ਲੈਣ ਸਬੰਧੀ ਕੋਈ ਵੀ ਨਿਯਮਾਂਵਲੀ/ਕਾਨੂੰਨ ਨਹੀਂ ਹੈ। ਭਾਵ ਡੀ.ਜੀ.ਪੀ. ਦਫਤਰ ਕੋਲ ਨਾ ਤਾਂ ਇਸ ਸਬੰਧੀ ਕੋਈ ਨਿਯਮਾਂਵਲੀ/ਪਾਲਸੀ ਹੈ ਅਤੇ ਨਾ ਹੀ ਡੀ.ਜੀ.ਪੀ. ਦਫਤਰ ਵੱਲੋਂ ਕਿਸੇ ਅਪਰਾਧਿਕ ਮਾਮਲੇ ਵਿੱਚ ਮੁਕੱਦਮਾ ਦਰਜ ਕਰਨ ਵਾਸਤੇ 'ਕਾਨੂੰਨੀ ਰਾਏ' ਲੈਣ ਸਬੰਧੀ ਜ਼ਿਲ੍ਹਾ ਪੁਲਸ ਮੁਖੀਆਂ ਨੂੰ ਕੋਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਸ ਦਾ ਮਤਲਬ ਇਹ ਹੋਇਆ ਕਿ ਪੰਜਾਬ ਦੇ ਐੱਸ.ਐੱਸ.ਪੀ. ਬਿਨਾਂ ਕਿਸੇ ਹਦਾਇਤਾਂ ਦੇ 'ਕਾਨੂੰਨੀ ਰਾਏ' ਲੈ ਰਹੇ ਹਨ ਤੇ ਏ.ਡੀ.ਏਜ਼ ਵੀ ਬਿਨਾਂ ਕਿਸੇ ਹਦਾਇਤਾਂ ਦੇ 'ਕਾਨੂੰਨੀ ਰਾਏ' ਦੇ ਹਨ? ਪੰਜਾਬ ਰਾਜ ਸੂਚਨਾ ਕਮਿਸ਼ਨ ਚੰਡੀਗੜ੍ਹ ਨੂੰ ਡੀ.ਜੀ.ਪੀ. ਦਫਤਰ ਵੱਲੋਂ ਭੇਜੀ ਰਿਪੋਰਟ 'ਚ ਇਹ ਖੁਲਾਸਾ ਹੋਣ ਉਪਰੰਤ ਪ੍ਰੈੱਸ ਨੂੰ ਜਾਰੀ ਇੱਕ ਬਿਆਨ 'ਚ ਆਰ.ਟੀ.ਆਈ. ਕਾਰਜਕਰਤਾ ਤੇ ਮਨੁੱਖੀ ਅਧਿਕਾਰ ਕਾਰਕੁਨ ਇਕਬਾਲ ਸਿੰਘ ਰਸੂਲਪੁਰ ਨੇ ਦੱਸਿਆ ਕਿ ਪੰਜਾਬ ਪੁਲਸ ਤਾਂ ਬੇਨਿਯਮੀਆਂ ਦੇ ਮੁੱਦੇ 'ਤੇ ਅਕਸਰ ਹੀ ਚਰਚਾ 'ਚ ਰਹਿੰਦੀ ਹੈ, ਪਰ ਹੈਰਾਨੀ ਤਾਂ ਉਸ ਵੇਲੇ ਹੋਈ ਜਦੋਂ ਪ੍ਰਾਸੀਕਿਊਸ਼ਨ ਤੇ ਲਿਟੀਗੇਸ਼ਨ ਵਿਭਾਗ ਨੇ ਵੀ ਇਸ ਮੁੱਦੇ ਸਬੰਧੀ ਕੋਈ ਵੀ ਨਿਯਮਾਂਵਲੀ ਜਾਂ ਬਾਈਲਾਅਜ ਨਾ ਹੋਣ ਬਾਰੇ ਲਿਖਤੀ ਖੁਲਾਸਾ ਕੀਤਾ ਹੈ। ਕਾਬਲੇਗੌਰ ਹੈ ਕਿ ਜ਼ਿਲ੍ਹਾ ਪੁਲਸ ਮੁਖੀਆਂ ਵੱਲੋਂ ਅਕਸਰ ਹੀ ਮੁਕੱਦਮੇ ਦਰਜ ਕਰਨ ਲਈ ਪੜਤਾਲੀਆ ਤੱਥਾਂ ਦੀ ਫਾਇਲ਼ ਭੇਜ ਕੇ 'ਲੀਗਲ਼ ਓਪੀਨੀਅਨ' ਲਏ ਜਾਂਦੇ ਹਨ ਅਤੇ 'ਕਾਨੂੰਨੀ ਮਸ਼ੀਰਾਂ' ਵੱਲੋਂ ਹਾਂ ਜਾਂ ਨਾ ਵਿੱਚ 'ਲੀਗਲ਼ ਓਪੀਨੀਅਨ' ਦਿੱਤੇ ਜਾਂਦੇ ਹਨ। ਰਸੂਲਪੁਰ ਨੇ ਦਾਅਵਾ ਕੀਤਾ ਹੈ ਕਿ ਅਨੇਕਾਂ 'ਲੀਗਲ਼ ਓਪੀਨੀਅਨ' ਆਪਾ-ਵਿਰੋਧੀ ਹਨ, ਭਾਵ ਪੁਲਸ ਅਧਿਕਾਰੀ ਦੀ ਮਰਜ਼ੀ ਵਾਲੇ ਹੁੰਦੇ ਹਨ।

ਅਰਥਾਤ ਜੇ ਪੁਲਸ ਅਧਿਕਾਰੀ ਮੁਕੱਦਮਾ ਦਰਜ ਕਰਨ ਦੇ ਹੱਕ 'ਚ ਹੈ ਤਾਂ ਓਪੀਨੀਅਨ ਹਾਂ 'ਚ ਹੋਵੇਗਾ। ਜੇਕਰ ਹੱਕ 'ਚ ਨਹੀਂ ਤਾਂ ਓਪੀਨੀਅਨ ਵੀ ਨਾ 'ਚ ਹੀ ਹੋਵੇਗਾ। ਰਸੂਲਪੁਰ ਅਨੁਸਾਰ ਉਨ੍ਹਾ ਨੇ ਦੋ ਵੱਖ-ਵੱਖ ਪੱਤਰਾਂ ਰਾਹੀਂ ਪੁਲਸ ਮਹਿਕਮੇ ਤੇ ਲਿਟੀਗੇਸ਼ਨ ਮਹਿਕਮੇ ਤੋਂ ਲੀਗਲ਼ ਓਪੀਨੀਅਨ ਲੈਣ ਸਬੰਧੀ ਨਿਯਮਾਂਵਲ਼ੀ ਦੀ ਨਕਲ ਮੰਗੀ ਸੀ, ਜੋ ਨਹੀਂ ਮਿਲੀ।

ਲਲੌੜੀ ਕਲਾਂ ਸਕੂਲ 'ਚ ਇਨਾਮ ਵੰਡ ਸਮਾਰੋਹ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਲੌੜੀ ਕਲਾਂ ਵਿਖੇ ਬੋਰਡ ਦੇ ਸੌ ਪ੍ਰਤੀਸ਼ਤ ਨਤੀਜੇ ਆਉਣ ਉਪਰੰਤ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਛੇਵੀਂ ਤੋਂ ਬਾਰ੍ਹਵੀਂ ਤੱਕ ਦੇ ਸਾਲਾਨਾ ਨਤੀਜਿਆਂ 'ਚੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਮਨਮੋਹਕ ਡਾਂਸ, ਨਾਟਕ ਤੇ ਗੀਤਾਂ ਨਾਲ ਪੇਸ਼ਕਾਰੀ ਕੀਤੀ। ਸਟੇਜ ਸੰਚਾਲਨ ਸ੍ਰੀਮਤੀ ਸੁਖਜੀਵਨ ਕੌਰ ਨੇ ਕੀਤਾ। ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ, ਪਿੰਡ ਦੀ ਪੰਚਾਇਤ ਤੇ ਪਤਵੰਤੇ ਸੱਜਣ ਸ਼ਾਮਲ ਹੋਏ, ਜਿਨ੍ਹਾਂ ਨੇ ਸਕੂਲ ਦੇ ਚੰਗੇ ਵਿੱਦਿਅਕ ਮਾਹੌਲ, ਸਾਨਦਾਰ ਨਤੀਜੇ, ਖੇਡਾਂ ਤੇ ਹਰ ਗਤੀਵਿਧੀ ਵਿੱਚ ਚੰਗੀ ਕਾਰਗੁਜ਼ਾਰੀ ਲਈ ਸਕੂਲ ਦੀ ਪ੍ਰਸੰਸਾ ਕੀਤੀ। ਸਕੂਲ ਪ੍ਰਿੰਸੀਪਲ ਪ੍ਰਦੀਪ ਸਿੰਘ ਰੰਧਾਵਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖਤ ਮਿਹਨਤ ਦੀ ਪ੍ਰਸੰਸਾ ਕੀਤੀ ਅਤੇ ਉਨ੍ਹਾਂ ਨੂੰ ਅੱਗੋਂ ਵੀ ਚੰਗੇ ਨਤੀਜੇ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਧਾਨ ਦਲਜੀਤ ਸਿੰਘ ਸਵੈਚ, ਚੇਅਰਮੈਨ ਗੁਰਮੀਤ ਸਿੰਘ ਪੰਚ, ਗੁਰਿੰਦਰ ਸਿੰਘ ਕਮੇਟੀ ਮੈਂਬਰ, ਪਤਵੰਤੇ ਸੱਜਣ, ਵਿਦਿਆਰਥੀਆਂ ਦੇ ਮਾਪੇ ਅਤੇ ਸਕੂਲ ਸਟਾਫ਼ ਮੈਂਬਰ ਹਾਜ਼ਰ ਹੋਏ।

ਸੰਤ ਕਬੀਰ ਕਾਨਵੈਂਟ ਸਕੂਲ 'ਚ ਇਨਾਮ ਵੰਡ ਸਮਾਰੋਹ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੀ.ਬੀ.ਐਸ.ਈ. ਦੁਆਰਾ ਐਲਾਨੇ ਨਤੀਜਿਆਂ ਵਿੱਚੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਲਈ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ 'ਚ ਆਦੇਸ਼ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਕਰਨਲ ਜਗਦੇਵ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਇਸ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਆਈ. ਕੇ. ਸਖੇਜਾ, ਡਾਕਟਰ ਘਣਸ਼ਾਮ, ਡਾਕਟਰ ਨੀਰਜਾ ਤੇ ਡਾਕਟਰ ਨੰਦਿਤਾ ਸਮੇਤ ਹੋਰ ਪਤਵੰਤੇ ਸੱਜਣ ਸ਼ਾਮਲ ਸਨ। ਸਕੂਲ ਦੇ ਐਮ. ਡੀ. ਪ੍ਰੋ. ਐਮ.ਐਲ ਅਰੋੜਾ ਨੇ ਮੁੱਖ ਮਹਿਮਾਨਾਂ ਸਮੇਤ ਸਮਾਗਮ ਵਿੱਚ ਸ਼ਾਮਲ ਵਿਦਿਆਰਥੀਆਂ ਦੇ ਮਾਪਿਆਂ ਦਾ ਸਵਾਗਤ ਕੀਤਾ। ਉਪਰੰਤ ਵਿਦਿਆਰਥੀਆਂ ਨੇ ਸ਼ਾਨਦਾਰ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਪੁਜ਼ੀਸ਼ਨਾਂ ਵਾਲੇ ਵਿਦਿਆਰਥੀਆਂ 12ਵੀਂ ਜਮਾਤ ਦੇ ਅੰਨਿਆ ਗੁਪਤਾ (96%), ਟਿਸ਼ਾ (94.4%), ਇਸ਼ਾਨੀ ਕਾਲੜਾ (92.8%) ਤੇ 10ਵੀਂ ਜਮਾਤ ਦੇ ਰਮਨਦੀਪ ਕੌਰ (96.4%), ਆਯੂਸ਼ ਭੱਟੀ (95.8%), ਤਨਵੀਰ ਸਿੰਘ ਅਰੋੜਾ (94%) ਸਮੇਤ ਹੋਰ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਦੇ ਐਮ. ਡੀ. ਪ੍ਰੋਫੈਸਰ ਅਰੋੜਾ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਵਿਦਿਆਰਥੀਆਂ ਨੂੰ ਸਫ਼ਲਤਾ ਦੀਆਂ ਸ਼ੁਭ ਕਾਮਨਾਵਾਂ ਦਿੱਤੀਆਂ।

ਪਾਥਵੇਜ਼ ਗਲੋਬਲ ਸਕੂਲ ਨੇ ਮਨਾਇਆ ਵਿਦਿਆਰਥੀ ਕੌਂਸਲ ਦਾ ਸਹੁੰ ਚੁੱਕ ਸਮਾਗਮ

ਕੋਟ ਈਸੇ ਖਾਂ (ਅਰੋੜਾ)-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਰ ਆਈ ਸੀ ਐਸ ਈ ਦਿੱਲੀ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲ ਹੈ ਅਤੇ ਆਪਣੇ ਬੱਚਿਆਂ ਨੂੰ ਵਰਲਡ ਕਲਾਸ ਦੀ ਐਜੂਕੇਸ਼ਨ ਦੇ ਰਿਹਾ ਹੈ, ਵਿਖੇ ਅੱਜ ਅਕਾਦਮਿਕ ਸੈਸ਼ਨ 2023-24 ਵਿਦਿਆਰਥੀ ਕੌਂਸਲ ਦਾ ਸਹੁੰ ਚੁੱਕ ਸਮਾਗਮ ਮਨਾਇਆ ਗਿਆ। ਇਹ ਸਮਾਗਮ ਬੜੀ ਧੂਮਧਾਮ ਨਾਲ ਕਰਵਾਇਆ ਗਿਆ। ਵਿਦਿਆਰਥੀ ਕੌਂਸਲ ਬੱਚਿਆਂ 'ਚ ਆਪਣੇ ਫਰਜ਼ਾਂ ਨੂੰ ਆਪਣੀ ਪੂਰੀ ਸਮਰੱਥਾ ਨਾਲ ਅਤੇ ਬਹੁਤ ਵਧੀਆ ਢੰਗ ਨਾਲ ਨਿਭਾਉਣ ਲਈ ਤਿਆਰ ਕਰਦਾ ਹੈ ਤਾਂ ਕਿ ਬੱਚੇ ਆਉਣ ਵਾਲੇ ਸਮੇਂ ਵਿਚ ਬਹੁਤ ਵਧੀਆ ਸਿਰਕੱਢ ਆਗੂ ਬਣ ਸਕਣ। ਪਾਥਵੇਜ਼ ਗਲੋਬਲ ਸਕੂਲ ਦਾ ਮੰਨਣਾ ਹੈ ਕਿ ਸਕੂਲ ਸਾਰੀਆਂ ਗਤੀਵਿਧੀਆਂ ਬੱਚਿਆਂ ਦੀ ਉੱਨਤੀ ਅਤੇ ਮਾਨਸਿਕ ਅਤੇ ਸਰੀਰਕ ਵਿਕਾਸ 'ਤੇ ਅਧਾਰਤ ਹੋਣੀਆਂ ਚਾਹੀਦੀਆਂ ਹਨ। ਇਸ ਸਮਾਗਮ ਵਿੱਚ ਚੁਣੇ ਗਏ ਵਿਦਿਆਰਥੀਆਂ ਦਾ ਪ੍ਰੋਫਾਈਲ ਪ੍ਰਿੰਸੀਪਲ ਹਰਵੰਤ ਸਿੰਘ, ਸਕੂਲ ਕਮੇਟੀ ਮੈਂਬਰ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਆਦਿ ਨੂੰ ਸੁਣਾਏ ਗਏ ਅਤੇ ਸਕੂਲ ਦੇ ਪ੍ਰਿੰਸੀਪਲ ਸਾਹਿਬ ਅਤੇ ਸਾਰੀ ਮੈਨੇਜਮੈਂਟ ਨੇ ਸਾਰੇ ਬੱਚਿਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਆਪਣੇ ਫਰਜ਼ ਨਿਭਾਉਣ ਲਈ ਨਿਰਪੱਖ ਅਤੇ ਇਮਾਨਦਾਰੀ ਨਾਲ ਕੰਮ ਕਰਨ ਦੀ ਸਲਾਹ ਦਿੱਤੀ।

ਵਿਦਿਆਰਥੀਆਂ ਲਈ ਸਮਰ ਕੈਂਪ ਦੌਰਾਨ ਪੂਲ ਪਾਰਟੀ

ਮਹਿਲ ਕਲਾਂ (ਬਲਵਿੰਦਰ ਵਜੀਦਕੇ)-ਇਲਾਕੇ ਦੀ ਉੱਘੀ ਸੰਸਥਾ ਜੀ. ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀਮਾਨ ਸੁਸ਼ੀਲ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਵਾਇਸ ਪ੍ਰਿੰਸੀਪਲ ਪੂਜਾ ਕੌਸ਼ਿਕ ਦੀ ਅਗਵਾਈ ਹੇਠ ਜਮਾਤ ਨਰਸਰੀ ਤੋਂ ਦੂਜੀ ਦੇ ਵਿਦਿਆਰਥੀ ਨੂੰ 'ਦਿ ਵਿੰਟੇਜ' ਬਰਨਾਲਾ ਲਿਜਾਇਆ ਗਿਆ ਅਤੇ ਜਮਾਤ ਤੀਜੀ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਜੀ. ਈ. ਸਿਨੇਮਾ ਬਰਨਾਲਾ ਵਿਖੇ ਬੱਚਿਆਂ ਨੂੰ 'ਮੇਰਾ ਬਾਬਾ ਨਾਨਕ' ਫਿਲਮ ਦੇਖਣ ਲਈ ਲਿਜਾਇਆ ਗਿਆ।

ਇਸ ਮੌਕੇ ਵਾਇਸ ਪ੍ਰਿੰਸੀਪਲ ਪੂਜਾ ਕੌਸ਼ਿਕ ਨੇ ਦੱਸਿਆ ਕਿ ਸਾਡਾ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ਼-ਨਾਲ਼ ਨੈਤਿਕ ਕਦਰਾਂ ਕੀਮਤਾਂ ਤੇ ਉਨ੍ਹਾਂ ਵਿੱਚ ਇੱਕ ਸੁਚਾਰੂ ਸੋਚ ਨੂੰ ਪੈਦਾ ਕਰਨਾ ਹੈ ਤਾਂ ਕਿ ਭਵਿੱਖ ਵਿੱਚ ਸਾਡੇ ਵਿਦਿਆਰਥੀ ਸਮਾਜ ਨੂੰ ਵਧੀਆ ਬਣਾਉਣ ਲਈ ਆਪਣਾ ਯੋਗਦਾਨ ਦੇ ਸਕਣ।

ਐੱਸ ਪੀ ਕੁਲਵੰਤ ਰਾਏ ਵਧੀਆ ਸੇਵਾਵਾਂ ਬਦਲੇ ਸਨਮਾਨਤ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਸ੍ਰੀ ਕੁਲਵੰਤ ਰਾਏ ਐਸ.ਪੀ, ਜੋ ਬਤੌਰ ਐਸ.ਪੀ (ਐਚ) ਦੀਆਂ ਸੇਵਾਵਾਂ ਨਿਭਾਅ ਰਹੇ ਹਨ ਤੇ ਆਪਣੀ ਡਿਊਟੀ ਬਹੁਤ ਲਗਨ ਅਤੇ ਇਮਨਾਦਾਰੀ ਨਾਲ ਕਰ ਰਹੇ ਹਨ। ਸ੍ਰੀ ਕੁਲਵੰਤ ਰਾਏ ਐਸ.ਪੀ. (ਐਚ) ਨੂੰ ਉਨ੍ਹਾਂ ਵੱਲੋਂ ਦਿੱਤੀਆਂ ਚੰਗੀਆਂ ਸੇਵਾਵਾਂ ਬਦਲੇ ਉਨ੍ਹਾਂ ਨੂੰ ਡੀ.ਜੀ.ਪੀ. ਕਮੈਂਡੇਸ਼ਨ ਡਿਸਕ ਨਾਲ ਸਨਮਾਨਤ ਕੀਤਾ ਗਿਆ ਹੈ। ਇਹ ਡੀ.ਜੀ.ਪੀ ਕਮੈਂਡੇਸ਼ਨ ਡਿਸਕ ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ. ਐਸ.ਐਸ.ਪੀ ਨੇ ਲਾਈ ਅਤੇ ਐਸ.ਪੀ.ਕੁਲਵੰਤ ਰਾਏ ਨੂੰ ਵਧਾਈ ਦਿੱਤੀ। ਡਿਸਕ ਤੋਂ ਪਹਿਲਾਂ ਵੀ 02 ਡੀ.ਜੀ.ਪੀ ਕਮੈਂਡੇਸ਼ਨ ਡਿਸਕਾਂ ਨਾਲ ਉਨ੍ਹਾਂ ਨੂੰ ਸਨਮਾਨਿਆ ਗਿਆ ਹੈ। 2016 ਵਿੱਚ ਬਤੌਰ ਡੀ.ਐਸ.ਪੀ ਸਬ ਡਵੀਜ਼ਨ ਗੁਰਦਾਸਪੁਰ ਦੀ ਤਾਇਨਾਤੀ ਸਮੇਂ ਵਧੀਆ ਡਿਊਟੀ ਕਰਨ 'ਤੇ ਉਨ੍ਹਾਂ ਨੂੰ ਡਿਸਕ ਨਾਲ ਸਨਮਾਨਤ ਕੀਤਾ ਗਿਆ ਸੀ ਅਤੇ ਦੂਜੀ ਡੀ.ਜੀ.ਪੀ. ਕਮੈਂਡੇਸ਼ਨ ਡਿਸਕ 2022 ਵਿੱਚ ਬਤੌਰ ਐਸ.ਪੀ.ਪੀ.ਬੀ.ਆਈ ਵਿਖੇ ਤਾਇਨਾਤ ਸੀ। ਉਸ ਸਮੇਂ ਕਈ ਸਾਲਾਂ ਤੋਂ ਉਲਝੇ ਹੋਏ ਕਤਲ ਕੇਸ ਨੂੰ ਟਰੇਸ ਕਰਨ ਤੇ ਉਨ੍ਹਾਂ ਨੂੰ ਡੀ.ਜੀ.ਪੀ. ਡਿਸਕ ਨਾਲ ਸਨਮਾਨਤ ਕੀਤਾ ਗਿਆ ਸੀ ਤੇ ਤੀਜੀ ਡੀ.ਜੀ.ਪੀ ਕਮੈਂਡੇਸ਼ਨ ਡਿਸਕ ਉਨ੍ਹਾਂ ਨੂੰ ਕਈ ਸਾਲਾਂ ਤੋਂ ਲੋਕਾਂ ਦੀਆਂ ਪੈਂਡਿੰਗ ਚੱਲ ਰਹੀਆਂ ਦਰਖਾਸਤਾਂ ਦਾ ਨਿਪਟਾਰਾ ਕਰਨ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਰਮਨਦੀਪ ਸਿੰਘ ਭੁੱਲਰ ਐਸ.ਪੀ. (ਡੀ), ਅਵਤਾਰ ਸਿੰਘ ਡੀ.ਐਸ.ਪੀ (ਐੱਚ), ਸਤਨਾਮ ਸਿੰਘ ਡੀ.ਐਸ.ਪੀ, ਬਲਕਾਰ ਸਿੰਘ ਡੀ.ਐਸ.ਪੀ (ਮਲੋਟ), ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ) ਮੌਜੂਦ ਸਨ।

ਨਹਿਰੂ, ਮਹਾਤਮਾ ਗਾਂਧੀ ਤੇ ਔਰੰਗਜ਼ੇਬ ਦੇ ਖਾਨਦਾਨ ਸੰਬੰਧੀ ਪ੍ਰਧਾਨ ਮੰਤਰੀ ਦਫਤਰ ਕੋਲ ਕੋਈ ਜਾਣਕਾਰੀ ਨਹੀਂ !

ਜੈਤੋ (ਸਤੀਸ਼ ਕੁਮਾਰ ਭੀਰੀ)-ਦੇਸ਼ ਦੀ ਆਜ਼ਾਦੀ ਤੋਂ ਬਾਅਦ ਸੱਤਾਧਾਰੀ ਕੇਂਦਰੀ ਸਰਕਾਰ ਵੱਲੋਂ ਮਹਿਮਾ ਮੰਡਨ ਦੇ ਪਾਤਰ ਬਣੇ ਜ਼ਾਲਮ ਮੁਗਲ ਹਕੂਮਤ ਦੇ ਸ਼ਾਸਕਾਂ ਸਬੰਧੀ ਕੇਂਦਰ ਸਰਕਾਰ ਕੋਲ ਕੋਈ ਜਾਣਕਾਰੀ ਨਹੀਂ ਹੈ, ਜਦਕਿ ਵੱਖ ਵੱਖ ਸਕੂਲੀ ਤੇ ਕਾਲਜੀ ਸਿਲੇਬਸ ਮੁਗਲ ਸ਼ਾਸਕਾਂ ਅਤੇ ਉਨ੍ਹਾਂ ਦੇ ਪਰਿਵਾਰ ਤੇ ਪਿਛੋਕੜ ਬਾਰੇ ਸੋਹਲੇ ਗਾਉਂਦੇ ਨਜ਼ਰ ਆਉਂਦੇ ਹਨ।

ਕਿਤਾਬਾਂ ਤਾਂ ਦੱਸਦੀਆਂ ਹਨ ਕਿ ਆਖਰੀ ਮੁਗਲ ਹਾਕਮ ਬਹਾਦਰ ਸ਼ਾਹ ਜ਼ਫਰ ਦਾ ਪਿਤਾ, ਬਾਬਾ ਤੇ ਪੜਦਾਦਾ ਕੌਣ ਸੀ, ਪ੍ਰੰਤੂ ਸਾਡੀ ਕੇਂਦਰ ਸਰਕਾਰ ਸਾਡੀ ਪੜ੍ਹਾਈ ਦੇ ਹੀਰੋ ਬਣਾਏ ਗਏ ਮੁਗਲਾਂ ਦੇ ਇਤਿਹਾਸ ਤੋਂ ਸੱਖਣੀ ਹੈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਦੇ ਪਰਿਵਾਰ ਤੇ ਪਿਛੋਕੜ ਬਾਰੇ ਭਾਰਤ ਸਰਕਾਰ ਕੋਲ ਕੋਈ ਜਾਣਕਾਰੀ ਨਹੀਂ ਹੈ, ਜਿਵੇਂ ਕਿ ਜਵਾਹਰ ਲਾਲ ਨਹਿਰੂ ਦਾ ਦਾਦਾ ਕੌਣ ਸੀ, ਪੜਦਾਦਾ ਕੌਣ ਸੀ ਤੇ ਉਹ ਕਿੱਥੋਂ ਦੇ ਰਹਿਣ ਵਾਲੇ ਸੀ? ਬਹੁਤ ਹੀ ਹੈਰਾਨੀ ਨਾਲ ਲਿਖਣਾ ਪੈ ਰਿਹਾ ਹੈ ਕਿ ਦੇਸ਼ ਦੇ ਸਰਵੇ ਸਰਵਾ ਬਣੇ ਆਗੂਆਂ ਨੇ ਕਿਸ ਸਚਾਈ ਨੂੰ ਮਾਰਨ ਲਈ ਆਪਣੇ ਪਿਛੋਕੜ ਤੋਂ ਦੇਸ਼ ਦੀ ਆਵਾਮ ਨੂੰ ਰੂ-ਬ-ਰੂ ਨਹੀਂ ਹੋਣ ਦਿੱਤਾ। ਇੱਥੇ ਹੀ ਬਸ ਨਹੀਂ, ਦੇਸ਼ ਦੇ ਰਾਸ਼ਟਰਪਿਤਾ ਵਜੋਂ ਅੱਗੇ ਕੀਤੇ ਗਏ ਮਹਾਤਮਾ ਗਾਂਧੀ ਦੇ ਪਰਿਵਾਰ ਤੇ ਪਿਛੋਕੜ ਸਬੰਧੀ ਆਰ ਟੀ ਆਈ ਕਾਰਕੁਨ ਐਡਵੋਕੇਟ ਸਤੀਸ਼ ਕੁਮਾਰ ਭੀਰੀ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਵੀ ਭਾਰਤ ਸਰਕਾਰ ਭਾਵ ਪ੍ਰਧਾਨ ਮੰਤਰੀ ਦਫਤਰ ਕੋਲ ਕੋਈ ਜਾਣਕਾਰੀ ਨਹੀਂ ਹੈ। 'ਨਵਾਂ ਜ਼ਮਾਨਾ' ਨੂੰ ਖਬਰ ਭੇਜਦੇ ਹੋਏ ਐਡਵੋਕੇਟ ਸਤੀਸ਼ ਕੁਮਾਰ ਭੀਰੀ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਬੱਚਿਆਂ ਦੀ ਪੜ੍ਹਾਈ ਦੇ ਹੀਰੋ ਬਣਾਏ ਗਏ ਇਨ੍ਹਾਂ ਗੁਮਨਾਮ ਪਰਿਵਾਰਕ ਪਿਛੋਕੜ ਵਾਲੇ ਆਗੂਆਂ ਬਾਰੇ ਜਾਂਚ ਕਰਦੇ ਹੋਏ ਸਚਾਈ ਤੋਂ ਦੇਸ਼ ਦੀ ਆਵਾਮ ਨੂੰ ਜਾਣੂ ਕਰਵਾਉਣ ਲਈ ਕਦਮ ਚੁੱਕਣਾ ਚਾਹੀਦਾ ਹੈ।

ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ 'ਚ ਤੰਬਾਕੂ ਵਿਰੋਧੀ ਜਾਗਰੂਕਤਾ ਸੈਮੀਨਾਰ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਬਾਲਿਆਂਵਾਲੀ ਡਾ.ਗੁਰਮੇਲ ਸਿੰਘ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ ਪਿੰਡ ਵਿਖੇ 'ਸਾਨੂੰ ਭੋਜਨ ਦੀ ਲੋੜ ਹੈ, ਤੰਬਾਕੂ ਦੀ ਨਹੀਂ' ਦੇ ਸਲੋਗਨ ਹੇਠ ਜਾਗਰੂਕਤਾ ਸੈਮੀਨਾਰ ਦੇ ਰੂਪ ਵਿੱਚ ਮਨਾਇਆ ਗਿਆ। ਇਸ ਜਾਗਰੂਕਤਾ ਕੈਂਪ 'ਚ ਹਾਜ਼ਰ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਬਲਾਕ ਐਜੂਕੇਟਰ ਜਗਤਾਰ ਸਿੰਘ ਵੱਲੋਂ ਤੰਬਾਕੂ ਨਾ ਸੇਵਨ ਕਰਨ ਅਤੇ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਅਤੇ ਭਵਿੱਖ ਵਿੱਚ ਤੰਬਾਕੂ ਦਾ ਸੇਵਨ ਨਾ ਕਰਨ ਸੰਬੰਧੀ ਬੱਚਿਆਂ ਨੂੰ ਸਹੁੰ ਵੀ ਚੁਕਾਈ ਗਈ। ਜਗਤਾਰ ਸਿੰਘ ਨੇ ਕਿਹਾ ਕਿ ਜਿਹੜੇ ਲੋਕ ਬੀੜੀ ਸਿਗਰਟ ਦਾ ਪ੍ਰਯੋਗ ਕਰਦੇ ਹਨ, ਉਨ੍ਹਾਂ ਦੇ ਫੇਫੜੇ, ਸਾਹ ਪ੍ਰਣਾਲੀ ਆਦਿ 'ਤੇ ਬੁਰਾ ਅਸਰ ਪੈਂਦਾ ਹੈ ਤੇ ਇਨ੍ਹਾਂ ਨੂੰ ਆਮ ਲੋਕਾਂ ਦੇ ਮੁਕਾਬਲੇ ਦਮਾ, ਟੀ. ਬੀ. ਆਦਿ ਹੋਣ ਦਾ ਖਤਰਾ ਵੱਧ ਹੁੰਦਾ ਹੈ। ਗੁਰਚੇਤ ਸਿੰਘ ਸਿਹਤ ਸੁਪਰਵਾਈਜ਼ਰ ਨੇ ਹਾਜ਼ਰੀਨ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਅੱਜ ਤੋਂ ਅਸੀਂ ਸਾਰੇ ਪ੍ਰਣ ਕਰੀਏ ਕਿ ਜੋ ਸਾਡੇ ਆਸ ਪਾਸ ਜਾਣਕਾਰ ਤੰਬਾਕੂ ਦਾ ਸੇਵਨ ਕਰਦੇ ਹਨ, ਉਨ੍ਹਾਂ ਨੂੰ ਅਸੀਂ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਦੱਸ ਕੇ ਅਸੀਂ ਉਨ੍ਹਾਂ ਨੂੰ ਤੰਬਾਕੂ ਛੁਡਵਾਉਣ ਦਾ ਯਤਨ ਕਰਵਾਵਾਂਗੇ। ਸਿਹਤ ਵਿਭਾਗ ਦੀ ਇਸ ਜਾਗਰੂਕਤਾ ਟੀਮ ਵਿੱਚ ਨਰੇਸ਼ ਕੁਮਾਰ ਫਾਰਮੇਸੀ ਅਫਸਰ, ਪਰਮਿੰਦਰਪਾਲ ਸਿੰਘ, ਕਰਮਜੀਤ ਕੌਰ ਏ.ਐਨ.ਐਮ., ਕਮਲਦੀਪ ਕੌਰ ਏ.ਐਨ.ਐਮ, ਕਰਮਜੀਤ ਕੌਰ ਏ.ਐਨ.ਐਮ, ਸਕੂਲ ਪ੍ਰਿੰਸੀਪਲ ਜਸਵੀਰ ਸਿੰਘ, ਅਧਿਆਪਕ ਰੋਮੀ ਗਰਗ, ਰਾਜਵੰਤ ਸਿੰਘ, ਪ੍ਰੀਤਮ ਸਿੰਘ ਅਤੇ ਆਸ਼ਾ ਵਰਕਰ ਆਦਿ ਹਾਜ਼ਰ ਸਨ।

'ਓਪਰੇਸ਼ਨ ਵ੍ਹਾਈਟ ਫਲੱਡ' ਚਲਾਉਣ ਵਾਲਾ ਪੰਜਾਬ ਦਾ ਪਹਿਲਾ ਜ਼ਿਲ੍ਹਾ ਬਣੇਗਾ ਮੋਗਾ

ਮੋਗਾ (ਅਮਰਜੀਤ ਬੱਬਰੀ)-ਜ਼ਿਲ੍ਹਾ ਪ੍ਰਸ਼ਾਸਨ ਮੋਗਾ, ਉਦਯੋਗ ਕੇਂਦਰ ਦੇ ਸਹਿਯੋਗ ਨਾਲ ਮੋਗਾ ਵਿਖੇ ਇੱਕ ਤਰ੍ਹਾਂ ਦਾ ਵਿਲੱਖਣ ਲੋਕ ਪੱਖੀ ਓਪਰੇਸ਼ਨ ਸ਼ੁਰੂ ਕਰਨ ਜਾ ਰਿਹਾ ਹੈ, ਜਿਸ ਦਾ ਨਾਂਅ ਹੈ "ਓਪਰੇਸ਼ਨ ਵਾਈਟ ਫਲੱਡ"। ਓਪਰੇਸ਼ਨ ਵਾਈਟ ਫਲੱਡ ਦਾ ਮੁੱਖ ਮਨੋਰਥ ਜ਼ਿਲ੍ਹਾ ਮੋਗਾ ਵਿੱਚ ਦੁੱਧ ਦੀ ਪੈਦਾਵਾਰ ਨੂੰ ਤਿੰਨ ਗੁਣਾ ਤੱਕ ਵਧਾ ਕੇ ਪਿੰਡਾਂ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਅਤੇ ਉਨ੍ਹਾਂ ਦੀ ਕਮਾਈ ਵਿੱਚ ਵਾਧਾ ਕਰਨਾ ਹੈ। ਕਿਸਾਨਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵਾਈਟ ਫਲੱਡ ਓਪਰੇਸ਼ਨ ਨੂੰ ਸ਼ੁਰੂ ਕਰਨ ਵਾਲਾ ਮੋਗਾ ਪੰਜਾਬ ਦਾ ਪਹਿਲਾ ਜ਼ਿਲ੍ਹਾ ਬਣੇਗਾ। ਇਸ ਸੰਬੰਧੀ ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਨੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਟਾਕ ਹੋਲਡਰਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਉਨ੍ਹਾ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਸੁਖਮਿੰਦਰ ਸਿੰਘ ਰੇਖੀ, ਡੇਅਰੀ ਵਿਭਾਗ, ਪਸ਼ੂ ਪਾਲਣ ਵਿਭਾਗ ਤੋਂ ਡਿਪਟੀ ਡਾਇਰੈਕਟਰ ਡਾ. ਹਰਵੀਨ ਕੌਰ ਵੀ ਹਾਜ਼ਰ ਸਨ। ਜ਼ਿਲ੍ਹਾ ਵਿੱਚ ਦੁੱਧ ਦੀ ਪੈਦਾਵਾਰ ਨੂੰ ਤਿੰਨ ਗੁਣਾ ਤੱਕ ਵਧਾਉਣ ਲਈ ਓਪਰੇਸ਼ਨ ਵਾਈਟ ਫਲੱਡ ਜ਼ਰੀਏ ਵੱਡੀ ਗਿਣਤੀ ਵਿੱਚ ਪਿੰਡ ਪੱਧਰੀ ਜਾਗਰੂਕਤਾ ਕੈਂਪ ਲਗਾਏ ਜਾਣਗੇ ਜਿਸ ਵਿੱਚ ਪੰਜਾਬ ਸਰਕਾਰ, ਕੇਂਦਰ ਸਰਕਾਰ ਦੀਆਂ ਪਸ਼ੂ ਪਾਲਣ ਅਤੇ ਖੇਤੀਬਾੜੀ ਧੰਦੇ ਲਈ ਸਹਾਈ ਸਕੀਮਾਂ ਬਾਰੇ ਜਾਣਕਾਰੀਆਂ ਦਿੱਤੀਆਂ ਜਾਣਗੀਆਂ। ਇਨ੍ਹਾਂ ਜਾਗਰੂਕਤਾ ਕੈਂਪਾਂ ਨੂੰ ਇਸ ਢੰਗ ਨਾਲ ਆਯੋਜਿਤ ਕੀਤਾ ਜਾਵੇਗਾ ਕਿ ਕਿਸਾਨ ਜਾਂ ਲਾਭ ਲੈਣ ਵਾਲੇ ਵਿਅਕਤੀ ਨੂੰ ਸਿਰਫ ਇੱਕੋ ਸਥਾਨ ਉੱਪਰ ਹੀ ਆਪਣੀਆਂ ਸਾਰੀਆਂ ਸਮੱਸਿਆਵਾਂ ਦੇ ਹੱਲ ਮਿਲ ਸਕਣਗੇ ਜਿਵੇਂ ਕਿ ਉਹ ਕਿਹੜੀ ਸਕੀਮ ਤਹਿਤ ਆਪਣੇ ਪਸ਼ੂ ਪਾਲਣ ਦੇ ਧੰਦੇ ਨੂੰ ਪ੍ਰਫੁਲਤ ਕਰਨ ਲਈ ਆਰਥਕ ਸਹਾਇਤਾ ਪ੍ਰਾਪਤ ਕਰਨਾ ਚਾਹੁੰਦਾ ਹੈ ਅਤੇ ਜਿਹੜੀ ਸਕੀਮ ਵਿੱਚ ਉਹ ਜਾਣਾ ਚਾਹੁੰਦਾ ਹੈ, ਬੈਂਕਾਂ ਦੇ ਪ੍ਰਤੀਨਿਧੀ ਅਤੇ ਹੋਰ ਵੀ ਸੰਬੰਧਤ ਵਿਭਾਗ ਉਸੇ ਕੈਂਪ ਵਿੱਚ ਹੀ ਕਿਸਾਨ ਜਾਂ ਲਾਭਪਾਤਰੀ ਦੀ ਸਹਾਇਤਾ ਕਰਨਗੇ। ਪਿੰਡਾਂ ਦੇ ਜ਼ਿਆਦਾਤਰ ਲੋਕ ਖੇਤੀਬਾੜੀ ਅਤੇ ਦੁੱਧ ਦੇ ਧੰਦੇ ਉੱਪਰ ਆਪਣੀ ਰੋਜ਼ੀ ਰੋਟੀ ਚਲਾ ਰਹੇ ਹਨ ਪ੍ਰੰਤੂ ਵੇਖਣ ਵਿੱਚ ਇਹ ਆਇਆ ਹੈ ਕਿ ਤਕਨੀਕੀ ਜਾਣਕਾਰੀ ਦੀ ਘਾਟ ਹੋਣ ਕਾਰਨ ਹੀ ਲੋਕ ਦੁੱਧ ਦੇ ਸਹਾਇਕ ਧੰਦੇ ਨੂੰ ਛੱਡ ਰਹੇ ਹਨ। ਇਸ ਓਰਪੇਸ਼ਨ ਨੂੰ ਸਫ਼ਲ ਬਣਾਉਣ ਲਈ ਡਿਪਟੀ ਕਮਿਸ਼ਨਰ ਵੱਲੋਂ ਦੁੱਧ ਦੇ ਖੇਤਰ ਨਾਲ ਸੰਬੰਧਤ ਸਟਾਕ ਹੋਲਡਰਾਂ ਤੋਂ ਸਾਥ ਦੀ ਮੰਗ ਵੀ ਕੀਤੀ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਸੰਬੰਧਤ ਵਿਭਾਗਾਂ ਦੀ ਹਾਜ਼ਰੀ ਵਿੱਚ ਰੂਪ ਰੇਖਾ ਵੀ ਉਲੀਕੀ ਗਈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਏ.ਜੀ.ਐਮ. ਨਾਬਾਰਡ ਐਸ.ਸੀ. ਕਾਰਪੋਰੇਸ਼ਨ, ਬੀ.ਸੀ. ਕਾਰਪੋਰੇਸ਼ਨ, ਐਨ ਆਰ ਐਲ ਐਮ, ਗ੍ਰਾਮੀਣ ਬੈਂਕ ਮੋਗਾ, ਕੋਆਪਰੇਟਿਵ ਸੈਂਟਰਲ ਬੈਂਕ ਮੋਗਾ, ਸਿਡਬੀ ਲੁਧਿਆਣਾ, ਮੈਨੇਜਰ ਵੇਰਕਾ ਲੁਧਿਆਣਾ, ਨੈਸਲੇ ਲਿਮ. ਮੋਗਾ, ਚੱਡਾ ਮਿਲਕ ਪਲਾਂਟ ਮੋਗਾ, ਐਮ.ਸੀ. ਟ੍ਰੇਡਰ ਲੁਧਿਆਣਾ, ਪਯੋਰ ਇੰਡੀਆ ਟਰੱਸਟ ਅਤੇ ਬਾਣੀ ਮਿਲਕ ਪਟਿਆਲਾ ਨੇ ਹਿੱਸਾ ਲਿਆ।

ਪ੍ਰੀਤਮ ਸਿੰਘ ਸੌ ਪ੍ਰਤੀਸ਼ਤ ਅੰਕ ਹਾਸਲ ਕਰਨ 'ਤੇ ਸਨਮਾਨਤ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਸਵੇਰ ਦੀ ਸਭਾ ਵਿੱਚ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਕੂਲ ਦੇ ਕੌਮੀ ਸੇਵਾ ਯੋਜਨਾ ਯੂਨਿਟ ਵੱਲੋਂ ਪ੍ਰੋਗਰਾਮ ਅਫਸਰ ਜਸਬੀਰ ਕੌਰ ਲੈਕਚਰਾਰ ਤੇ ਮੋਨਿਕਾ ਗਰੋਵਰ ਲੈਕਚਰਾਰ ਰਾਹੀਂ ਪ੍ਰਿੰਸੀਪਲ ਜਗਦੀਪ ਪਾਲ ਸਿੰਘ ਦੀ ਰਹਿਨੁਮਾਈ ਹੇਠ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਤੇ ਵਿਦਿਆਰਥੀਆਂ ਨੂੰ ਤੰਬਾਕੂ ਦੀ ਵਰਤੋਂ ਨਾਲ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕ ਕਰਦੇ ਹੋਏ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੰਚ ਸੰਚਾਲਣ ਹਰਜਿੰਦਰ ਕੌਰ ਵਿਸ਼ੇਸ਼ ਰਿਸੋਰਸ ਪਰਸਨ, ਹਰਲੀਨ ਕੌਰ ਲੈਕਚਰਾਰ ਬਾਇਓ ਵੱਲੋਂ ਵਿਸਥਾਰ ਵਿੱਚ ਤੰਬਾਕੂ ਨਾਲ ਪੈਦਾ ਹੋਣ ਵਾਲੀਆਂ ਬਿਮਾਰੀਆਂ ਤੇ ਸਰੀਰ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਵਾਲੇ ਜਾਣਕਾਰੀ ਦਿੱਤੀ। ਇਸ ਉਪਰੰਤ ਸਕੂਲ ਦਾ ਨਾਂਅ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ, ਜਿਨ੍ਹਾਂ ਨੇ ਦਿਨ-ਰਾਤ ਮਿਹਨਤ ਕਰਕੇ ਚੰਗੇ ਨੰਬਰ ਹਾਸਲ ਕੀਤੇ, ਉਨ੍ਹਾਂ ਨੂੰ ਸਨਮਾਨਤ ਕਰਦੇ ਹੋਏ ਪ੍ਰਿੰਸੀਪਲ ਜਗਦੀਪ ਪਾਲ ਸਿੰਘ ਨੇ ਦੱਸਿਆ ਕਿ ਅਨੁਸ਼ਾਸਨ ਜੀਵਨ ਵਿੱਚ ਭਵਿੱਖ ਨੂੰ ਉਜਵਲ ਬਣਾਉਣ ਲਈ ਇੱਕ ਮਹੱਤਵਪੂਰਨ ਮਾਪਦੰਡ ਹੈ, ਜੋ ਵਿਦਿਆਰਥੀ ਅਨੁਸ਼ਾਸਨ ਵਿਚ ਰਹਿ ਕੇ ਸਮੇਂ ਦੀ ਕਦਰ ਕਰਦਾ ਹੈ, ਉਹ ਹਰ ਪੱਖੋਂ ਅੱਵਲ ਆਉਂਦਾ ਹੈ। ਵਿਦਿਆਰਥੀ ਪ੍ਰੀਤਮ ਸਿੰਘ, ਜਿਸ ਨੇ ਇਸ ਸਕੂਲ ਵਿੱਚ ਛੇਵੀਂ ਕਲਾਸ ਵਿੱਚ ਦਾਖ਼ਲਾ ਲਿਆ ਹੈ, ਉਸ ਨੇ ਪੰਜਵੀਂ ਬੋਰਡ ਦੀ ਪ੍ਰੀਖਿਆ ਵਿੱਚ 500 ਵਿੱਚੋਂ 500 ਅੰਕ ਹਾਸਲ ਕਰਕੇ ਇਸ ਸਕੂਲ ਵਿੱਚ ਦਾਖਲਾ ਲੈਣ ਤੇ ਸਮੂਹ ਸਟਾਫ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਸਮਾਗਮ ਦੌਰਾਨ ਸਨਮਾਨਤ ਕੀਤਾ।

2June-PAGE-11-Majha.qxd 6/1/2023 10:33 PM Page 1

ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਪੁਰਾਣੀ ਰੰਜਿਸ਼ ਨੂੰ ਲੈ ਕੇ ਪਿਉ-ਪੁੱਤ ਨੂੰ ਜ਼ਖ਼ਮੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੁਲਸ ਥਾਣਾ ਦੋਰਾਂਗਲਾ ਨੂੰ ਦਿੱਤੀ ਸ਼ਿਕਾਇਤ ਵਿਚ ਮੁਦਈ ਮਨੋਹਰ ਲਾਲ ਪੁੱਤਰ ਕਸ਼ਮੀਰ ਲਾਲ ਵਾਸੀ ਮਗਰ ਮੁਦੀਆਂ ਨੇ ਦੱਸਿਆ ਕਿ ਉਹ ਅੱਡਾ ਮਗਰ ਮੁਦੀਆਂ ਵਿਖੇ ਮੀਟ ਦੀ ਦੁਕਾਨ ਕਰਦਾ ਹੈ। ਬੀਤੀ 26 ਮਈ ਨੂੰ ਰਾਤ ਵੇਲੇ ਉਸ ਦੀ ਦੁਕਾਨ ਦੇ ਬਾਹਰ ਤਿੰਨ ਵਿਅਕਤੀ ਮੋਟਰਸਾਈਕਲ 'ਤੇ ਆਏ, ਜਿਨ੍ਹਾਂ ਨੂੰ ਵੇਖ ਕੇ ਉਹ ਆਪਣੀ ਦੁਕਾਨ ਤੋਂ ਬਾਹਰ ਆਇਆ। ਇਸੇ ਦੌਰਾਨ ਉਕਤ ਵਿਅਕਤੀ ਬਲਵਿੰਦਰ ਸਿੰਘ ਪੁੱਤਰ ਹਰਜੀਤ ਸਿੰਘ, ਰਵਿੰਦਰ ਸਿੰਘ ਪੁੱਤਰ ਕਿਰਪਾਲ ਸਿੰਘ ਵਾਸੀ ਮਗਰ ਮੁਦੀਆਂ ਅਤੇ ਸਿਮਰਨਜੀਤ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਭਾਗੋਕਾਵਾਂ ਨੇ ਦਸਤੀ ਹਥਿਆਰਾਂ ਨਾਲ ਉਸ ਉਤੇ ਹਮਲਾ ਕਰ ਦਿੱਤਾ। ਜਦੋਂ ਉਸ ਦਾ ਪਿਤਾ ਉਸ ਨੂੰ ਛੁਡਾਉਣ ਲਈ ਅੱਗੇ ਆਇਆ ਤਾਂ ਉਕਤ ਵਿਅਕਤੀਆਂ ਨੇ ਉਸ ਦੇ ਪਿਤਾ ਨੂੰ ਵੀ ਜ਼ਖ਼ਮੀ ਕਰ ਦਿੱਤਾ। ਪੀੜਤ ਸਿਵਲ ਹਸਪਤਾਲ ਗੁਰਦਾਸਪੁਰ ਜ਼ੇਰੇ ਇਲਾਜ ਰਿਹਾ ਹੈ। ਝਗੜੇ ਨੂੰ ਪੁਰਾਣੀ ਰੰਜਿਸ਼ ਦੱਸਿਆ ਜਾ ਰਿਹਾ ਹੈ। ਥਾਣਾ ਦੋਰਾਂਗਲਾ ਪੁਲਸ ਨੇ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਫਿਲਵਾਲ ਮਾਮਲੇ ਸੰਬੰਧੀ ਕੋਈ ਗ੍ਰਿਫਤਾਰੀ ਨਹੀਂ ਹੋਈ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਤਰਸਿੱਕਾ ਨੇ ਪਿੰਡ ਵਾਸੀਆਂ ਨੂੰ ਨਸ਼ੇ ਵਿਰੁੱਧ ਕੀਤਾ ਲਾਮਬੰਦ

ਤਰਸਿਕਾ (ਤਰਸੇਮ ਸਿੰਘ ਸਾਧਪੁਰ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ੋਨ ਤਰਸਿੱਕਾ ਦੇ ਆਗੂਆਂ ਵੱਲੋਂ ਗੁਰਦੁਆਰਾ ਲਹਿੰਦੀ ਪੱਤੀ ਮਾਂਗਟ ਤਰਸਿੱਕਾ ਵਿਖੇ ਇਕੱਤਰਤਾ ਕੀਤੀ ਗਈ। ਇਸ ਦੀ ਪ੍ਰਧਾਨਗੀ ਬਲਜੀਤ ਸਿੰਘ ਲਾਲੀ ਨੇ ਕੀਤੀ। ਇਸ ਇਕੱਤਰਤਾ ਸੰਬੰਧੀ ਜਾਣਕਾਰੀ ਦਿੰਦਿਆ ਪ੍ਰਧਾਨ ਬਲਜੀਤ ਸਿੰਘ ਨੇ ਦੱਸਿਆ ਕਿ ਇਸ ਇਕੱਤਰਤਾ ਵਿੱਚ ਕਮੇਟੀ ਨੇ ਸਰਬਸੰਮਤੀ ਨਾਲ ਲਗਾਤਾਰ ਪਿੰਡ ਤਰਸਿੱਕਾ ਵਿੱਚ ਨਸ਼ੇ ਦੇ ਵਧ ਰਹੇ ਰੁਝਾਨ ਦੇ ਚਲਦਿਆਂ ਨਸ਼ੇ ਦੇ ਵਿਰੋਧ ਵਿੱਚ ਪਿੰਡ ਵਾਸੀਆਂ ਨੂੰ ਲਾਮਬੰਦ ਕਰਨ ਸੰਬੰਧੀ ਮਤਾ ਪਾਸ ਕੀਤਾ ਗਿਆ। ਉਨ੍ਹਾ ਕਿਹਾ ਕਿ ਕਮੇਟੀ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਨਸ਼ੇ ਦੇ ਵਿਰੋਧ ਵਿੱਚ ਸਾਰੇ ਨਗਰ ਦੇ ਗੁਰਦੁਆਰਾ ਸਾਹਿਬਾਨ ਵਿੱਚ ਅਨਾਊਂਸਮੈਂਟ ਕਰਵਾਈ ਜਾਵੇਗੀ ਕਿ ਕੋਈ ਵੀ ਸੱਜਣ ਨਸ਼ੇ ਨਾਲ ਸੰਬੰਧਤ ਸਮਾਜ ਵਿਰੋਧੀ ਅਨਸਰ ਦੀ ਹਮਾਇਤ ਨਾ ਕਰੇ। ਇਸ ਸੰਬੰਧੀ ਗੁਰੂ ਘਰਾਂ, ਸਮਾਜਕ ਸਾਂਝੀਆਂ ਥਾਵਾਂ ਉੱਪਰ ਲਿਖ ਕੇ ਲਗਾਇਆ ਜਾਵੇਗਾ। ਹੋਰ ਜਾਣਕਾਰੀ ਦਿੰਦਿਆਂ ਪ੍ਰੈੱਸ ਸਕੱਤਰ ਸਿਮਰਨਜੀਤ ਸਿੰਘ ਮਾਂਗਟ ਦੱਸਿਆ ਕਿ ਪ੍ਰਸ਼ਾਸਨ ਨੂੰ ਵੀ ਇਸ ਸੰਬੰਧੀ ਇਕ ਵਾਰ ਮੰਗ ਪੱਤਰ ਦਿੱਤਾ ਜਾਵੇਗਾ, ਉਸ ਉਪਰੰਤ ਸੰਘਰਸ਼ ਦਾ ਰਾਹ ਅਪਣਾਇਆ ਜਾਵੇਗਾ। ਉਨ੍ਹਾ ਨੇ ਮੌਜੂਦਾ ਪੰਚਾਇਤ ਦੇ ਸਰਪੰਚ ਅਤੇ ਮੈਂਬਰਾਂ ਪਾਸੋਂ ਵੀ ਮੰਗ ਕੀਤੀ ਕਿ ਪੰਚਾਇਤ ਨਸ਼ੇ ਦੇ ਵਿਰੋਧ ਵਿੱਚ ਮਤਾ ਪਾ ਕੇ ਸਮਾਜ ਪ੍ਰਤੀ ਉਨ੍ਹਾਂ ਦਾ ਪੱਖ ਵੀ ਸਪੱਸ਼ਟ ਕਰੇ। ਉਨ੍ਹਾ ਪਿੰਡ ਵਾਸੀਆਂ ਨੂੰ ਪਾਰਟੀਬਾਜ਼ੀ ਤੋਂ ਉਪਰ ਉੱਠ ਕਿ ਨਸ਼ੇ ਵਿਰੁੱਧ ਇਸ ਜੰਗ ਵਿੱਚ ਸਹਿਯੋਗ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਬਾਗ ਸਿੰਘ ਦੋਧੀ, ਸੁਖਜੀਤ ਸਿੰਘ, ਜਸਪਾਲ ਸਿੰਘ ਸ਼ਾਹ, ਦਿਲਾਵਰ ਸਿੰਘ, ਦਿਲਬਾਗ ਸਿੰਘ ਸ਼ਾਹ, ਰਣਜੀਤ ਸਿੰਘ, ਅਮਰੀਕ ਸਿੰਘ, ਸੁਖਦੇਵ ਸਿੰਘ, ਗੁਰਬਿੰਦਰ ਸਿੰਘ, ਗੁਰਜੀਤ ਸਿੰਘ ਜੰਡਵਾਲਾ ਖੂਹ, ਅਜ਼ਾਦ ਬਿੰਦਰ ਸਿੰਘ, ਸੁਖਵਿੰਦਰ ਸਿੰਘ ਮਾਨੀ, ਸੁਰਜੀਤ ਸਿੰਘ ਸੇਠ, ਜਗਦੀਪ ਸਿੰਘ, ਸਰਬਜੀਤ ਸਿੰਘ ਕਾਲਾ, ਹਰਜੀਤ ਸਿੰਘ ਗੋਲੂ ਆਦਿ ਹਾਜ਼ਰ ਸਨ।

ਡਾ. ਸੁਖਦੀਪ ਸਿੰਘ ਨੇ ਜਨਤਾ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ

ਗੁਰਦਾਸਪੁਰ (ਜਨਕ ਮਹਾਜਨ)- ਸਰਕਾਰੀ ਹਸਪਤਾਲ ਕਲਾਨੌਰ ਅਤੇ ਮਾਤਾ ਸੁਲੱਖਣੀ ਸਿਵਲ ਹਸਪਤਾਲ ਬਟਾਲਾ ਵਿਖੇ ਮੈਡੀਸਨ ਦੇ ਡਾਕਟਰ ਵਜੋਂ ਸੇਵਾਵਾਂ ਨਿਭਾ ਰਹੇ ਡਾ. ਸੁਖਦੀਪ ਸਿੰਘ ਭਾਗੋਵਾਲੀਆ ਨੇ 'ਵਿਸ਼ਵ ਤੰਬਾਕੂ ਰਹਿਤ ਦਿਵਸ' ਮੌਕੇ ਜਨਤਾ ਨੂੰ ਤੰਬਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ।

ਡਾ. ਭਾਗੋਵਾਲੀਆ ਨੇ ਕਿਹਾ ਕਿ ਹਰ ਸਾਲ ਕੌਮਾਂਤਰੀ ਪੱਧਰ 'ਤੇ ਤੰਬਾਕੂ ਵਿਰੋਧੀ ਦਿਵਸ ਵਿਸ਼ਵ ਸਿਹਤ ਸੰਸਥਾ ਵੱਲੋਂ ਸਮਾਜਕ, ਧਾਰਮਕ ਅਤੇ ਸਿਹਤ ਨਾਲ ਸੰਬੰਧਤ ਸੰਸਥਾਵਾਂ ਵੱਲੋਂ ਮਨਾਇਆ ਜਾਂਦਾ ਹੈ। ਉਨ੍ਹਾ ਕਿਹਾ ਕਿ ਤੰਬਾਕੂ ਵਿਸ਼ਵ ਪੱਧਰ 'ਤੇ ਭਿਆਨਕ ਬਿਮਾਰੀਆਂ ਅਤੇ ਸਮੇਂ ਤੋਂ ਪਹਿਲਾਂ ਮੌਤ ਦਾ ਮੁੱਖ ਕਾਰਨ ਹੈ।

ਤੰਬਾਕੂ ਦਾ ਸੇਵਨ ਕਰਨ ਨਾਲ ਹਰ ਸਾਲ ਭਾਰਤ ਵਿਚ ਮੂੰਹ ਦੇ ਕੈਂਸਰ ਦੇ ਤਿੰਨ ਲੱਖ ਨਵੇਂ ਮਾਮਲੇ, ਦਿਲ ਦੀਆਂ ਬਿਮਾਰੀਆਂ ਦੇ 58 ਲੱਖ ਕੇਸ ਅਤੇ ਤੰਬਾਕੂ ਨਾਲ ਸੰਬੰਧਤ ਹੋਰ ਖਤਰਨਾਕ ਬਿਮਾਰੀਆਂ ਦੇ 80 ਲੱਖ ਕੇਸ ਸਾਹਮਣੇ ਆਉਂਦੇ ਹਨ।

ਮੋਦੀ ਸਰਕਾਰ ਦਾ ਪੁਤਲਾ ਫੂਕਿਆ ਤੇ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ

ਪੱਟੀ, (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ) - ਸੰਯੁਕਤ ਕਿਸਾਨ ਮੋਰਚੇ ਦੀ ਤਰਜ਼ 'ਤੇ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਤਰਸੇਮ ਸਿੰਘ ਕਲਸੀ ਕਿਸਾਨ ਸੰਘਰਸ਼ ਕਮੇਟੀ ਪੰਜਾਬ, ਸਾਹਬ ਸਿੰਘ ਸੈਦੋ ਪੰਜਾਬ ਕਿਸਾਨ ਸੰਘਰਸ਼ ਕਮੇਟੀ, ਜਗੀਰ ਸਿੰਘ ਗੰਡੀਵਿੰਡ ਜਮਹੂਰੀ ਕਿਸਾਨ ਸਭਾ, ਪਰਮਜੀਤ ਸਿੰਘ ਗਦਾਈਕੇ ਭਾਰਤੀ ਕਿਸਾਨ ਯੂਨੀਅਨ ਪੰਜਾਬ, ਰਛਪਾਲ ਸਿੰਘ ਕੁਲ ਹਿੰਦ ਕਿਸਾਨ ਸਭਾ, ਸਤਨਾਮ ਸਿੰਘ ਜੌਹਲ ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਏਕਤਾ ਨੇ ਪਹਿਲਵਾਨ ਲੜਕੀਆਂ ਨੂੰ ਮੋਦੀ ਸਰਕਾਰ ਵੱਲੋਂ ਨਿਆਂ ਨਾ ਦੇਣ ਦੇ ਰੋਸ ਵਜੋਂ ਕੇਂਦਰ ਸਰਕਾਰ ਦਾ ਪੁਤਲਾ ਫੂਕਣ ਉਪਰੰਤ ਰਾਸ਼ਟਰਪਤੀ ਦੇ ਨਾਂਅ ਐਸ ਡੀ ਐਮ ਪੱਟੀ ਨੂੰ ਮੰਗ ਪੱਤਰ ਦਿੱਤਾ।

ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਆਗੂ ਹਰਭਜਨ ਸਿੰਘ ਚੂਸਲੇਵੜ ਨੇ ਕਿਹਾ ਕਿ ਮੋਦੀ ਸਰਕਾਰ ਦੇ ਮੰਤਰੀ ਅਜੈ ਮਿਸਰਾ ਦੀ ਸ਼ਹਿ ਤੇ ਲਖੀਨਪੁਰ ਖੀਰੀ ਵਿਚ ਹੱਕ ਮੰਗਦੇ ਕਿਸਾਨਾਂ ਨੂੰ ਗੱਡੀ ਹੇਠ ਦਰੜਨਾ, ਬਿਲਕਿਸ ਬਾਨੋ ਦੇ ਬਲਾਤਕਾਰੀਆਂ ਨੂੰ ਜੇਲ੍ਹ ਵਿੱਚੋਂ ਰਿਹਾਅ ਕਰਨਾ ਤੇ ਉਨ੍ਹਾਂ ਦਾ ਸਨਮਾਨ ਕਰਨਾ, ਹੱਕ ਮੰਗਦੀਆਂ ਪਹਿਲਵਾਨ ਲੜਕੀਆਂ 'ਤੇ ਤਸ਼ੱਦਦ ਕਰਨਾ, ਪਹਿਲਵਾਨ ਲੜਕੀਆਂ ਦੇ ਜਿਨਸੀ ਸ਼ੋਸ਼ਣ ਕਰਤਾ ਨੂੰ ਗ੍ਰਿਫਤਾਰ ਨਾ ਕਰਨਾ ਮੋਦੀ ਸਰਕਾਰ ਦਾ ਕਹਿਰ ਜੱਗ ਜ਼ਾਹਰ ਹੈ। ਸਭ ਹਾਜ਼ਰੀਨ ਨੇ ਇੱਕਸੁਰ ਵਿਚ ਕਿਹਾ ਕਿ ਜੇਕਰ ਪਹਿਲਵਾਨ ਲੜਕੀਆਂ ਨੂੰ ਤੁਰੰਤ ਨਿਆਂ ਨਾ ਮਿਲਿਆ ਤਾਂ ਲੋਕ ਵਹੀਰਾਂ ਘੱਤ ਦਿਲੀ ਪੁੱਜਣਗੇ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੀਆਂ ਔਰਤਾਂ ਵੱਡੀ ਗਿਣਤੀ ਵਿੱਚ ਨਰਿੰਦਰ ਕੌਰ ਦੀ ਅਗਵਾਈ ਵਿੱਚ ਹਾਜ਼ਰ ਸਨ।

ਅੱਵਲ ਰਹਿਣ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਤ

ਕਲਾਨੌਰ (ਮਨਦੀਪ ਕੁਮਾਰ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਅਤੇ ਦਸਵੀਂ ਦੇ ਨਤੀਜਿਆਂ ਵਿੱਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਇੱਕ ਸਾਦੇ ਅਤੇ ਪ੍ਰਭਾਵਸ਼ਾਲੀ ਸਮਾਗਮ ਵਿੱਚ ਮੋਮੈਂਟੋ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਦਸਵੀਂ ਸ਼੍ਰੇਣੀ ਵਿੱਚੋਂ ਸਕੂਲ ਦੀਆਂ ਵਿਦਿਆਰਥਣਾਂ ਲਵਲੀਨ ਨੇ 90 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਹਰਮਨਪ੍ਰੀਤ ਕੌਰ 88.61 ਪ੍ਰਤੀਸ਼ਤ ਅੰਕ ਦੂਜਾ ਅਤੇ ਪ੍ਰਾਚੀ ਸ਼ਰਮਾ ਨੇ 88.46 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੱਠਵੀਂ ਜਮਾਤ ਵਿੱਚੋਂ ਅਕਾਸ਼ਦੀਪ ਕੌਰ ਨੇ 94.16 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਅਕਸ਼ਰਾ ਨੇ 92 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਅਤੇ ਜਸ਼ਨਪ੍ਰੀਤ ਕੌਰ ਨੇ 91.5 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਗੁਰਮਨਜੀਤ ਕੌਰ, ਲੈਕਚਰਾਰ ਮਨੋਹਰ ਲਾਲ, ਗੁਰਮੀਤ ਸਿੰਘ ਬਾਜਵਾ ਸਟੇਟ ਐਵਾਰਡੀ, ਲੈਕਚਰਾਰ ਉਪਕਾਰ ਸਿੰਘ, ਦਲਜੀਤ ਪਾਲ ਪੰਜਾਬੀ ਮਾਸਟਰ, ਰਣਜੀਤ ਸਿੰਘ ਸਾਇੰਸ ਮਾਸਟਰ ਮੈਡਮ ਸੁਖਵਿੰਦਰ ਕੌਰ ਅੰਗਰੇਜ਼ੀ ਅਧਿਆਪਕਾ, ਮੈਡਮ ਕਿਰਨ ਕੁਮਾਰੀ ਗਣਿਤ ਅਧਿਆਪਕਾ ਨੇ ਜਿੱਥੇ ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਓਥੇ ਵਿਦਿਆਰਥੀਆਂ ਨੂੰ ਅਗਲੀ ਪੜ੍ਹਾਈ ਪੂਰੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਤ ਵੀ ਕੀਤਾ। ਇਸ ਸਕੂਲ ਦੀ ਵਿਦਿਆਰਥਣ ਮਹਿਕਦੀਪ ਕੌਰ ਨੇ ਬਾਰ੍ਹਵੀਂ ਸ਼੍ਰੇਣੀ ਵਿੱਚੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਰਿਟ ਸੂਚੀ ਵਿੱਚ ਚੌਦ੍ਹਵਾਂ ਰੈਂਕ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਸ ਸਕੂਲ ਦੇ ਵਿਦਿਆਰਥੀ ਜਸਪਾਲ ਚੰਦ ਨੂੰ ਸੈਸ਼ਨ 2022-23 ਵਿੱਚ ਸਕੂਲ ਦੀ ਲਾਇਬ੍ਰੇਰੀ ਵਿੱਚੋਂ ਸਭ ਤੋਂ ਵੱਧ ਕਿਤਾਬਾਂ ਪੜ੍ਹਨ ਕਰਕੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਲਾਇਬਰੇਰੀਅਨ ਮੈਡਮ ਗੀਤਾ ਜੌਹਰ ਨੇ ਬੱਚੇ ਦੀ ਪੜ੍ਹਨ ਪ੍ਰਕਿਰਿਆ ਦੀ ਪ੍ਰਸ਼ੰਸਾ ਕਰਦਿਆਂ ਵਧਾਈ ਦਿੱਤੀ ਅਤੇ ਬਾਕੀ ਬੱਚਿਆਂ ਨੂੰ ਵੱਧ ਤੋਂ ਵੱਧ ਕਿਤਾਬਾਂ ਪੜ੍ਹਨ ਦਾ ਸੁਨੇਹਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲੈਕਚਰਾਰ ਬਲਵੰਤ ਸਿੰਘ, ਸਤਨਾਮ ਸਿੰਘ, ਸ਼ਸ਼ੀ ਕੁਮਾਰ, ਮਾਸਟਰ ਗੁਰਪ੍ਰਦੀਪ ਸਿੰਘ, ਸੰਜੀਵ ਤੁਲੀ, ਪਲਵਿੰਦਰਜੀਤ, ਮੈਡਮ ਪੁਨੀਤ ਰੰਧਾਵਾ, ਜੀਵਨ ਜੋਤੀ, ਰਵਿੰਦਰ ਕੌਰ, ਏਕਤਾ, ਮਨਦੀਪ ਕੌਰ, ਕੰਵਲਜੀਤ, ਐੱਸ ਐੱਲ ਏ ਗੁਰਮੁਖ ਸਿੰਘ, ਗਗਨਦੀਪ ਸਿੰਘ ਹਾਜ਼ਰ ਸਨ।

ਧਰਮ ਪ੍ਰਚਾਰ ਕਮੇਟੀ ਚੀਫ਼ ਖ਼ਾਲਸਾ ਦੀਵਾਨ ਵੱਲੋਂ ਗੁਰਮਤਿ ਸਿਰਜਣਾ ਕੈਂਪ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੀਫ਼ ਖ਼ਾਲਸਾ ਦੀਵਾਨ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਮਿਤੀ 3 ਜੂਨ ਤੋਂ 6 ਜੂਨ ਤੱਕ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਅਤੇ ਚੀਫ਼ ਖ਼ਾਲਸਾ ਦੀਵਾਨ ਦੇ ਗੁਰਮਤਿ ਵਿਦਿਆਲੇ ਦੇ ਵਿਦਿਆਰਥੀਆਂ ਲਈ ਇੱਕ ਗੁਰਮਤਿ ਸਿਰਜਣਾ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਸਮੂਹ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਅਤੇ ਗੁਰਮਤਿ ਵਿਦਿਆਲਿਆਂ ਦੇ ਤਕਰੀਬਨ 200 ਵਿਦਿਆਰਥੀ ਸ਼ਾਮਲ ਹੋਣਗੇ। ਇਸ ਕੈਂਪ ਵਿੱਚ ਪ੍ਰੋ. ਵਰਿਆਮ ਸਿੰਘ, ਪ੍ਰੋ. ਸੂਬਾ ਸਿੰਘ, ਪ੍ਰੋ. ਹਰਦੇਵ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ, ਗਿਆਨੀ ਹਰਪਾਲ ਸਿੰਘ ਅਤੇ ਗੁਰਦੀਪ ਸਿੰਘ ਕੰਗ ਵਰਗੀਆਂ ਪ੍ਰਸਿੱਧ ਸਿੱਖ ਸ਼ਖ਼ਸੀਅਤਾਂ ਵੱਖ-ਵੱਖ ਵਿਸ਼ਿਆਂ 'ਤੇ ਕੈਂਪ ਵਿੱਚ ਸ਼ਾਮਲ ਵਿਦਿਆਰਥੀਆਂ ਨੂੰ ਸੰਬੋਧਨ ਕਰਨਗੀਆਂ। ਅੰਮ੍ਰਿਤ ਵੇਲੇ ਤੋਂ ਸ਼ਾਮ ਤੱਕ ਬੱਚਿਆਂ ਨੂੰ ਸਿੱਖ ਰਹਿਤ ਮਰਿਆਦਾ ਅਨੁਸਾਰ ਜੀਵਨ ਨੂੰ ਢਾਲਣ ਲਈ ਯਤਨ ਕਰਨਾ ਸਿਖਾਇਆ ਜਾਵੇਗਾ।

6 ਜੂਨ ਦੇ ਮੱਦੇਨਜ਼ਰ ਐੱਸ ਐੱਸ ਪੀ ਵੱਲੋਂ ਫਲੈਗ ਮਾਰਚ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-6 ਜੂਨ ਨੂੰ ਘੱਲੂਘਾਰੇ ਦੇ ਸੰਬੰਧ ਵਿੱਚ ਅੱਜ ਐਸ ਐੱਸ ਪੀ ਦਿਹਾਤੀ ਸਤਿੰਦਰ ਸਿੰਘ ਦੀ ਅਗਵਾਈ ਹੇਠ ਜੰਡਿਆਲਾ ਗੁਰੂ ਦੇ ਬਜ਼ਾਰਾਂ ਵਿਚ ਇਕ ਫਲੈਗ ਮਾਰਚ ਕੱਢਿਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾ ਕਿਹਾ ਕਿ 7 ਜੂਨ ਤੱਕ ਪੁਲਸ ਪੂਰੀ ਸਰਗਰਮ ਰਹੇਗੀ ਤਾਂ ਜੋ ਕਿਸੇ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ। ਉਨ੍ਹਾ ਕਿਹਾ ਕਿ ਪਹਿਲਾਂ ਨਾਲੋਂ ਬਹੁਤ ਜ਼ਿਆਦਾ ਅਪਰਾਧ ਘਟ ਗਿਆ ਹੈ।

ਉਨ੍ਹਾ ਕਿਹਾ ਕਿ ਨਸ਼ੇ ਦੇ ਖਿਲਾਫ ਇਕ ਵੱਡੀ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਅਤੇ ਇਸ ਲਈ ਸਪੈਸ਼ਲ ਨਾਕਾਬੰਦੀ ਕੀਤੀ ਜਾ ਰਹੀ। ਐੱਸ ਐੱਸ ਪੀ ਨੇ ਕਿਹਾ ਕਿ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ।

ਇਸ ਦੌਰਾਨ ਫਲੈਗ ਮਾਰਚ ਵਿੱਚ ਡੀ ਐੱਸ ਪੀ ਕੁਲਦੀਪ ਸਿੰਘ, ਡੀ ਐਸ ਪੀ ਸੁੱਚਾ ਸਿੰਘ, ਐਸ ਐਚ ਓ ਜੰਡਿਆਲਾ ਬਲਵਿੰਦਰ ਸਿੰਘ, ਐਸ ਐਚ ਓ ਚਾਟੀਵਿੰਡ ਸਮੇਤ ਭਾਰੀ ਪੁਲਸ ਫੋਰਸ ਸ਼ਾਮਲ ਸੀ।

ਦਰੱਖਤਾਂ ਦੀ ਧੜਾਧੜ ਕੀਤੀ ਜਾ ਰਹੀ ਕਟਾਈ ਖਤਰਨਾਕ ਰੁਝਾਨ : ਜੌਹਲ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਅਜੋਕੇ ਪ੍ਰਦੂਸ਼ਣ ਭਰੇ ਦੌਰ ਵਿੱਚ ਦਰੱਖਤਾਂ ਨੂੰ ਕੱਟਣਾ ਇਕ ਬਹੁਤ ਹੀ ਖਤਰਨਾਕ ਰੁਝਾਨ ਹੈ ਜਿਸ ਦਾ ਸਿੱਧਾ ਮਤਲਬ ਹੈ ਕਿ ਅਸੀਂ ਆਪਣੇ ਪੈਰਾਂ 'ਤੇ ਆਪ ਕੁਹਾੜਾ ਮਾਰਨ ਵਾਲੀ ਗੱਲ ਕਰ ਰਹੇ ਹਾਂ, ਪਰ ਅਫਸੋਸ ਅਸੀਂ ਆਪਣੀਆਂ ਆਦਤਾਂ ਤੋਂ ਬਾਜ ਨਹੀਂ ਆ ਰਹੇ ਤੇ ਧੜਾਧੜ ਦਰੱਖਤਾਂ ਦੀ ਕਟਾਈ ਕਰ ਰਹੇ ਹਾਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਡੀ ਐਸ ਪੀ ਬਚਿੱਤਰ ਸਿੰਘ ਜੌਹਲ, ਆਤਮਜੀਤ ਸਿੰਘ ਵਡਾਲਾ ਜੌਹਲ ਤੇ ਉਨ੍ਹਾਂ ਦੇ ਸਾਥੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਸਾਰਾ ਕੁਝ ਸਮਝਦੇ ਹੋਏ ਵੀ ਬੇਸਮਝ ਬਣਨ ਦੀ ਨਾਕਾਮ ਕੋਸ਼ਿਸ਼ ਕਰ ਰਹੇ ਹਾਂ ਤੇ ਦਿਨੋ-ਦਿਨ ਵਾਤਾਵਰਣ ਨੂੰ ਗੰਧਲਾ ਕਰ ਰਹੇ ਹਾਂ। ਇਸ ਮੌਕੇ ਡਾਕਟਰ ਤੇਜਪਾਲ ਸਿੰਘ ਸੰਧੂ, ਐਮ ਡੀ ਜਗਦੀਸ਼ ਸਿੰਘ, ਨਾਨਕ ਸਿੰਘ ਨਵਾਂ ਪਿੰਡ, ਪੱਤਰਕਾਰ ਦਲੇਰ ਸਿੰਘ ਜੌਹਲ, ਐਮ ਡੀ ਅਰਪਿੰਦਰ ਕੌਰ, ਸਰਪੰਚ ਬਲਬੀਰ ਸਿੰਘ ਧੰਜੂ, ਰਾਜਬੀਰ ਸਿੰਘ ਵਡਾਲੀ ਡੋਗਰਾਂ, ਚੇਅਰਮੈਨ ਗੁਰਭੇਜ ਸਿੰਘ ਜੌਹਲ, ਇੰਜੀ. ਬਲਜੀਤ ਸਿੰਘ ਜੰਮੂ ਐਮ ਬੀ ਐਸ ਰਿਜੋਰਟ ਵਾਲੇ, ਚੇਅਰਮੈਨ ਨਵਤੇਜ ਸਿੰਘ ਅਮਰਕੋਟ, ਨੰਬਰਦਾਰ ਗੁਰਮੀਤ ਸਿੰਘ ਜੀਵਨ ਪੰਧੇਰ, ਸਰਪੰਚ ਸਰਪ੍ਰੀਤ ਸਿੰਘ ਸਰਕਾਰੀਆ, ਸਰਪੰਚ ਸੁਖਜਿੰਦਰ ਸਿੰਘ ਨਿੱਝਰ, ਸੁਖਬਾਜ ਸਿੰਘ ਰੰਧਾਵਾ ਅੱਡਾ ਡੱਡੂਆਣਾ, ਜਥੇਦਾਰ ਬਲਵੰਤ ਸਿੰਘ ਪੰਡੋਰੀ, ਐਸ ਡੀ ਓ ਬਲਵੰਤ ਸਿੰਘ ਤੀਰਥਪੁਰਾ, ਕਲਾਕਾਰ ਦੇਵ ਜੌਹਲ, ਸਰਪੰਚ ਦੀਦਾਰ ਸਿੰਘ ਬੱਲ, ਸਰਪੰਚ ਗੁਰਵਿੰਦਰ ਸਿੰਘ ਬੱਲ, ਰਣਜੀਤ ਸਿੰਘ ਬੱਲ ਤੇ ਹੋਰ ਵੀ ਕਈ ਨਾਮਵਰ ਸ਼ਖ਼ਸੀਅਤਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਨ ਨੂੰ ਬਚਾਉਣ ਲਈ ਵੱਧ ਦਰੱਖਤ ਲਗਾਉਣ।

ਬਲਕਾਰ ਸਿੰਘ ਨੂੰ ਸਥਾਨਕ ਸਰਕਾਰਾਂ ਮੰਤਰੀ ਬਣਨ 'ਤੇ ਦਿੱਤੀ ਵਧਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਅੱਜ ਸਥਾਨਕ ਸਰਕਾਰਾਂ ਦੇ ਨਵਨਿਯੁਕਤ ਮੰਤਰੀ ਬਲਕਾਰ ਸਿੰਘ ਨੂੰ ਮੰਤਰੀ ਬਣਨ 'ਤੇ ਹਲਕਾ ਅੰਮ੍ਰਿਤਸਰ ਪੱਛਮੀ ਤੋ ਵਿਧਾਇਕ ਡਾਕਟਰ ਜਸਬੀਰ ਸਿੰਘ ਸੰਧੂ ਨੇ ਵਧਾਈ ਦਿੱਤੀ ਤੇ ਆਸ਼ਾ ਕੀਤੀ ਕਿ ਸਥਾਨਕ ਸਰਕਾਰ ਵਿਭਾਗ ਵਿੱਚ ਹੁਣ ਹੋਰ ਜ਼ਿਆਦਾ ਊਰਜਾ ਨਾਲ ਕੰਮ ਕੀਤਾ ਜਾਏਗਾ। ਬਲਕਾਰ ਸਿੰਘ ਹਲਕਾ ਕਰਤਾਰਪੁਰ ਤੋਂ ਵਿਧਾਇਕ ਹਨ ਤੇ ਅੱਜ ਦੇ ਮੰਤਰੀ ਮੰਡਲ ਦੇ ਵਿਸਤਾਰ ਵਿੱਚ ਜਿੱਥੇ ਉਨ੍ਹਾ ਨੂੰ ਕੈਬਨਿਟ ਮੰਤਰੀ ਵਜੋਂ ਸਹੁੰ ਚੁਕਾਈ ਗਈ ਉਥੇ ਉਨ੍ਹਾ ਨੂੰ ਬਹੁਤ ਮਹੱਤਵਪੂਰਨ ਸਥਾਨਕ ਸਰਕਾਰ ਵਿਭਾਗ ਦਾ ਮੰਤਰੀ ਬਣਾਇਆ ਗਿਆ ਹੈ। ਜ਼ਿਕਰਯੋਗ ਹੈ ਕਿ ਪੰਜਾਬ ਵਿਚ ਆਉਣ ਵਾਲੇ ਦਿਨਾਂ ਵਿਚ ਨਗਰ ਨਿਗਮਾਂ ਦੀ ਚੋਣ ਵੀ ਹੋਣ ਜਾ ਰਹੀ ਹੈ ਤੇ ਬਲਕਾਰ ਸਿੰਘ ਦਾ ਬਤੌਰ ਕੈਬਨਿਟ ਮੰਤਰੀ ਬਣਨਾ ਇਸ ਕੜੀ ਦਾ ਅਹਿਮ ਹਿੱਸਾ ਹੈ। ਡਾਕਟਰ ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਬਲਕਾਰ ਸਿੰਘ ਸਿਆਸਤ ਤੋਂ ਪਹਿਲਾਂ ਪੁਲਸ ਮਹਿਕਮੇ ਦੇ ਵਿੱਚ ਅਫਸਰ ਰਹੇ ਹਨ ਤੇ ਸਥਾਨਕ ਸਰਕਾਰ ਮਹਿਕਮੇ ਦੇ ਵਿੱਚ ਬਤੌਰ ਮੰਤਰੀ ਬਣ ਕੇ ਸ਼ਹਿਰਾਂ ਵਿੱਚ ਵਿਕਾਸ ਦੀ ਨਵੀਂ ਗਾਥਾ ਨੂੰ ਚਾਲੂ ਕਰਨਗੇ। ਡਾਕਟਰ ਜਸਬੀਰ ਸਿੰਘ ਸੰਧੂ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਜਸਬੀਰ ਸਿੰਘ ਸੰਧੂ ਦੇ ਨਾਲ ਵਰਨਦੀਪ ਸਿੰਘ ਬਮਰਾ ਵੀ ਮੌਜੂਦ ਸੀ।

ਰੋਟਰੀ ਕਲੱਬ ਆਸਥਾ ਵੱਲੋਂ ਗੁਰਦੁਆਰਾ ਸਾਹਿਬ ਨੂੰ 21 ਕੁਰਸੀਆਂ ਭੇਟ

ਅੰਮ੍ਰਿਤਸਰ (ਅਰੋੜਾ)-ਰੋਟਰੀ ਕੱਲਬ ਅੰਮ੍ਰਿਤਸਰ ਆਸਥਾ ਵੱਲੋਂ ਕਲੱਬ ਦੇ ਪ੍ਰਧਾਨ ਅਸ਼ਵਨੀ ਅਵਸਥੀ ਸਕੱਤਰ ਅਮਨ ਸ਼ਰਮਾ ਦੀ ਪ੍ਰਧਾਨਗੀ ਵਿੱਚ ਪ੍ਰਿੰਸੀਪਲ ਬਲਦੇਵ ਸਿੰਘ ਸੰਧੂ ਅਤੇ ਬ੍ਰਿਗੇਡੀਅਰ ਗਿਆਨ ਸਿੰਘ ਸੰਧੂ ਦੀ ਸਹਾਇਤਾ ਦੇ ਨਾਲ ਲੋਹਾਰਕਾ ਖੁਰਦ ਗੁਰਦੁਆਰਾ ਸਾਹਿਬ ਅਤੇ ਸ਼ਮਸ਼ਾਨਘਾਟ ਦੇ ਲਈ 21 ਕੁਰਸੀਆਂ ਦਾਨ ਵਜੋਂ ਭੇਟ ਕੀਤੀਆਂ ਗਈਆਂ। ਇਸ ਮੌਕੇ ਰੋਟਰੀ 3070 ਦੇ ਗਵਰਨਰ ਡਾ. ਦੁਸ਼ੰਤ ਚੌਧਰੀ ਜੰਮੂ ਤੋਂ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਸੰਧੂ ਪਰਿਵਾਰ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸਕੂਲ ਦੇ ਵਿਦਿਆਰਥੀਆਂ ਨੂੰ ਬੂਟ, ਜ਼ੁਰਾਬਾਂ, ਵਰਦੀਆਂ ਅਤੇ ਸਕੂਲ ਬੈਗ ਭੇਟ ਕੀਤੇ ਗਏ। ਇਸ ਤੋਂ ਇਲਾਵਾ ਸ਼ਮਸ਼ਾਨਘਾਟ ਵਿੱਚ ਡੈੱਡ ਬੌਡੀ ਲਈ ਮਸ਼ੀਨ ਭੇਟ ਕੀਤੀ ਜਾ ਚੁੱਕੀ ਹੈ। ਰੋਟਰੀ ਦੇ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਕਿਸਾਨ ਨੇਤਾ ਸ਼ਮਸ਼ੇਰ ਸਿੰਘ ਕੋਹਰੀ, ਹੁਸ਼ਿਆਰ ਸਿੰਘ, ਰੋਟੇਰੀਅਨ ਪਰਮਜੀਤ ਸਿੰਘ, ਜਤਿੰਦਰ ਸਿੰਘ, ਐੱਸ. ਐੱਚ. ਜੋਗੀ, ਪਰਮੋਦ ਕੁਮਾਰ, ਸੁਖਵਿੰਦਰ ਪਾਲ ਸਿੰਘ, ਮੁਕੇਸ਼ ਜੋਸ਼ੀ, ਪਰਵਿੰਦਰ ਸਿੰਘ ਅਤੇ ਪਿੰਡ ਦੀ ਪੰਚਾਇਤ ਅਤੇ ਸਮੂਹ ਮੈਂਬਰ ਮੌਜੂਦ ਸਨ।

ਘੱਟ ਗਿਣਤੀ ਸਿੱਖਾਂ 'ਤੇ ਹੋ ਰਹੇ ਹਮਲੇ ਦੇਸ਼ ਲਈ ਘਾਤਕ: ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਭਾਰਤ ਅੰਦਰ ਘੱਟ ਗਿਣਤੀ ਸਿੱਖਾਂ 'ਤੇ ਹੋ ਰਹੇ ਜਾਨਲੇਵਾ ਹਮਲੇ ਬਹੁਤ ਅਫਸੋਸਨਾਕ ਤੇ ਚਿੰਤਾਜਨਕ ਹਨ। ਇਸ ਪਲ ਰਹੇ ਸਿਆਸੀ ਅੱਤਵਾਦ ਨੂੰ ਸਰਕਾਰ ਗੰਭੀਰਤਾ ਨਾਲ ਨਹੀਂ ਲੈ ਰਹੀ। ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਅਤੇ ਉੱਤਰ ਪ੍ਰਦੇਸ਼ ਦੀਆਂ ਘਟਨਾਵਾਂ ਬਹੁਤ ਹਿਰਦੇਵੇਦਕ ਤੇ ਦੁਖਦਾਈ ਹਨ। ਮਹਾਰਾਸ਼ਟਰ ਦੇ ਜ਼ਿਲ੍ਹਾ ਪਰਮਣੀ ਦੀ ਤਹਿਸੀਲ ਪੂਰਨ ਦੇ ਤਾੜ ਕਲਸ ਪਿੰਡ ਦੇ ਰਹਿਣ ਵਾਲੇ ਦੋ ਸਿੱਖਾਂ ਨੂੰ ਕੁੱਟ-ਕੁੱਟ ਕੇ ਜਾਨੋਂ ਮਾਰ ਦੇਣਾ ਅਤੇ ਕੁੱਝ ਹੋਰ ਸਾਥੀਆਂ ਨੂੰ ਗੰਭੀਰ ਰੂਪ ਵਿਚ ਜ਼ਖ਼ਮੀ ਕੀਤੇ ਜਾਣ ਦਾ ਨਿਹੰਗ ਸਿੰਘਾਂ ਦੀ ਮੁੱਖ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸਖ਼ਤ ਨੋਟਿਸ ਲੈਂਦਿਆਂ ਮਹਾਰਾਸ਼ਟਰ ਦੀ ਸਰਕਾਰ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਕਿਹਾ ਹੈ।

ਬਾਬਾ ਖੜਕ ਸਿੰਘ, ਬਾਬਾ ਦਰਸ਼ਨ ਸਿੰਘ ਦੀ ਬਰਸੀ ਮੌਕੇ ਸਹਿਯੋਗ ਦੇਣ 'ਤੇ ਕੀਤਾ ਧੰਨਵਾਦ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬਾਬਾ ਖੜਕ ਸਿੰਘ, ਬਾਬਾ ਦਰਸ਼ਨ ਸਿੰਘ ਦੀ ਸਾਲਾਨਾ ਬਰਸੀ ਜੋ ਕਿ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਠੱਠਾ ਵਿਖੇ ਨੂੰ 31 ਮਈ ਨੂੰ ਬਾਬਾ ਸਤੋਖ ਸਿੰਘ ਬੀੜ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ, ਜਿਸ ਵਿਚ ਸੰਗਤ ਨੇ ਬਰਸੀ ਮੌਕੇ ਪਹੁੰਚ ਕੇ ਬਾਬਾ ਖੜਕ ਸਿੰਘ, ਬਾਬਾ ਦਰਸ਼ਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਗੁਰੂ ਘਰ ਦੇ ਸੇਵਾਦਾਰ ਬਾਬਾ ਭੋਲਾ ਸਿੰਘ ਬੀੜ ਸਾਹਿਬ ਨੇ ਸਮੂਹ ਸਾਧ ਸੰਗਤ, ਪੁਲਸ ਪ੍ਰਸ਼ਾਸਨ, ਸਿਵਲ ਪ੍ਰਸ਼ਾਸਨ ਅਤੇ ਸੇਵਾ ਸੁਸਾਇਟੀਆਂ ਜਿਨ੍ਹਾਂ ਨੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ, ਜਲੇਬੀਆਂ ਪਕੌੜਿਆਂ ਅਤੇ ਹੋਰ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਤੇ ਬਰਸੀ ਮੌਕੇ ਪਹੁੰਚੀਆਂ ਸੰਗਤਾਂ ਦੀ ਸੇਵਾ ਕੀਤੀ, ਸਾਰਿਆਂ ਦਾ ਧੰਨਵਾਦ ਕਰਦਿਆਂ ਉਨ੍ਹਾ ਕਿਹਾ ਕਿ ਕਿ ਉਨ੍ਹਾਂ ਦੇ ਸਹਿਯੋਗ ਸਦਕਾ ਬਰਸੀ ਸਮਾਗਮ ਸੋਹਣੇ ਢੰਗ ਨਾਲ ਸੰਪੰਨ ਹੋਏ।

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਮੋਦੀ ਤੇ ਬ੍ਰਿਜ ਭੂਸ਼ਨ ਦਾ ਫੂਕਿਆ ਪੁਤਲਾ

ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)-ਭਾਰਤੀ ਕਿਸਾਨ ਏਕਤਾ ਡਕੌਂਦਾ ਬਲਾਕ ਗੁਰੂ ਹਰਸਹਾਏ ਨੇ ਮੰਡੀ ਪੰਜੇ ਕੇ ਉਤਾੜ ਵਿਚ ਪਹਿਲਵਾਨਾਂ ਦੇ ਹੱਕ 'ਚ ਮੋਦੀ ਤੇ ਬ੍ਰਿਜ ਭੂਸ਼ਨ ਦਾ ਪੁਤਲਾ ਫੂਕਿਆ। ਪੂਰਨ ਚੰਦ ਬਲਾਕ ਪ੍ਰਧਾਨ ਤੇ ਸੁਖਦੇਵ ਛੋਟ ਬਲਾਕ ਸਕੱਤਰ, ਸਤਨਾਮ ਚੰਦ ਸੰਧਾ ਖਜ਼ਾਨਚੀ ਤੇ ਮੰਗਲ ਦਾਸ ਪ੍ਰੈਸ ਸਕੱਤਰ ਦੀ ਅਗਵਾਈ ਵਿੱਚ ਮੋਦੀ ਤੇ ਬ੍ਰਿਜ ਭੂਸ਼ਨ ਦਾ ਪੁਤਲਾ ਫੂਕਿਆ ਗਿਆ। ਇਸ ਦੌਰਾਨ ਕਿਸਾਨ ਆਗੂਆਂ ਨੇ ਕਿਹਾ ਕਿ ਸਾਡੇ ਦੇਸ਼ ਦੀ ਆਨ, ਬਾਨ ਤੇ ਸ਼ਾਨ ਪਹਿਲਵਾਨ ਕੁੜੀਆਂ ਆਪਣੇ 'ਤੇ ਤਸ਼ੱਦਦ ਦਾ ਇਨਸਾਫ ਲੈਣ ਲਈ ਜੰਤਰ ਮੰਤਰ 'ਤੇ ਲੰਮੇ ਸਮੇਂ ਤੋਂ ਧਰਨਾ ਦੇ ਰਹੀਆਂ ਸਨ, ਜਿਨ੍ਹਾਂ ਨੂੰ ਮੋਦੀ ਸਰਕਾਰ ਨੇ ਚੁੱਕਵਾ ਕੇ ਜੇਲ੍ਹਾਂ ਵਿੱਚ ਸੁੱਟਿਆ, ਬਹੁਤ ਨਿੰਦਣਯੋਗ ਘਟਨਾ ਹੈ। ਮੋਦੀ ਸਰਕਾਰ ਬਲਾਤਕਾਰੀ ਬ੍ਰਿਜ ਭੂਸ਼ਨ ਦਾ ਲਗਾਤਾਰ ਬਚਾਅ ਕਰ ਰਹੀ ਤੇ ਉਸ ਨੂੰ ਆਪਣੇ ਅਹੁਦੇ 'ਤੇ ਬਰਕਰਾਰ ਰੱਖਿਆ ਹੋਇਆ ਹੈ ਤੇ ਉਲਟਾ ਬ੍ਰਿਜ ਭੂਸ਼ਨ ਪਹਿਲਵਾਨਾਂ ਕੁੜੀਆਂ ਨੂੰ ਟਿੱਚਰਾਂ ਕਰ ਰਿਹਾ ਹੈ। ਇਹ ਸਾਡੇ ਦੇਸ਼ ਦਾ ਬਹੁਤ ਹੀ ਦੁਰਭਾਗ ਹੈ ਜੋ ਸਾਡੇ ਦੇਸ਼ ਦੀਆਂ ਮਹਿਲਾ ਪਹਿਲਵਾਨ ਕੁੜੀਆਂ ਨਾਲ ਹੋਇਆ ਹੈ। ਅਸੀਂ ਇਸ ਦੀ ਪੁਰਜ਼ੋਰ ਨਿੰਦਾ ਕਰਦੇ ਹਾਂ ਤੇ ਮੰਗ ਕਰਦੇ ਹਾਂ ਬ੍ਰਿਜ ਭੂਸ਼ਨ ਨੂੰ ਤੁਰੰਤ ਆਪਣੇ ਅਹੁਦੇ ਤੋਂ ਹਟਾ ਕੇ ਜੇਲ੍ਹ 'ਚ ਸੁੱਟਿਆ ਜਾਵੇ ਨਹੀਂ ਤਾਂ ਮੋਦੀ ਸਰਕਾਰ ਨੂੰ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ। ਇਸ ਸਮੇਂ ਬਗੀਚਾ ਸਿੰਘ ਜ਼ਿਲ੍ਹਾ ਮੈਂਬਰ, ਸਤਨਾਮ ਚੰਦ ਪ੍ਰਧਾਨ ਪੰਜੇ ਕੇ, ਖੇਮ ਚੰਦ ਪ੍ਰਧਾਨ ਬਹਾਦਰ ਕੇ, ਗੁਰਦਿਆਲ ਪ੍ਰਧਾਨ ਸੈਦੇ ਕੇ, ਮਲਕੀਤ ਸਿੰਘ, ਸੋਹਣ ਸਿੰਘ, ਸੁਖਦਿਆਲ ਨੰਬਰਦਾਰ, ਰਮੇਸ਼ ਕੁਮਾਰ, ਬੂੜ ਸਿੰਘ, ਨਰਿੰਜਨ ਰਾਮ, ਵਿੱਕੀ ਸ਼ਰਮਾ, ਚੰਦਰ ਭਾਨ ਹਾਜੀ ਬੇਟੂ ਤੇ ਹੋਰ ਬਹੁਤ ਸਾਰੇ ਕਿਸਾਨ ਹਾਜ਼ਰ ਸਨ।

ਐੱਸ ਡੀ ਐੱਮ ਢਿੱਲੋਂ ਨੇ ਬੱਚਿਆਂ ਨੂੰ ਪਿਲਾਈਆਂ ਪਲਸ ਪੋਲੀਓ ਬੂੰਦਾਂ

ਮਜੀਠਾ (ਸੋਇਮ ਆਨੰਦ)- ਭਾਰਤ ਸਰਕਾਰ ਵੱਲੋਂ ਮਿਤੀ 28 ਤੋਂ 30 ਮਈ ਨੂੰ ਉਪ ਰਾਸ਼ਟਰੀ ਟੀਕਾਕਰਨ ਦਿਵਸ ਮਨਾਇਆ ਗਿਆ ਸੀ। ਇਸ ਸੰਬੰਧੀ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਐਸ ਡੀ ਐਮ ਮਜੀਠਾ ਡਾ.ਹਰਨੂਰ ਕੌਰ ਢਿੱਲੋਂ ਦੀਆਂ ਹਦਾਇਤਾਂ ਅਨੁਸਾਰ ਵੱਖ ਵੱਖ ਥਾਵਾਂ ਉਤੇ ਕੈਂਪ ਲਗਾ ਕੇ ਸੈਂਕੜੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਇਸ ਮੌਕੇ ਐਸ.ਡੀ.ਐਮ. ਢਿੱਲੋਂ ਵੱਲੋਂ ਅੰਮ੍ਰਿਤਸਰ ਤੋਂ ਪਠਾਨਕੋਟ ਨੈਸ਼ਨਲ ਹਾਈਵੇ ਕੱਥੂਨੰਗਲ ਟੋਲ ਪਲਾਜ਼ਾ 'ਤੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਇਸ ਮੌਕੇ ਡਾ. ਭੁਪਿੰਦਰ ਸਿੰਘ ਮੈਡੀਕਲ ਅਫਸਰ, ਡਾ. ਨਿਰਮਲਜੀਤ ਸਿੰਘ, ਅਲਤਾਫ਼, ਆਰੀਆ, ਅਰੁਣ, ਰੀਡਰ ਵਰਿੰਦਰ ਭਾਟੀਆ, ਇਲਿਆਸ ਮਸੀਹ, ਵਿਵੇਕ ਗਾਭੀਕਰ ਜਨਰਲ ਮੈਨੇਜਰ ਟੋਲ ਪਲਾਜ਼ਾ, ਵਿਕਾਸ ਸ਼ਰਮਾ ਆਦਿ ਹਾਜ਼ਰ ਸਨ।

ਲਟਕਦੇ ਕਿਸਾਨੀ ਮਸਲਿਆਂ ਨੂੰ ਲੈ ਕੇ ਜਥੇਬੰਦੀ ਦੀ ਹੋਈ ਅਹਿਮ ਮੀਟਿੰਗ

ਪੱਟੀ (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ) - ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪੱਟੀ ਜ਼ੋਨ ਦੀ ਮੀਟਿੰਗ ਹਰੀਕੇ ਵਿਖੇ ਹੋਈ ਜਿਸ ਵਿਚ ਸਮੁੱਚੇ ਜ਼ੋਨ ਦੇ ਪਿੰਡਾਂ ਤੋਂ ਵੱਡੀ ਗਿਣਤੀ ਕਿਸਾਨਾਂ ਮਜ਼ਦੂਰਾਂ ਨੇ ਸ਼ਮੂਲੀਅਤ ਕੀਤੀ। ਰੇਸ਼ਮ ਸਿੰਘ ਘੁਰਕਵਿੰਡ, ਹਰਬਿੰਦਰ ਸਿੰਘ ਕੰਗ ਅਤੇ ਪ੍ਰੈਸ ਸਕੱਤਰ ਸਤਨਾਮ ਸਿੰਘ ਹਰੀਕੇ ਦੀ ਅਗਵਾਈ ਵਿਚ ਹੋਏ ਇਕੱਠ ਦੌਰਾਨ ਤਹਿਸੀਲ ਪੱਧਰੀ ਮੁੱਦਿਆਂ ਦੇ ਹੱਲ ਲਈ ਤੇਜ਼ੀ ਫੜਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਆਗੂਆਂ ਨੇ ਦੱਸਿਆ ਕਿ ਸੂਬੇ ਭਰ 'ਚ 8 ਜੂਨ ਨੂੰ ਪਾਵਰਕਾਮ ਦੇ ਐਸ ਡੀ ਓ ਦਫਤਰਾਂ ਦਾ ਇਕ ਦਿਨਾ ਘਿਰਾਓ ਕੀਤਾ ਜਾਵੇਗਾ ਪਰ ਸਰਕਾਰ ਦੇ ਰਵੱਈਏ ਨੂੰ ਵੇਖਦਿਆਂ ਇਸ ਨੂੰ ਵਧਾਇਆ ਵੀ ਜਾ ਸਕਦਾ ਹੈ, ਜਿਸ ਦੌਰਾਨ ਚਿੱਪ ਵਾਲੇ ਮੀਟਰਾਂ ਦਾ ਵਿਰੋਧ ਕਰਦਿਆਂ ਖੇਤੀ ਸੈਕਟਰ ਦੀ ਯਕੀਨੀ ਸਪਲਾਈ, ਸੜੇ ਟਰਾਂਸਫਰ ਪਹਿਲ ਦੇ ਅਧਾਰ 'ਤੇ ਬਦਲਣੇ ਅਤੇ ਢਿੱਲੀਆਂ ਨੀਵੀਆਂ ਤਾਰਾਂ ਦੀ ਮੁਰੰਮਤ ਝੋਨੇ ਦੀ ਬਿਜਾਈ ਤੋਂ ਪਹਿਲਾਂ ਕਰਨ ਦੀਆਂ ਮੁੱਖ ਮੰਗਾਂ ਸ਼ਾਮਲ ਹੋਣਗੀਆਂ। ਕੰਗ ਨੇ ਕਿਹਾ ਕਿ ਪਾਵਰਕਾਮ ਦੇ ਅਧਿਕਾਰੀ ਚਿੱਪ ਵਾਲੇ ਮੀਟਰਾਂ ਨੂੰ ਸਮਾਰਟ ਦੱਸ ਕੇ ਧੋਖੇ ਨਾਲ ਲਾਉਣ ਲਈ ਸਰਕਾਰੀ ਥਾਵਾਂ ਤੋਂ ਪਹਿਲਕਦਮੀ ਕਰ ਰਹੇ ਹਨ ਪਰ ਜਥੇਬੰਦੀ ਵੱਲੋਂ ਲਗਾਤਾਰ ਇਨ੍ਹਾਂ ਦਾ ਵਿਰੋਧ ਕੀਤਾ ਜਾ ਰਿਹਾ ਹੈ ਜੋ ਭਵਿੱਖ ਵਿਚ ਵੀ ਜਾਰੀ ਰਹੇਗਾ। ਜ਼ੋਨ ਆਗੂ ਸਵਰਨ ਸਿੰਘ ਖਹਿਰਾ ਹਰੀਕੇ ਦੱਸਿਆ ਪਿੰਡ ਪੱਧਰੀ ਕੰਮਾਂ ਦੇ ਨਾਲ ਨਾਲ ਪੁਲਸ ਪ੍ਰਸ਼ਾਸਨ ਵੱਲੋਂ ਜੋ ਕਿਸਾਨਾਂ ਦੇ ਪਰਵਾਰਾਂ ਨਾਲ ਧੱਕੇਸ਼ਾਹੀਆਂ ਕੀਤੀਆਂ ਜਾ ਰਹੀਆਂ ਹਨ, ਉਨ੍ਹਾਂ ਖਿਲਾਫ ਵੀ ਮੋਰਚਾ ਖੋਲ੍ਹਣ ਦੀ ਵਿਉਂਤਬੰਦੀ ਕੀਤੀ ਜਾ ਰਹੀ ਹੈ। ਖਹਿਰਾ ਨੇ ਕਿਹਾ ਕਿ ਪਾਵਰਕਾਮ ਵੱਲੋਂ ਬਿਜਲੀ ਚੈਕ ਦੇ ਬਹਾਨੇ ਜੋ ਆਮ ਆਦਮੀ ਪਾਰਟੀ ਦੀ ਵਰਕਰੀ ਕੀਤੀ ਜਾ ਰਹੀ ਹੈ ਉਹ ਬਰਦਾਸ਼ਤ ਨਹੀਂ ਹੋਵੇਗੀ। ਇਸ ਮੌਕੇ ਹੀਰਾ ਸਿੰਘ ਚੂਸਲੇਵੜ, ਜਰਨੈਲ ਸਿੰਘ ਧਾਰੀਵਾਲ, ਮੰਗਲ ਸਿੰਘ ਬੂਹ, ਕਿਰਪਾਲ ਸਿੰਘ ਬੁਰਜ ਪੂਹਲਾ, ਜੁਗਿੰਦਰ ਸਿੰਘ ਗੱਟੀ ਹਰੀਕੇ, ਬਾਜ ਸਿੰਘ ਤੁੰਗ, ਖਜਾਨ ਸਿੰਘ ਕਿਰਤੋਵਾਲ, ਜਥੇਦਾਰ ਪ੍ਰਮਿੰਦਰ ਸਿੰਘ, ਸਤਨਾਮ ਸਿੰਘ ਬੂਹ ਹਵੇਲੀਆਂ, ਰਜਿੰਦਰ ਸਿੰਘ ਨਬੀਪੁਰ, ਧਰਮ ਸਿੰਘ ਜੌਣੇਕੇ, ਸੁਖਚੈਨ ਸਿੰਘ ਪੱਟੀ, ਸੁਖਵੰਤ ਸਿੰਘ ਪੱਟੀ, ਦਲਜੀਤ ਸਿੰਘ ਹਰੀਕੇ, ਸਰਬਜੀਤ ਸਿੰਘ ਪ੍ਰਿੰਗੜੀ, ਬਗੀਚਾ ਸਿੰਘ ਬੂਹ, ਲਖਬੀਰ ਸਿੰਘ ਗੱਟੀ, ਨਰਿੰਦਰ ਸਿੰਘ ਕਿਰਤੋਵਾਲ, ਬਲਵੰਤ ਸਿੰਘ ਹਰੀਕੇ ਆਦਿ ਹਾਜ਼ਰ ਸਨ।

ਮਹਾਰਾਸ਼ਟਰ ਦੇ ਸਿੱਖਾਂ 'ਤੇ ਹੋਏ ਹਮਲੇ ਦੀ ਦੀਵਾਨ ਵੱਲੋਂ ਸਖ਼ਤ ਨਿੰਦਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਮਹਾਰਾਸ਼ਟਰ ਦੇ ਪਰਭਣੀ ਜ਼ਿਲ੍ਹੇ ਵਿਖੇ ਭੀੜ ਵੱਲੋਂ ਤਿੰਨ ਸਿੱਖ ਬੱਚਿਆਂ ਦੀ ਬੇਰਹਿਮੀ ਨਾਲ ਕੀਤੀ ਗਈ ਕੁੱਟਮਾਰ ਅਤੇ ਇਕ ਦੀ ਹੱਤਿਆ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਖੁਦ ਨੂੰ ਕਾਨੂੰਨ ਤੋਂ ਉਪਰ ਸਮਝ ਕੇ ਭੀੜ ਵੱਲੋਂ ਜਲਾਦ ਬਣਦਿਆਂ ਸਰੇਆਮ ਨਬਾਲਗ ਸਿੱਖ ਬੱਚਿਆਂ ਦੀ ਮੌਤ ਦੀ ਹੱਦ ਤੱਕ ਕੁੱਟਮਾਰ ਕਰਨਾ ਇਕ ਘਿਨੌਣਾ ਅਪਰਾਧ ਹੀ ਨਹੀਂ ਸਗੋਂ ਮਾਨਵਤਾ ਨੂੰ ਸ਼ਰਮਸਾਰ ਕਰ ਦੇਣ ਵਾਲਾ ਵਰਤਾਰਾ ਹੈ। ਜਿਸ ਨਾਲ ਸਿੱਖਾਂ ਦੇ ਹਿਰਦੇ ਵਲੂੰਧਰੇ ਗਏ ਹਨ ਅਤੇ ਸਿੱਖ ਭਾਈਚਾਰੇ ਵਿਚ ਦੁੱਖ ਦੀ ਲਹਿਰ ਹੈ। ਹਾਜ਼ਰ ਮੈਂਬਰ ਸਾਹਿਬਾਨ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਭਾਰਤ ਵਿਚ ਅਜੇ ਵੀ ਘੱਟ ਗਿਣਤੀ ਸਿੱਖਾਂ ਦੀ ਜਾਨ-ਮਾਲ ਸੁਰੱਖਿਅਤ ਨਹੀਂ ਹੈ ਅਤੇ ਆਏ ਦਿਨ ਉਨ੍ਹਾਂ ਨੂੰ ਨਫਰਤੀ ਹਿੰਸਾ ਦਾ ਸ਼ਿਕਾਰ ਹੋਣਾ ਪੈਂਦਾ ਹੈ। ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਅਜੀਤ ਸਿੰਘ ਬਸਰਾ ਸਮੇਤ ਸਮੂਹ ਅਹੁਦੇਦਾਰਾਂ ਨੇ ਮਹਾਰਾਸ਼ਟਰ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਵਿਸ਼ੇਸ਼ ਕਾਨੂੰਨ ਵਿਵਸਥਾ ਰਾਹੀਂ ਘੱਟ ਗਿਣਤੀ ਸਿੱਖਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਸ ਦੁਖਦਾਈ ਘਟਨਾ ਦੇ ਸਾਰੇ ਦੋਸ਼ੀਆਂ ਨੂੰ ਛੇਤੀ ਗ੍ਰਿਫਤਾਰ ਕਰਕੇ ਉਨ੍ਹਾਂ ਨੂੰ ਸਖਤ ਅਤੇ ਮਿਸਾਲੀ ਸਜ਼ਾ ਦਿੱਤੀ ਜਾਵੇ ਅਤੇ ਪੀੜਤ ਪਰਵਾਰ ਨੂੰ ਇਨਸਾਫ ਦਿੱਤਾ ਜਾਵੇ। ਮੀਟਿੰਗ ਦੌਰਾਨ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਸਥਾਨਕ ਪ੍ਰਧਾਨ ਸੰਤੋਖ ਸਿੰਘ ਸੇਠੀ, ਆਨਰੇਰੀ ਐਡੀਸ਼ਨਲ ਸਕੱਤਰ ਜਸਪਾਲ ਸਿੰਘ ਢਿੱਲੋਂ, ਆਨਰੇਰੀ ਜੁਆਇੰਟ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਸਰਜੋਤ ਸਿੰਘ ਸਾਹਨੀ, ਡਾ.ਆਤਮਜੀਤ ਸਿੰਘ ਬਸਰਾ, ਇਕਬਾਲ ਸਿੰਘ, ਭਾਈ ਬਲਦੀਪ ਸਿੰਘ, ਡਾ.ਤਰੁਨਦੀਪ ਸਿੰਘ ਆਦਿ ਮੈਂਬਰ ਹਾਜ਼ਰ ਸਨ।

ਭੁਪਿੰਦਰ ਸਿੰਘ ਰਿੰਕਾ ਮਾਰਕੀਟ ਕਮੇਟੀ ਦੇ ਚੇਅਰਮੈਨ ਨਿਯੁਕਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਮਾਰਕੀਟ ਕਮੇਟੀ ਦੇ ਚੇਅਰਮੈਨਾਂ ਦੀ ਸੂਚੀ ਵਿੱਚ ਭੁਪਿੰਦਰ ਸਿੰਘ ਰਿੰਕਾ ਖੁੰਡਾ ਨੂੰ ਮਾਰਕੀਟ ਕਮੇਟੀ ਧਾਰੀਵਾਲ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਅੱਜ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਪੰਜਾਬ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਭੁਪਿੰਦਰ ਸਿੰਘ ਰਿੰਕਾ ਖੁੰਡਾ ਨੂੰ

ਇਨਸਾਫ ਨਾ ਮਿਲਣ 'ਤੇ ਦਿਹਾਤੀ ਮਜ਼ਦੂਰ ਸਭਾ ਨੇ ਘੇਰੀ ਚੌਕੀ

ਪੱਟੀ, (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ) - ਬੀਤੇ ਦਿਨੀਂ ਪਿੰਡ ਲੌਹਕਾ ਦੇ ਗਰੀਬ ਪਰਵਾਰ ਨਾਲ ਹੋਈ ਕੁੱਟਮਾਰ ਤੇ ਲੁੱਟ ਖੋਹ ਦਾ ਇਨਸਾਫ ਨਾ ਮਿਲਣ ਕਾਰਨ ਦਿਹਾਤੀ ਮਜ਼ਦੂਰ ਸਭਾ ਵੱਲੋਂ ਪੁਲਸ ਵਧੀਕੀਆਂ ਖਿਲਾਫ ਪੁਲਸ ਚੌਕੀ ਕੈਰੋਂ ਅੱਗੇ ਵਿਸ਼ਾਲ ਧਰਨਾ ਦਿੱਤਾ ਗਿਆ। ਧਰਨੇ ਵਿੱਚ ਮਜ਼ਦੂਰ ਔਰਤਾਂ ਤੇ ਮਰਦਾਂ ਨੇ ਭਾਗ ਲਿਆ। ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਚਮਨ ਲਾਲ ਦਰਾਜਕੇ ਨੇ ਕਿਹਾ ਕਿ ਪਿਛਲੇ ਦਿਨੀ ਪਿੰਡ ਲੋਹਕਾ ਦੇ ਖੇਤ ਮਜ਼ਦੂਰ ਨਿਰਵੈਲ ਸਿੰਘ ਦੇ ਘਰ ਉਪਰ ਪਿੰਡ ਦੇ ਹੀ ਸ਼ਰਾਰਤੀ ਅਨਸਰਾਂ ਵੱਲੋਂ ਘਰ ਵਿੱਚ ਦਾਖਲ ਹੋ ਕੇ ਘਰ ਦੀ ਭੰਨਤੋੜ ਕੀਤੀ ਅਤੇ ਨਿਰਵੈਲ ਸਿੰਘ ਦੀ ਘਰਵਾਲੀ ਦੀ ਭਾਰੀ ਮਾਰ ਕੁਟਾਈ ਕੀਤੀ ਅਤੇ ਉਹਦੇ ਕੱਪੜੇ ਵੀ ਪਾੜ ਦਿੱਤੇ। ਜਾਂਦੀ ਵਾਰੀ ਹਮਲਾਵਰ ਘਰ ਵਿੱਚੋਂ ਤਿੰਨ ਮੋਬਾਈਲ ਤੇ ਸਰਬਜੀਤ ਕੌਰ ਦੇ ਪਾਏ ਹੋਏ ਕੰਨੀ ਸੋਨੇ ਦੇ ਟੋਪਸ ਵੀ ਲੈ ਗਏ। ਘਰ ਵਿੱਚ ਖੜ੍ਹੀਆਂ ਗੱਡੀਆਂ ਦੀ ਵੀ ਭੰਨਤੋੜ ਕੀਤੀ। ਆਗੂ ਨੇ ਐਸ ਐਸ ਪੀ ਤਰਨ ਤਾਰਨ ਤੇ ਡੀ ਐਸ ਪੀ ਪੱਟੀ ਤੋਂ ਮੰਗ ਕਰਦਿਆਂ ਕਿਹਾ ਕੇ ਦੋਸ਼ੀਆਂ ਖਿਲਾਫ ਬਣਦੀਆਂ ਧਾਰਾਵਾਂ ਤਹਿਤ ਪਰਚਾ ਦਰਜ ਕੀਤਾ ਜਾਵੇ। ਧਰਨੇ ਵਿੱਚ ਡੀ ਐਸ ਪੀ ਪੱਟੀ ਸਤਨਾਮ ਸਿੰਘ ਵੱਲੋਂ ਪਹੁੰਚ ਕੇ ਦੋਸ਼ੀਆਂ ਖਿਲਾਫ ਪਰਚਾ ਦਰਜ ਕਰਨ ਦਾ ਵਿਸ਼ਵਾਸ ਦਿਵਾਇਆ ਤੇ ਧਰਨਾ ਸਮਾਪਤ ਕਰਵਾਇਆ। ਇਸ ਮੌਕੇ ਜਥੇਬੰਦੀ ਦੇ ਸੀਨੀਅਰ ਆਗੂ ਸਵਿੰਦਰ ਸਿੰਘ ਚੱਕ, ਜਸਵੰਤ ਸਿੰਘ ਭਿੱਖੀਵਿੰਡ, ਚੰਦ ਤੂਤ, ਦਿਆਲ ਸਿੰਘ ਲੋਹਕਾ, ਬਲਦੇਵ ਸਿੰਘ ਲੋਹਕਾ, ਧਰਮ ਸਿੰਘ ਪੱਟੀ ਆਦਿ ਆਗੂ ਹਾਜ਼ਰ ਸਨ।

ਰਣਜੇਤ ਸਿੰਘ ਬਾਠ ਮਾਰਕਿਟ ਕਮੇਟੀ ਕਲਾਨੌਰ ਦੇ ਚੇਅਰਮੈਨ ਬਣੇ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਸਰਕਾਰ ਵੱਲੋਂ ਪੰਜਾਬ ਵਿੱਚ ਮਾਰਕਿਟ ਕਮੇਟੀ ਦੀਆਂ ਚੇਅਰਮੈਨੀਆਂ ਦੀ ਅੱਜ ਲਿਸਟ ਜਾਰੀ ਕੀਤੀ ਗਈ। ਜਿਸ ਵਿੱਚ ਹਲਕਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਕਲਾਨੌਰ ਮਾਰਕਿਟ ਕਮੇਟੀ ਦੇ ਚੇਅਰਮੈਨ ਰਣਜੇਤ ਸਿੰਘ ਬਾਠ (ਝੰਗੀ) ਨੂੰ ਬਣਾਇਆ ਗਿਆ ਜਿਸ ਨੂੰ ਲੈ ਕੇ ਸਮੁੱਚੇ ਹਲਕਾ ਡੇਰਾ ਬਾਬਾ ਨਾਨਕ ਤੋ ਆਮ ਆਦਮੀ ਪਾਰਟੀ ਦੇ ਦਰਜਾ ਬਦਰਜਾ ਵਰਕਰਾ ਅਤੇ ਆਗੂਆਂ ਵੱਲੋਂ ਉਂਨਾਂ ਦੇ ਗ੍ਰਹਿ ਪਿੰਡ ਝੰਗੀ ਵਿਖੇ ਜਾ ਕੇ ਖੁਸੀ ਦਾ ਇਜਹਾਰ ਕਰਦਿਆ ਮੂੰਹ ਮਿੱਠਾ ਕਰਵਾ ਕੇ ਰਣਜੇਤ ਸਿੰਘ ਬਾਠ ਨੂੰ ਮੁਬਾਰਕਬਾਦ ਦਿੱਤੀ ਗਈ।

ਇਸ ਮੌਕੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਰਣਜੇਤ ਸਿੰਘ ਬਾਠ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆ ਕਿਹਾ ਕਿ ਪਾਰਟੀ ਵੱਲੋ ਮੇਰੇ ਤੇ ਵਿਸਵਾਸ ਕਰਕੇ ਮੈਨੂੰ ਜੋ ਮਾਰਕਿਟ ਕਮੇਟੀ ਦੇ ਚੇਅਰਮੈਨੀ ਦੀ ਸੇਵਾ ਦਿੱਤੀ ਗਈ ਹੈ ਮੈ ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ। ਇਸ ਮੌਕੇ ਅਮਨਸੇਰ ਸਿੰਘ ਕਲਸੀ ਹਲਕਾ ਵਿਧਾਇਕ ਬਟਾਲਾ,ਆਮ ਆਦਮੀ ਪਾਰਟੀ ਦੇ ਜਿਲਾ ਪ੍ਰਧਾਨ ਜਗਰੂਪ ਸਿੰਘ ਸੇਖਵਾ , ਬਲਬੀਰ ਸਿੰਘ ਪੰਨੂੰ ਚੇਅਰਮੈਨ ਪਨਸਪ ਪੰਜਾਬ , ਨਰੇਸ ਗੋਇਲ ਚੇਅਰਮੈਨ ਇੰਪਰੂਵਮੈਂਟ ਟਰਸਟ ਬਟਾਲਾ ਸਮੇਤ ਜਿਲੇ ਦੇ ਸੀਨੀਅਰ ਆਗੂਆਂ ਵੱਲੋਂ ਫੋਨ ਕਰਕੇ ਰਣਜੇਤ ਸਿੰਘ ਬਾਠ ਨੂੰ ਵਧਾਈ ਦਿੱਤੀ ਗਈ ।ਇਸ ਮੌਕੇ ਰਾਜੀਵ ਸਰਮਾਂ ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ, ਆਪ ਆਗੂ ਚੰਨਣ ਸਿੰਘ ਖਾਲਸਾ , ਅਮਰਜੀਤ ਸਿੰਘ ਉਦੋਵਾਲੀ,ਸਤਨਾਮ ਸਿੰਘ ਹਰੂਵਾਲ, ਲਖਵਿੰਦਰ ਸਿੰਘ ਸੰਘੇੜਾ ਬਲਾਕ ਪ੍ਰਧਾਨ ਫਤਿਹਗੜ ਚੂੜੀਆਂ, ਬਾਪੂ ਚੰਨਣ ਸਿੰਘ ਝੰਗੀ, ਜਾਗੀਰ ਸਿੰਘ ਝੰਗੀ,ਦਿਦਾਰ ਸਿੰਘ ਘਣੀਆਂ,ਬਾਬਾ ਤਰਸੇਮ ਸਿੰਘ,ਮਨਜੀਤ ਸਿੰਘ , ਪਲਵਿੰਦਰ ਸਿੰਘ ਕਲਾਨੌਰ,ਬਲਦੇਵ ਸਿੰਘ ਸਰਪੰਚ ਝੰਗੀ, ਪ੍ਰਧਾਨ ਨਿਰੰਜਣ ਸਿੰਘ, ਮੰਗਲ ਸਿੰਘ ਬਾਠ,ਕੁਲਦੀਪ ਸਿੰਘ ਬਾਜਵਾ, ਸੁਰਜੀਤ ਸਿੰਘ ਮਾਹਲ, ਸਤਨਾਮ ਸਿੰਘ ਬਾਜਵਾ, ਜਗਮੋਹਨ ਸਿੰਘ,ਕਸਮੀਰ ਸਿੰਘ ਗੋਲਾ ਢੋਲਾ, ਦੀਪਕ ਕੁਮਾਰ ਸਹਿਜਾਦਾ,ਕਸਮੀਰ ਸਿੰਘ ਵਾਹਲਾ ਸਾਬਕਾ ਜਿਲਾ ਪ੍ਰਧਾਨ , ਦਲਜੀਤ ਸਿੰਘ ਤਲਵੰਡੀ ,ਪ੍ਰਿੰਸ ਕਲਾਨੌਰ, ਪ੍ਰਮਜੀਤ ਸਿੰਘ ,ਕੰਵਲਜੀਤ ਸਿੰਘ ਪਵਾਰ,ਰਣਜੀਤ ਸਿੰਘ ਖਾਲਸਾ,ਜੱਸੀ ਕਲਸੀ, ਜਤਿੰਦਰ ਪਾਲ ਸਿੰਘ ਤੇ ਨਿਰਮਲ ਸਿੰਘ ਖਾਸਾਵਾਲੀ, ਸੁਖਦੇਵ ਸਿੰਘ ਆਹਲੂਵਾਲ, ਝਿਰਮਲ ਸਿੰਘ ਜੇ.ਈ., ਮਲਕੀਤ ਸਿੰਘ ਪੰਨੂੰ ਆਦਿ ਹਾਜ਼ਰ ਸਨ ।

ਮਹਿਲਾ ਪਹਿਲਵਾਨਾਂ ਦੇ ਹੱਕ 'ਚ ਮਾਰਚ ਕਰਕੇ ਮੋਦੀ, ਅਮਿਤ ਸ਼ਾਹ ਤੇ ਬ੍ਰਿਜ ਭੂਸ਼ਣ ਸ਼ਰਣ ਦੇ ਫੂਕੇ ਪੁਤਲੇ

ਗੜ੍ਹਸ਼ੰਕਰ

ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ) ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਗੜ੍ਹਸ਼ੰਕਰ ਵਿਖੇ ਕਿਰਤੀ ਕਿਸਾਨ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ, ਜਮਹੂਰੀ ਕਿਸਾਨ ਸਭਾ, ਡੈਮੋਕਰੈਟਿਕ ਮੁਲਾਜਮ ਫੈਡਰੇਸ਼ਨ ,ਡੈਮੋਕਰੈਟਿਕ ਪੈਨਸ਼ਨਰਜ ਫਰੰਟ ਜੀਵਨ ਜਾਗ੍ਰਿਤੀ ਮੰਚ, ਜਨਵਾਦੀ ਇਸਤਰੀ ਸਭਾ, ਪੰਜਾਬ ਸੁਬਾਰਟੀਨੇਟ ਸਰਵਿਸ ਫੈਡਰੇਸ਼ਨ ਤਰਕਸ਼ੀਲ ਸੁਸਾਇਟੀ ਅਤੇ ਮਜਦੂਰ ਯੂਨੀਅਨਾਂ ਦੇ ਆਗੂਆਂ ਤੇ ਵਰਕਰਾਂ ਵਲੋਂ ਦੇਸ਼ ਦੀਆਂ ਦੁਨੀਆਂ ਪੱਧਰ ਦੀਆਂ ਨਾਮੀ ਮਹਿਲਾ ਪਹਿਲਵਾਨਾਂ ਵਲੋਂ ਜਿਨਸੀ ਸ਼ੋਸ਼ਣ ਖਿਲਾਫ ਕੀਤੇ ਜਾ ਰਹੇ ਸ਼ੰਘਰਸ਼ ਨੂੰ ਪੁਲਸ ਜਬਰ ਨਾਲ ਕੁਚਲ ਦੇਣ ਦੇ ਮਨਸੂਬਿਆਂ ਅਤੇ ਜਿਨਸੀ ਦੋਸ਼ਾਂ ਵਿੱਚ ਘਿਰੇ ਕੁਸ਼ਤੀ ਸੰਘ ਦੇ ਮੁਖੀ ਬ੍ਰਿਜਭੂਸ਼ਣ ਖਿਲਾਫ ਕਾਰਵਾਈ ਕਰਵਾਉਣ ਲਈ ਵੱਖ ਵੱਖ ਜੱਥੇਬੰਦੀਆਂ ਦੇ ਆਗੂਆਂ ਹਰਮੇਸ਼ ਢੇਸੀ, ਗੁਰਨੇਕ ਭੱਜਲ ਦਰਸ਼ਣ ਸਿੰਘ ਮੱਟੂ,ਮੱਖਣ ਵਾਹਿਦਪੁਰੀ,ਪ੍ਰਿੰਸੀਪਲ ਡਾ. ਬਿੱਕਰ ਸਿੰਘ,ਕੁਲਵਿੰਦਰ ਚਾਹਲ ਰਾਮਜੀ ਦਾਸ,ਪੈਨਸ਼ਨਰ ਫਰੰਟ ਹੰਸ ਰਾਜ ਗੜ੍ਹਸ਼ੰਕਰ, ਮੁਲਾਜਮ ਆਗੂ ਮੁਕੇਸ਼ ਕੁਮਾਰ ਅਤੇ ਬੀਬੀ ਸੁਭਾਸ਼ ਮੱਟੂ ਦੀ ਅਗਵਾਈ ਹੇਠ ਇਲਾਕੇ ਦੇ ਜਮਹੂਰੀਅਤ ਤੇ ਇਨਸਾਫਪਸੰਦ ਲੋਕਾਂ ਵਲੋਂ ਇੱਥੇ ਅਨੰਦਪੁਰ ਚੌਕ ਵਿੱਚ ਸਥਿਤ ਗੁਰਦਿੱਤ ਸਿੰਘ ਪਾਰਕ ਵਿਖੇ ਰੈਲੀ ਅਤੇ ਸ਼ਹਿਰ ਵਿੱਚ ਰੋਸ ਮਾਰਚ ਕਰਨ ਉਪਰੰਤ ਬੰਗਾ ਚੌਕ ਵਿੱਚ ਮੋਦੀ ਅਮਿਤ ਸ਼ਾਹ ਅਤੇ ਬ੍ਰਿਜਭੂਸ਼ਨ ਸ਼ਰਨ ਸਿੰਘ ਦਾ ਪੁਤਲਾ ਫੂਕਿਆ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਕੁਲਭੂਸ਼ਣ ਮਹਿੰਦਵਾਨੀ, ਪ੍ਰਦੀਪ ਕੁਮਾਰ ਗੁਰੂ, ਪ੍ਰੋ ਕੁਲਵੰਤ ਗੋਲੇਵਾਲ, ਰਾਮਜੀਤ ਸਿੰਘ ਸਰਪੰਚ, ਸੰਤੋਖ ਸਿੰਘ ਰਸੂਲਪੁਰ ਸਤਨਾਮ ਸਿੰਘ ਸਰਪੰਚ, ਪੰਮੀ ਸਰਪੰਚ, ਹਰਭਜਨ ਅਟਵਾਲ, ਹਰਭਜਨ ਸਿੰਘ ਗੁੱਲਪੁਰ,ਗੁਰਨਾਮ ਸਿੰਘ,ਗਿਆਨੀ ਅਵਤਾਰ ਸਿੰਘ,ਸੁੱਚਾ ਸਿੰਘ ਭੱਜਲ,ਪ੍ਰਵੀਨ ਕੁਮਾਰੀ,ਗੁਰਮੇਲ ਸਿੰਘ ਨੇ ਕਿਹਾ ਕਿ ਦੇਸ਼ ਦੇ ਨਾਮੀ ਪਹਿਲਵਾਨ ਖਾਸ ਕਰਕੇ ਮਹਿਲਾ ਪਹਿਲਵਾਨ ਆਪਣੇ ਨਾਲ ਕੁਸ਼ਤੀ ਮਹਾ ਸੰਘ ਦੇ ਪ੍ਰਧਾਨ ਬ੍ਰਿਜਭੂਸ਼ਣ ਸ਼ਰਣ ਸਿੰਘ ਵਲੋਂ ਕੀਤੇ ਜਿਨਸੀ ਸ਼ੋਸ਼ਣ ਖਿਲਾਫ ਜੰਤਰ ਮੰਤਰ ਵਿਖੇ ਪਿਛਲੇ ਕਈ ਮਹੀਨਿਆਂ ਤੋ ਪ੍ਰਦਰਸ਼ਨ ਕਰ ਰਹੇ ਹਨ ਪਰ ਕੇਂਦਰ ਸਰਕਾਰ ਉਹਨਾਂ ਨੂੰ ਇਨਸਾਫ ਦੇਣ ਦੀ ਥਾਂ ਖੌਫਜਦਾ ਕਰਕੇ ਉਹਨਾਂ ਦੇ ਸ਼ੰਘਰਸ਼ ਨੂੰ ਕੁਚਲ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਕੁਸ਼ਤੀ ਸ਼ੰਘ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੂੰ ਪ੍ਰਧਾਨ ਦੇ ਅਹੁਦੇ ਤੋ ਹਟਾ ਕੇ ਗ੍ਰਿਫਤਾਰ ਕੀਤਾ ਜਾਵੇ। ਇਸ ਸਮੇ ਮਾ.ਜਰਨੈਲ ਸਿੰਘ,ਮਾ.ਸੱਤਪਾਲ ਕਲੇਰ, ਮਾ.ਜਸਵਿੰਦਰ ਸਿੰਘ ਮਾ.ਜਸਪ੍ਰੀਤ ਸਿੰਘ,ਮਨਜਿੰਦਰ ਕੁਮਾਰ ਝੱਲੀ, ਜਰਨੈਲ ਸਿੰਘ ਗੋਲੇਵਾਲ, ਲਖਵੀਰ ਸਿੰਘ ਅਲੀਪੁਰ,ਪ੍ਰੇਮ ਪਾਲੇਵਾਲ, ,ਗੁਰਦੇਵ ਸਿੰਘ ਤੇ ਜਰਨੈਲ ਸਿੰਘ ਗੋਲੇਵਾਲ ਜੋਗਿੰਦਰ ਸਿੰਘ ਸੰਤੋਖ ਸਿੰਘ ਰਸੂਲਪੁਰ ਤੇਜਿੰਦਰ ਸਿੰਘ ਮਜਾਰਾ ਡੀਗਰੀਆਂ, ਹੁਸ਼ਿਆਰ ਗੋਲਡੀ, ਇਕਬਾਲ ਸਿੰਘ, ਗੁਰਮੇਲ ਸਿੰਘ,ਹਰਨੇਕ ਸਿੰਘ ਕਰਨੈਲ ਸਿੰਘ ,ਹਰੀ ਰਾਮ ਨਫਰੀ ਸੇਵਾ ਮੁਕਤ ਤਹਿਸੀਲਦਾਰ, ਹਰਦੇਵ ਰਾਏ ਸੇਵਾਮੁਕਤ ਚੀਫ ਮੈਨੇਜਰ ਤਰਕਸ਼ੀਲ ਆਗੂ ਗੁਰਨਾਮ ਸਿੰਘ,ਰੇਸ਼ਮ ਸਿੰਘ ਨਰੇਸ਼ ਕਪੂਰ, ਸੁਰਿੰਦਰ ਕੌਰ,ਜੀਵਨ ਜੋਤੀ ਆਦਿ ਵੀ ਮੁਜਾਹਰੇ ਵਿੱਚ ਸ਼ਾਮਲ ਸਨ।

ਸ਼ਾਹਕੋਟ(ਗਿਆਨ ਸੈਦਪੁਰੀ) -ਸੰਯੁਕਤ ਕਿਸਾਨ ਮੋਰਚਾ ਤਹਿਸੀਲ ਸੁਨਾਮ ਵੱਲੋਂ ਔਰਤ ਪਹਿਲਵਾਨਾਂ ਨੂੰ ਇਨਸਾਫ ਦਿਵਾਉਣ ਲਈ ਸਭ ਤੋਂ ਪਹਿਲਾਂ ਕਿਸਾਨ ਗੁਰਦਵਾਰਾ ਸੱਚ ਖੰਡ ਸਾਹਿਬ ਵਿਖੇ ਇੱਕਠੇ ਹੋਏ। ਇਸ ਤੋਂ ਬਾਅਦ ਇੱਕਠੇ ਹੋਏ ਸਾਥੀਆਂ ਨੂੰ ਕਿਸਾਨ ਆਗੂ ਸੰਤ ਰਾਮ ਛਾਜਲੀ, ਹਰਦੇਵ ਬਖਸ਼ੀਵਾਲਾ, ਜਰਨੈਲ ਸਿੰਘ ਜਨਾਲ, ਵਰਿੰਦਰ ਕੌਸ਼ਿਕ ਹੋਰਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਰੇ ਪੰਜਾਬ ਵਿੱਚ ਸੰਯੁਕਤ ਮੋਰਚੇ ਦੇ ਸੱਦੇ 'ਤੇ ਔਰਤ ਪਹਿਲਵਾਨਾਂ ਨੂੰ ਇਨਸਾਫ ਦਿਵਾਉਣ ਲਈ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਨ ਦੇ ਪੁਤਲੇ ਫੂਕੇ ਜਾਣਗੇ। ਜਿਸ ਤਹਿਤ ਕਿਸਾਨਾਂ ਵੱਲੋਂ ਗੁਰਦੁਆਰਾ ਸੱਚਖੰਡ ਤੋਂ ਪੈਦਲ ਮਾਰਚ ਕਰਦੇ ਐਸ ਡੀ ਐਮ ਦਫਤਰ ਦੇ ਬਾਹਰ ਬ੍ਰਿਜ ਭੂਸ਼ਨ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਕਰਮ ਸਿੰਘ ਸੱਤ, ਮਹਿੰਦਰ ਸਿੰਘ ਲੌਂਗੋਵਾਲ, ਜਰਨੈਲ ਸਿੰਘ ਛਾਜਲੀ, ਬਿੰਦਰ ਪਾਲ ਸਰਮਾ, ਗੋਕਲ ਪੰਡਤ, ਗਾਗੀ ਗੋਬਿੰਦਗੜ੍ਹ ਬਿਰਛ ਲਾਲ ਧੀਮਾਨ ਜਗਦੇਵ ਸਿੰਘ ਬਾਹੀਆ, ਕਰਮ ਚੰਦ ਮਾਰਕੰਡੇ, ਕਰਨੈਲ ਛਾਜਲੀ ਗਮਦੂਰ ਗੋਬਿੰਦਗੜ੍ਹ ਜੰਸਵਤ ਅਸਮਾਨੀ ਜਗਦੀਸ਼ ਬਖਸ਼ੀਵਾਲਾ, ਕਾਮਰੇਡ ਨਿਰਮਲ ਸਿੰਘ ਲਖਵਿੰਦਰ ਸਿੰਘ ਚਹਿਲ ਗੁਰਮੇਲ ਜਨਾਲ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਸਾਥੀ ਹਾਜਰ ਸਨ।

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)— ਸੰਯੁਕਤ ਕਿਸਾਨ ਮੋਰਚਾ ਦੇ ਪੰਜਾਬ ਕੇਡਰ ਦੇ ਮੈਂਬਰ ਹਰਬੰਸ ਸਿੰਘ ਸੰਘਾ ਨੇ ਪ੍ਰੈੱਸ ਨੂੰ ਦਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਵੱਖ ਵੱਖ ਕਿਸਾਨ, ਮੁਲਾਜ਼ਮ ਤੇ ਮਜ਼ਦੂਰ ਜੰਥੇਬੰਦੀਆਂ ਨੇ ਸ਼ਹੀਦ ਧੰਨਾ ਸਿੰਘ ਪਾਰਕ ਵਿੱਚ ਇਕੱਠੇ ਹੋ ਕੇ ਰੋਸ ਰੈਲੀ ਕੀਤੀ। ਰੈਲੀ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਪਹਿਲਵਾਨ ਲੜਕੀਆਂ ਨਾਲ ਹੋਏ ਜਿਸਮਾਨੀ ਸੋਸ਼ਣ ਕਾਰਨ ਕੁਸ਼ਤੀ ਸੰਘ ਦੇ ਪ੍ਰਧਾਨ ਬ੍ਰਿਜ ਭੂਸ਼ਨ ਜਿਸ ਵਿਰੁੱਧ ਪਰਚਾ ਦਰਜ ਹੋਣ ਦੇ ਬਾਵਜੂਦ ਕੇਂਦਰ ਸਰਕਾਰ ਉਸ ਨੂੰ ਗ੍ਰਿਫਤਾਰ ਨਹੀ ਕਰ ਰਹੀ ਅਤੇ ਨਾ ਹੀ ਉਸ ਨੂੰ ਕੁਸ਼ਤੀ ਸੰਘ ਦੀ ਪ੍ਰਧਾਨਗੀ ਤੋਂ ਲਾਹਿਆ ਜਾ ਰਿਹਾ ਹੈ ਸਗੋਂ ਉਨ੍ਹਾਂ ਨੂੰ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨ 'ਤੇ ਵੀ ਲਾਠੀਚਾਰਜ ਕਰਕੇ ਖਦੇੜਿਆ ਗਿਆ। ਜਿਸ ਦੇ ਰੋਸ ਵਜੋਂ ਇੱਥੇ ਪਹਿਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਰਥੀ ਬਣਾਈ ਗਈ ਤੇ ਫਿਰ ਮਿਨੀ ਸਕੱਤਰੇਤ ਵੱਲ ਨੂੰ ਰੋਸ ਮਾਰਚ ਲਈ ਚਾਲੇ ਪਾਏ। ਇਸ ਪ੍ਰਦਰਸ਼ਨ ਵਿੱਚ ਬੀਬੀਆਂ ਨੇ ਵੀ ਸ਼ਮੂਲੀਅਤ ਕੀਤੀ। ਪ੍ਰਦਰਸ਼ਨਕਾਰੀਆਂ ਨੇ ਮਾਰਚ ਦੌਰਾਨ ਕੇਂਦਰ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜੀ ਕੀਤੀ ਅਤੇ ਰੋਹ ਭਰਪੂਰ ਨਾਹਰੇ ਲਗਾਉਂਦੇ ਹੋਏ ਡੀ ਸੀ ਦਫ਼ਤਰ ਅੱਗੇ ਪਹੁੰਚੇ। ਉਥੇ ਜਗਤਾਰ ਸਿੰਘ ਭਿੰਡਰ, ਓਮ ਸਿੰਘ ਸਠਿਅਣਾ, ਜਸਵਿੰਦਰ ਸਿੰਘ ਦਿਹਾਨਾ, ਦਵਿੰਦਰ ਸਿੰਘ ਕਕੋਂ, ਰਜਿੰਦਰ ਸਿੰਘ ਰੋਡਵੇਜ, ਸਤਪਾਲ ਸਿੰਘ, ਸਤੀਸ਼ ਰਾਣਾ ਮੁਲਾਜ਼ਮ ਆਗੂ, ਸੰਤੋਖ ਸਿੰਘ, ਗੰਗਾ ਪ੍ਰਸਾਦ ਆਦਿ ਮਜ਼ਦੂਰ ਆਗੂਆਂ ਨੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕੀਤਾ। ਡਾ: ਤੇਜ ਪਾਲ ਜਮਹੂਰੀ ਅਧਿਕਾਰ ਸਭਾ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਤੋਂ ਬਾਅਦ ਮੋਦੀ ਦੀ ਅਰਥੀ ਨੂੰ ਅਗਨ ਭੇਂਟ ਕੀਤਾ ਗਿਆ ਅਤੇ ਡੀ ਸੀ ਹੁਸ਼ਿਆਰਪੁਰ ਨੂੰ ਮੰਗ ਪੱਤਰ ਦਿੱਤਾ ਗਿਆ।

ਫਿਲੌਰ

ਫਿਲੌਰ, (ਨਿਰਮਲ, ਹਰਜਿੰਦਰ ਕੌਰ ਚਾਹਲ)- ਸੰਯੁਕਤ ਕਿਸਾਨ ਮੋਰਚਾ ਅਤੇ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇਪੀਐਮਓ) ਵਲੋਂ ਮੋਦੀ ਸਰਕਾਰ ਦਾ ਪੁਤਲਾ ਫੂਕ ਕੇ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ ਗਿਆ। ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਕੁਸ਼ਤੀ ਫੈਡਰੇਸਨ ਦੇ ਮੁਖੀ ਖਿਲਾਫ ਬਿਨਾਂ ਦੇਰੀ ਤੋਂ ਸਖਤ ਕਾਰਵਾਈ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਜੇ ਕਾਰਵਾਈ ਨਾ ਕੀਤੀ ਤਾਂ ਐਸਕੇਐਮ, ਟਰੇਡ ਯੂਨੀਅਨਾਂ, ਔਰਤਾਂ, ਨੌਜਵਾਨਾਂ, ਵਿਦਿਆਰਥੀਆਂ, ਵਪਾਰੀਆਂ, ਬੁੱਧੀਜੀਵੀਆਂ ਅਤੇ ਸਮਾਜਿਕ ਅੰਦੋਲਨਾਂ ਸਮੇਤ ਹੋਰ ਸਾਰੇ ਵਰਗਾਂ ਦੇ ਤਾਲਮੇਲ ਨਾਲ ਪੂਰੇ ਭਾਰਤ ਵਿੱਚ ਅੰਦੋਲਨ ਹੋਰ ਤੇਜ ਕੀਤਾ ਜਾਵੇਗਾ। ਦਿੱਲੀ ਮੋਰਚੇ ਦੇ ਸ਼ਹੀਦਾਂ ਦੀ ਯਾਦਗਰ ਤੋਂ ਵੱਖ-ਵੱਖ ਜਥੇਬੰਦੀਆਂ ਦੇ ਕਾਰਕੁਨਾਂ ਦਾ ਇੱਕ ਕਾਫਲਾਂ ਮੋਦੀ ਸਰਕਾਰ ਖਿਲਾਫ ਨਾਅਰੇਬਾਜੀ ਕਰਦਾ ਹੋਇਆ ਸਥਾਨਕ ਪੰਡਤ ਸ਼ਰਧਾ ਰਾਮ ਫਿਲੌਰੀ ਚੌਕ ਪੁੱਜਾ, ਜਿਥੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਸੰਤੋਖ ਸਿੰਘ ਬਿਲਗਾ, ਕੁਲਦੀਪ ਫਿਲੌਰ, ਤਰਜਿੰਦਰ ਸਿੰਘ ਧਾਲੀਵਾਲ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਹਰਮਿੰਦਰ ਸਿੰਘ ਖਹਿਰਾ, ਬਲਜੀਤ ਸਿੰਘ ਖਹਿਰਾ, ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਬਲਵਿੰਦਰ ਸਿੰਘ, ਇਕਬਾਲ ਸਿੰਘ ਢਾਡੀ, ਦਿਹਾਤੀ ਮਜਦੂਰ ਸਭਾ ਦੇ ਪਰਮਜੀਤ ਰੰਧਾਵਾ, ਜਰਨੈਲ ਫਿਲੌਰ, ਮੇਜਰ ਫਿਲੌਰ, ਪਸਸਫ ਦੇ ਆਗੂ ਤੀਰਥ ਸਿੰਘ ਬਾਸੀ, ਨਿਰਮੋਲਕ ਸਿੰਘ ਹੀਰਾ, ਸਤਵਿੰਦਰ ਸਿੰਘ, ਬਲਵੀਰ ਸਿੰਘ ਨੇ ਅਗਵਾਈ ਕੀਤੀ। ਇਸ ਮੌਕੇ ਕੁਲਜੀਤ ਫਿਲੌਰ, ਬਲਬੀਰ ਸਿੰਘ ਬਿਲਗਾ, ਕੁਲਜਿੰਦਰ ਸਿੰਘ ਤਲਵਣ, ਬਨਾਰਸੀ ਦਾਸ ਘੁੜਕਾ, ਅਮ੍ਰਿਤ ਨੰਗਲ, ਸਰਪੰਚ ਰਾਮ ਲੁਭਾਇਆ, ਮਨਜੀਤ ਸੂਰਜਾ, ਨੰਬਰਦਾਰ ਬਲਜਿੰਦਰ ਸਿੰਘ ਬਿਲਗਾ, ਸੀਤਲ ਬੰਗਾ ਆਦਿ ਉਚੇਚੇ ਤੌਰ 'ਤੇ ਹਾਜਰ ਸਨ।

ਸ਼ਾਹਕੋਟ

ਨਵਾਂਸ਼ਹਿਰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਨਵਾਂਸ਼ਹਿਰ ਵਿਖੇ ਜਨਤਕ ਜਥੇਬੰਦੀਆਂ ਵੱਲੋਂ ਭਾਰਤੀ ਕੁਸ਼ਤੀ ਸੰਘ ਦੇ ਸਾਬਕਾ ਪ੍ਰਧਾਨ ਅਤੇ ਭਾਜਪਾ ਦੇ ਐਮ.ਪੀ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਰੈਲੀ ਅਤੇ ਅਰਥੀ ਫੂਕ ਮੁਜਾਹਰਾ ਕੀਤਾ ਗਿਆ। ਅਰਥੀ ਫੂਕ ਮੁਜਾਹਰੇ ਤੋਂ ਪਹਿਲਾਂ ਸਥਾਨਕ ਬੱਸ ਅੱਡੇ 'ਤੇ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜਿਲਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਇਫਟੂ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾ ਪ੍ਰਧਾਨ ਗੁਰਬਖਸ਼ ਕੌਰ ਸੰਘਾ, ਜਮਹੂਰੀ ਅਧਿਕਾਰ ਸਭਾ ਦੇ ਸੂਬਾਈ ਆਗੂ ਬੂਟਾ ਸਿੰਘ ਮਹਿਮੂਦ ਪੁਰ,ਕੁਲ ਹਿੰਦ ਕਿਸਾਨ ਸਭਾ ਦੇ ਸੁਤੰਤਰ ਕੁਮਾਰ, ਬਲਵੀਰ ਸਿੰਘ ਜਾਡਲਾ,ਆਟੋ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਿੱਲਾ ਗੁੱਜਰ,ਪ੍ਰਵਾਸੀ ਮਜਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਰਵੀਨ ਕੁਮਾਰ ਨਿਰਾਲਾ, ਜਥੇਦਾਰ ਹਜੂਰਾ ਸਿੰਘ ਪੈਲੀ,ਜਮਹੂਰੀ ਕਿਸਾਨ ਸਭਾ ਦੇ ਆਗੂ ਸੋਹਨ ਸਿੰਘ ਸਲੇਮਪੁਰੀ,ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ,ਕੌਮੀ ਕਿਸਾਨ ਯੂਨੀਅਨ ਦੇ ਆਗੂ ਨਿਰਮਲ ਸਿੰਘ ਔਜਲਾ,ਪੇਂਡੂ ਮਜਦੂਰ ਯੂਨੀਅਨ ਦੇ ਆਗੂ ਕਮਲਜੀਤ ਸਨਾਵਾ, ਮਾਸਟਰ ਜਰਨੈਲ ਸਿੰਘ ਰਾਹੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੂੰ ਗ੍ਰਿਫਤਾਰ ਕਰਨ ਦੀ ਥਾਂ ਉਸਦਾ ਨੰਗੇ ਚਿੱਟੇ ਰੂਪ ਵਿੱਚ ਬਚਾਅ ਕਰ ਰਹੀ ਹੈ। ਜਿਸ ਤਰ੍ਹਾਂ ਜੰਤਰ ਮੰਤਰ ਦਿੱਲੀ ਵਿਖੇ ਇਨਸਾਫ਼ ਦੀ ਮੰਗ ਨੂੰ ਲੈਕੇ ਧਰਨੇ ਉੱਤੇ ਬੈਠੇ ਭਲਵਾਨਾਂ ਦੇ ਪੁਲਸ ਵੱਲੋਂ ਟੈਂਟ ਪੁੱਟੇ ਗਏ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਉਸ ਤੋਂ ਇਹ ਇਕ ਵਾਰ ਫਿਰ ਸਪੱਸ਼ਟ ਹੋ ਗਿਆ ਹੈ ਕਿ ਫਾਸ਼ੀਵਾਦੀ ਮੋਦੀ ਸਰਕਾਰ ਵਿਰੋਧੀ ਆਵਾਜ਼ ਨੂੰ ਕੁਚਲਣ ਲਈ ਕਿਸੇ ਵੀ ਹੱਦ ਤੱਕ ਜਾ ਸਕਦੀ ਹੈ। ਸਰਕਾਰ ਦਾ 'ਬੇਟੀ ਬਚਾਓ ਬੇਟੀ ਪੜ੍ਹਾਓ' ਨਾਹਰਾ ਦੇਸ਼ ਦੀਆਂ ਲੜਕੀਆਂ ਨਾਲ ਮਹਿਜ ਫਰੇਬ ਤੋਂ ਇਲਾਵਾ ਹੋਰ ਕੁੱਝ ਵੀ ਨਹੀਂ। ਰੈਲੀ ਦੀ ਪ੍ਰਧਾਨਗੀ ਹਰੀ ਰਾਮ ਰਸੂਲਪੁਰੀ, ਅਵਤਾਰ ਸਿੰਘ ਤਾਰੀ,ਸੁਰਿੰਦਰ ਸਿੰਘ ਮਹਿਰਮ ਪੁਰ,ਹਰੇ ਰਾਮ ਸਿੰਘ, ਸੁਲੱਖਣ ਸਿੰਘ, ਅਵਤਾਰ ਸਿੰਘ ਸਾਧੜਾ,ਸੁਦੇਸ਼ ਕੁਮਾਰੀ ਨੇ ਕੀਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੇ ਆਗੂ ਹਜੂਰਾ ਸਿੰਘ ਪੈਲੀ, ਕਿਰਤੀ ਕਿਸਾਨ ਯੂਨੀਅਨ ਦੇ ਇਸਤਰੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਕੌਰ ਉਟਾਲ,ਦਿਹਾਤੀ ਮਜਦੂਰ ਸਭਾ ਦੇ ਆਗੂ ਸੁਰਿੰਦਰ ਭੱਟੀ,ਪਵਨ ਸ਼ਰਮਾ, ਭੱਠਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਰੱਕੜ, ਉਸਾਰੀ ਮਿਸਤਰੀ ਮਜਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਜੰਡੀ ਨੇ ਵੀ ਸੰਬੋਧਨ ਕੀਤਾ। ਆਗੂਆਂ ਨੇ ਕਿਹਾ ਕਿ 5 ਜੂਨ ਨੂੰ ਪਿੰਡਾਂ ਵਿੱਚ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਪੁਤਲੇ ਫੂਕੇ ਜਾਣਗੇ।


ਜਲੰਧਰ

ਜਲੰਧਰ (ਸ਼ੈਲੀ ਐਲਬਰਟ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਪਹਿਲਵਾਨਾਂ ਦੇ ਹੱਕ ਵਿੱਚ ਤੇ ਬ੍ਰਿਜ ਭੂਸ਼ਨ ਦੇ ਵਿਰੋਧ ਵਿੱਚ ਰੋਸ ਮਾਰਚ ਕਰਕੇ ਡੀ. ਸੀ. ਜਲੰਧਰ ਨੂੰ ਮੰਗ ਪੱਤਰ ਦਿੱਤਾ। ਇਸ ਸਮੇਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ ਨੇ ਕਿਹਾ ਕਿ ਮੋਦੀ ਸਰਕਾਰ ਆਪਣੇ ਫਾਸ਼ੀਵਾਦ ਏਜੰਡੇ ਤਹਿਤ ਆਪਣੇ ਖਿਲਾਫ ਉੱਠਣ ਵਾਲੀ ਹਰ ਆਵਾਜ ਨੂੰ ਧੱਕੇ ਨਾਲ ਦਬਾਉਣ ਦੀ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਪਹਿਲਵਾਨ ਸ਼ਾਂਤੀ ਨਾਲ ਮਾਰਚ ਕਰਦੇ ਹੋਏ ਜਦੋਂ ਸੰਸਦ ਵੱਲ ਮਾਰਚ ਕਰਦੇ ਹੋਏ ਜਾ ਰਹੇ ਸਨ ਤਾਂ ਮੋਦੀ ਸਰਕਾਰ ਦੇ ਇਸ਼ਾਰੇ 'ਤੇ ਉਹਨਾਂ ਨਾਲ ਬੁਰੀ ਤਰ੍ਹਾਂ ਕੁੱਟਮਾਰ ਕਰਕੇ ਗ੍ਰਿਫਤਾਰ ਕੀਤਾ ਗਿਆ ਤੇ ਜਬਰਦਸਤੀ ਉਹਨਾਂ ਦਾ ਧਰਨੇ ਵਾਲੀ ਥਾਂ ਤੋਂ ਟੈਂਟ ਪੁੱਟ ਦਿੱਤਾ ਗਿਆ। ਉਹਨਾਂ ਮੰਗ ਕੀਤੀ ਕਿ ਬ੍ਰਿਜ ਭੂਸ਼ਨ ਨੂੰ ਉਸਦੇ ਅਹੁਦੇ ਤੋਂ ਬਰਖਾਸਤ ਕਰਕੇ ਗ੍ਰਿਫਤਾਰ ਕੀਤਾ ਜਾਵੇ। ਉਹਨਾਂ ਨੇ ਕਿਹਾ 5 ਜੂਨ ਨੂੰ ਬ੍ਰਿਜ ਭੂਸ਼ਨ ਦੇ ਵਿਰੋਧ ਵਿੱਚ ਪੰਜਾਬ ਦੇ ਹਰ ਇੱਕ ਪਿੰਡ ਵਿੱਚ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਮੇਂ ਪੇਂਡੂ ਮਜਦੂਰ ਯੂਨੀਅਨ ਦੇ ਹੰਸ ਰਾਜ, ਤਰਸੇਮ ਪੀਟਰ ਇਸਤ੍ਰੀ ਜਾਗ੍ਰਿਤੀ ਮੰਚ ਸੂਬਾ ਪ੍ਰੈਸ ਸਕੱਤਰ ਜਸਵੀਰ ਕੌਰ,ਬਲਵਿੰਦਰ ਕੌਰ, ਕਬੱਡੀ ਫੈਡਰੇਸਨ ਪੰਜਾਬ ਦੇ ਆਗੂ ਟੋਨੀ ਸੰਧੂ,ਭਿੰਦਾ ਬੂਲੇਵਾਲ, ਡੈਮੋਕ੍ਰੇਟਿਕ ਮੁਲਾਜਮ ਫਰੰਟ ਦੇ ਆਗੂ ਹਰਿੰਦਰ ਦੁਸਾਂਝ,ਸੀਤਾ ਤੇ ਯੂਥ ਪੇਂਡੂ ਮਜਦੂਰ ਯੂਨੀਅਨ ਦੇ ਆਗੂ ਗੁਰਪ੍ਰੀਤ ਸਿੰਘ ਚੀਜਾਂ,ਗੁਰਚਰਨ ਅਟਵਾਲ ਆਦਿ ਸ਼ਾਮਿਲ ਸਨ।

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ) ਜਨਤਕ ਜਥੇਬੰਦੀਆਂ ਭਾਰਤੀ ਕਸ਼ਸਤੀ ਸੰਘ ਦੇ ਪ੍ਰਧਾਨ ਅਤੇ ਭਾਜਪਾ ਦੇ ਮਜੂਦਾ ਮੈਂਬਰ ਪਾਰਲੀਮੈਂਟ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਸਰਕਾਰ ਖਿਲਾਫ ਨਾਅਰੇਬਾਜੀ ਅਤੇ ਜੋਰਦਾਰ ਪ੍ਰਦਰਸ਼ਨ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਰਾਜਵਿੰਦਰ ਕੌਰ ਐਡਵੋਕੇਟ, ਕੁਲਵਿੰਦਰ ਕੰਵਲ, ਮੈਡਮ ਜਸਵੀਰ ਕੌਰ ਨੇ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਦਿੱਲੀ ਵਿਖੇ ਮਹਿਲਾ ਭਲਵਾਨਾਂ ਵੱਲੋਂ ਇੰਨਸਾਫ ਲਈ ਜੋ ਧਰਨਾ ਜੰਤਰ ਮੰਤਰ 'ਤੇ ਬ੍ਰਿਜ ਭੂਸ਼ਣ ਸਰਨ ਸਿੰਘ ਦੀ ਗ੍ਰਿਫਤਾਰੀ ਅਤੇ ਇੰਨਸਾਫ ਵਾਸਤੇ ਲਾਇਆ ਸੀ, ਕੇਂਦਰ ਸਰਕਾਰ ਵੱਲੋਂ ਜਿਸ ਤਰ੍ਹਾਂ ਮਹਿਲਾ ਭਲਵਾਨਾਂ ਨਾਲ ਦੁਰਵਿਵਹਾਰ ਕਰਕੇ ਜਗ੍ਹਾ ਨੂੰ ਖਾਲੀ ਕਰਵਾਇਆ ਗਿਆ ਹੈ ਅਤੇ ਉਨ੍ਹਾਂ 'ਤੇ ਹੀ ਪਰਚਾ ਦਰਜ ਕਰ ਦਿੱਤਾ ਹੈ ਉਹ ਬਹੁਤ ਹੀ ਮੰਦਭਾਗੀ ਘਟਨਾ ਹੈ। ਮੋਦੀ ਸਰਕਾਰ ਬ੍ਰਿਜ ਭੂਸ਼ਣ ਦਾ ਉਸਦਾ ਨੰਗੇ ਚਿੱਟੇ ਰੂਪ 'ਚ ਬਚਾਅ ਕਰ ਰਹੀ ਹੈ। ਉਹਨਾਂ ਕਿਹਾ ਕਿ ਬ੍ਰਿਜ ਭੂਸ਼ਣ ਤੁਰੰਤ ਗ੍ਰਿਫਤਾਰ ਕੀਤਾ ਜਾਵੇ ਅਤੇ ਨਜਾਇਜ ਗ੍ਰਿਫਤਾਰ ਕੀਤੇ ਗਏ ਭਲਵਾਨਾਂ ਨੂੰ ਰਿਹਾਅ ਕੀਤਾ ਜਾਵੇ। ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਛਪਾਲ ਸਿੰਘ ਨੇ ਕਿਹਾ ਕਿ ਫਾਸ਼ੀਵਾਦੀ ਮੋਦੀ ਸਰਕਾਰ ਵਿਰੋਧੀ ਆਵਾਜ਼ ਨੂੰ ਕੁਚਲਣ ਲਈ ਕਿਸੇ ਵੀ ਹੱਦ ਤੱਕ ਜਾ ਸਕਦੀ ਹੈ। ਭਲਵਾਨ ਆਪਣੇ ਮੈਡਲ ਗੰਗਾ ਨਦੀ ਵਿੱਚ ਸੁੱਟਣ ਲਈ ਤਿਆਰ ਹਨ ਇਸ ਤੋਂ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਉਹਨਾਂ ਦੇ ਅੰਦਰ ਪੀੜਾ ਦਾ ਤੂਫ਼ਾਨ ਕਿਸ ਪੱਧਰ ਉੱਤੇ ਉੱਸਲਵੱਟੇ ਲੈ ਰਿਹਾ ਹੋਵੇਗਾ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ 5 ਜੂਨ ਨੂੰ ਕੇਂਦਰ ਸਰਕਾਰ ਦਾ ਅਰਥੀ ਫੂਕ ਮੁਜਾਹਰਾ ਕੀਤਾ ਜਾਵੇਗਾ। ਜਿਸ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਪਹੁੰਚਣ ਲਈ ਕਿਹਾ।

ਇਸ ਮੌਕੇ ਰਛਪਾਲ ਸਿੰਘ, ਰਘਬੀਰ ਸਿੰਘ ਮਹਿਰਵਾਲਾ, ਮਾਸਟਰ ਚਰਨ ਸਿੰਘ ਹੈਬਤਪੁਰ, ਕਾਮਰੇਡ ਬਲਦੇਵ ਸਿੰਘ, ਅਮਰਜੀਤ ਸਿੰਘ ਟਿੱਬਾ, ਹਰਬੰਸ ਮੱਟੂ, ਦਿਆਲ ਸਿੰਘ ਦੀਪੇਵਾਲ, ਮੁਖਤਾਰ ਸਿੰਘ ਚੰਦੀ, ਪ੍ਰਤਾਪ ਸਿੰਘ ਮੋਮੀ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਚੇਅਰਮੈਨ ਸੰਤੋਖ ਸਿੰਘ ਭਾਗੋਆਰਾਈਆਂ, ਕੁਲਬੀਰ ਸਿੰਘ ਐਡਵੋਕੇਟ, ਗੁਰਮੀਤ ਸਿੰਘ ਐਡਵੋਕੇਟ, ਲਵਪ੍ਰੀਤ ਸਿੰਘ ਐਡਵੋਕੇਟ, ਨਵਨੀਤ ਕੌਰ ਐਡਵੋਕੇਟ, ਰਿੰਪਲ ਐਡਵੋਕੇਟ, ਰਾਜਵਿੰਦਰ ਕੌਰ ਜੱਬੋਵਾਲ, ਜੋਗਾ ਸਿੰਘ, ਸਰਵਨ ਸਿੰਘ, ਤਰਨ ਕੰਬੋਜ, ਮਲਕੀਤ ਸਿੰਘ ਮੀਰੇ, ਲਵਲੀ ਅਹਿਮਦਪੁਰ, ਹੁਕਮ ਸਿੰਘ, ਰਘਬੀਰ ਸਿੰਘ, ਸੁਰਜੀਤ ਸਿੰਘ ਠੱਟਾ, ਮਹਿੰਗਾ ਸਿੰਘ, ਦਰਸਨ ਸਿੰਘ ਹਾਜੀਪੁਰ, ਬਿੱਕਰ ਸਿੰਘ, ਜਸਪਾਲ ਲੱਕੀ, ਹਰਜਿੰਦਰ ਸਿੰਘ, ਡਾਕਟਰ ਸਵਰਨ ਸਿੰਘ, ਅਜੀਤ ਸਿੰਘ, ਰੇਸ਼ਮ ਸਿੰਘ, ਹਰਵੰਤ ਸਿੰਘ ਵੜੈਚ, ਬਲਵਿੰਦਰ ਸਿੰਘ ਧਾਲੀਵਾਲ, ਕੁਲਦੀਪ ਸਿੰਘ ਡਿਪਟੀ, ਮਹਿੰਦਰ ਸਿੰਘ ਮੋਖੇ, ਮਾਸਟਰ ਸੁੱਚਾ ਸਿੰਘ, ਨਿਰਮਲ ਸਿੰਘ,ਪ੍ਰਤਾਪ ਸਿੰਘ ਮੋਮੀ, ਅਵਤਾਰ ਸਿੰਘ, ਬਲਜੀਤ ਸਿੰਘ, ਦਿਆਲ ਸਿੰਘ ਦੀਪੇਵਾਲ, ਹਰਨੇਕ ਸਿੰਘ, ਮਨਪ੍ਰੀਤ ਸਿੰਘ ਟਿੱਬਾ ਆਦਿ ਵੱਡੀ ਗਿਣਤੀ ਵਿਚ ਕਿਸਾਨ ਆਗੂ ਹਾਜਰ ਸਨ।

ਸੁਲਤਾਨਪੁਰ ਲੋਧੀ

ਅਨੰਦਪੁਰ ਸਾਹਿਬ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਇਥੇ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਵਰਕਰਾਂ ਨੇ ਔਰਤ ਪਹਿਲਵਾਨਾਂ ਨਾਲ ਕੀਤੇ ਯੋਨ ਸੋਸਨ ਕਰਨ ਵਾਲੇ ਭਾਜਪਾ ਸੰਸਦ ਨੂੰ ਗ੍ਰਿਫਤਾਰ ਨਾ ਕਰਨ ਦੇ ਖਿਲਾਫ ਅਰਥੀ ਫੂਕ ਮੁਜਾਹਰਾ ਕੀਤਾ। ਕਿਸਾਨ ਆਗੂਆਂ ਕਾਮਰੇਡ ਸੁਰਜੀਤ ਸਿੰਘ ਢੇਰ,ਹਰੀ ਚੰਦ ਗੋਹਲਣੀ, ਜੈਮਲ ਸਿੰਘ ਭੜੀ, ਦਰਸ਼ਨ ਸਿੰਘ ਬੜਵਾ, ਕਰਨੈਲ ਸਿੰਘ ਬਜਰੂੜ ਨੇ ਕਿਹਾ ਕਿ ਉਤਰ ਪ੍ਰਦੇਸ਼ ਦੇ ਸਸਦ ਬ੍ਰਿਜ ਭੂਸ਼ਣ ਸਰਨ ਸਿੰਘ ਦੇ ਖਿਲਾਫ ਭਾਵੇਂ ਸੁਪਰੀਮ ਕੋਰਟ ਦੇ ਹੁਕਮਾਂ ਤੇ ਯੋਨ ਸੋਸ਼ਨ ਦਾ ਪਰਚਾ ਦਰਜ ਕੀਤਾ ਜਾ ਚੁੱਕਿਆ ਹੈ ਪਰ ਉਸ ਨੂੰ ਮੋਦੀ ਸਰਕਾਰ ਦੀ ਸ਼ਹਿ 'ਤੇ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ ਹੈ। ਸਰੇਆਮ ਔਰਤ ਪਹਿਲਵਾਨਾਂ ਨਾਲ ਬੇਇਨਸਾਫੀ ਕੀਤੀ ਜਾ ਰਹੀ ਹੈ। ਪਹਿਲਵਾਨਾਂ ਨੂੰ ਜਦੋਂ ਤੱਕ ਇਨਸਾਫ ਨਹੀਂ ਦਿੱਤਾ ਜਾਂਦਾ ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

ਗਿਣਤੀ ਵਿੱਚ ਕਿਸਾਨ ਸਥਾਨਕ ਬੱਸ ਸਟੈਂਡ ਵਿਖੇ ਇਕੱਠੇ ਹੋਏ ਤੇ ਪੈਦਲ ਮਾਰਚ ਕਰਦੇ ਹੋਏ,ਰਵੀ ਕਲਗੀਧਰ ਮਾਰਕੀਟ ਵਿਖੇ ਬ੍ਰਿਜ ਭੂਸਨ ਸਰਨ ਸਿੰਘ ਦੀ ਅਰਥੀ ਫੂਕੀ ਤੇ ਗ੍ਰਿਫਤਾਰੀ ਦੀ ਮੰਗ ਕੀਤੀ। ਇਸ ਮੌਕੇ 'ਤੇ ਦਵਿੰਦਰ ਨੰਗਲੀ, ਜਸਵਿੰਦਰ ਸਿੰਘ ਭੰਗਲ,ਰਾਮ ਪਾਲ ਤਾਰਾਪੁਰ, ਗੁਰਬਖਸ਼ ਸਿੰਘ ਦਸਗਰਾਈ,ਮੇਜਰ ਸਿੰਘ,ਸੋਹਣ ਸਿੰਘ ਬੰਗਾ, ਸੁਸ਼ੀਲ ਕੁਮਾਰ, ਮਹੰਤ ਪ੍ਰੀਤਮ ਸਿੰਘ ਮਜਾਰਾ, ਜਸਵੰਤ ਸਿੰਘ ਜੱਸੂ, ਬਲਵੰਤ ਸਿੰਘ, ਪ੍ਰਿੰਸੀਪਲ ਕੇਵਲ ਸਿੰਘ,ਕਮਲ ਸਿੰਘ, ਕਿਰਪਾਲ ਸਿੰਘ ਭੱਟੋ, ਸੁਰਜੀਤ ਸਿੰਘ ਮੀਢਮਾ,ਹਰਜਾਪ ਸਿੰਘ ਬੀਕਾਪੁਰ, ਸੁੰਦਰ ਸਿੰਘ ਬਚੋਲੀ, ਮਾਸਟਰ ਕਰਮ ਚੰਦ ਗਨਾਰੂ, ਫੈਸਲ ਖਾਨ,ਮਾਸਟਰ ਮਹਿੰਦਰ ਸਿੰਘ, ਹਰਚਰਨ ਸਿੰਘ ਮਜਾਰਾ, ਜੈਮਲ ਸਿੰਘ ਬਸੀ,ਬਿਕਰ ਸਿੰਘ ਮੋਠਾਪੁਰ, ਜਗੀਰ ਸਿੰਘ ਰੌਲੀ, ਜੋਗਿੰਦਰ ਸਿੰਘ ਬੇਲਾ ਬਰਜਿੰਦਰ ਸਿੰਘ ਡੋਡ, ਖੁਸਹਾਲ ਸਿੰਘ ਭੰਗਲ, ਸੂਬੇਦਾਰ ਹਰਜਾਪ ਸਿੰਘ ਭੰਗਲ, ਜਸਨ ਸਿੰਘ ਬੈਂਸ, ਜਸਵੀਰ ਸਿੰਘ ਮਜਾਰਾ ਲੰਬੜ, ਅਮਰਜੀਤ ਸਿੰਘ ਸੰਧੂ ਲੋਧੀਪੁਰ, ਅਮਰਜੀਤ ਸਿੰਘ ਹੋਲਗੜ੍ਹ,ਮੰਨਰਾਜ ਸਿੰਘ ਸੰਧੂ, ਨਾਨਕ ਸਿੰਘ ਢਿੱਲੋਂ,ਕੁਲਦੀਪ ਸਿੰਘ ਖਾਨਪੁਰ,ਦੀਪ ਸਿੰਘ ਸਮੀਰੋਵਾਲ, ਜਸਵਿੰਦਰ ਸਿੰਘ ਅਨੰਦਪੁਰ ਸਾਹਿਬ,ਹਰਜਾਪ ਸਿੰਘ ਕੁਲਗਰਾ, ਨਰਿੰਦਰ ਸਿੰਘ ਮਾਵੀ ਮਹਿਰੋਲੀ ਸਮੇਤ ਹੋਰ ਕਿਸਾਨ ਮਜਦੂਰ, ਨੌਜਵਾਨ ਹਾਜਰ ਸਨ।

ਮਾਹਿਲਪੁਰ

ਮਾਹਿਲਪੁਰ/ਸਫਰੀ - ਮਾਹਿਲਪੁਰ ਮੇਨ ਚੌਕ ਵਿੱਚ ਕਿਸਾਨ, ਮਜਦੂਰ, ਮੁਲਾਜਮ ਅਤੇ ਪੈਨਸ਼ਨਰ ਜੱਥੇਬੰਦੀਆਂ ਨੇ ਕਿਸਾਨ ਆਗੂ ਤਲਵਿੰਦਰ ਹੀਰ, ਮਲਕੀਤ ਸਿੰਘ, ਮੁਲਾਜਮ ਆਗੂ ਨਰਿੰਦਰ ਅਜਨੋਹਾ, ਮੱਖਣ ਲੰਗੇਰੀ, ਪੈਨਸ਼ਨਰ ਆਗੂ ਪ੍ਰਿੰਸੀਪਲ ਪਿਆਰਾ ਸਿੰਘ ਅਤੇ ਸਤਪਾਲ ਲੱਠ ਦੀ ਅਗਵਾਈ ਵਿੱਚ ਪਹਿਲਵਾਨ ਧੀਆਂ ਦਾ ਜਿਣਸੀ ਸ਼ੋਸ਼ਣ ਕਰਨ ਵਾਲੇ ਬੀਜੇਪੀ ਸੰਸਦ ਮੈਂਬਰ ਬ੍ਰਿਜ ਭੂਸ਼ਣ ਸ਼ਰਨ ਸਿੰਘ ਦਾ ਪੁਤਲਾ ਫੂਕਿਆ। ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇੱਕ ਪਾਸੇ ਦੇਸ਼ ਦੀਆਂ ਧੀਆਂ ਸਰਕਾਰਾਂ ਦੀ ਮਦਦ ਤੋਂ ਬਿਨਾਂ ਆਪਣੇ ਦਮ 'ਤੇ ਤਗਮੇ ਜਿੱਤ ਕੇ ਦੇਸ਼ ਦਾ ਨਾਂਅ ਰੌਸ਼ਨ ਕਰ ਰਹੀਆਂ ਹਨ ਅਤੇ ਦੂਜੇ ਪਾਸੇ ਸੱਤਾ ਦੀ ਸਰਪ੍ਰਸਤੀ ਹੇਠ ਬ੍ਰਿਜ ਭੂਸ਼ਣ ਸ਼ਰਨ ਸਿੰਘ ਵਰਗੇ ਮਾਨਸਿਕ ਰੋਗੀ ਇਹਨਾਂ ਪਹਿਲਵਾਨ ਧੀਆਂ ਦਾ ਜਿਣਸੀ ਸ਼ੋਸ਼ਣ ਕਰ ਰਹੇ ਹਨ। ਕੇਂਦਰ ਸਰਕਾਰ ਦੀ ਸ਼ਹਿ 'ਤੇ ਦਿੱਲੀ ਪੁਲਿਸ ਇਨਸਾਫ ਮੰਗਣ 'ਤੇ ਇਹਨਾਂ ਪਹਿਲਵਾਨਾਂ 'ਤੇ ਤਸ਼ੱਦਦ ਕਰਦੀ ਹੈ ਅਤੇ ਉਹਨਾਂ ਦੇ ਜੰਤਰ-ਮੰਤਰ ਵਿਖੇ ਲਗਾਏ ਧਰਨੇ ਵਾਲੇ ਸਥਾਨ ਦੇ ਤੰਬੂ ਤੱਕ ਨੂੰ ਪੱਟਿਆ ਗਿਆ। ਜੱਥੇਬੰਦੀਆਂ ਵਲੋਂ ਪੁਲਸ ਦੇ ਇਸ ਤਸ਼ੱਦਦ ਦੀ ਵੀ ਨਿਖੇਧੀ ਕੀਤੀ ਗਈ। ਆਗੂਆਂ ਨੇ ਮੰਗ ਕੀਤੀ ਕਿ ਬ੍ਰਿਜ ਭੂਸ਼ਣ ਵਰਗੇ ਦਰਿੰਦਿਆਂ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ ਤਾਂ ਜੋ ਪਹਿਲਵਾਨ ਧੀਆਂ ਨਾਲ ਇਨਸਾਫ ਹੋ ਸਕੇ। ਹਾਜ਼ਰ ਇਕੱਠ ਵਲੋਂ ਕੇਂਦਰ ਸਰਕਾਰ ਦੇ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਪਰਮਿੰਦਰ ਸਿੰਘ, ਅਮਨਦੀਪ ਸਿੰਘ, ਪ੍ਰਮੇਸ਼ਵਰ ਸਿੰਘ, ਸਰਪੰਚ ਅਮਨਦੀਪ ਸਿੰਘ, ਸਤਨਾਮ ਸਿੰਘ ਸੱਤਾ, ਜਸਵੀਰ ਸਿੰਘ ਸ਼ੀਰਾ, ਸ਼ੇਰ ਜੰਗ ਬਹਾਦਰ ਸਿੰਘ ਕੁਲ ਹਿੰਦ ਕਿਸਾਨ ਸਭਾ ਆਗੂ, ਲਾਲ ਸਿੰਘ, ਪਾਲ ਸਿੰਘ, ਮਨਜਿੰਦਰ ਸਿੰਘ ਲੱਕੀ, ਸਤਨਾਮ ਸਿੰਘ ਦਿਲਬਾਗ ਸਿੰਘ ਮਹਿਦੂਦ, ਲਸ਼ਮਣ ਸਿੰਘ, ਰਾਮ ਲੁਭਾਇਆ ਗੋਂਦਪੁਰ, ਸੰਤੋਖ ਸਿੰਘ ਭੂੰਨੋ, ਹੰਸ ਲਾਲ ਕੈਂਡੋਵਾਲ, ਪਵਿੱਤਰ ਸਿੰਘ, ਲਹਿੰਬਰ ਸਿੰਘ, ਬਲਵੀਰ ਸਿੰਘ ਪੰਚ, ਸਾਬਕਾ ਸਰਪੰਚ ਤਰਸੇਮ ਲਾਲ ਲੰਗੇਰੀ ਅਤੇ ਵੱਡੀ ਗਿਣਤੀ ਵਿੱਚ ਇਨਸਾਫ ਪਸੰਦ ਲੋਕ ਹਾਜ਼ਰ ਸਨ।

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)— ਪਹਿਲਵਾਨ ਬੇਟੀਆਂ ਨਾਲ ਹੋਏ ਜਿਨਸੀ ਦੁਰਵਿਵਹਾਰ ਤੇ ਪੁਲਸ ਜਬਰ ਦੇ ਖਿਲਾਫ ਅਤੇ ਦੋਸ਼ੀ ਭਾਰਤੀ ਕੁਸ਼ਤੀ ਫੈਡਰੇਸ਼ਨ ਅਤੇ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੂੰ ਗ੍ਰਿਫਤਾਰ ਕਰਵਾਉਣ ਲਈ ਅਤੇ ਖਿਡਾਰੀ ਲੜਕੀਆਂ ਵਲੋਂ ਆਪਣੇ ਮਾਨ-ਸਨਮਾਨ ਨੂੰ ਬਰਕਰਾਰ ਰੱਖਣ ਹਿੱਤ ਲੜੇ ਜਾ ਰਹੇ ਸੰਘਰਸ਼ ਦੀ ਹਮਾਇਤ ਵਿੱਚ ਸਮੂਹ ਇਨਸਾਫ ਪਸੰਦ, ਜਮਹੂਰੀ ਅਤੇ ਲੋਕ ਹਿੱਤਾਂ ਦੀਆਂ ਪਹਿਰੇਦਾਰ ਜੱਥੇਬੰਦੀਆਂ / ਸੰਸਥਾਵਾਂ ਦੇ ਆਗੂ ਅਤੇ ਲੋਕ ਜਗਵਿੰਦਰ ਸਿੰਘ ਰਾਮਗੜ੍ਹ ਦੀ ਅਗਵਾਈ 'ਚ ਵਰ੍ਹਦੇ ਮੀਂਹ ਵਿੱਚ ਸ਼ਾਮ 7.00 ਵਜੇ ਸ਼ਹੀਦ ਊਧਮ ਸਿੰਘ ਪਾਰਕ ਹੁਸ਼ਿਆਰਪੁਰ ਵਿਖੇ ਇਕੱਠੇ ਹੋਏ ਅਤੇ ਸ੍ਰੀ ਵਾਲਮੀਕ ਚੌਂਕ ਤੱਕ ਕੈਂਡਲ ਮਾਰਚ ਕਰਕੇ ਸ਼ਹਿਰ ਵਾਸੀਆਂ ਨੂੰ ਕੇਂਦਰ ਦੀ ਮੋਦੀ ਸਰਕਾਰ ਵਲੋਂ ਖਿਡਾਰੀ ਲੜਕੀਆਂ ਨਾਲ ਕੀਤੇ ਦੁਰ ਵਿਵਹਾਰ ਤੇ ਇਨਸਾਫ ਨਾ ਦੇਣ ਅਤੇ ਕਿਰਦਾਰ ਗੁਆ ਚੁੱਕੇ ਸਾਂਸਦ ਦੀ ਕੇਂਦਰ ਸਰਕਾਰ ਵਲੋਂ ਕੀਤੀ ਜਾ ਰਹੀ ਪੁਸ਼ਤਪਨਾਹੀ ਦਾ ਜਨਾਜ਼ਾ ਕੱਢਿਆ। ਕੇਂਦਰ ਸਰਕਾਰ ਵਿਰੁੱਧ ਜੋਸ਼ ਭਰਪੂਰ ਨਾਹਰਿਆਂ ਨਾਲ ਸ਼ਹਿਰ ਵਾਸੀਆਂ ਨੂੰ ਭਾਜਪਾ ਦੀ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਜਾਣੂ ਕਰਵਾਇਆ।

ਬਲਦੀਆਂ ਮੋਮਬੱਤੀਆਂ ਨੂੰ ਸ੍ਰੀ ਵਾਲਮੀਕ ਚੌਕ ਵਿੱਚ ਲਗਾਇਆ ਗਿਆ। ਇਸ ਮੌਕੇ ਸਤੀਸ਼ ਰਾਣਾ, ਡਾਕਟਰ ਤੇਜ ਪਾਲ ਸਿੰਘ, ਮਾਸਟਰ ਹਰਕੰਵਲ ਸਿੰਘ, ਗੁਰਮੇਸ਼ ਸਿੰਘ, ਅਮਰਜੀਤ ਸਿੰਘ, ਦਵਿੰਦਰ ਸਿੰਘ ਕੱਕੋ, ਉਂਕਾਰ ਸਿੰਘ, ਜਗਵਿੰਦਰ ਸਿੰਘ ਰਾਮਗੜ੍ਹ, ਲੁਕੇਸ਼ ਪੁਰੀ, ਡਾਕਟਰ ਸੁਖਦੇਵ ਢਿੱਲੋਂ, ਮਨਜੀਤ ਸਿੰਘ ਸੈਣੀ, ਰਜਿੰਦਰ ਸਿੰਘ, ਗੁਰਮੇਲ ਸਿੰਘ, ਮਨਜੀਤ ਬਾਜਵਾ, ਰਾਜ ਕੁਮਾਰ, ਰਾਕੇਸ਼ ਕੁਮਾਰ, ਬਿਮਲਾ ਦੇਵੀ, ਬਲਦੇਵ ਸਿੰਘ, ਬਰਿੰਦਰ ਸਿੰਘ, ਹਰਸ਼ਰਨ ਸਿੰਘ, ਪ੍ਰਦੂਮਨ ਸਿੰਘ, ਬਲਵੀਰ ਸਿੰਘ ਸੈਣੀ ਆਦਿ ਹਾਜਰ ਸਨ।

ਇਨੋਸੈਂਟ ਹਾਰਟਸ ਨੇ ਵਿਸ਼ਵ ਤੰਬਾਕੂ ਰਹਿਤ ਦਿਵਸ 'ਤੇ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ

ਜਲੰਧਰ (ਸ਼ੈਲੀ ਐਲਬਰਟ)-:ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਜਾ ਰਹੇ 'ਦਿਸ਼ਾ-ਏਕ ਪਹਿਲਕਦਮੀ' ਤਹਿਤ 'ਤੰਬਾਕੂ ਇੱਕ ਧੀਮਾ ਜਹਿਰ' ਦਾ ਸੰਦੇਸ਼ ਦਿੰਦੇ ਹੋਏ ਇੰਨੋਸੈਂਟ ਹਾਰਟਸ ਦੇ ਪੰਜਾਂ ਸਕੂਲਾਂ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਵਿੱਚ ਲਿਟਰੇਰੀ ਕਲੱਬ ਦੇ ਵਿਦਿਆਰਥੀਆਂ ਵੱਲੋਂ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ। ਇਸ ਦਿਨ ਨੂੰ ਮਨਾਉਣ ਦਾ ਮਕਸਦ ਵਿਦਿਆਰਥੀਆਂ ਨੂੰ ਤੰਬਾਕੂ ਦੇ ਸੇਵਨ ਵਰਗੀ ਜਾਨਲੇਵਾ ਬੀਮਾਰੀ ਅਤੇ ਇਸ ਦੇ ਸੇਵਨ ਨਾਲ ਹੋਣ ਵਾਲੇ ਖ਼ਤਰਿਆਂ ਤੋਂ ਜਾਣੂ ਕਰਵਾਉਣਾ ਸੀ। ਇਸ ਮੌਕੇ ਸੱਤਵੀਂ ਅਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਨੁੱਕੜ ਨਾਟਕ ਪੇਸ਼ ਕੀਤਾ, ਜਿਸ ਵਿੱਚ ਵਿਦਿਆਰਥੀਆਂ ਨੇ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੀਆਂ ਬਿਮਾਰੀਆਂ ਅਤੇ ਇਸ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਤੰਬਾਕੂ ਅਤੇ ਸਿਗਰਟਨੋਸ਼ੀ ਜਾਨਲੇਵਾ ਹੈ।ਇਸ ਦੀ ਵਰਤੋਂ ਨਾਲ ਸਰੀਰਕ ਸਿਹਤ ਦੇ ਨਾਲ-ਨਾਲ ਮਾਨਸਿਕ ਸਿਹਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਸੰਬੰਧਤ ਕਲੱਬ ਦੇ ਵਿਦਿਆਰਥੀਆਂ ਵੱਲੋਂ ਤੰਬਾਕੂ ਦੇ ਸੇਵਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਪੋਸਟਰ ਬਣਾਏ ਗਏ ਸਨ, ਜਿਨ੍ਹਾਂ 'ਤੇ ਹੋਰ ਵਿਦਿਆਰਥੀਆਂ ਨੂੰ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੀਆਂ ਕੈਂਸਰ ਵਰਗੀਆਂ ਘਾਤਕ ਬਿਮਾਰੀਆਂ ਤੋਂ ਸੁਚੇਤ ਕਰਨ ਲਈ ਸਲੋਗਨ ਲਿਖੇ ਹੋਏ ਸਨ। ਜਮਾਤਾਂ ਵਿੱਚ ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਬੀੜੀ, ਸਿਗਰਟ, ਗੁਟਖਾ ਤੰਬਾਕੂ ਦਾ ਸੇਵਨ ਵਿਅਕਤੀ ਦੇ ਫੇਫੜਿਆਂ ਅਤੇ ਸਰੀਰ ਦੇ ਹੋਰ ਅੰਗਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ ਅਤੇ ਕਈ ਘਾਤਕ ਬਿਮਾਰੀਆਂ ਦਾ ਖ਼ਤਰਾ ਵਧਾਉਂਦਾ ਹੈ। ਇਸ ਲਈ ਇਨ੍ਹਾਂ ਦੇ ਸੇਵਨ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

ਪੱਤਰਕਾਰਾਂ ਨੂੰ ਪ੍ਰਿੰਸੀਪਲ ਵੱਲੋਂ ਬੰਧਕ ਬਣਾਉਣ ਦੀ ਸਖਤ ਨਿੰਦਾ

ਹੁਸ਼ਿਆਰਪੁਰ (ਓ ਪੀ ਰਾਣਾ)-'ਦਿ ਵਰਕਿੰਗ ਰਿਪੋਰਟਰਜ ਐਸੋਸੀਏਸ਼ਨ ਇੰਡੀਆ' ਵੱਲੋਂ ਵਿਨੋਦ ਕੌਸ਼ਲ ਸਕੱਤਰ ਜਨਰਲ ਇੰਡੀਆ,ਤਰਸੇਮ ਦੀਵਾਨਾ ਜੁਆਇੰਟ ਸਕੱਤਰ ਇੰਡੀਆ, ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ, ਜਸਵਿੰਦਰ ਸਿੰਘ ਆਜਾਦ ਚੇਅਰਮੈਨ,ਅਮਰਜੀਤ ਸਿੰਘ ਜੰਡੂ ਸਿੰਘਾ ਜਨਰਲ ਸਕੱਤਰ, ਗੁਰਬਿੰਦਰ ਸਿੰਘ ਪਲਾਹਾ ਵਾਈਸ ਚੇਅਰਮੈਨ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਡੀ ਵਾਲਾ ਤਰਨ ਤਾਰਨ ਦੀ ਪ੍ਰਿੰਸੀਪਲ ਰਜਿੰਦਰ ਕੌਰ ਵੱਲੋਂ ਕਵਰੇਜ ਕਰ ਰਹੇ ਪੱਤਰਕਾਰਾਂ ਨੂੰ ਬੰਧਕ ਬਣਾਉਣ ਦੀ ਸਖਤ ਨਿੰਦਾ ਕਰਦਿਆਂ ਉਕਤ ਪ੍ਰਿੰਸੀਪਲ ਖਿਲਾਫ ਦਰਖਾਸਤ ਦੇਣ ਦੇ ਬਾਵਜੂਦ ਕੋਈ ਕਾਰਵਾਈ ਨਾ ਕਰਨ 'ਤੇ ਜ਼ਿਲਾ ਪ੍ਰਸ਼ਾਸਨ ਅਤੇ ਪੰਜਾਬ ਦੀ ਆਪ ਸਰਕਾਰ ਦੀ ਮਾੜੀ ਕਾਰਗੁਜਾਰੀ 'ਤੇ ਨਰਾਜਗੀ ਪ੍ਰਗਟਾਈ ਹੈ। ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਆਮ ਆਦਮੀ ਪਾਰਟੀ ਦੇ ਕਾਰਜਕਾਲ ਵਿੱਚ ਮੀਡੀਆ ਦੀ ਆਜਾਦੀ 'ਤੇ ਵੱਧ ਰਹੇ ਹਮਲਿਆਂ 'ਤੇ ਡਾਹਢੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੱਤਰਕਾਰਾਂ ਨੂੰ ਵੀ ਆਪਣੀ ਡਿਊਟੀ ਕਰਨ ਦਾ ਜਮਹੂਰੀ ਹੱਕ ਹੈ। ਉਨ੍ਹਾਂ ਦੀ ਡਿਊਟੀ ਵਿੱਚ ਵਿਘਨ ਪਾਉਣ ਵਾਲਿਆਂ ਖਿਲਾਫ ਵੀ ਮਾਮਲੇ ਦਰਜ ਕੀਤੇ ਜਾਣੇ ਚਾਹੀਦੇ ਹਨ ਅਤੇ ਸੂਬਾ ਸਰਕਾਰ ਨੂੰ ਇਸ ਸੰਬੰਧੀ ਵਿਧਾਨ ਸਭਾ ਵਿੱਚ ਮਤਾ ਪਾਸ ਕਰਨ ਜਾਂ ਵਿਸ਼ੇਸ਼ ਆਰਡੀਨੈਂਸ ਲਿਆਉਣ ਦੀ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਲੋਕਤੰਤਰ ਦਾ ਚੌਥਾ ਥੰਮ ਮੀਡੀਆ ਆਪਣੀ ਡਿਊਟੀ ਨਿਸ਼ਚਿੰਤ ਹੋ ਕੇ ਸੁਰੱਖਿਆ ਭਾਵਨਾ ਨਾਲ ਕਰ ਸਕੇ। ਇਸ ਮੌਕੇ 'ਦਿ ਵਰਕਿੰਗ ਰਿਪੋਰਟਰਜ ਐਸੋਸੀਏਸ਼ਨ ਇੰਡੀਆ' ਵੱਲੋਂ ਇਸ ਮਾਮਲੇ ਦੀ ਪੈਰਵਾਈ ਕਰ ਰਹੀ ਜਥੇਬੰਦੀ 'ਪ੍ਰੈੱਸ ਸੰਘਰਸ਼ ਜਰਨਲਿਸਟ ਐਸੋਸੀਏਸ਼ਨ ਰਜਿ. ਦੀ ਡੱਟਵੀਂ ਹਿਮਾਇਤ ਕਰਨ ਦਾ ਐਲਾਨ ਕੀਤਾ ਗਿਆ।

ਐੱਨ ਐੱਚ ਪੀ ਸੀ ਖੇਤਰੀ ਦਫਤਰ ਚੰਡੀਗੜ੍ਹ ਵੱਲੋਂ ਸਵੱਛਤਾ ਪੰਦਰਵਾੜਾ-2023 ਮਨਾਏ ਜਾਣ ਮੌਕੇ ਕੰਨਟਰੈਕਟ ਕਰਮਚਾਰੀਆਂ ਅਤੇ ਨਗਰ ਪਾਲਿਕਾ, ਚੰਡੀਗੜ੍ਹ ਦੇ ਸੈਕਟਰ 31 'ਚ ਸਫਾਈ ਕਰਮਚਾਰੀਆਂ ਨੂੰ ਸਨਮਾਨਿਤ ਕਰਨ ਮੌਕੇ ਦਫਤਰੀ ਨਿਰਦੇਸ਼ਕ ਅਸ਼ੋਕ ਕੁਮਾਰ ਗਰੋਵਰ, ਮਹਾਂ ਪ੍ਰਬੰਧਕ (ਵਿਧਿ) ਸ੍ਰੀਮਤੀ ਰੂਬੀ ਰੈਣਾ, ਮਹਾਂ ਪ੍ਰਬੰਧਕ (ਵਿੱਤ) ਮਹੇਸ਼ਵਤ ਪਾਤਰਾ ਅਤੇ ਹੋਰ।

ਲਾਇਲਪੁਰ ਖ਼ਾਲਸਾ ਕਾਲਜ ਦੇ ਪ੍ਰੋਫੈਸਰ ਮਨਪ੍ਰੀਤ ਕੌਰ ਹੋਏ ਸੇਵਾ-ਮੁਕਤ



ਜਲੰਧਰ (ਸ਼ੈਲੀ ਐਲਬਰਟ)-:ਵਿੱਦਿਆ ਦੇ ਖੇਤਰ ਦੀ ਨਾਮਵਰ ਸੰਸਥਾ ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਸਮੂਹ ਸਟਾਫ ਅਤੇ ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਵਲੋਂ ਪੋਸਟ ਗਰੈਜੂਏਟ ਪੋਲੀਟੀਕਲ ਸਾਇੰਸ ਵਿਭਾਗ ਦੇ ਮੁਖੀ ਪ੍ਰੋ. ਮਨਪ੍ਰੀਤ ਕੌਰ ਦੀ ਰੀਟਾਇਰਮੈਂਟ ਮੌਕੇ ਉਨ੍ਹਾਂ ਨੂੰ ਪ੍ਰਭਾਵਸ਼ਾਲੀ ਵਿਦਾਇਗੀ ਪਾਰਟੀ ਦਿੱਤੀ ਗਈ। ਸਮਾਗਮ ਦੇ ਸ਼ੁਰੂ ਵਿੱਚ ਪ੍ਰੋ. ਮਨਪ੍ਰੀਤ ਕੌਰ ਅਤੇ ਪੁੱਤਰੀ ਦਾ ਸਵਾਗਤ ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ, ਸਟਾਫ ਸੈਕਟਰੀ ਡਾ. ਰਛਪਾਲ ਸਿੰਘ ਸੰਧੂ ਨੇ ਗੁਲਦਸਤੇ ਦੇ ਕੇ ਕੀਤਾ। ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਸਮੂਹ ਸਟਾਫ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਪ੍ਰੋ. ਮਨਪ੍ਰੀਤ ਕੌਰ ਨੇ ਕਾਲਜ ਦੇ ਪੋਸਟ ਗਰੈਜੂਏਟ ਪੋਲੀਟੀਕਲ ਸਾਇੰਸ ਵਿਭਾਗ ਵਿਚ 35 ਸਾਲ ਬਤੌਰ ਅਧਿਆਪਕ ਅਤੇ ਮੁਖੀ ਵਜੋਂ ਸੇਵਾ ਨਿਭਾਈ। ਇਸ ਤੋਂ ਇਲਾਵਾ ਉਨ੍ਹਾਂ ਨੇ ਕਾਲਜ ਵਿਖੇ ਬਤੌਰ ਰਜਿਸਟਰਾਰ ਵੀ ਸੇਵਾਵਾਂ ਦਿੱਤੀਆਂ। ਸਟਾਫ ਸੈਕਟਰੀ ਡਾ. ਰਛਪਾਲ ਸਿੰਘ ਸੰਧੂ ਨੇ ਕਿਹਾ ਕਿ ਪ੍ਰੋ. ਮਨਪ੍ਰੀਤ ਕੌਰ ਨੇ ਕਾਲਜ ਵਿਖੇ ਪੜ੍ਹਾਉਂਦਿਆਂ ਵੱਡੀਆਂ ਪ੍ਰਾਪਤੀਆਂ ਕੀਤੀਆਂ। ਇਸ ਮੌਕੇ ਕਾਲਜ ਵਲੋਂ ਪ੍ਰੋ. ਮਨਪ੍ਰੀਤ ਕੌਰ ਨੂੰ ਦਿੱਤਾ ਗਿਆ ਸ਼ੋਭਾ ਪੱਤਰ ਪੜ੍ਹਿਆ। ਪ੍ਰੋ. ਮਨਪ੍ਰੀਤ ਕੌਰ ਨੇ ਕਿਹਾ ਕਿ ਕਾਲਜ ਨੇ ਤੇ ਇਥੋਂ ਦੇ ਸਟਾਫ ਨੇ ਜਿਹੜਾ ਮਾਣ ਸਤਿਕਾਰ ਮੈਨੂੰ ਦਿੱਤਾ ਉਸ ਨੂੰ ਸਾਰੀ ਜ਼ਿੰਦਗੀ ਨਹੀਂ ਭੁਲਾ ਸਕਦੀ। ਟੀਚਿੰਗ ਸਟਾਫ ਤੇ ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਵੱਲੋਂ ਪ੍ਰੋ. ਮਨਪ੍ਰੀਤ ਕੌਰ, ਉਨਾਂ ਦੀ ਪੁੱਤਰੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਸਟੇਜ ਸੰਚਾਲਕ ਦੀ ਸੇਵਾ ਡਾ. ਰਛਪਾਲ ਸਿੰਘ ਸੰਧੂ ਨੇ ਨਿਭਾਈ। ਇਸ ਮੌਕੇ ਪੋਲੀਟੀਕਲ ਸਾਇੰਸ ਦੇ ਸਾਬਕਾ ਅਧਿਆਪਕ ਪ੍ਰੋ. ਅਰਜਨਜੀਤ ਸਿੰਘ ਅਤੇ ਪ੍ਰੋ. ਨਿਰਮਲ ਸਿੰਘ ਢਿੱਲੋਂ ਤੋਂ ਇਲਾਵਾ ਸਮੂਹ ਅਧਿਆਪਕ ਵੀ ਹਾਜ਼ਰ ਸਨ।

ਪ੍ਰਦੀਪ ਥਿੰਦ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਨਿਯੁਕਤ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)-ਮੁੱਖ ਮੰਤਰੀ ਭਗਵੰਤ ਮਾਨ ਵਲੋਂ 5 ਇੰਪਰੂਵਮੈਂਟ ਟਰੱਸਟਾਂ ਅਤੇ 66 ਮਾਰਕੀਟ ਕਮੇਟੀਆਂ ਦੇ ਨਵੇਂ ਚੇਅਰਮੈਨ ਨਿਯੁਕਤ ਕੀਤੇ ਗਏ ਹਨ, ਜਿਨ੍ਹਾਂ ਵਿਚ ਸੁਲਤਾਨਪੁਰ ਲੋਧੀ ਤੋਂ ਪਾਰਟੀ ਦੇ ਸੀਨੀਅਰ ਆਗੂ ਪ੍ਰਦੀਪ ਥਿੰਦ ਨੂੰ ਇੰਪਰੂਵਮੈਂਟ ਟਰੱਸਟ ਸੁਲਤਾਨਪੁਰ ਲੋਧੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰਦੀਪ ਥਿੰਦ ਨੇ ਕਿਹਾ ਕਿ ਮੈਂ ਆਪਣੇ ਆਪ ਨੂੰ ਬਹੁਤ ਵੱਡਭਾਗਾ ਸਮਝਦਾ ਹਾਂ ਕਿ ਜੋ ਮੈਨੂੰ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਤੇ ਸੇਵਾ ਕਰਨ ਦਾ ਮੌਕਾ ਮਿਲਿਆ। ਉਹਨਾਂ ਨੇ ਇਸ ਨਿਯੁਕਤੀ 'ਤੇ ਮੁੱਖ ਮੰਤਰੀ ਭਗਵੰਤ ਮਾਨ, ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਅਜਿਹੀ ਪਾਰਟੀ ਹੈ ਜੋ ਆਮ ਘਰਾਂ ਦੇ ਧੀਆਂ ਪੁੱਤਰਾਂ ਨੂੰ ਅੱਗੇ ਲਿਆ ਕੇ ਵੱਡੀਆਂ ਜ਼ਿੰਮੇਵਾਰੀਆਂ ਦੇ ਰਹੀ ਹੈ। ਪ੍ਰਦੀਪ ਥਿੰਦ ਦੇ ਚੇਅਰਮੈਨ ਬਣਨ ਨਾਲ ਹਲਕੇ ਦੇ ਲੋਕਾਂ ਵਿਚ ਖੁਸ਼ੀ ਦੀ ਲਹਿਰ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਜਨਵਰੀ ਮਹੀਨੇ ਲੱਕੀ ਰੰਧਾਵਾ ਨੂੰ ਚੇਅਰਮੈਨ ਲਗਾਇਆ ਗਿਆ ਸੀ ਜਿਸ ਦਾ ਅੰਦਰ ਖਾਤੇ ਬਹੁਤ ਵਿਰੋਧ ਹੋਇਆ ਸੀ ਜਿਸ ਕਾਰਨ ਇਸ ਨੂੰ ਬਦਲ ਕੇ ਹੁਣ ਪ੍ਰਦੀਪ ਥਿੰਦ ਨੂੰ ਚੇਅਰਮੈਨ ਲਗਾਇਆ ਗਿਆ ਹੈ।